ਸ਼ਨੀਵਾਰ, 27 ਜੂਨ, 2026
13 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 26

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 27 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੰਘ ਵੱਡਿਆਂ ਦੀ ਬਲੀ ਚੜ੍ਹਾਉਣ ਲਈ ਮਜਬੂਰ

## ਰਾਮ ਮੰਦਰ ਚੜ੍ਹਾਵਾ ਸਕੈਂਡਲ 'ਚ ਚੰਪਤ ਰਾਏ ਤੇ ਅਨਿਲ ਮਿਸ਼ਰਾ ਵੱਲੋਂ ਅਸਤੀਫੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਅਯੁੱਧਿਆ ਦੇ ਰਾਮ ਮੰਦਰ ਵਿੱਚ ਸ਼ਰਧਾਲੂਆਂ ਵੱਲੋਂ ਚੜ੍ਹਾਏ ਗਏ ਚੜ੍ਹਾਵੇ ਵਿੱਚ ਹੇਰਾਫੇਰੀ ਦੇ ਮਾਮਲੇ ਨੇ ਸ਼ੁੱਕਰਵਾਰ ਨਵਾਂ ਮੋੜ ਲੈ ਲਿਆ, ਜਦੋਂ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਜਨਰਲ ਸਕੱਤਰ ਚੰਪਤ ਰਾਏ ਨੇ ਅਸਤੀਫੇ ਦੀ ਪੇਸ਼ਕਸ਼ ਕਰ ਦਿੱਤੀ। ਚੰਪਤ ਰਾਏ ਦੇ ਬੇਹੱਦ ਨਜ਼ਦੀਕੀ ਮੰਨੇ ਜਾਂਦੇ ਟਰੱਸਟ ਦੇ ਮੈਂਬਰ ਅਨਿਲ ਮਿਸ਼ਰਾ ਨੇ ਵੀ ਆਪਣਾ ਅਸਤੀਫਾ ਟਰੱਸਟ ਨੂੰ ਭੇਜ ਦਿੱਤਾ ਹੈ। ਮੰਦਰ ਉਸਾਰੀ ਦੇ ਇੰਚਾਰਜ ਗੋਪਾਲ ਨੂੰ ਵੀ ਮੰਦਰ ਦੀ ਵਿਵਸਥਾ ਤੋਂ ਬਾਹਰ ਕਰ ਦਿੱਤਾ ਗਿਆ ਹੈ।

ਹਾਲਾਂਕਿ ਟਰੱਸਟ ਵੱਲੋਂ ਅਜੇ ਤੱਕ ਇਨ੍ਹਾਂ ਅਸਤੀਫਿਆਂ ਬਾਰੇ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ।

ਇਹ ਘਟਨਾਕ੍ਰਮ ਯੂ ਪੀ ਸਰਕਾਰ ਵੱਲੋਂ ਗਠਤ ਕੀਤੀ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਦੀਆਂ ਸਿਫਾਰਸ਼ਾਂ ਅਤੇ 8 ਲੋਕਾਂ ਦੀਆਂ ਗ੍ਰਿਫਤਾਰੀਆਂ ਤੋਂ ਬਾਅਦ ਵਾਪਰਿਆ ਹੈ।


ਅਨਿਲ ਮਿਸ਼ਰਾ (ਖੱਬੇ) ਤੇ ਚੰਪਤ ਰਾਏ

ਦੱਸਿਆ ਜਾ ਰਿਹਾ ਹੈ ਕਿ ਸਿੱਟ ਦੀ ਜਾਂਚ ਦੀ ਤਲਵਾਰ ਲਟਕਣ ਤੋਂ ਬਾਅਦ ਟਰੱਸਟ ਦੇ ਸੀਨੀਅਰ ਅਹੁਦੇਦਾਰਾਂ 'ਤੇ ਅਹੁਦਾ ਛੱਡਣ ਦਾ ਭਾਰੀ ਦਬਾਅ ਬਣ ਗਿਆ ਸੀ। ਦੂਜੇ ਪਾਸੇ, ਕਈ ਸੱਜੇ-ਪੱਖੀ ਜਥੇਬੰਦੀਆਂ ਨੇ ਇਸ ਗੱਲ 'ਤੇ ਤਿੱਖੇ ਸਵਾਲ ਚੁੱਕੇ ਸਨ ਕਿ ਜੇ ਚੰਪਤ ਰਾਏ ਮੰਦਰ ਦੇ ਸਾਰੇ ਪ੍ਰਬੰਧਾਂ ਅਤੇ ਵਿੱਤੀ ਮਾਮਲਿਆਂ ਦੇ ਇੰਚਾਰਜ ਸਨ, ਤਾਂ ਪੁਲਸ ਵੱਲੋਂ ਦਰਜ ਕੀਤੀ ਗਈ ਐੱਫ ਆਈ ਆਰ ਵਿੱਚ ਉਨ੍ਹਾ ਦਾ ਨਾਂਅ ਸ਼ਾਮਲ ਕਿਉਂ ਨਹੀਂ ਕੀਤਾ ਗਿਆ? ਇਸ ਵਿਵਾਦ ਦੇ ਲਗਾਤਾਰ ਤੂਲ ਫੜਨ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਤੇ ਭਾਜਪਾ ਦੇ ਅੰਦਰੂਨੀ ਹਲਕਿਆਂ ਵਿੱਚੋਂ ਵਧ ਰਹੇ ਸਿਆਸੀ ਦਬਾਅ ਕਾਰਨ, ਸੰਘ ਦੇ ਸੀਨੀਅਰ ਆਗੂ ਚੰਪਤ ਰਾਏ ਨੇ ਆਖਰਕਾਰ ਆਪਣਾ ਅਸਤੀਫਾ ਸੌਂਪਣਾ ਹੀ ਮੁਨਾਸਬ ਸਮਝਿਆ। ਚੜ੍ਹਾਵੇ ਨਾਲ ਜੁੜੇ ਇਸ ਵੱਡੇ ਵਿਵਾਦ ਨੇ ਦੇਸ਼ ਭਰ ਦੇ ਸ਼ਰਧਾਲੂਆਂ ਅਤੇ ਸਿਆਸੀ ਹਲਕਿਆਂ ਦਾ ਧਿਆਨ ਆਪਣੇ ਵੱਲ ਖਿੱਚਿਆ ਹੋਇਆ ਹੈ।

79 ਸਾਲਾ ਚੰਪਤ ਰਾਏ ਦਾ ਜਨਮ ਯੂ ਪੀ ਦੇ ਬਿਜਨੌਰ ਜ਼ਿਲ੍ਹੇ ਦੀ ਨਗੀਨਾ ਤਹਿਸੀਲ ਵਿੱਚ ਹੋਇਆ ਸੀ। ਭੌਤਿਕ ਵਿਗਿਆਨ ਵਿੱਚ ਪੋਸਟ ਗ੍ਰੈਜੂਏਸ਼ਨ ਕਰਨ ਤੋਂ ਬਾਅਦ ਉਨ੍ਹਾ ਲਗਭਗ 11 ਸਾਲ ਬਿਜਨੌਰ ਦੇ ਇੱਕ ਕਾਲਜ ਵਿੱਚ ਪੜ੍ਹਾਇਆ ਅਤੇ ਰਸਮੀ ਤੌਰ 'ਤੇ ਆਰ ਐੱਸ ਐੱਸ ਵਿੱਚ ਸ਼ਾਮਲ ਹੋਏ, ਜਿਸ ਨਾਲ ਉਹ ਬਚਪਨ ਤੋਂ ਹੀ ਜੁੜੇ ਹੋਏ ਸਨ

• ਬਾਕੀ ਸਫਾ 2 'ਤੇ

### ਸਾਡੀ ਚਾਰ ਕਿੱਲੋ ਚਾਂਦੀ ਦੀ ਇੱਟ ਕਿੱਥੇ ਗਈ ?



**ਮੁੰਬਈ** : ਸ਼ਿਵ ਸੈਨਾ (ਯੂ ਬੀ ਟੀ) ਦੇ ਸੰਸਦ ਮੈਂਬਰ ਸੰਜੇ ਰਾਉਤ ਨੇ ਪਾਰਟੀ ਦੇ ਮੁਖੀ ਊਧਵ ਠਾਕਰੇ ਵੱਲੋਂ ਰਾਮ ਮੰਦਰ ਲਈ ਦਾਨ ਕੀਤੀ ਗਈ 4 ਕਿੱਲੋ ਚਾਂਦੀ ਦੀ ਇੱਟ ਗੁੰਮ ਹੋਣ ਦੀ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਪਾਰਟੀ ਨੂੰ ਮੰਦਰ ਪ੍ਰੋਜੈਕਟ ਲਈ ਇੱਕ ਕਰੋੜ ਰੁਪਏ ਦੇ ਦਾਨ ਦੀ ਰਸੀਦ ਵੀ ਨਹੀਂ ਮਿਲੀ। ਇੱਕ ਹੋਰ ਹੈਰਾਨ ਕਰਨ ਵਾਲੇ ਦਾਅਵੇ ਵਿੱਚ ਸ਼ਿਵ ਸੈਨਾ ਨੇਤਾ ਨੇ ਕਿਹਾ ਕਿ ਤ੍ਰਿਣਮੂਲ ਕਾਂਗਰਸ ਅਤੇ ਸ਼ਿਵ ਸੈਨਾ (ਯੂ ਬੀ ਟੀ) ਵਿੱਚ ਦਲਬਦਲੀ ਨੂੰ ਅੰਜਾਮ ਦੇਣ

• ਬਾਕੀ ਸਫਾ 2 'ਤੇ

# ਭਾਜਪਾ 'ਆਪ' ਸਮਰਥਕਾਂ ਦੀਆਂ ਵੋਟਾਂ ਕਟਵਾ ਸਕਦੀ : ਮਾਨ

**ਸੰਗਰੂਰ (ਨਵਾਂ ਜ਼ਮਾਨਾ ਸਰਵਿਸ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਇੱਥੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਦੌਰਾਨ ਚੌਕਸ ਰਹਿਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਭਾਜਪਾ ਆਗਾਮੀ ਚੋਣਾਂ ਦੇ ਨਤੀਜਿਆਂ ਨੂੰ ਪ੍ਰਭਾਵਤ ਕਰਨ ਲਈ 'ਆਪ' ਸਮਰਥਕਾਂ ਦੀਆਂ ਵੋਟਾਂ ਕੱਟਣ ਦੀ ਕੋਸ਼ਿਸ਼ ਕਰ ਸਕਦੀ ਹੈ। ਮੁੱਖ ਮੰਤਰੀ ਨੇ 'ਆਪ' ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਇਆ ਅਤੇ ਕਿਹਾ ਕਿ ਇਨ੍ਹਾਂ ਕਦਮਾਂ ਨਾਲ ਸੂਬੇ ਭਰ ਦੇ ਲੋਕਾਂ ਦੇ ਜੀਵਨ ਵਿੱਚ ਵੱਡਾ ਸੁਧਾਰ ਹੋਇਆ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪੰਜਾਬ ਵਿੱਚ 25 ਜੂਨ ਤੋਂ ਵੋਟਰ ਸੂਚੀਆਂ ਦੀ ਐੱਸ ਆਈ ਆਰ ਸ਼ੁਰੂ ਹੋ ਚੁੱਕੀ ਹੈ, ਜਿਸ ਨਾਲ ਪਾਰਟੀ ਦੇ ਹਰ ਵਲੰਟੀਅਰ ਦੀ ਜ਼ਿੰਮੇਵਾਰੀ ਹੋਰ ਵੀ ਅਹਿਮ ਹੋ ਗਈ ਹੈ। ਉਨ੍ਹਾ ਕਿਹਾ ਕਿ ਐੱਸ ਆਈ ਆਰ ਪ੍ਰਕਿਰਿਆ ਰਾਹੀਂ ਭਾਜਪਾ ਸੂਬੇ ਵਿੱਚ ਆਉਣ ਵਾਲੀਆਂ ਚੋਣਾਂ ਵਿੱਚ ਸੱਤਾ ਹਥਿਆਉਣ ਲਈ 'ਆਪ' ਸਮਰਥਕਾਂ ਦੀਆਂ ਵੋਟਾਂ ਕੱਟਣ ਦੀ ਕੋਸ਼ਿਸ਼ ਕਰ ਸਕਦੀ ਹੈ। ਉਹਨਾ ਕਿਹਾ, 'ਚੋਣਾਂ ਜਿੱਤਣ ਲਈ ਇਹ ਭਾਜਪਾ ਦੀ ਕਾਰਜ-ਪ੍ਰਣਾਲੀ ਬਣ ਚੁੱਕੀ ਹੈ। ਹਰ ਵਲੰਟੀਅਰ ਨੂੰ ਸੁਚੇਤ ਰਹਿਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇੱਕ ਵੀ ਅਸਲੀ ਵੋਟ ਨਾ ਕੱਟੀ ਜਾਵੇ।'



ਮੁੱਖ ਮੰਤਰੀ ਨੇ ਪਾਰਟੀ ਵਲੰਟੀਅਰਾਂ ਨੂੰ ਇੱਕਜੁੱਟ ਰਹਿਣ ਅਤੇ ਰਾਜ ਸਰਕਾਰ ਦੀਆਂ ਨੀਤੀਆਂ ਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਂਦੇ ਹੋਏ ਦ੍ਰਿੜ੍ਹਤਾ ਨਾਲ ਵਿਰੋਧੀਆਂ ਦਾ ਸਾਹਮਣਾ ਕਰਨ ਦੀ ਅਪੀਲ ਕੀਤੀ। ਵਿਰੋਧੀ ਧਿਰ ਕੋਲ ਸਿਰਫ਼ ਇੱਕ ਹੀ ਏਜੰਡਾ ਹੈ, ਉਹ ਹੈ ਉਨ੍ਹਾ ਨੂੰ ਬਦਨਾਮ ਕਰਨਾ ਅਤੇ ਉਹ ਫਰਜ਼ੀ ਵੀਡੀਓਜ਼ ਵਾਇਰਲ ਕਰਕੇ ਸਭ ਤੋਂ ਹੇਠਲੇ ਪੱਧਰ 'ਤੇ ਉਤਰ ਰਹੇ ਹਨ।

ਉਨ੍ਹਾ ਪਾਰਟੀ ਕਾਰਜਕਰਤਾਵਾਂ ਨੂੰ ਕਮਰ ਕੱਸਣ ਅਤੇ ਪਾਰਟੀ ਨੂੰ ਹੋਰ ਵੀ ਵੱਡੇ ਬਹੁਮਤ ਨਾਲ ਦੁਬਾਰਾ ਸੱਤਾ ਵਿੱਚ ਲਿਆਉਣ ਲਈ ਅਣਥੱਕ ਮਿਹਨਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' 100 ਤੋਂ ਵੱਧ ਸੀਟਾਂ ਜਿੱਤੇਗੀ।

# ਬਿਜਲੀ-ਪਾਣੀ ਤੋਂ ਬਿਨਾਂ ਜਿਊਣ ਦੀ ਉਮੀਦ ਨਹੀਂ ਕਰ ਸਕਦੇ : ਹਾਈ ਕੋਰਟ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**
ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਫੈਸਲਾ ਦਿੱਤਾ ਹੈ ਕਿ ਦੇਸ਼ ਦੇ ਕਿਸੇ ਵੀ ਨਾਗਰਿਕ ਤੋਂ ਬਿਜਲੀ ਜਾਂ ਪਾਣੀ ਵਰਗੀਆਂ ਬੁਨਿਆਦੀ ਲੋੜਾਂ ਤੋਂ ਬਿਨਾਂ ਜਿਊਣ ਦੀ ਉਮੀਦ ਨਹੀਂ ਕੀਤੀ ਜਾ ਸਕਦੀ, ਕਿਉਂਕਿ ਇਹ ਦੋਵੇਂ ਮਨੁੱਖੀ ਹੋਂਦ ਲਈ ਬੇਹੱਦ ਲਾਜ਼ਮੀ ਹਨ। ਉਸ ਨੇ ਨਿਰਦੇਸ਼ ਦਿੱਤੇ ਹਨ ਕਿ ਬੁਨਿਆਦੀ ਸਹੂਲਤਾਂ ਦਾ ਸੁੱਖ ਮਾਨਣ ਅਤੇ ਸਨਮਾਨਜਨਕ ਜੀਵਨ ਬਤੀਤ ਕਰਨ ਲਈ ਬਿਜਲੀ ਦਾ ਕੁਨੈਕਸ਼ਨ ਹੋਣਾ ਕਾਨੂੰਨੀ ਤੌਰ 'ਤੇ ਬੇਹੱਦ ਜ਼ਰੂਰੀ ਹੈ। ਜਸਟਿਸ ਵਿਕਾਸ ਬਹਿਲ ਨੇ ਇਹ ਵੀ ਸਪੱਸ਼ਟ ਕੀਤਾ ਕਿ ਬਿਜਲੀ ਦੀ ਸਪਲਾਈ ਨੂੰ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਪਾਲਣਾ ਕੀਤੇ ਬਿਨਾਂ ਅਚਾਨਕ ਬੰਦ ਨਹੀਂ ਕੀਤਾ ਜਾ ਸਕਦਾ। ਉਨ੍ਹਾ ਇਹ ਸਖਤ ਟਿੱਪਣੀ ਲੁਧਿਆਣਾ ਜ਼ਿਲ੍ਹੇ ਦੇ ਜਗਰਾਓਂ ਵਿਖੇ ਸਥਿਤ ਇੱਕ ਕਮਰਸ਼ੀਅਲ ਕੰਪਲੈਕਸ ਦੇ ਕੱਟੇ ਗਏ 15 ਬਿਜਲੀ ਕੁਨੈਕਸ਼ਨਾਂ ਨੂੰ ਤੁਰੰਤ ਬਹਾਲ ਕਰਨ ਦੇ ਹੁਕਮ ਜਾਰੀ ਕਰਦਿਆਂ ਕੀਤੀ। ਉਨ੍ਹਾ ਪਾਵਰ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਬਿਨਾਂ ਕੋਈ ਕਾਰਨ ਦੱਸੇ ਨੋਟਿਸ ਜਾਰੀ ਕੀਤੇ ਜਾਂ ਪੀੜਤ ਪੱਖ ਨੂੰ ਸੁਣਵਾਈ ਦਾ ਮੌਕਾ ਦਿੱਤੇ ਬਿਨਾਂ ਬਿਜਲੀ ਕੱਟਣਾ, ਪਹਿਲੀ ਨਜ਼ਰੇ ਕਾਨੂੰਨ ਦੇ ਨਿਯਮਾਂ ਦੇ ਉਲਟ ਹੈ ਅਤੇ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਸਿੱਧੀ ਉਲੰਘਣਾ ਹੈ। ਉਨ੍ਹਾ ਕਿਹਾ ਕਿ ਸਿਰਫ ਇਸੇ ਇੱਕ ਨੁਕਤੇ ਦੇ ਆਧਾਰ 'ਤੇ ਅਧਿਕਾਰੀਆਂ ਦੀ ਇਸ ਕਾਰਵਾਈ ਨੂੰ ਗੈਰ-ਕਾਨੂੰਨੀ ਮੰਨਿਆ ਜਾਂਦਾ ਹੈ।

ਜਗਰਾਓਂ ਵਿੱਚ ਇੱਕ ਕਾਰੋਬਾਰੀ ਕੰਪਲੈਕਸ ਚਲਾਉਣ ਵਾਲੇ ਮੋਹਿਤ ਮਲਹੋਤਰਾ ਤੇ ਹੋਰਾਂ ਨੇ ਪੰਜਾਬ ਸਰਕਾਰ ਤੇ ਪਾਵਰ ਕਾਰਪੋਰੇਸ਼ਨ ਖਿਲਾਫ ਦਾਇਰ ਪਟੀਸ਼ਨ ਵਿੱਚ ਕਿਹਾ ਸੀ ਕਿ ਉਨ੍ਹਾਂ ਨੇ ਨਵੰਬਰ 2025 ਵਿੱਚ ਆਪਣੇ ਕੰਪਲੈਕਸ ਦੀਆਂ ਦੁਕਾਨਾਂ ਲਈ 15 ਵੱਖ-ਵੱਖ ਕਮਰਸ਼ੀਅਲ ਬਿਜਲੀ ਕੁਨੈਕਸ਼ਨਾਂ ਲਈ ਅਪਲਾਈ ਕੀਤਾ ਸੀ। ਨਿਰਧਾਰਤ ਸਰਕਾਰੀ ਪ੍ਰਕਿਰਿਆ ਪੂਰੀ ਹੋਣ, ਸੁਰੱਖਿਆ ਫੀਸ ਜਮ੍ਹਾਂ ਕਰਵਾਉਣ ਅਤੇ ਮੀਟਰ ਲੱਗਣ ਤੋਂ ਬਾਅਦ ਬਿਜਲੀ ਸਪਲਾਈ ਚਾਲੂ ਕਰ ਦਿੱਤੀ ਗਈ ਸੀ। ਇਹ ਕੁਨੈਕਸ਼ਨ ਕਰੀਬ ਛੇ ਮਹੀਨਿਆਂ ਤੱਕ ਸਹੀ ਤਰੀਕੇ ਨਾਲ ਚੱਲਦੇ ਰਹੇ ਅਤੇ ਉਹ ਨਿਯਮਤ ਤੌਰ 'ਤੇ ਆਪਣੇ ਬਿਜਲੀ ਬਿੱਲਾਂ ਦਾ ਭੁਗਤਾਨ ਕਰ ਰਹੇ ਸਨ। ਪਾਵਰ ਕਾਰਪੋਰੇਸ਼ਨ ਵੀ ਬਿਨਾਂ ਕਿਸੇ ਇਤਰਾਜ਼ ਦੇ ਬਿੱਲ ਜਾਰੀ ਕਰ ਰਹੀ ਸੀ, ਪਰ ਫਿਰ ਅਧਿਕਾਰੀਆਂ ਨੇ ਅਚਾਨਕ ਦੌਰੇ ਦੌਰਾਨ ਬਿਨਾਂ ਕੋਈ ਲਿਖਤੀ ਨੋਟਿਸ ਦਿੱਤੇ ਜਾਂ ਕੋਈ ਕਾਰਨ ਦੱਸੇ ਸਾਰੇ 15 ਕੁਨੈਕਸ਼ਨ ਕੱਟ ਦਿੱਤੇ। ਸੁਣਵਾਈ ਦੌਰਾਨ ਸਰਕਾਰੀ ਪੱਖ ਵੀ ਅਦਾਲਤ ਅੱਗੇ ਇਹ ਸਾਬਤ ਨਹੀਂ ਕਰ ਸਕਿਆ ਕਿ ਬਿਜਲੀ ਕੱਟਣ ਤੋਂ ਪਹਿਲਾਂ ਕੋਈ ਨੋਟਿਸ ਦਿੱਤਾ ਗਿਆ ਸੀ।

ਜਸਟਿਸ ਬਹਿਲ ਨੇ ਦਿੱਲੀ ਹਾਈ ਕੋਰਟ ਦੇ ਇੱਕ ਡਵੀਜ਼ਨ ਬੈਂਚ ਦੇ ਪੁਰਾਣੇ ਫੈਸਲੇ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਪਾਣੀ ਅਤੇ ਬਿਜਲੀ ਦੇ ਅਧਿਕਾਰ ਨੂੰ ਖਤਮ ਨਹੀਂ ਕੀਤਾ ਜਾ ਸਕਦਾ ਅਤੇ ਕੋਈ ਵੀ ਮਨੁੱਖ ਬੁਨਿਆਦੀ ਸਹੂਲਤਾਂ ਤੋਂ ਬਿਨਾਂ ਸਨਮਾਨਜਨਕ ਜੀਵਨ ਨਹੀਂ ਜੀ ਸਕਦਾ। ਇਨ੍ਹਾਂ ਸਿਧਾਂਤਾਂ ਨੂੰ ਮੌਜੂਦਾ ਕੇਸ 'ਤੇ ਪੂਰੀ ਤਰ੍ਹਾਂ ਲਾਗੂ ਕਰਦਿਆਂ ਹਾਈ ਕੋਰਟ ਨੇ ਪਟੀਸ਼ਨਰਾਂ ਨੂੰ ਅੰਤਰਮ ਰਾਹਤ ਦਿੱਤੀ ਹੈ। ਉਸ ਨੇ ਅਧਿਕਾਰੀਆਂ ਨੂੰ ਤਿੰਨ ਦਿਨਾਂ ਦੇ ਅੰਦਰ-ਅੰਦਰ ਬਿਜਲੀ ਸਪਲਾਈ ਬਹਾਲ ਕਰਨ ਦੇ ਸਖਤ ਨਿਰਦੇਸ਼ ਦਿੱਤੇ ਹਨ ਅਤੇ ਪਟੀਸ਼ਨਰਾਂ ਨੂੰ ਭਵਿੱਖ ਦੇ ਬਿੱਲ ਨਿਯਮਤ ਤੌਰ 'ਤੇ ਜਮ੍ਹਾਂ ਕਰਵਾਉਣ ਲਈ ਕਿਹਾ ਹੈ।

## ਸਰਪੰਚਾਂ ਨੂੰ 15 ਅਗਸਤ ਤੋਂ 10 ਹਜ਼ਾਰ ਮਾਣ-ਭੱਤਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ 'ਸਰਪੰਚ ਮਿਲਣੀ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਪੰਚਾਂ ਨੂੰ 15 ਅਗਸਤ ਤੋਂ 10,000 ਰੁਪਏ ਪ੍ਰਤੀ ਮਹੀਨਾ ਮਾਣ-ਭੱਤਾ ਦਿੱਤਾ ਜਾਵੇਗਾ। ਇਸ ਤੋਂ ਪਹਿਲਾਂ ਪਿਛਲੀਆਂ ਸਰਕਾਰਾਂ ਨੇ ਸਰਪੰਚਾਂ ਨੂੰ 1,200 ਰੁਪਏ ਮਾਣ-ਭੱਤਾ ਦੇਣ ਦਾ ਵਾਅਦਾ ਕੀਤਾ ਸੀ, ਪਰ ਉਹ ਫੈਸਲਾ ਕਦੇ ਅਮਲੀ ਰੂਪ ਵਿੱਚ ਸਾਹਮਣੇ ਨਹੀਂ ਆਇਆ ਅਤੇ ਸਰਪੰਚਾਂ ਨੂੰ ਆਪਣੇ ਹੱਕ ਲੈਣ ਲਈ ਦਰ-ਦਰ ਭਟਕਣਾ ਪੈਂਦਾ ਸੀ। ਹਾਲਾਂਕਿ, ਸਾਡੀ ਸਰਕਾਰ ਨੇ ਸਰਪੰਚਾਂ ਨੂੰ 2,000 ਰੁਪਏ ਮਾਣਭੱਤਾ ਦੇਣਾ ਸ਼ੁਰੂ ਕੀਤਾ ਸੀ, ਜਿਸ ਨੂੰ ਹੁਣ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇਗਾ। ਮਾਨ ਨੇ ਅੱਗੇ ਕਿਹਾ— ਸਭ ਤੋਂ ਪਹਿਲਾਂ ਲਾਇਬ੍ਰੇਰੀਆਂ, ਸਕੂਲਾਂ, ਸੋਲਰ ਲਾਈਟਾਂ ਅਤੇ



• ਬਾਕੀ ਸਫਾ 2 'ਤੇ

## ਸਮਾਣਾ 'ਚ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਇੱਥੇ ਸਟੇਡੀਅਮ ਦਾ ਨੀਂਹ ਪੱਥਰ ਰੱਖਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਦੀ ਖੇਡਾਂ ਵਿੱਚ ਭਾਗੀਦਾਰੀ ਨੂੰ ਉਤਸ਼ਾਹਤ ਕਰਨ, ਨਸ਼ਿਆਂ ਦੇ ਖ਼ਾਤਮੇ ਅਤੇ ਖਿਡਾਰੀਆਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਲਈ ਤਿਆਰ ਕਰਨ ਵਾਸਤੇ ਖੇਡ ਬੁਨਿਆਦੀ ਢਾਂਚੇ ਵਿੱਚ ਬੇਮਿਸਾਲ ਨਿਵੇਸ਼ ਕਰ ਰਹੀ ਹੈ। ਉਹਨਾ ਕਿਹਾ, 'ਇਹ ਸਟੇਡੀਅਮ 10.35 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਨੌਂ ਏਕੜ

• ਬਾਕੀ ਸਫਾ 2 'ਤੇ

## ਪਹਿਲੀ ਤੋਂ ਫਿਰ ਨੌਂ ਤੋਂ ਪੰਜ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)** : ਪੰਜਾਬ ਸਰਕਾਰ ਦੇ ਸਰਕਾਰੀ ਦਫਤਰਾਂ ਅਤੇ ਅਦਾਰਿਆਂ ਦਾ ਸਮਾਂ ਪਹਿਲੀ ਜੁਲਾਈ ਤੋਂ ਮੁੜ ਸਵੇਰੇ 9 ਵਜੇ ਤੋਂ ਸ਼ਾਮ ਪੰਜ ਵਜੇ ਤੱਕ ਦਾ ਕਰ ਦਿੱਤਾ ਗਿਆ ਹੈ, ਜਿਹੜਾ ਕਿ ਗਰਮੀ ਵਧਣ ਕਾਰਨ 25 ਮਈ ਨੂੰ ਸਵੇਰ 7.30 ਵਜੇ ਤੋਂ ਡੇਢ ਵਜੇ ਤੱਕ ਦਾ ਕਰ ਦਿੱਤਾ ਗਿਆ ਸੀ। ਸਮਾਂ ਬਦਲਣ ਪਿੱਛੇ ਇਹ ਦਲੀਲ ਵੀ ਸੀ ਕਿ ਦਫਤਰ ਛੇਤੀ ਬੰਦ ਹੋਣ ਨਾਲ ਬਿਜਲੀ ਦੀ ਮੰਗ ਘਟੇਗੀ, ਪਰ ਕੋਈ ਬਹੁਤਾ ਫਰਕ ਨਹੀਂ ਪਿਆ। ਇਹ ਵੀ ਦੇਖਿਆ ਗਿਆ ਕਿ ਮੁਲਾਜ਼ਮ ਤਾਂ ਸਵੇਰੇ 7.30 ਵਜੇ ਆ ਜਾਂਦੇ ਸਨ, ਪਰ ਲੋਕਾਂ ਦੀ ਆਮਦ 9 ਵਜੇ ਤੋਂ ਬਾਅਦ ਹੀ ਸ਼ੁਰੂ ਹੁੰਦੀ ਸੀ। ਜਿਹੜੇ ਲੋਕ ਦੂਰੋਂ ਚੰਡੀਗੜ੍ਹ ਆਉਂਦੇ ਸਨ, ਉਨ੍ਹਾਂ ਦੇ ਪੁੱਜਣ ਤੱਕ ਦਫਤਰ ਬੰਦ ਹੋ ਜਾਂਦੇ ਸਨ।

## ਮੌਤਾਂ ਦੀ ਗਿਣਤੀ 235

**ਕਾਰਾਕਸ** : ਵੈਨੇਜ਼ੁਏਲਾ ਵਿੱਚ ਬੁੱਧਵਾਰ ਸ਼ਾਮ ਆਏ ਦੋ ਸ਼ਕਤੀਸ਼ਾਲੀ ਭੁਚਾਲਾਂ ਕਾਰਨ ਹੁਣ ਤੱਕ ਲਗਭਗ 235 ਲੋਕਾਂ ਦੀ ਮੌਤ ਹੋਣ ਦੀ ਪੁਸ਼ਟੀ ਹੋਈ ਹੈ, ਜਦਕਿ 4300 ਤੋਂ ਵੱਧ ਲੋਕ ਜ਼ਖਮੀ ਹੋਏ ਹਨ। ਸਿਹਤ ਮੰਤਰੀ ਕਾਰਲੋਸ ਅਲਵਾਰਾਡੋ ਨੇ ਦੱਸਿਆ ਕਿ ਮ੍ਰਿਤਕਾਂ ਦੀ ਗਿਣਤੀ ਵਧਣ ਦਾ ਖਦਸ਼ਾ ਹੈ, ਕਿਉਂਕਿ ਹਾਲੇ ਵੀ ਹਜ਼ਾਰਾਂ ਲੋਕ ਲਾਪਤਾ ਹਨ। ਮਾਹਰਾਂ ਦਾ ਮੰਨਣਾ ਹੈ ਕਿ ਦੋ ਭੁਚਾਲਾਂ ਦੇ ਇੱਕ ਮਿੰਟ ਦੇ ਵਕਫੇ ਨਾਲ ਆਉਣ ਅਤੇ ਘੱਟ ਡੂੰਘਾਈ ਹੋਣ ਕਾਰਨ ਤਬਾਹੀ ਦੀ ਤੀਬਰਤਾ ਕਈ ਗੁਣਾ ਵਧ ਗਈ।

## ਸੁੱਖੂ ਨੇ ਚੰਡੀਗੜ੍ਹ 'ਚ 7.19 ਫੀਸਦੀ ਹਿੱਸਾ ਮੰਗਿਆ

**ਚੰਡੀਗੜ੍ਹ** : ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਸ਼ੁੱਕਰਵਾਰ ਪੰਜਾਬ ਪੁਨਰਗਠਨ ਐਕਟ 1966 ਦੇ ਉਪਬੰਧਾਂ ਦੇ ਤਹਿਤ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਹਿਮਾਚਲ ਦਾ 7.19 ਫੀਸਦੀ ਹਿੱਸਾ ਮੰਗਿਆ ਅਤੇ ਸ਼ਾਨਨ ਹਾਈਡਲ ਪ੍ਰੋਜੈਕਟ ਦੀ ਵਾਪਸੀ ਦੀ ਮੰਗ ਕੀਤੀ। ਮੁੱਖ ਮੰਤਰੀ ਨੇ ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਹਿਮਾਚਲ ਲਈ ਮਹੱਤਵਪੂਰਨ ਕਈ ਲੰਮੇ ਸਮੇਂ ਤੋਂ ਲਟਕ ਰਹੇ ਮੁੱਦਿਆਂ 'ਤੇ ਚਰਚਾ ਕੀਤੀ। ਉਨ੍ਹਾ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨਾਲ ਸੰਬੰਧਤ ਲੰਮੇ ਸਮੇਂ ਤੋਂ ਲਟਕ ਰਹੇ ਬਕਾਏ ਦੇ ਨਿਪਟਾਰੇ ਲਈ ਰਾਜਪਾਲ ਤੋਂ ਦਖਲ ਦੀ ਮੰਗ ਵੀ ਕੀਤੀ।

# 5 ਤੱਕ ਤਨਖਾਹ-ਪੈਨਸ਼ਨ ਨਾ ਮਿਲੀ ਤਾਂ 7 ਨੂੰ ਵਿਸ਼ਾਲ ਰੋਸ ਰੈਲੀ : ਧਾਲੀਵਾਲ

**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)**
ਇੱਥੇ ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਦੀ ਮੀਟਿੰਗ ਸ਼ੁੱਕਰਵਾਰ ਨਿਰਮਲ ਸਿੰਘ ਧਾਲੀਵਾਲ ਦੀ ਕਨਵੀਨਰਸ਼ਿਪ ਹੇਠ ਹੋਈ। ਮੀਟਿੰਗ ਵਿੱਚ ਐਕਸ਼ਨ ਕਮੇਟੀ ਦੇ ਮੈਂਬਰਾਂ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਸ਼ਾਮਲ ਸਨ। ਐਕਸ਼ਨ ਕਮੇਟੀ ਵੱਲੋਂ ਪੰਜਾਬ ਸਰਕਾਰ ਅਤੇ ਪੀ ਆਰ ਟੀ ਸੀ ਦੀ ਮੈਨੇਜਮੈਂਟ ਦੇ ਅਦਾਰਾ ਪੀ ਆਰ ਟੀ ਸੀ ਪ੍ਰਤੀ ਅਤੇ ਵਰਕਰਾਂ ਵਿਰੁੱਧ ਅਤੀ ਨਿੰਦਣਯੋਗ ਧਾਰਨ ਕੀਤੇ ਰਵੱਈਏ ਦਾ ਬਰੀਕੀ ਨਾਲ ਲੇਖਾ-ਜੋਖਾ ਕਰਦਿਆਂ ਫੈਸਲਾ ਕੀਤਾ ਕਿ ਜੇਕਰ 5 ਜੁਲਾਈ ਤੱਕ ਵਰਕਰਾਂ ਦੀਆਂ ਜਾਇਜ਼ ਮੰਗਾਂ ਸੰਬੰਧੀ ਕੋਈ ਠੋਸ ਫੈਸਲਾ ਲੈ ਕੇ ਨਾ ਮੰਨੀਆਂ ਗਈਆਂ ਅਤੇ ਤਨਖਾਹ- ਪੈਨਸ਼ਨ ਦਾ ਪੂਰਾ ਭੁਗਤਾਨ 5 ਜੁਲਾਈ ਤੱਕ ਨਾ ਕੀਤਾ ਤਾਂ 07 ਜੁਲਾਈ ਨੂੰ ਪਟਿਆਲਾ ਵਿਖੇ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੇ ਵਿਰੋਧ ਵਿੱਚ ਵਿਸ਼ਾਲ ਰੈਲੀ ਵੀ ਕੀਤੀ ਜਾਵੇਗੀ ਅਤੇ ਪੁਤਲੇ ਵੀ ਸਾੜੇ ਜਾਣਗੇ। ਇਸ ਵਿਰੋਧ ਐਕਸ਼ਨ ਦੇ ਕਾਰਨਾਂ ਸੰਬੰਧੀ ਜ਼ਿਕਰ ਕਰਦਿਆਂ ਆਗੂਆਂ ਕਿਹਾ ਕਿ ਪੰਜਾਬ ਸਰਕਾਰ ਪੀ ਆਰ ਟੀ ਸੀ ਦਾ ਮੁਫਤ ਸਫਰ ਬਦਲੇ ਬਣਦੇ 700 ਕਰੋੜ ਰੁਪਏ ਨਹੀਂ ਦੇ ਰਹੀ, ਜਿਸ ਕਾਰਨ ਕਰਮਚਾਰੀ ਆਰਥਕ ਤੰਗੀਆਂ ਦਾ ਬੁਰੀ ਤਰ੍ਹਾਂ ਸ਼ਿਕਾਰ ਹਨ। ਨਵੀਆਂ ਬੱਸਾਂ ਪਾਉਣ ਲਈ ਸਰਕਾਰ ਨੇ 4 ਸਾਲ ਵਿੱਚ ਕੋਈ ਕਦਮ ਨਹੀਂ ਚੁੱਕਿਆ, ਕੰਟਰੈਕਟ ਵਰਕਰਾਂ ਨੂੰ ਪੱਕੇ ਕਰਨ ਲਈ 4 ਸਾਲ ਬੀਤ ਜਾਣ ਦੇ ਬਾਵਜੂਦ ਕੁਝ ਨਹੀਂ ਕੀਤਾ। ਪੀ ਆਰ ਟੀ ਸੀ ਦੀ ਮੈਨੇਜਮੈਂਟ ਅਦਾਰੇ ਅਤੇ ਵਰਕਰਾਂ ਦੇ ਹਿੱਤਾਂ ਦੇ ਵਿਰੁੱਧ ਕੰਮ ਕਰ ਰਹੀ ਹੈ। ਕਾਨੂੰਨ ਅਤੇ ਸਰਕਾਰ ਦੇ ਫੈਸਲਿਆਂ ਅਤੇ ਨੀਤੀਆਂ ਦੀਆਂ ਧੱਜੀਆਂ ਉਡਾ ਰਹੀ ਹੈ, ਕੁਝ ਹੱਕਦਾਰ ਵਰਕਰਾਂ ਨੂੰ ਪੈਨਸ਼ਨ ਦਾ ਮਿਲਣਯੋਗ ਲਾਭ ਨਹੀਂ ਦਿੱਤਾ ਜਾ ਰਿਹਾ। ਸਰਕਾਰ ਵੱਲੋਂ ਵਧਾਇਆ ਟੀ ਏ ਅਜੇ ਤੱਕ ਲਾਗੂ ਨਹੀਂ ਕੀਤਾ, ਕੋਰਟ ਦੇ ਫੈਸਲਿਆਂ ਦੀ ਰੋਸ਼ਨੀ ਵਿੱਚ ਕੱਚੇ ਵਰਕਰ



• ਬਾਕੀ ਸਫਾ 2 'ਤੇ

# ਭਿੰਦਾ ਦੀ ਮੌਤ ਬੋਹਾ-ਬੁਢਲਾਡਾ ਖੇਤਰ ਦੇ ਲੋਕਾਂ ਲਈ ਭਾਰੀ ਸਦਮਾ : ਅਰਸ਼ੀ

**ਬੋਹਾ (ਨਿਰੰਜਣ ਬੋਹਾ)**
ਭਾਰਤੀ ਕਮਿਊਨਿਸਟ ਪਾਰਟੀ ਦੇ ਮੈਂਬਰ ਤਰਸੇਮ ਰਾਜ ਸੈਕਟਰੀ ਦੇ ਸਪੁੱਤਰ ਭੁਪਿੰਦਰ ਕੁਮਾਰ ਭਿੰਦਾ ਦੀ ਅੰਤਮ ਅਰਦਾਸ ਸਮੇਂ ਵੱਖ-ਵੱਖ ਸਿਆਸੀ ਸਮਾਜਿਕ ਤੇ ਧਾਰਮਿਕ ਜੱਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਰਧਾਜ਼ਲੀਆਂ ਭੇਟ ਕੀਤੀਆਂ ਗਈਆਂ। ਭਾਰਤੀ ਕਮਿਊਨਿਸ਼ਟ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਭੁਪਿੰਦਰ ਕੁਮਾਰ ਭਿੰਦਾ ਦੀ ਜਵਾਨ ਉਮਰੇ ਹੋਈ ਮੌਤ ਨਾਲ ਸਿਰਫ ਉਸ ਦੇ ਪਰਵਾਰ ਨੂੰ ਹੀ ਨਹੀਂ, ਸਮੁੱਚੇ ਸਮਾਜ ਨੂੰ ਬਹੁਤ ਘਾਟਾ ਪਿਆ ਹੈ ਤੇ ਸਾਰਾ ਬੋਹਾ, ਬੁਢਲਾਡਾ ਖੇਤਰ ਸਦਮੇ ਵਿਚ ਡੁੱਬਿਆ ਹੋਇਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸੰਕਟ ਵਰਗੇ ਔਖੇ ਸਮੇਂ ਦੌਰਾਨ ਜਦੋਂ ਉਨ੍ਹਾ ਵੱਲੋਂ ਵਿਧਾਇਕ ਦੀ ਚੋਣ ਲੜੀ ਗਈ ਸੀ, ਭਿੰਦਾ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਵੀ ਉਨ੍ਹਾ ਦੀ ਚੋਣ ਮੁਹਿੰਮ 'ਚ ਵੱਡਾ ਯੋਗਦਾਨ ਪਾਇਆ ਸੀ।ਉਨ੍ਹਾ ਕਿਹਾ ਕਿ ਭਿੰਦਾ ਵੱਲੋਂ ਕੀਤੀ ਖੁਦਕੁਸ਼ੀ ਵੱਡੇ ਸੁਆਲ ਛੱਡ ਗਈ ਹੈ, ਜਿਹਨਾਂ ਦੇ ਜਵਾਬ ਲੱਭਣੇ ਜ਼ਰੂਰੀ ਹਨ। ਸਾਬਕਾ ਵਿਧਾਇਕ ਤੇ ਭਾਜਪਾ ਦੇ ਆਗੂ ਮੰਗਤ ਰਾਮ ਬਾਂਸਲ ਨੇ ਕਿਹਾ ਕਿ ਉਨ੍ਹਾ ਵੱਲੋਂ ਸਿਹਤ ਵਿਭਾਗ ਵਿਚ ਇਮਾਨਦਾਰੀ ਨਾਲ ਨਿਭਾਈ ਡਿਊਟੀ ਕਾਰਨ ਅੱਜ ਸਾਰੇ ਇਲਾਕੇ ਦੇ ਲੋਕ ਨਮ ਅੱਖਾਂ ਨਾਲ ਉਨ੍ਹਾ ਨੂੰ ਯਾਦ ਕਰ ਰਹੇ ਹਨ।



ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਜਤਿੰਦਰ ਸਿੰਘ ਸੋਢੀ, ਬਲਮ ਸਿੰਘ ਕਲੀਪੁਰ,

• ਬਾਕੀ ਸਫਾ 2 'ਤੇ

## ਨਵੇਂ ਤਖਤ ਸ੍ਰੀ ਹਜ਼ੂਰ ਸਾਹਿਬ ਐਕਟ ਦੇ ਪ੍ਰਸਤਾਵ ਦਾ ਚੀਫ ਖਾਲਸਾ ਦੀਵਾਨ ਵੱਲੋਂ ਤਿੱਖਾ ਵਿਰੋਧ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਚੀਫ਼ ਖ਼ਾਲਸਾ ਦੀਵਾਨ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਸਾਹਿਬ ਨਾਲ ਸੰਬੰਧਤ 1956 ਦੇ ਐਕਟ ਨੂੰ ਰੱਦ ਕਰਕੇ ਨਵਾਂ ਕਾਨੂੰਨ ਲਿਆਉਣ ਦੇ ਪ੍ਰਸਤਾਵ ਦਾ ਸਖ਼ਤ ਸ਼ਬਦਾਂ ਵਿਚ ਵਿਰੋਧ ਕਰਦਿਆਂ ਇਸ ਪ੍ਰਸਤਾਵ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ।

ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਹੋਈ ਅਹਿਮ ਮੀਟਿੰਗ ਦੌਰਾਨ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਸਿੱਖ ਪੰਥ ਦੇ ਪੰਜ ਤਖ਼ਤਾਂ ਵਿਚੋਂ ਇਕ ਹੈ ਅਤੇ ਇਸ ਦੇ ਪ੍ਰਬੰਧਕੀ ਢਾਂਚੇ ਨਾਲ ਸੰਬੰਧਤ ਕਿਸੇ ਵੀ ਤਰ੍ਹਾਂ ਦੀ ਸੋਧ ਜਾਂ ਦਖਲਅੰਦਾਜੀ ਸਿੱਖ ਕੌਮ ਦੀਆਂ ਧਾਰਮਕ ਭਾਵਨਾਵਾਂ ਨਾਲ ਸਿੱਧਾ ਜੁੜਿਆ ਹੋਇਆ ਅਤਿ-ਸੰਵੇਦਨਸ਼ੀਲ ਮਸਲਾ ਹੈ। ਉਨ੍ਹਾ ਇਤਿਹਾਸਕ ਹਵਾਲਾ ਦਿੰਦਿਆਂ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਦੀ ਉੱਚੀ-ਸੁੱਚੀ ਪੰਥਕ ਮਾਨਤਾ ਅਤੇ ਵੱਕਾਰੀ ਇਤਿਹਾਸਕ ਮਹੱਤਵ ਨੂੰ ਮੁੱਖ ਰੱਖਦਿਆਂ ਹੀ ਸ੍ਰੀ ਹਜ਼ੂਰ ਸਾਹਿਬ ਬੋਰਡ ਵਿਚ ਦੀਵਾਨ ਨੂੰ ਇਕ ਮੈਂਬਰ ਰਾਹੀਂ ਪੱਕੀ ਨੁਮਾਇੰਦਗੀ ਦਿੱਤੀ ਗਈ ਹੈ। ਪਿਛਲੇ ਲੰਮੇ ਸਮੇਂ ਤੋਂ ਦੀਵਾਨ ਦੇ ਸੂਝਵਾਨ ਨੁਮਾਇੰਦਿਆਂ ਨੇ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਂਦਿਆਂ ਹਮੇਸ਼ਾ ਤਖ਼ਤ ਸਾਹਿਬ ਦੀ ਪਵਿੱਤਰ ਮਰਿਆਦਾ ਨੂੰ ਅਡੋਲ ਰੱਖਣ ਅਤੇ ਪ੍ਰਬੰਧਕੀ ਢਾਂਚੇ

• ਬਾਕੀ ਸਫਾ 2 'ਤੇ

## ਪ੍ਰਾਪਰਟੀ ਡੀਲਰ ਦੇ ਦਫਤਰ 'ਚ ਵੜ ਕੇ ਫਾਇਰਿੰਗ

**ਰਾਜਪੁਰਾ (ਨ ਜ਼ ਸ)** : ਪਟਿਆਲਾ ਰੋਡ 'ਤੇ ਸਥਿਤ ਮਸ਼ਹੂਰ 'ਲਕਸ਼ਮੀ ਪ੍ਰਾਪਰਟੀ ਡੀਲਰ' ਦੇ ਦਫਤਰ 'ਚ ਸ਼ੁੱਕਰਵਾਰ ਅਣਪਛਾਤੇ ਨੌਜਵਾਨ ਨੇ ਤਾਬੜਤੋੜ ਫਾਇਰਿੰਗ ਕਰ ਦਿੱਤੀ। ਗਨੀਮਤ ਰਹੀ ਕਿ ਦਫਤਰ ਵਿੱਚ ਮੌਜੂਦ ਸਟਾਫ ਸੁਰੱਖਿਅਤ ਰਿਹਾ। ਦੋ ਨੌਜਵਾਨ ਐਕਟਿਵਾ 'ਤੇ ਸਵਾਰ ਹੋ ਕੇ ਆਏ ਅਤੇ ਉਨ੍ਹਾਂ ਵਿੱਚੋਂ ਇੱਕ ਐਕਟਿਵਾ ਸਟਾਰਟ ਕਰਕੇ ਬਾਹਰ ਹੀ ਖੜ੍ਹਾ ਰਿਹਾ, ਜਦੋਂਕਿ ਦੂਜਾ ਨਕਾਬਪੋਸ਼ ਨੌਜਵਾਨ ਦਫਤਰ ਦੇ ਅੰਦਰ ਦਾਖਲ ਹੋ ਗਿਆ। ਉਸ ਨੇ ਮੁਲਾਜ਼ਮ ਕੁੜੀ ਤੋਂ ਦਫਤਰ ਦੇ ਮਾਲਕ ਰਮੇਸ਼ ਪਹੂਜਾ ਬਾਰੇ ਪੁੱਛਗਿੱਛ ਕੀਤੀ। ਜਦੋਂ ਕੁੜੀ ਨੇ ਦੱਸਿਆ ਕਿ ਮਾਲਕ ਇਸ ਵੇਲੇ ਮੌਜੂਦ ਨਹੀਂ ਹਨ, ਤਾਂ ਹਮਲਾਵਰ ਨੇ ਰਿਵਾਲਵਰ ਕੱਢ ਕੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ ਅਤੇ ਤੁਰੰਤ ਮੌਕੇ ਤੋਂ ਫਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਸਿਟੀ ਐੱਸ ਐੱਚ ਓ ਗੁਰਸੇਵਕ ਸਿੰਘ ਅਤੇ ਸੀ ਆਈ ਏ ਪਟਿਆਲਾ ਦੇ ਐੱਸ ਐੱਚ ਓ ਮਨਪ੍ਰੀਤ ਸਿੰਘ ਪੁਲਸ ਪਾਰਟੀ ਸਮੇਤ ਤੁਰੰਤ ਮੌਕੇ 'ਤੇ ਪਹੁੰਚੇ। ਫਾਇਰਿੰਗ ਦੇ ਅਸਲ ਕਾਰਨਾਂ ਦਾ ਖੁਲਾਸਾ ਨਹੀਂ ਹੋ ਸਕਿਆ।

## ਕੇਂਦਰੀ ਮੰਤਰੀ ਦੇ ਜਨਮ ਦਿਨ 'ਤੇ ਅਸਤੀਫਾ ਮੰਗਿਆ

**ਨਵੀਂ ਦਿੱਲੀ (ਨ ਜ਼ ਸ)**
ਪ੍ਰੀਖਿਆਵਾਂ ਵਿੱਚ ਬੇਨੇਮੀਆਂ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਲਈ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦਾ ਵਿਰੋਧ ਪ੍ਰਦਰਸ਼ਨ ਸ਼ੁੱਕਰਵਾਰ ਜੰਤਰ-ਮੰਤਰ ਵਿਖੇ ਸੱਤਵੇਂ ਦਿਨ ਵੀ ਜਾਰੀ ਰਿਹਾ। ਇਸ ਦੌਰਾਨ ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ ਨੇ ਕਿਹਾ ਕਿ ਉਨ੍ਹਾਂ ਕੋਲ ਮੰਤਰੀ ਲਈ 'ਜਨਮ ਦਿਨ ਦਾ ਤੋਹਫਾ' ਹੈ। ਪ੍ਰਦਰਸ਼ਨ ਵਾਲੀ ਥਾਂ ਤੋਂ ਸਾਂਝੀ ਕੀਤੀ ਗਈ ਇੱਕ ਵੀਡੀਓ ਵਿੱਚ ਦੀਪਕੇ ਨੇ ਇੱਕ ਵ੍ਹਾਈਟ ਬੋਰਡ 'ਤੇ ਲਿਖਿਆ, "ਹੈਪੀ ਬਰਥਡੇ, ਪ੍ਰਧਾਨ। ਕਿਰਪਾ ਕਰਕੇ ਅਸਤੀਫਾ ਦਿਓ।" ਸਮਰਥਕ ਪਿਛੋਕੜ ਵਿੱਚ ਜਨਮ ਦਿਨ ਦਾ ਗੀਤ ਗਾ ਰਹੇ ਸਨ। ਦੀਪਕੇ ਨੇ ਕਿਹਾ, "ਤੁਹਾਨੂੰ ਜਨਮ ਦਿਨ ਦੀਆਂ ਬਹੁਤ-ਬਹੁਤ ਮੁਬਾਰਕਾਂ, ਧਰਮਿੰਦਰ ਪ੍ਰਧਾਨ। ਸਾਡੇ 'ਤੇ ਇੱਕ ਅਹਿਸਾਨ ਕਰੋ ਅਤੇ ਅਸਤੀਫਾ ਦਿਓ।" ਉਸ ਨੇ ਅੱਗੇ ਕਿਹਾ, "ਤੋਹਫੇ ਵਜੋਂ ਅਸੀਂ ਤੁਹਾਨੂੰ ਅਸਤੀਫਾ ਪੱਤਰ ਭੇਜਦੇ ਹਾਂ, ਤੁਸੀਂ ਬਸ ਅੰਗੂਠਾ ਲਗਾ ਦਿਓ।" ਇਸੇ ਦੌਰਾਨ ਕਾਰਕੁੰਨ ਸੋਨਮ ਵਾਂਗਚੁਕ ਨੇ ਐਲਾਨਿਆ ਹੈ ਕਿ ਜੇ ਸਰਕਾਰ ਪੇਪਰ ਲੀਕ ਨੂੰ ਲੈ ਕੇ ਉਠਾਈਆਂ ਗਈਆਂ ਮੰਗਾਂ 'ਤੇ ਕੋਈ ਪ੍ਰਤੀਕਿਰਿਆ ਨਹੀਂ ਦਿੰਦੀ ਹੈ ਤਾਂ ਉਹ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਸ਼ੁਰੂ ਕਰਨਗੇ। ਉਨ੍ਹਾ ਕਿਹਾ ਕਿ ਉਨ੍ਹਾਂ ਦੀ ਮੁਹਿੰਮ ਦੋ ਮੰਗਾਂ 'ਤੇ ਕੇਂਦਰਤ ਹੈ : ਸਿੱਖਿਆ ਖੇਤਰ ਵਿੱਚ ਜਵਾਬਦੇਹੀ ਤੇ ਲੱਦਾਖ ਦੇ ਵਾਤਾਵਰਣ, ਸੱਭਿਆਚਾਰ ਤੇ ਲੋਕਾਂ ਦੀ ਭਲਾਈ ਪ੍ਰਤੀ ਵਧੇਰੇ ਜ਼ਿੰਮੇਵਾਰੀ। ਸਿੱਖਿਆ ਨਾਲ ਸੰਬੰਧਤ ਫੈਸਲਿਆਂ ਵਿੱਚ ਨਾਗਰਿਕਾਂ ਦੀ ਵਧੇਰੇ ਭੂਮਿਕਾ ਹੋਣੀ ਚਾਹੀਦੀ ਹੈ, ਜਦਕਿ ਲੱਦਾਖ ਦੇ ਲੋਕਾਂ ਨਾਲ ਵਾਤਾਵਰਣ ਸੰਭਾਲ ਤੇ ਉਨ੍ਹਾਂ ਦੀ ਸੱਭਿਆਚਾਰਕ ਪਛਾਣ ਦੀ ਸੁਰੱਖਿਆ ਨਾਲ ਜੁੜੇ ਮੁੱਦਿਆਂ 'ਤੇ ਮਸ਼ਵਰਾ ਕੀਤਾ ਜਾਣਾ ਚਾਹੀਦਾ ਹੈ।

## ਅੱਜ-ਨਾਮਾ

ਸਾਈਬਰ ਠੱਗਾਂ ਦੀ ਫੇਰ ਹੈ ਖਬਰ ਆਈ,
ਮਚਾਈ ਪੰਜਾਬ ਦੇ ਵਿੱਚ ਆ ਲੁੱਟ ਬੇਲੀ।
ਦੋਹਾਂ-ਚਾਰਾਂ ਦੇ ਤੀਕ ਨਹੀਂ ਗੱਲ ਸੀਮਤ,
ਬਣਾ ਲਏ ਠੱਗਾਂ ਨੇ ਬੜੇ ਈ ਗੁੱਟ ਬੇਲੀ।
ਖੜਕਦੇ ਲੋਕਾਂ ਦੇ ਫੋਨ ਹਨ ਦਿਨੇ-ਰਾਤੀਂ,
ਚੁੱਕੋਗੇ ਫੋਨ ਫਿਰ ਸਾਹ ਲੈਣ ਘੁੱਟ ਬੇਲੀ।
ਵਰਤਦੇ ਝੂਠ ਪਰ ਸੱਚ ਤੋਂ ਵੱਧ ਤਕੜਾ,
ਬੰਦਾ ਸ਼ਰੀਫ ਫਿਰ ਜਾਂਦਾ ਹੈ ਟੁੱਟ ਬੇਲੀ।
ਗੱਲੀਂ ਬਾਤੀਂ ਫਿਰ ਮਾਰਨਗੇ ਮੱਤ ਏਦਾਂ,
ਸਕੇ ਸਮਝ ਨਾ ਬੰਦਾ ਕੋਈ ਚਾਲ ਬੇਲੀ।
ਜਦੋਂ ਬੰਦੇ ਦੀ ਪਰਤਦੀ ਸੁਰਤ ਮੁੜ ਕੇ,
ਹੁੰਦਾ ਲੁੱਟ ਗਿਆ ਓਦੋਂ ਨੂੰ ਮਾਲ ਬੇਲੀ।

-ਤੀਸ ਮਾਰ ਖਾਂ

# ਜੱਜ ਸਾਹਿਬਾ ਨੂੰ ਸਮਝ ਆ ਗਿਆ ਹੋਣੈ ਕਿ ਖੱਬੇ-ਪੱਖੀ ਖੂਹ ਦੇ ਡੱਡੂ ਨਹੀਂ : ਡਾ. ਜਯਾ ਮਹਿਤਾ

### ਆਗਰਾ 'ਚ ਕਾਮਰੇਡ ਰਮੇਸ਼ ਮਿਸ਼ਰਾ ਯਾਦਗਾਰੀ ਲੈਕਚਰ

**ਆਗਰਾ (ਨਵਾਂ ਜ਼ਮਾਨਾ ਸਰਵਿਸ)**
ਕਾਮਰੇਡ ਰਮੇਸ਼ ਮਿਸ਼ਰਾ ਦੇ ਛੇਵੇਂ ਸ਼ਹੀਦੀ/ਯਾਦਗਾਰੀ ਦਿਹਾੜੇ 'ਤੇ ਸੀਨੀਅਰ ਅਰਥ ਸ਼ਾਸਤਰੀ ਡਾ. ਜਯਾ ਮਹਿਤਾ ਨੇ 'ਦੁਨੀਆ ਦੀ ਬਦਲਦੀ ਤਸਵੀਰ ਅਤੇ ਭਾਰਤੀ ਅਰਥ ਵਿਵਸਥਾ ਦੇ ਹਾਲਾਤ' ਵਿਸ਼ੇ 'ਤੇ ਮੁੱਖ ਲੈਕਚਰ ਦਿੰਦਿਆਂ ਕਿਹਾ ਕਿ ਜੂਨ 2025 ਵਿੱਚ ਮੁੰਬਈ ਵਿੱਚ ਜਦੋਂ ਲੋਕਾਂ ਨੇ ਗਾਜ਼ਾ ਵਿੱਚ ਜਾਰੀ ਕਤਲੇਆਮ ਖਿਲਾਫ ਪ੍ਰਦਰਸ਼ਨ ਕਰਨ ਲਈ ਮੁੰਬਈ ਪੁਲਸ ਤੋਂ ਇਜਾਜ਼ਤ ਮੰਗੀ ਤਾਂ ਪੁਲਸ ਨੇ ਮਨ੍ਹਾਂ ਕਰ ਦਿੱਤਾ।ਇਸ ਦੇ ਖਿਲਾਫ ਖੱਬੇ-ਪੱਖੀ ਪਾਰਟੀਆਂ ਨੇ ਬੰਬੇ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਤਾਂ ਮਹਿਲਾ ਜੱਜ ਨੇ ਕਿਹਾ ਕਿ ਤੁਸੀਂ ਕਿਉਂ ਹਜ਼ਾਰਾਂ ਮੀਲ ਦੂਰ ਹੋ ਰਹੇ ਜ਼ੁਲਮ, ਕਤਲੇਆਮ ਅਤੇ ਬੇਇਨਸਾਫੀ ਦੇ ਚੱਕਰਾਂ ਵਿੱਚ ਪੈਂਦੇ ਹੋ। ਆਪਣੇ ਮੁਹੱਲੇ ਦੀਆਂ ਨਾਲੀਆਂ ਸਾਫ ਕਰਵਾਉਣ ਲਈ ਅੰਦੋਲਨ ਕਰੋ, ਚੰਗੀਆਂ ਸੜਕਾਂ ਬਣਵਾਉਣ ਲਈ ਅੰਦੋਲਨ ਕਰੋ; ਆਪਣੇ ਦੇਸ਼ ਵਿੱਚ, ਆਪਣੇ ਸ਼ਹਿਰ ਵਿੱਚ ਵਾਤਾਵਰਣ, ਪ੍ਰਦੂਸ਼ਣ, ਕੂੜਾ-ਕਰਕਟ, ਸਾਫ-ਸਫਾਈ ਆਦਿ ਵਰਗੀਆਂ ਕੀ ਘੱਟ ਮੁਸੀਬਤਾਂ ਹਨ, ਜੋ ਤੁਸੀਂ ਦੂਰ ਦੇਸ਼ ਦਾ ਮਾਮਲਾ ਲੈ ਕੇ ਪ੍ਰਦਰਸ਼ਨ ਕਰਨਾ ਚਾਹੁੰਦੇ ਹੋ, ਪਰ ਇਸ ਦੇ ਛੇ-ਸੱਤ ਮਹੀਨਿਆਂ ਬਾਅਦ ਅਮਰੀਕਾ ਅਤੇ ਇਜ਼ਰਾਈਲ ਨੇ ਈਰਾਨ 'ਤੇ ਹਮਲਾ ਕਰ ਦਿੱਤਾ।ਜੰਗ ਉੱਥੇ ਹੋਈ ਅਤੇ ਭਾਰਤ ਵਿੱਚ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਧਣ ਲੱਗੀਆਂ।ਸ਼ਾਇਦ ਮਾਣਯੋਗ ਜੱਜ ਸਾਹਿਬਾ ਨੂੰ ਸਮਝ ਆ ਗਿਆ ਹੋਵੇਗਾ ਕਿ ਅਸੀਂ ਕਿਸੇ ਖੂਹ ਦੇ ਡੱਡੂ ਨਹੀਂ ਹਾਂ, ਇਨਸਾਨ ਹਾਂ ਅਤੇ ਇਹ ਇਨਸਾਨੀ ਲਕੀਰਾਂ ਨਾਲ ਜੋ ਦੇਸ਼ ਬਣਾਏ ਗਏ ਹਨ, ਉਹ ਬਣਦੇ-ਵਿਗੜਦੇ ਰਹਿੰਦੇ ਹਨ, ਪਰ ਇੱਕ ਜਗ੍ਹਾ ਹੋਣ ਵਾਲੀਆਂ ਘਟਨਾਵਾਂ ਦੇ ਅਸਰ ਪੂਰੀ ਦੁਨੀਆ 'ਤੇ ਪੈਂਦੇ ਹਨ ਅਤੇ ਦੇਸ਼ ਵਿੱਚ ਵੀ ਇਹ ਮਾਮਲਾ ਸਿਰਫ ਤੇਲ ਤੱਕ ਸੀਮਤ ਨਹੀਂ ਰਹਿੰਦਾ।ਜੇ ਪੈਟਰੋਲ ਉਤਪਾਦ ਮਹਿੰਗੇ ਹੋਣਗੇ ਤਾਂ ਖਾਦਾਂ ਵੀ ਮਹਿੰਗੀਆਂ ਹੋਣਗੀਆਂ।ਫਿਰ ਖੇਤੀ 'ਤੇ ਅਤੇ ਕਿਸਾਨਾਂ 'ਤੇ ਅਸਰ ਪਵੇਗਾ।ਉਸ ਨਾਲ ਅਨਾਜ ਹੋਰ ਮਹਿੰਗਾ ਹੋਵੇਗਾ ਅਤੇ ਖੁਰਾਕੀ ਸੁਰੱਖਿਆ ਵੀ ਖਤਰੇ ਵਿੱਚ ਪੈ ਜਾਵੇਗੀ।ਜਦੋਂ ਤੇਲ ਮਹਿੰਗਾ ਹੋਇਆ ਤਾਂ ਤੇਲ ਖਰੀਦਣ ਲਈ ਵਿਦੇਸ਼ੀ ਮੁਦਰਾ ਨੂੰ ਜ਼ਿਆਦਾ ਖਰਚਣਾ ਪਿਆ।ਉਸ ਨਾਲ ਵਿਦੇਸ਼ੀ ਮੁਦਰਾ ਭੰਡਾਰ ਖਾਲੀ ਹੋਣ ਲੱਗਾ।ਵਿਦੇਸ਼ੀ ਮੁਦਰਾ ਲਿਆਉਣ ਲਈ ਬਾਹਰਲੀਆਂ ਕੰਪਨੀਆਂ ਨੂੰ ਸ਼ੇਅਰ ਮਾਰਕੀਟ ਵਿੱਚ ਨਿਵੇਸ਼ ਕਰਨ ਲਈ ਕਿਹਾ।ਜੋ ਕੰਪਨੀਆਂ ਪੋਰਟਫੋਲੀਓ ਨਿਵੇਸ਼ ਕਰਦੀਆਂ ਹਨ, ਯਾਨੀ ਕਿਸੇ ਤਰ੍ਹਾਂ ਦਾ ਅਸਲੀ ਨਿਵੇਸ਼ ਨਹੀਂ ਕਰਦੀਆਂ, ਕੋਈ ਕਾਰਖਾਨਾ ਵਗੈਰਾ ਨਹੀਂ ਲਗਾਉਂਦੀਆਂ, ਬਲਕਿ ਸਿਰਫ ਵਿੱਤੀ ਸੱਟੇਬਾਜ਼ੀ ਵਿੱਚ ਆਪਣਾ ਪੈਸਾ ਲਗਾਉਂਦੀਆਂ ਹਨ—ਜੇ ਉਨ੍ਹਾਂ ਨੂੰ ਆਪਣਾ ਨਿਵੇਸ਼ ਖਤਰੇ ਵਿੱਚ ਲੱਗੇ ਤਾਂ ਉਹ ਇੱਕ ਸਕਿੰਟ ਵਿੱਚ ਆਪਣਾ ਨਿਵੇਸ਼ ਕੱਢ ਲੈਂਦੀਆਂ ਹਨ ਅਤੇ ਉਨ੍ਹਾਂ ਨੇ ਕੱਢ ਵੀ ਲਿਆ।ਉਸ ਨਾਲ ਰੁਪਏ ਦੀ ਕਦਰ ਹੋਰ ਜ਼ਿਆਦਾ ਡਿੱਗ ਗਈ।ਜਦੋਂ ਹੋਰ ਡਿੱਗੀ ਤਾਂ ਉਨ੍ਹਾਂ ਹੋਰ ਪੈਸਾ








• ਬਾਕੀ ਸਫਾ 2 'ਤੇ

## ਯੂਥ ਆਗੂ ਕਾਂਗਰਸ ਦੀ ਸਰਕਾਰ ਬਣਾਉਣ 'ਚ ਅਹਿਮ ਭੂਮਿਕਾ ਨਿਭਾਉਣਗੇ : ਬੰਨੀ ਖਹਿਰਾ

### ਯੂਥ ਕਾਂਗਰਸ ਦੇ ਨਵੇਂ ਚੁਣੇ ਅਹੁਦੇਦਾਰਾਂ ਦਾ ਵਿਸ਼ੇਸ਼ ਸਨਮਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਹਿਲ ਕਲਾਂ ਪੰਜਾਬ ਪ੍ਰਦੇਸ਼ ਕਾਂਗਰਸ ਐੱਸ ਸੀ ਡਿਪਾਰਮੈਂਟ ਦੇ ਵਰਕਿੰਗ ਕਮੇਟੀ ਮੈਂਬਰ ਬੰਨੀ ਖਹਿਰਾ ਦੀ ਅਗਵਾਈ ਹੇਠ ਯੂਥ ਕਾਂਗਰਸ ਦੇ ਨਵੇਂ ਚੁਣੇ ਅਹੁਦੇਦਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਬੰਨੀ ਖਹਿਰਾ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਯੂਥ ਕਾਂਗਰਸ ਦੇ ਨਵੇਂ ਚੁਣੇ ਅਹੁਦੇਦਾਰ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਅਹਿਮ ਭੂਮਿਕਾ ਅਦਾ ਕਰੇਗਾ। ਸੀਨੀਅਰ ਆਗੂ ਬੰਨੀ ਖਹਿਰਾ ਨੇ ਕਿਹਾ ਕਿ ਯੂਥ ਕਾਂਗਰਸ ਨੇ ਮੈਂਬਰਸ਼ਿਪ ਮੁਹਿੰਮ ਤੇ ਚੋਣਾਂ ਰਾਹੀਂ ਨੌਜਵਾਨਾਂ ਨੂੰ ਵੱਡੀ ਗਿਣਤੀ 'ਚ ਨਾਲ ਜੋੜਿਆ ਹੈ।ਨਵੇਂ ਚੁਣੇ ਅਹੁਦੇਦਾਰ ਨਸ਼ਿਆਂ, ਬੇਰੁਜ਼ਗਾਰੀ, ਸਿਹਤ ਸਹੂਲਤਾਂ, ਸਿੱਖਿਆ ਤੇ ਹੋਰ ਲੋਕ ਮੁੱਦਿਆਂ 'ਤੇ ਅਹਿਮ ਭੂਮਿਕਾ ਨਿਭਾਉਣਗੇ।ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ, ਰੁਜ਼ਗਾਰ, ਸਿਹਤ ਸਹੂਲਤਾਂ ਤੇ ਨਸ਼ਿਆਂ ਦੇ ਮੁੱਦਿਆਂ 'ਤੇ ਸਰਕਾਰ ਫੇਲ੍ਹ ਸਾਬਿਤ ਹੋਈ ਹੈ।ਬੰਨੀ ਖਹਿਰਾ ਨੇ ਐਲਾਨ ਕੀਤਾ ਕਿ ਛੇਤੀ ਹੀ ਹਲਕੇ 'ਚ ਕਾਂਗਰਸ ਵੱਲੋਂ ਲੋਕ ਮਿਲਣੀ ਕਰਵਾਈ ਜਾਵੇਗੀ, ਜਿਸ 'ਚ ਲੋਕਾਂ ਨਾਲ ਕੀਤੇ ਵਾਅਦਿਆਂ ਬਾਰੇ ਸਵਾਲ ਪੁੱਛੇ ਜਾਣਗੇ।ਇਸ ਮੌਕੇ ਯੂਥ ਕਾਂਗਰਸ ਹਲਕਾ ਮਹਿਲ ਕਲਾਂ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੁਰੀ ਠੀਕਰੀਵਾਲ, ਮੀਤ ਪ੍ਰਧਾਨ ਦੀਪਇੰਦਰ ਸਿੰਘ ਦੀਪਾ, ਮੀਤ ਪ੍ਰਧਾਨ ਜਗਦੀਪ ਸਿੰਘ ਪਪਲੂ, ਜਨਰਲ ਸਕੱਤਰ ਰਾਜਵਿੰਦਰ ਸਿੰਘ, ਹਲਕਾ ਸੈਕਟਰੀ ਤਰਸੇਮ ਖਾਨ, ਅੰਮ੍ਰਿਤਪਾਲ ਸਿੰਘ, ਅਮਰਜੋਤ ਸਿੰਘ, ਪਵਿੱਤਰ ਸਿੰਘ, ਅਰਬਾਜ਼ ਖਾਨ, ਬਲਾਕ ਪ੍ਰਧਾਨ ਨਰਿੰਦਰ ਸਿੰਘ, ਆਦਿ ਆਗੂਆਂ ਨੂੰ ਸੀਨੀਅਰ ਆਗੂ ਬੰਨੀ ਖਹਿਰਾ ਦੀ ਅਗਵਾਈ ਹੇਠ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਪੋਲੀਓ ਦਿਵਸ ਸੰਬੰਧੀ ਜਾਗਰੂਕਤਾ ਰੈਲੀ ਕੱਢੀ



**ਬਠਿੰਡਾ (ਰਾਜੀਵ ਗੋਇਲ)**-ਸਿਵਲ ਹਸਪਤਾਲ ਦੇ ਕਰਮੀਆਂ ਵੱਲੋਂ 28 ਜੂਨ ਨੂੰ ਮਨਾਏ ਜਾਣ ਵਾਲੇ ਪੋਲੀਓ ਦਿਵਸ ਨੂੰ ਲੈ ਕੇ ਸ਼ਹਿਰ ਵਿੱਚ ਇੱਕ ਜਾਗਰੂਕਤਾ ਰੈਲੀ ਕੱਢੀ ਗਈ ਤੇ ਇਸ ਰੈਲੀ ਨੂੰ ਅੱਖਾਂ ਦੇ ਮਸ਼ਹੂਰ ਡਾਕਟਰ ਮੀਨਾਕਸ਼ੀ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਤੇ ਨਾਲ ਹੀ ਉਨ੍ਹਾਂ ਦੱਸਿਆ ਕਿ 28 ਜੂਨ ਨੂੰ ਪੋਲੀਓ ਦਿਵਸ ਮਨਾਇਆ ਜਾਣਾ ਹੈ ਤੇ ਇਸ ਦਿਨ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ, ਜਿਸ ਨੂੰ ਲੈ ਕੇ ਲੋਕਾਂ ਨੂੰ ਜਾਗਰੂਕ ਕਰਨ ਲਈ ਇਸ ਰੈਲੀ ਦਾ ਇੰਤਜ਼ਾਮ ਕੀਤਾ ਗਿਆ ਹੈ ਤਾਂ ਜੁ ਇਸ ਦਿਨ ਕੋਈ ਵੀ ਮਾਂ-ਬਾਪ ਆਪਣੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਏ ਬਿਨਾਂ ਅਧੂਰਾ ਨਾ ਰਹਿ ਜਾਵੇ।

## ਖੂਨਦਾਨ ਕੈਂਪ ਲਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਖੂਨਦਾਨ ਨੂੰ ਸਮਰਪਤ ਸੰਸਥਾ ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਵੱਲੋਂ ਬੱਸ ਸਟੈਂਡ 'ਤੇ 39ਵਾਂ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ।ਸੁਸਾਇਟੀ ਦੇ ਚੇਅਰਮੈਨ ਨੇ ਦੱਸਿਆ ਕਿ ਇਸ ਖੂਨਦਾਨ ਕੈਂਪ 'ਚ ਵਧ-ਚੜ੍ਹ ਕੇ ਖੂਨਦਾਨ ਹੋਇਆ।ਖੂਨਦਾਨ ਕੈਂਪ ਨੂੰ ਸਫ਼ਲ ਬਣਾਉਣ 'ਚ ਪੰਜਾਬ ਰੋਡਵੇਜ਼ ਦੇ ਜਨਰਲ ਮੈਨੇਜਰ ਜਸਵਿੰਦਰ ਸਿੰਘ ਚਹਿਲ, ਸੰਜੀਵ ਗਰਗ ਪ੍ਰਧਾਨ, ਸਾਹਿਬਜੀਤ ਸਿੰਘ ਜਨਰਲ ਸਕੱਤਰ ਪੀਐਸਐਮਐਸਯੂ ਪੰਜਾਬ ਰੋਡਵੇਜ਼ ਸ੍ਰੀ ਮੁਕਤਸਰ ਸਾਹਿਬ, ਗੁਰਮੀਤ ਸਿੰਘ ਸੁਪਰਡੈਂਟ ਦਾ ਵੀ ਭਰਪੂਰ ਸਹਿਯੋਗ ਰਿਹਾ।ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਵੱਲੋਂ ਰੋਡਵੇਜ਼ ਦੇ ਮੁਲਾਜ਼ਮਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ, ਕਿਉਂਕਿ ਉਹ ਖੂਨਦਾਨੀ ਬਣ ਕੇ ਕੈਂਪ ਵਿੱਚ ਖੂਨਦਾਨ ਕਰਨ ਪੁੱਜੇ।ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਦੀ ਟੀਮ ਨੇ ਦੱਸਿਆ ਕਿ ਉਨ੍ਹਾਂ ਦੇ ਦਿੱਤੇ ਖੂਨ ਕਰਕੇ ਪਤਾ ਨਹੀਂ ਕਿੰਨੀਆਂ ਜ਼ਿੰਦਗੀਆਂ ਵਿੱਚ ਵਾਧਾ ਹੋਵੇਗਾ।

## ਖੇਤੀਬਾੜੀ ਮੰਤਰੀ ਨੇ ਖੇਤੀਬਾੜੀ ਅਧਿਕਾਰੀਆਂ ਦੀ ਕਲਾਸ ਲਾਈ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੌਰਾ ਕਰ ਰਹੇ ਸੀ। ਉਨ੍ਹਾਂ ਪੰਜਾਬ ਵਿੱਚ ਸਿਰਫ਼ ਪਹਿਲੀ ਬਾਇਓ ਫਰਟੀਲਾਈਜ਼ਰ ਕੁਆਲਿਟੀ ਕੰਟਰੋਲ ਲੈਬ ਦਾ ਉਦਘਾਟਨ ਕਰਨਾ ਸੀ, ਜਿਸ 'ਤੇ ਲਗਭਗ ਪੰਜਾਹ ਲੱਖ ਰੁਪਏ ਖਰਚ ਕੀਤੇ ਗਏ ਸਨ। ਮੰਤਰੀ ਸਾਹਿਬ ਦਾ ਉਦਘਾਟਨ ਦਾ ਟਾਈਮ ਲਗਭਗ 11.30 ਵਜੇ ਦਾ ਸੀ, ਪਰ ਮੰਤਰੀ ਨੂੰ ਕਿਸੇ ਵੀ ਖੇਤੀਬਾੜੀ ਅਧਿਕਾਰੀ ਨੇ ਟਾਈਮ ਦੱਸਣਾ ਮੁਨਾਸਬ ਨਹੀਂ ਸਮਝਿਆ ਕਿ ਉਨ੍ਹਾਂ ਲੈਬ ਦਾ ਉਦਘਾਟਨ ਕਰਨਾ। ਫਿਰ ਕੀ ਸੀ ਜਦ ਮੰਤਰੀ ਸਾਹਿਬ ਉਦਘਾਟਨ ਸਮਾਰੋਹ ਵਿੱਚ ਪਹੁੰਚੇ ਤੇ ਉੱਥੇ ਵੀ ਕੋਈ ਵੀ ਅਧਿਕਾਰੀ ਰਸੀਵ ਕਰਨ ਨਹੀਂ ਆਇਆ ਤੇ ਮੰਤਰੀ ਸਾਹਿਬ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਚੜ੍ਹ ਗਿਆ ਤੇ ਉਨ੍ਹਾਂ ਨੇ ਸਾਰਿਆਂ ਦੀ ਕਲਾਸ ਲਾ ਦਿੱਤੀ।

## ਵਿਰੋਧੀਆਂ ਦੇ ਝੂਠੇ ਪ੍ਰਚਾਰ ਦਾ ਜਵਾਬ ਪੰਜਾਬ ਦੇ ਲੋਕ ਦੇਣਗੇ : ਐਡਵੋਕੇਟ ਹੈਪੀ ਗਰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹੈਪੀ ਗਰਗ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਕ ਵਿੱਚ ਡਟਦਿਆਂ ਵਿਰੋਧੀ ਪਾਰਟੀਆਂ 'ਤੇ ਤਿੱਖੇ ਸਿਆਸੀ ਨਿਸ਼ਾਨੇ ਸਾਧੇ ਹਨ।ਉਨ੍ਹਾਂ ਕਿਹਾ ਕਿ ਕਾਂਗਰਸ, ਭਾਜਪਾ ਤੇ ਅਕਾਲੀ ਦਲ ਸੂਬੇ ਦੀ ਬੇਮਿਸਾਲ ਤਰੱਕੀ ਅਤੇ ਮੁੱਖ ਮੰਤਰੀ ਮਾਨ ਨੂੰ ਮਿਲ ਰਹੇ ਅਥਾਹ ਜਨਤਕ ਸਮਰਥਨ ਤੋਂ ਬੁਖਲਾ ਗਏ ਹਨ।ਆਪਣੀ ਸਿਆਸੀ ਹੋਂਦ ਬਚਾਉਣ ਲਈ ਇਹ ਰਵਾਇਤੀ ਪਾਰਟੀਆਂ ਧਰਮ ਦੇ ਨਾਂਅ 'ਤੇ ਫ਼ਰਜ਼ੀ ਵੀਡੀਓਜ਼ ਤੇ ਝੂਠਾ ਪ੍ਰਚਾਰ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦੀਆਂ ਕੋਝੀਆਂ ਸਾਜ਼ਿਸ਼ਾਂ ਘੜ ਰਹੀਆਂ ਹਨ, ਪਰ ਪੰਜਾਬ ਦੇ ਸਮਝਦਾਰ ਲੋਕ ਇਨ੍ਹਾਂ ਦਾ ਅਸਲੀ ਚਿਹਰਾ ਪਛਾਣਦੇ ਹਨ ਅਤੇ ਜਲਦ ਹੀ ਇਨ੍ਹਾਂ ਨੂੰ ਕਰਾਰਾ ਜਵਾਬ ਦੇਣਗੇ। ਐਡਵੋਕੇਟ ਗਰਗ ਨੇ ਮੁੱਖ ਮੰਤਰੀ ਮਾਨ ਵੱਲੋਂ ਕੀਤੇ ਐਲਾਨਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ 1 ਜੁਲਾਈ ਤੋਂ ਪੰਜਾਬ ਦੀਆਂ ਔਰਤਾਂ ਲਈ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਹੋਣ ਜਾ ਰਹੀ ਹੈ।ਇਸ ਤਹਿਤ 97 ਫ਼ੀਸਦੀ ਔਰਤਾਂ ਦੇ ਖਾਤਿਆਂ ਵਿੱਚ ਸਿੱਧੀ ਵਿੱਤੀ ਸਹਾਇਤਾ (ਆਮ ਔਰਤਾਂ ਨੂੰ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ) ਭੇਜੀ ਜਾਵੇਗੀ।ਇਸ ਤੋਂ ਇਲਾਵਾ, ਪੰਜਾਬ ਸਰਕਾਰ ਨੇ ਦੇਸ਼ ਦਾ ਪਹਿਲਾ ਅਜਿਹਾ ਪ੍ਰਾਜੈਕਟ ਸ਼ੁਰੂ ਕੀਤਾ ਹੈ ਜਿਸ ਤਹਿਤ ਪਿੰਡਾਂ ਵਿੱਚ ਹਾਈ-ਟੈਨਸ਼ਨ ਬਿਜਲੀ ਦੀਆਂ ਤਾਰਾਂ ਨੂੰ ਜ਼ਮੀਨਦੋਜ਼ (ਅੰਡਰਗਰਾਊਂਡ) ਕੀਤਾ ਜਾ ਰਿਹਾ ਹੈ, ਜਿਸ ਨਾਲ ਹਾਦਸਿਆਂ ਅਤੇ ਫਸਲਾਂ ਦੇ ਨੁਕਸਾਨ ਤੋਂ ਪੱਕੀ ਮੁਕਤੀ ਮਿਲੇਗੀ।

## ਪੱਛੜੀਆਂ ਸ਼੍ਰੇਣੀਆਂ ਦੇ ਲੋਕਾਂ ਤੱਕ ਸਰਕਾਰੀ ਭਲਾਈ ਸਕੀਮਾਂ ਦੀ ਪੂਰੀ ਪਹੁੰਚ ਬਣਾਈ ਜਾਵੇ : ਮਲਕੀਤ ਥਿੰਦ

**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਸ੍ਰੀ ਮਲਕੀਤ ਥਿੰਦ ਨੇ ਵੀਰਵਾਰ ਨੂੰ ਸਥਾਨਕ ਬੱਚਤ ਭਵਨ ਵਿਖੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਇੱਕ ਵਿਸਤ੍ਰਿਤ ਸਮੀਖਿਆ ਮੀਟਿੰਗ ਕੀਤੀ।ਮੀਟਿੰਗ ਦਾ ਮੁੱਖ ਉਦੇਸ਼ ਬੀ.ਸੀ. (ਪੱਛੜੀਆਂ ਸ਼੍ਰੇਣੀਆਂ) ਸਮਾਜ ਨਾਲ ਸਬੰਧਤ ਲੋਕਾਂ ਦੀ ਸਮਾਜਿਕ ਅਤੇ ਆਰਥਿਕ ਤਰੱਕੀ ਲਈ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤੇ ਜਾਣ ਦੀ ਸਮੀਖਿਆ ਕਰਨਾ ਸੀ।ਮੀਟਿੰਗ ਦੌਰਾਨ ਚੇਅਰਮੈਨ ਸ੍ਰੀ ਮਲਕੀਤ ਥਿੰਦ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਅਸਲ ਮਕਸਦ ਤਦ ਹੀ ਪੂਰਾ ਹੁੰਦਾ ਹੈ, ਜਦੋਂ ਹਰ ਯੋਗ ਵਿਅਕਤੀ ਤੱਕ ਇਹਨਾਂ ਦਾ ਲਾਭ ਪਹੁੰਚਦਾ ਹੈ।ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬੀ.ਸੀ. ਵਰਗ ਨਾਲ ਸਬੰਧਤ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਬਣਦਾ ਤੇ ਸਮੇਂ-ਸਿਰ ਲਾਭ ਦਿੱਤਾ ਜਾਵੇ।

ਚੇਅਰਮੈਨ ਨੇ ਵੱਖ-ਵੱਖ ਵਿਭਾਗਾਂ ਵੱਲੋਂ ਹੁਣ ਤੱਕ ਸਰਕਾਰੀ ਸਕੀਮਾਂ ਦੇ ਤਹਿਤ ਦਿੱਤੇ ਗਏ ਲਾਭਾਂ ਦੀ ਵਿਸਤ੍ਰਿਤ ਜਾਣਕਾਰੀ ਹਾਸਲ ਕੀਤੀ ਤੇ ਅੰਕੜਿਆਂ ਦੇ ਆਧਾਰ 'ਤੇ ਸਮੀਖਿਆ ਕੀਤੀ।ਇਸ ਦੌਰਾਨ ਉਨ੍ਹਾਂ ਨੇ ਕਈ ਥਾਂਵਾਂ 'ਤੇ ਉਜਾਗਰ ਹੋਈਆਂ ਕਮੀਆਂ ਸਬੰਧੀ ਅਧਿਕਾਰੀਆਂ ਨੂੰ ਇਹਨਾਂ ਨੂੰ ਤੁਰੰਤ ਦੂਰ ਕਰਨ ਦੇ ਸਪੱਸ਼ਟ ਨਿਰਦੇਸ਼ ਦਿੱਤੇ।ਮੀਟਿੰਗ ਦੌਰਾਨ ਚੇਅਰਮੈਨ ਸ੍ਰੀ ਮਲਕੀਤ ਥਿੰਦ ਨੇ ਬੀ.ਸੀ. ਸਮਾਜ ਦੇ ਲੋਕਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਸਿੱਧਾ ਸੰਵਾਦ ਵੀ ਕੀਤਾ।ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਲਾਂ, ਸ਼ਿਕਾਇਤਾਂ ਅਤੇ ਸੁਝਾਵ ਧਿਆਨ ਨਾਲ ਸੁਣੇ।ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ, ਜਦਕਿ ਬਾਕੀ ਮਾਮਲਿਆਂ ਨੂੰ ਨਿਰਧਾਰਤ ਸਮੇਂ ਅੰਦਰ ਹੱਲ ਕਰਨ ਲਈ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਆਖਿਆ ਕਿ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਪਿੰਡਾਂ ਤੇ ਸ਼ਹਿਰੀ ਖੇਤਰਾਂ ਵਿੱਚ ਵਿਆਪਕ ਤੌਰ 'ਤੇ ਫੈਲਾਈ ਜਾਵੇ ਤਾਂ ਜੋ ਬੀ.ਸੀ. ਸਮਾਜ ਦਾ ਹਰ ਵਰਗ ਇਨ੍ਹਾਂ ਸਕੀਮਾਂ ਬਾਰੇ ਜਾਣੂ ਹੋ ਸਕੇ ਤੇ ਬਿਨਾਂ ਕਿਸੇ ਦਫ਼ਤਰੀ ਔਖਿਆਈ ਦੇ ਲਾਭ ਪ੍ਰਾਪਤ ਕਰ ਸਕੇ।ਇਸ ਮੌਕੇ ਮੁੱਖ ਮੰਤਰੀ ਫੀਲਡ ਅਫਸਰ ਲੁਧਿਆਣਾ ਤੁਸ਼ਿਤਾ ਗੁਲਾਟੀ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਰੀਆਂ ਭਲਾਈ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇਗਾ।ਮੀਟਿੰਗ ਵਿੱਚ ਚੇਅਰਮੈਨ ਮਾਰਕਿਟ ਕਮੇਟੀ ਸਾਹਨੇਵਾਲ ਹੇਮਰਾਜ ਰਾਜੀ, ਮੁੱਖ ਮੰਤਰੀ ਫੀਲਡ ਅਫ਼ਸਰ ਲੁਧਿਆਣਾ ਤੁਸ਼ਿਤਾ ਗੁਲਾਟੀ, ਜ਼ਿਲ੍ਹਾ ਮਾਲ ਅਫ਼ਸਰ ਪ੍ਰਦੀਪ ਕੁਮਾਰ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਹਰਪਾਲ ਸਿੰਘ ਗਿੱਲ ਤੋਂ ਇਲਾਵਾ ਸਿਵਲ ਅਤੇ ਪੁਲਸ ਪ੍ਰਸ਼ਾਸ਼ਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰ ਤੇ ਬੀ.ਸੀ. ਸਮਾਜ ਦੇ ਵੱਡੀ ਗਿਣਤੀ ਵਿੱਚ ਨੁਮਾਇੰਦਿਆਂ ਨੇ ਭਾਗ ਲਿਆ।

# ਨਰੇਗਾ ਮੁਲਾਜ਼ਮਾਂ ਨੇ ਵਿਭਾਗ ਵੱਲੋਂ ਜਾਰੀ ਪੱਤਰਾਂ ਦੀਆਂ ਕਾਪੀਆਂ ਸਾੜੀਆਂ



**ਮਾਨਸਾ (ਗੀਤਵਾਲ)**-ਪੰਜਾਬ ਭਰ ਦੇ ਨਰੇਗਾ ਮੁਲਾਜ਼ਮ ਪਿਛਲੇ 26 ਦਿਨਾਂ ਤੋਂ ਲਗਾਤਾਰ ਹੜਤਾਲ 'ਤੇ ਹਨ, ਜਿਨ੍ਹਾਂ ਦੀ ਮੁੱਖ ਮੰਗ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਮਰਜ਼ ਕਰਕੇ ਪੱਕਾ ਕੀਤਾ ਜਾਵੇ, ਪਰ ਹੁਣ ਤੱਕ ਸਰਕਾਰ ਤੇ ਵਿਭਾਗ ਨਾਲ ਹੋਈਆਂ ਮੀਟਿੰਗਾਂ ਦੇ ਬਾਵਜੂਦ ਕੋਈ ਠੋਸ ਨਤੀਜਾ ਸਾਹਮਣੇ ਨਾ ਆਉਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਨਿਰਾਸ਼ਾ ਤੇ ਰੋਸ ਪਾਇਆ ਜਾ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਗਨਰੇਗਾ ਕ੍ਰਮਚਾਰੀ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਅਭੀ ਸਿੰਗਲਾ ਨੇ ਜ਼ਿਲ੍ਹਾ ਪ੍ਰੀਸ਼ਦ ਮਾਨਸਾ ਵਿਖੇ ਮਗਨਰੇਗਾ ਕ੍ਰਮਚਾਰੀਆਂ ਦੀ ਕਲਮਛੋੜ ਹੜਤਾਲ ਦੇ 26 ਵੇਂ ਦਿਨ ਹੜਤਾਲੀ ਕ੍ਰਮਚਾਰੀਆਂ ਦੇ ਸਮੂਹ ਨੂੰ ਸੰਬੋਧਨ ਕਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ 1 ਜੂਨ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਹੋਈ ਪੈਨਲ ਮੀਟਿੰਗ ਤੇ 10 ਜੂਨ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਨ ਦੀ ਮੰਗ ਸਿਧਾਂਤਕ ਤੌਰ 'ਤੇ ਪ੍ਰਵਾਨ ਕਰਨ ਦੀ ਗੱਲ ਸਾਹਮਣੇ ਆਈ ਸੀ।ਇਸ ਦੇ ਨਾਲ ਹੀ ਇਹ ਵੀ ਫ਼ੈਸਲਾ ਕੀਤਾ ਗਿਆ ਸੀ ਕਿ ਪ੍ਰੋਸੋਨਲ, ਵਿੱਤ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਦੀ ਸਾਂਝੀ ਮੀਟਿੰਗ ਕਰਕੇ ਇਸ ਮਾਮਲੇ ਨੂੰ ਅੰਤਮ ਰੂਪ ਦਿੱਤਾ ਜਾਵੇਗਾ ਤੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਵੀ ਉਸ ਵਿੱਚ ਸ਼ਾਮਲ ਕੀਤਾ ਜਾਵੇਗਾ।

ਉਨ੍ਹਾਂ ਦੋਸ਼ ਲਾਇਆ ਕਿ ਨਿਰਧਾਰਤ ਢੰਗ ਨਾਲ ਮੀਟਿੰਗ ਕਰਾਉਣ ਦੀ ਬਜਾਏ 17 ਜੂਨ ਨੂੰ ਕੇਵਲ ਸੰਯੁਕਤ ਵਿਕਾਸ ਕਮਿਸ਼ਨਰ-ਕਮ-ਕਮਿਸ਼ਨਰ ਮਗਨਰੇਗਾ ਨਾਲ ਹੀ ਮੀਟਿੰਗ ਕਰਾ ਦਿੱਤੀ ਗਈ।ਉਨ੍ਹਾਂ ਕਿਹਾ ਕਿ ਉਸੇ ਸਮੇਂ ਉਨ੍ਹਾਂ ਨੂੰ ਅਹਿਸਾਸ ਹੋ ਗਿਆ ਸੀ ਕਿ ਸਰਕਾਰ ਆਪਣੇ ਪਹਿਲਾਂ ਕੀਤੇ ਵਾਅਦੇ ਤੋਂ ਪਿੱਛੇ ਹਟ ਰਹੀ ਹੈ। ਉਨ੍ਹਾਂ ਦਾ ਦਾਅਵਾ ਹੈ ਕਿ ਮੀਟਿੰਗ ਦੌਰਾਨ ਮੰਗਾਂ 'ਤੇ ਗੱਲ ਕਰਨ ਦੀ ਬਜਾਏ ਹੜਤਾਲ ਖ਼ਤਮ ਕਰਨ ਲਈ ਦਬਾਅ ਬਣਾਇਆ ਗਿਆ ਤੇ ਡਿਊਟੀ ਜੁਆਇਨ ਨਾ ਕਰਨ ਦੀ ਸੂਰਤ ਵਿੱਚ ਨੌਕਰੀ ਤੋਂ ਕੱਢਣ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ।

ਨਰੇਗਾ ਕ੍ਰਮਚਾਰੀ ਯੂਨੀਅਨ ਦੇ ਸੂਬਾਈ ਆਗੂ ਜਸਪਾਲ ਸਿੰਘ ਗੁਰਨੇ ਤੇ ਨਿਤੇਸ਼ ਗੁਪਤਾ ਨੇ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੋਇਆ।ਉਨ੍ਹਾਂ ਦੇ ਅਨੁਸਾਰ 13 ਮਾਰਚ 2025 ਨੂੰ ਵੀ ਵਿੱਤ ਸਕੱਤਰ ਅਜੀਤ ਬਾਲਾਜੀ ਜੋਸ਼ੀ ਨੇ ਤਿੰਨ ਮਹੀਨਿਆਂ ਵਿੱਚ ਮਸਲਾ ਹੱਲ ਕਰਨ ਦਾ ਭਰੋਸਾ ਦੇ ਕੇ ਹੜਤਾਲ ਖ਼ਤਮ ਕਰਾਈ ਸੀ, ਪਰ ਉਸ ਤੋਂ ਬਾਅਦ ਵੀ ਕੋਈ ਸਥਾਈ ਹੱਲ ਨਹੀਂ ਨਿਕਲਿਆ।ਇਸ ਕਾਰਨ ਹੁਣ ਮੁਲਾਜ਼ਮਾਂ ਦਾ ਸਰਕਾਰੀ ਭਰੋਸਿਆਂ ਤੋਂ ਵਿਸ਼ਵਾਸ ਉੱਠਦਾ ਜਾ ਰਿਹਾ ਹੈ।ਯੂਨੀਅਨ ਦੇ ਆਗੂ ਜਸਪਾਲ ਸਿੰਘ ਜੱਸੀ ਨੇ ਕਿਹਾ ਕਿ 2008 ਤੋਂ ਸੇਵਾ ਨਿਭਾ ਰਹੇ ਹਜ਼ਾਰਾਂ ਮੁਲਾਜ਼ਮ ਅੱਜ ਵੀ ਪੱਕੀ ਨੌਕਰੀ ਦੀ ਉਡੀਕ ਕਰ ਰਹੇ ਹਨ।ਇਸ ਦੌਰਾਨ ਪੰਜਾਬ 'ਚ ਵੱਖ-ਵੱਖ ਸਰਕਾਰਾਂ ਆਈਆਂ ਤੇ ਗਈਆਂ, ਪਰ ਹਰ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਨੌਕਰੀ ਪੱਕੀ ਕਰਨ ਦੇ ਵਾਅਦੇ ਕੀਤੇ ਤੇ ਸੱਤਾ ਵਿੱਚ ਆਉਣ ਤੋਂ ਬਾਅਦ ਉਹ ਵਾਅਦੇ ਪੂਰੇ ਨਹੀਂ ਹੋਏ। ਮੁਲਾਜ਼ਮਾਂ ਦਾ ਦੋਸ਼ ਹੈ ਕਿ ਮੌਜੂਦਾ ਸਰਕਾਰ ਤੋਂ ਵੀ ਉਨ੍ਹਾਂ ਨੂੰ ਇਹੀ ਉਮੀਦ ਸੀ, ਪਰ ਹੁਣ ਤੱਕ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਹੋਇਆ।

ਯੂਨੀਅਨ ਆਗੂ ਨਿਰਮਲ ਸਿੰਘ ਖਿਆਲਾ ਤੇ ਜੁਗਰਾਜ ਸਿੰਘ ਮਘਨੀਆਂ ਨੇ ਇਹ ਵੀ ਦੋਸ਼ ਲਾਇਆ ਹੈ ਕਿ ਵਿਭਾਗ ਵੱਲੋਂ 'ਨੋ ਵਰਕ, ਨੋ ਪੇ' ਵਰਗੇ ਪੱਤਰ ਜਾਰੀ ਕਰਕੇ ਮੁਲਾਜ਼ਮਾਂ ਨੂੰ ਡਰਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ ਨਰੇਗਾ ਦਾ ਕੰਮ ਹੋਰ ਕ੍ਰਮਚਾਰੀਆਂ ਤੋਂ ਕਰਾਉਣ ਦੀਆਂ ਕੋਸ਼ਿਸ਼ਾਂ ਵੀ ਕੀਤੀਆਂ ਗਈਆਂ, ਪਰ ਸਬੰਧਤ ਕ੍ਰਮਚਾਰੀਆਂ ਨੇ ਨਰੇਗਾ ਮੁਲਾਜ਼ਮਾਂ ਦੇ ਸੰਘਰਸ਼ ਨਾਲ ਹਮਦਰਦੀ ਜਤਾਉਂਦਿਆਂ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ।

## ਐੱਚ ਪੀ ਗੈਸ ਏਜੰਸੀ ਦੀ ਸਰਵਿਸ ਡਾਊਨ, ਖਪਤਕਾਰ ਦੋ ਦਿਨ ਤੋਂ ਪ੍ਰੇਸ਼ਾਨ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਇਲਾਕੇ ਦੇ ਖਪਤਕਾਰਾਂ ਨੂੰ ਐਚਪੀ ਗੈਸ ਏਜੰਸੀ ਦੀ ਸਰਵਿਸ ਡਾਊਨ ਹੋਣ ਕਾਰਨ ਪਿਛਲੇ ਦੋ ਦਿਨਾਂ ਤੋਂ ਗੈਸ ਸਿਲੰਡਰਾਂ ਦੀ ਸਪਲਾਈ ਨਾ ਮਿਲਨ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਵੱਲੋਂ ਸਮੇਂ ਸਿਰ ਗੈਸ ਸਿਲੰਡਰਾਂ ਦੀ ਬੁਕਿੰਗ ਕਰਾ ਦਿੱਤੀ ਗਈ ਸੀ, ਪਰ ਇਸ ਦੇ ਬਾਵਜੂਦ ਸਪਲਾਈ ਨਹੀਂ ਮਿਲ ਰਹੀ।ਸਿਲੰਡਰ ਨਾ ਮਿਲਣ ਕਾਰਨ ਲੋਕਾਂ ਨੂੰ ਏਜੰਸੀ ਦੇ ਚੱਕਰ ਲਾਉਣੇ ਪੈ ਰਹੇ ਹਨ ਤੇ ਰੋਜ਼ਾਨਾ ਦੇ ਘਰੇਲੂ ਕੰਮ ਵੀ ਪ੍ਰਭਾਵਤ ਹੋ ਰਹੇ ਹਨ।ਖਪਤਕਾਰਾਂ ਨੇ ਮੰਗ ਕੀਤੀ ਹੈ ਕਿ ਇਸ ਸਮੱਸਿਆ ਦਾ ਜਲਦ ਹੱਲ ਕੀਤਾ ਜਾਵੇ ਤਾਂ ਜੁ ਉਨ੍ਹਾਂ ਨੂੰ ਹੋਰ ਦਿੱਕਤਾਂ ਦਾ ਸਾਹਮਣਾ ਨਾ ਕਰਨਾ ਪਵੇ।ਗੈਸ ਏਜੰਸੀ ਮਾਲਕ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਸਰਵਿਸ ਡਾਊਨ ਹੋਣ ਕਾਰਨ ਸਿਲੰਡਰਾਂ ਦੀ ਸਪਲਾਈ ਪ੍ਰਭਾਵਤ ਹੋਈ ਹੈ।ਉਨ੍ਹਾਂ ਕਿਹਾ ਕਿ ਤਕਨੀਕੀ ਸਮੱਸਿਆ ਨੂੰ ਜਲਦ ਦੂਰ ਕਰਨ ਲਈ ਕੋਸ਼ਿਸ਼ਾਂ ਜਾਰੀ ਹਨ ਤੇ ਛੇਤੀ ਹੀ ਖਪਤਕਾਰਾਂ ਨੂੰ ਨਿਰਵਿਘਨ ਗੈਸ ਸਪਲਾਈ ਮੁਹੱਈਆ ਕਰਾ ਦਿੱਤੀ ਜਾਵੇਗੀ।

## ਸ਼ਹੀਦ ਊਧਮ ਸਿੰਘ ਸਕਿੱਲ ਯੂਨੀਵਰਸਿਟੀ ਹੋਏਗੀ ਨਿਵੇਕਲੀ : ਡਾ. ਮੰਗਲ ਸਿੰਘ

### 31 ਨੂੰ ਸ਼ਹੀਦੀ ਦਿਵਸ ਮੌਕੇ ਵਿਸ਼ੇਸ਼ ਸਦਨ ਬੁਲਾਉਣ ਦੀ ਮੰਗ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਪੰਜਾਬ ਵਿੱਚ ਸਿੱਖਿਆ ਤੇ ਹੁਨਰ ਵਿਕਾਸ ਦੇ ਖੇਤਰ ਵਿੱਚ ਇੱਕ ਨਵੀਂ ਪਹਿਲ ਦਾ ਐਲਾਨ ਕਰਦੇ ਹੋਏ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦੇ ਨਾਮ 'ਤੇ ਸਥਾਪਤ ਕੀਤੀ ਜਾ ਰਹੀ ਊਧਮ ਸਿੰਘ ਸ਼ਹੀਦ ਸਕਿਲ ਡਿਵੈਲਪਮੈਂਟ ਐਂਡ ਇੰਟਰਪਰਨਿਉਰਸ਼ਿਪ ਯੂਨੀਵਰਸਿਟੀ, ਪੰਜਾਬ ਆਪਣਾ ਪਹਿਲਾ ਵਿਦਿਅਕ ਵਰ੍ਹਾ ਸ਼ੁਰੂ ਕਰਨ ਦੀ ਤਿਆਰੀ ਵਿੱਚ ਹੈ।ਡਾ. ਕਿਸ਼ਨਪੁਰੀ ਅਨੁਸਾਰ ਇਸ ਯੂਨੀਵਰਸਿਟੀ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੋਵੇਗੀ ਕਿ ਇੱਥੇ ਵਿਦਿਆਰਥੀਆਂ ਤੋਂ ਸਿੱਧੀ ਫੀਸ ਨਹੀਂ ਲਈ ਜਾਵੇਗੀ।ਉਨ੍ਹਾਂ ਦਾ ਕਹਿਣਾ ਹੈ ਕਿ ਵਿਦਿਆਰਥੀਆਂ ਦੀ ਸਿੱਖਿਆ ਦਾ ਖ਼ਰਚਾ ਉਦਯੋਗਿਕ ਖੇਤਰ ਤੇ ਸਕਿੱਲ ਵਿਕਾਸ ਨਾਲ ਜੁੜੀਆਂ ਸੰਸਥਾਵਾਂ ਵੱਲੋਂ ਭਰਨ ਦਾ ਮਾਡਲ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਦੋ ਅੰਤਰਰਾਸ਼ਟਰੀ ਪੱਧਰ ਦੀਆਂ ਕਾਰਪੋਰੇਟ ਕੰਪਨੀਆਂ ਤੇ ਦੋ ਦੇਸ਼ਾਂ ਦੀਆਂ ਯੂਨੀਵਰਸਿਟੀਆਂ ਇਸ ਪ੍ਰੋਜੈਕਟ ਨਾਲ ਸਾਂਝੇਦਾਰੀ ਲਈ ਅੱਗੇ ਆ ਰਹੀਆਂ ਹਨ ਤੇ ਇਸ ਸਬੰਧੀ ਜਲਦ ਹੀ ਐੱਮ.ਓ.ਯੂ. ਸਾਈਨ ਕਰਨ ਦੀ ਤਿਆਰੀ ਹੈ।ਡਾ. ਮੰਗਲ ਕਿਸ਼ਨਪੁਰੀ ਨੇ ਦੱਸਿਆ ਕਿ ਯੂਨੀਵਰਸਿਟੀ ਦਾ ਕੈਂਪਸ ਤੇ ਪ੍ਰਸਤਾਵਿਤ ਸੰਵਿਧਾਨਕ ਢਾਂਚਾ ਤਿਆਰ ਕੀਤਾ ਜਾ ਚੁੱਕਾ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਸੁਨਾਮ ਊਧਮ ਸਿੰਘ ਵਾਲਾ ਵਿਖੇ ਵਿਸ਼ੇਸ਼ ਸਦਨ ਬੁਲਾਇਆ ਜਾਵੇ ਤੇ ਯੂਨੀਵਰਸਿਟੀ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਜਾਵੇ।ਇਸ ਮੌਕੇ ਫਾਊਂਡੇਸ਼ਨ ਦੇ ਸਕੱਤਰ ਬੀ.ਐੱਸ. ਧੰਜੂ ਤੇ ਮੀਡੀਆ ਇੰਚਾਰਜ ਜਗਦੀਸ਼ ਥਿੰਦ ਨੇ ਕਿਹਾ ਕਿ ਕੰਬੋਜ ਫਾਊਂਡੇਸ਼ਨ ਭਵਿੱਖ ਵਿੱਚ ਕੰਬੋਜ ਮੈਡੀਕਲ ਕਾਲਜ ਤੇ ਕੰਬੋਜ ਬੈਂਕ ਵਰਗੇ ਪ੍ਰੋਜੈਕਟਾਂ 'ਤੇ ਵੀ ਕੰਮ ਕਰਨ ਦੀ ਯੋਜਨਾ ਰੱਖਦੀ ਹੈ।ਉਨ੍ਹਾਂ ਕਿਹਾ ਕਿ ਇਸ ਯੂਨੀਵਰਸਿਟੀ ਤੋਂ ਮੁਹਾਰਤ ਹਾਸਲ ਕਰਨ ਵਾਲੇ ਸਿਖਿਆਰਥੀ ਰੋਜ਼ਗਾਰ ਪ੍ਰਾਪਤ ਕਰਕੇ ਵਿਦੇਸ਼ ਜਾਣਗੇ।ਉਨ੍ਹਾਂ ਮੁਤਾਬਕ ਐੱਨ.ਆਰ.ਆਈ. ਭਾਈਚਾਰੇ ਵੱਲੋਂ ਵੀ ਇਸ ਪਹਿਲ ਨੂੰ ਵੱਡੇ ਪੱਧਰ 'ਤੇ ਸਹਿਯੋਗ ਮਿਲ ਰਿਹਾ ਹੈ।ਸਿਆਟਲ ਤੋਂ ਆਈ ਇੱਕ ਉਦਮੀ ਬੀਬੀ ਨੇ 10 ਕਰੋੜ ਰੁਪਏ ਦਾ ਚੈੱਕ ਪ੍ਰਬੰਧਕਾਂ ਨੂੰ ਸੌਂਪਿਆ ਹੈ।

## ਸਫਾ 1 ਦੇ ਬਾਕੀ...

### ਸੰਘ ਵੱਡਿਆਂ ਨੂੰ ਬਲੀ ...

ਅਤੇ ਪ੍ਰਚਾਰਕ ਬਣ ਗਏ। ਉਹ ਐਮਰਜੈਂਸੀ ਦੌਰਾਨ ਹਿਰਾਸਤ ਵਿੱਚ ਲਏ ਗਏ ਲੋਕਾਂ ਵਿੱਚ ਸ਼ਾਮਲ ਸਨ।

ਉਸ ਤੋਂ ਬਾਅਦ 1981 ਅਤੇ 1984 ਦੇ ਵਿਚਕਾਰ ਰਾਏ ਨੇ ਦੇਹਰਾਦੂਨ ਵਿੱਚ ਆਰ ਐੱਸ ਐੱਸ ਦੇ ਜ਼ਿਲ੍ਹਾ ਪ੍ਰਚਾਰਕ ਵਜੋਂ ਸੇਵਾ ਨਿਭਾਈ ਅਤੇ ਫਿਰ ਨਾਲ ਲੱਗਦੇ ਸਹਾਰਨਪੁਰ ਤੇ ਬਾਅਦ ਵਿੱਚ ਮੇਰਠ ਚਲੇ ਗਏ। ਰਾਏ ਜੁਲਾਈ 1986 ਵਿੱਚ ਵਿਸ਼ਵ ਹਿੰਦੂ ਪ੍ਰੀਸ਼ਦ (ਵੀ ਐੱਚ ਪੀ) ਦੇ ਪ੍ਰਾਂਤ ਸਹਿ-ਸੰਗਠਨ ਸਕੱਤਰ ਬਣੇ ਅਤੇ ਬਾਅਦ ਵਿੱਚ ਇਸ ਦੀ ਇੱਕ ਖੇਤਰੀ ਇਕਾਈ ਵਿੱਚ ਸੰਗਠਨ ਸਕੱਤਰ ਵਜੋਂ ਸੇਵਾ ਨਿਭਾਈ। 1991 ਵਿੱਚ ਰਾਮ ਜਨਮ ਭੂਮੀ ਅੰਦੋਲਨ ਦੇ ਸਿਖਰ 'ਤੇ ਰਾਏ ਨੂੰ ਅਯੁੱਧਿਆ ਭੇਜ ਦਿੱਤਾ ਗਿਆ। 1991 ਤੋਂ 1995 ਤੱਕ ਉਹ ਯੂ ਪੀ ਲਈ ਵੀ ਐੱਚ ਪੀ ਦੇ ਸਹਿ-ਸੰਗਠਨ ਸਕੱਤਰ ਸਨ। ਉਨ੍ਹਾ ਨੂੰ 1996 ਵਿੱਚ ਸੰਗਠਨ ਦੇ ਕੇਂਦਰੀ ਸਹਿ-ਸਕੱਤਰ ਵਜੋਂ ਦਿੱਲੀ ਤਬਦੀਲ ਕਰ ਦਿੱਤਾ ਗਿਆ। ਉਨ੍ਹਾ 2018 ਵਿੱਚ ਇਸ ਦੇ ਅੰਤਰਰਾਸ਼ਟਰੀ ਉਪ ਪ੍ਰਧਾਨ ਵਜੋਂ ਤਰੱਕੀ ਮਿਲਣ ਤੋਂ ਪਹਿਲਾਂ ਵੀ ਐੱਚ ਪੀ ਦੇ ਸਕੱਤਰ, ਸੰਯੁਕਤ ਜਨਰਲ ਸਕੱਤਰ ਅਤੇ ਜਨਰਲ ਸਕੱਤਰ ਵਜੋਂ ਵੀ ਸੇਵਾ ਨਿਭਾਈ। ਰਾਏ ਉਦੋਂ ਸੁਰਖੀਆਂ ਵਿੱਚ ਆਏ, ਜਦੋਂ ਉਨ੍ਹਾ ਨੂੰ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ, ਉਹ ਇਸ ਦਾ ਮੁੱਖ ਚਿਹਰਾ ਬਣ ਗਏ। ਉਨ੍ਹਾ ਅਯੁੱਧਿਆ ਦੇ ਕਾਰਸੇਵਕਪੁਰਮ ਤੋਂ ਮੰਦਰ ਦੀ ਉਸਾਰੀ ਦੀ ਨਿਗਰਾਨੀ ਕੀਤੀ, ਜੋ ਉਨ੍ਹਾ ਦਾ ਬੇਸ ਕੈਂਪ ਸੀ।

### 5 ਤੱਕ ਤਨਖਾਹ-ਪੈਨਸ਼ਨ...

ਪੱਕੇ ਨਹੀਂ ਕੀਤੇ ਜਾ ਰਹੇ, ਐੱਨ ਪੀ ਐੱਸ ਸਬੰਧੀ ਸਰਕਾਰ ਦਾ ਫੈਸਲਾ ਪੀ ਆਰ ਟੀ ਸੀ ਵਿੱਚ ਲਾਗੂ ਨਹੀਂ ਕੀਤਾ ਗਿਆ। ਦੁਰਪ੍ਰਬੰਧ ਦਾ ਸਿੱਟਾ ਹੈ ਕਿ ਕਿਲੋਮੀਟਰ ਸਕੀਮ ਅਧੀਨ ਬੱਸਾਂ ਲੈ ਲਈਆਂ, ਪਰ ਕਰਮਚਾਰੀ ਭਰਤੀ ਨਹੀਂ ਕੀਤੇ ਸੈਂਕੜਿਆਂ ਦੀ ਗਿਣਤੀ ਵਿੱਚ ਕਰਮਚਾਰੀ ਘੱਟ ਹਨ, ਜਿਸ ਕਾਰਨ ਬੱਸਾਂ ਵੀ ਖੜ੍ਹਦੀਆਂ ਹਨ ਅਤੇ ਵਰਕਰਾਂ ਤੋਂ ਕਾਨੂੰਨੀ ਸੀਮਾ ਤੋਂ ਵੱਧ ਕੰਮ ਵੀ ਲਿਆ ਜਾਂਦਾ ਹੈ। ਵਰਕਰਾਂ ਦੇ ਜਾਇਜ਼ ਕੰਮਾਂ ਨੂੰ ਸਾਲਾਂ ਅਤੇ ਮਹੀਨਿਆਂਬੱਧੀ ਲਟਕਾਇਆ ਜਾਂਦਾ ਹੈ। ਕੁਝ ਮਾੜੇ ਕਿਰਦਾਰਾਂ ਦੇ ਕਰਮਚਾਰੀ ਅਫਸਰਾਂ ਨੇ ਚਹੇਤੇ ਬਣਾ ਕੇ ਆਪਣੀ ਛਤਰ-ਛਾਇਆ ਹੇਠ ਚੌਧਰੀ ਬਣਾਏ ਹੋਏ ਹਨ। ਵਰਕਰਾਂ ਦੀਆਂ ਤਰੱਕੀਆਂ ਨੂੰ ਜਾਣ-ਬੁੱਝ ਕੇ ਲੰਮਾ ਸਮਾਂ ਲਟਕਾਇਆ ਜਾਂਦਾ ਹੈ। ਸੇਵਾ-ਮੁਕਤ ਕਰਮਚਾਰੀਆਂ ਦੀਆਂ ਵੱਡੀਆਂ ਰਕਮਾਂ ਲੰਮੇ ਸਮੇਂ ਤੋਂ ਨਹੀਂ ਦਿੱਤੀਆਂ ਜਾ ਰਹੀਆਂ, ਇਸ ਤੋਂ ਇਲਾਵਾ ਮੈਡੀਕਲ ਬਿੱਲਾਂ ਦੀ ਅਦਾਇਗੀ ਸਾਲ-ਸਾਲ ਨਹੀਂ ਕੀਤੀ ਜਾਂਦੀ। ਕਰੋੜਾਂ ਰੁਪਏ ਦੇ ਅਨੇਕਾਂ ਹੋਰ ਬਕਾਏ ਕਰਮਚਾਰੀਆਂ ਦੇ ਨਹੀਂ ਦਿੱਤੇ ਜਾ ਰਹੇ। ਸੇਵਾ-ਮੁਕਤ ਕਰਮਚਾਰੀਆਂ ਦਾ 2 ਸਾਲ ਬਾਅਦ ਇੱਕ ਬੇਸਿਕ ਪੇਅ ਦੇ ਬਰਾਬਰ ਮਿਲਣ ਵਾਲਾ ਯਾਤਰਾ ਭੱਤਾ ਜੋ ਕਾਨੂੰਨੀ ਤੌਰ 'ਤੇ ਮਿਲਣਯੋਗ ਹੈ, ਉਹ ਵੀ ਨਹੀਂ ਦਿੱਤਾ ਜਾ ਰਿਹਾ। ਵਰਕਰਾਂ ਨੂੰ ਆਪਣੇ ਕਾਨੂੰਨੀ ਹੱਕ ਲੈਣ ਲਈ ਅਦਾਲਤਾਂ ਦਾ ਰੁਖ ਕਰਨ ਲਈ ਜਾਣ ਬੁੱਝ ਕੇ ਮਜ਼ਬੂਰ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਅਨੇਕਾਂ ਕਿਸਮ ਦੀਆਂ ਬੇਨਿਯਮੀਆਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਦੀ ਜਾਂਚ ਕਿਸੇ ਉਚ ਤਾਕਤੀ ਏਜੰਸੀ ਤੋਂ ਬਰੀਕੀ ਨਾਲ ਕਰਵਾਉਣੀ ਬਣਦੀ ਹੈ। 40-40 ਸਾਲ ਸੇਵਾ ਕਰਨ ਉਪਰੰਤ ਕੁਝ ਕੁ ਵਰਕਰਾਂ ਨੂੰ ਸੇਵਾ-ਮੁਕਤੀ ਉਪਰੰਤ 1992 ਦੀ ਪੈਨਸ਼ਨ ਸਕੀਮ ਦਾ ਲਾਭ ਨਾ ਦਿੱਤੇ ਜਾਣ ਦੀ ਬੇਲੋੜੀ ਜ਼ਿੱਦ ਫੜੀ ਹੋਈ ਹੈ। ਐਕਸ਼ਨ ਕਮੇਟੀ ਨੇ ਫੈਸਲਾ ਕੀਤਾ ਹੈ ਕਿ ਵਰਕਰਾਂ ਨਾਲ ਕੋਝੇ ਤਰੀਕੇ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਅਤੇ ਤਾਨਾਸ਼ਾਹੀ ਤਰੀਕਿਆਂ ਮੁਤਾਬਕ ਚੱਲ ਰਹੀ ਮੈਨੇਜਮੈਂਟ ਅਤੇ ਫਜ਼ੂਲ-ਖਰਚੀਆਂ ਦੇ ਵਿਰੁੱਧ ਲਗਾਤਾਰ ਸੰਘਰਸ਼ ਜਾਰੀ ਰੱਖਦੇ ਹੋਏ ਆਵਾਜ਼ ਬੁਲੰਦ ਕੀਤੀ ਜਾਵੇਗੀ।

### ਸਰਪੰਚਾਂ ਨੂੰ 15 ਅਗਸਤ...

ਫਿਰ ਗਲੀਆਂ-ਨਾਲੀਆਂ ਦੇ ਨਿਰਮਾਣ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ, ਤਾਂ ਜੋ ਪਿੰਡਾਂ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਇਆ ਜਾ ਸਕੇ। ਸੂਬੇ ਦੇ ਵਿਕਾਸ ਨੂੰ ਤੇਜ਼ ਕਰਨ ਲਈ ਇਹ ਬੇਹੱਦ ਜ਼ਰੂਰੀ ਹੈ ਅਤੇ ਪੰਜਾਬ ਨੂੰ ਦੇਸ਼ ਵਿੱਚ ਮੋਹਰੀ ਬਣਾਉਣ ਲਈ ਸਮੇਂ ਦੀ ਲੋੜ ਹੈ। ਮੈਂ ਹਰ ਸਰਪੰਚ ਨੂੰ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਆਪਣੇ ਲੋਕਾਂ ਦੀ ਖੁਸ਼ਹਾਲੀ ਲਈ ਸਰਕਾਰ ਵੱਲੋਂ ਪੂਰਨ ਸਹਿਯੋਗ ਅਤੇ ਮਦਦ ਦਾ ਭਰੋਸਾ ਦਿੰਦਾ ਹਾਂ।

### ਜੱਜ ਸਾਹਿਬਾ ਨੂੰ ਸਮਝ ਆ ...

ਕੱਢ ਲਿਆ, ਜਿਸ ਨਾਲ ਕਦਰ ਹੋਰ ਜ਼ਿਆਦਾ ਡਿੱਗ ਗਈ।ਇਹ ਇੱਕ ਤਰ੍ਹਾਂ ਦਾ ਜ਼ਹਿਰੀਲਾ ਚੱਕਰਵਿਊ ਹੁੰਦਾ ਹੈ।

ਇੱਕ ਹੋਰ ਮਿਸਾਲ ਦਿੰਦਿਆਂ ਜਯਾ ਮਹਿਤਾ ਨੇ ਕਿਹਾ ਕਿ ਜੋ ਨੀਟ ਦੀ ਪ੍ਰੀਖਿਆ ਵਿੱਚ ਹੋਇਆ, ਜੋ ਸੀ ਬੀ ਐੱਸ ਈ ਦੀ ਪ੍ਰੀਖਿਆ ਵਿੱਚ ਹੋਇਆ, ਜੋ ਬਦਹਾਲੀ ਸਾਡੀ ਸਿੱਖਿਆ ਪ੍ਰਣਾਲੀ ਜਾਂ ਸਿਹਤ ਪ੍ਰਣਾਲੀ ਵਿੱਚ ਹੈ, ਉਸ ਦਾ ਕੋਈ ਸਿੱਧਾ ਸੰਬੰਧ ਈਰਾਨ ਦੀ ਜੰਗ ਜਾਂ ਅੰਤਰਰਾਸ਼ਟਰੀ ਬਦਲਾਵਾਂ ਨਾਲ ਨਹੀਂ, ਉਹ ਸਭ ਸਾਡੀਆਂ ਅੰਦਰੂਨੀ ਸੰਸਥਾਗਤ ਗੜਬੜੀਆਂ ਕਰਕੇ ਹੋਇਆ ਹੈ, ਪਰ ਅਜਿਹਾ ਲੱਗ ਰਿਹਾ ਹੈ ਕਿ ਸਿਹਤ ਹੋਵੇ ਜਾਂ ਸਿੱਖਿਆ, ਖੁਰਾਕੀ ਸੁਰੱਖਿਆ ਹੋਵੇ ਜਾਂ ਆਵਾਜਾਈ ਜਾਂ ਆਰਥਕ ਮੋਰਚੇ ਤੇ ਬੈਲੇਂਸ ਆਫ ਪੇਮੈਂਟ (ਸੰਤੁਲਨ ਅਦਾਇਗੀ) ਦਾ ਸਵਾਲ ਹੋਵੇ, ਹਰ ਮੋਰਚੇ 'ਤੇ ਸਾਡੀ ਵਿਵਸਥਾ ਕਮਜ਼ੋਰ ਅਤੇ ਜ਼ਰਜ਼ਰ ਹੋ ਰਹੀ ਹੈ।ਫਿਰ ਵੀ ਸਰਕਾਰ ਨੇ ਕਿਹਾ ਕਿ ਭਾਰਤੀ ਅਰਥ ਵਿਵਸਥਾ ਵਿੱਚ 7.7 ਫ਼ੀਸਦੀ ਦਾ ਵਾਧਾ ਹੋਇਆ ਹੈ ਅਤੇ ਮੋਦੀ ਜੀ ਦੁਨੀਆ ਦੀ ਤੀਜੀ ਵੱਡੀ ਅਰਥ ਵਿਵਸਥਾ ਦੀ ਅਗਵਾਈ ਕਰਨ ਜੀ-7 ਦੀ ਮੀਟਿੰਗ ਵਿੱਚ ਗਏ।ਜੀ-7 ਵਿੱਚ ਵਿਕਸਤ ਉਦਯੋਗਿਕ ਅਰਥ ਵਿਵਸਥਾ ਵਾਲੇ ਦੇਸ਼ ਇਟਲੀ, ਫਰਾਂਸ, ਕੈਨੇਡਾ, ਜਰਮਨੀ, ਜਾਪਾਨ, ਇੰਗਲੈਂਡ ਅਤੇ ਅਮਰੀਕਾ ਹਨ।ਜਦੋਂ 1975 ਵਿੱਚ ਜੀ-7 ਬਣਿਆ ਸੀ, ਉਦੋਂ ਉਹ ਦੁਨੀਆ ਦੇ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਦਾ 70 ਫੀਸਦੀ ਹਿੱਸਾ ਰੱਖਦਾ ਸੀ।ਪਿਛਲੇ 50 ਸਾਲਾਂ ਵਿੱਚ ਦੁਨੀਆ ਵਿੱਚ ਜੋ ਬਦਲਾਅ ਹੋਏ ਹਨ, ਉਨ੍ਹਾਂ ਵਿੱਚ ਜੀ-7 ਦੀ ਦੁਨੀਆ ਦੀ ਜੀ ਡੀ ਪੀ ਵਿੱਚ ਹਿੱਸੇਦਾਰੀ ਘਟ ਕੇ 43 ਫੀਸਦੀ ਰਹਿ ਗਈ ਹੈ।ਸਾਲ 2003 ਤੋਂ ਜੀ-7 ਦੀਆਂ ਮੀਟਿੰਗਾਂ ਵਿੱਚ ਭਾਰਤ ਨੂੰ ਲਗਭਗ ਹਰ ਵਾਰ ਇੱਕ ਵਿਸ਼ੇਸ਼ ਸੱਦੇ 'ਤੇ ਮਹਿਮਾਨ ਵਜੋਂ ਬੁਲਾਇਆ ਜਾਂਦਾ ਹੈ, ਪਰ ਮੈਂਬਰ ਨਹੀਂ ਬਣਾਇਆ ਜਾਂਦਾ।ਉਹ ਇੱਕ ਪਾਸੇ ਵਿਕਸਤ ਦੇਸ਼ ਭਾਰਤ ਦੇ ਬਾਜ਼ਾਰ ਨੂੰ ਆਪਣੇ ਪੱਖ ਵਿੱਚ ਕਰਨ ਲਈ ਭਾਰਤ ਨੂੰ ਆਪਣੀ ਤਰਫ ਝੁਕਾ ਕੇ ਰੱਖਣਾ ਚਾਹੁੰਦੇ ਹਨ, ਦੂਜੇ ਪਾਸੇ ਭਾਰਤ ਦੇ ਹਾਕਮ 220 ਅਰਬਪਤੀਆਂ ਦੇ ਸਹਾਰੇ ਵਿਕਸਤ ਦੇਸ਼ਾਂ ਵਿੱਚ ਆਪਣੀ ਜਗ੍ਹਾ ਬਣਾਉਣਾ ਚਾਹੁੰਦੇ ਹਨ ਅਤੇ ਆਪਣੀ ਅਰਥ ਵਿਵਸਥਾ ਦੇ ਤੂਫਾਨੀ ਰਫਤਾਰ ਨਾਲ ਵਧਣ ਦਾ ਦਾਅਵਾ ਕਰਦੇ ਹਨ।ਇਸ ਵਿਕਾਸ ਦਰ ਦੀ ਹਕੀਕਤ ਇਹ ਹੈ ਕਿ ਮਾਨਵ ਵਿਕਾਸ ਸੂਚਕਾਂਕ ਦੀ ਇੱਕ ਰਿਪੋਰਟ ਮੁਤਾਬਕ 193 ਦੇਸ਼ਾਂ ਵਿੱਚੋਂ ਭਾਰਤ ਦਾ ਸਥਾਨ 130ਵਾਂ ਹੈ, ਯਾਨਿ ਮਾਨਵ ਵਿਕਾਸ ਦੇ ਬੁਨਿਆਦੀ ਆਧਾਰਾਂ 'ਤੇ ਅਸੀਂ 130ਵੇਂ ਨੰਬਰ 'ਤੇ ਹਾਂ, ਪਰ ਅਮੀਰੀ ਦੇ ਮਾਮਲੇ ਵਿੱਚ ਅਸੀਂ ਦੁਨੀਆ ਦੇ ਚੋਟੀ ਦੇ ਸੱਤ ਦੇਸ਼ਾਂ ਨਾਲ ਜੁੜਨਾ ਚਾਹੁੰਦੇ ਹਾਂ। ਮੋਦੀ ਜੀ ਇਹ ਦੱਸਣਾ ਚਾਹ ਰਹੇ ਹਨ ਕਿ ਦੇਖੋ ਅਸੀਂ ਕਿੰਨੀ ਤਰੱਕੀ ਕਰ ਲਈ ਹੈ ਕਿ ਜੀ-7 ਦੇ ਦੇਸ਼ ਵੀ ਸਾਨੂੰ ਬੁਲਾ ਰਹੇ ਹਨ ਅਤੇ ਉਨ੍ਹਾ ਦੇ ਚਾਪਲੂਸ ਮਾਹਰ ਕਹਿ ਰਹੇ ਹਨ ਕਿ ਅਸੀਂ ਪਿਛਲੇ ਤਿੰਨ ਸਾਲਾਂ ਵਿੱਚ 133 ਤੋਂ 130 'ਤੇ ਆ ਗਏ ਹਾਂ ਅਤੇ ਅਸੀਂ ਦੁਨੀਆ ਦੀ ਪੰਜਵੀਂ ਸਭ ਤੋਂ ਵੱਡੀ ਅਰਥ ਵਿਵਸਥਾ ਹਾਂ।ਡਾ. ਜਯਾ ਮਹਿਤਾ ਨੇ ਕਿਹਾ ਕਿ ਇਹ ਡਾਲਰਾਂ ਵਾਲੇ 220 ਅਰਬਪਤੀ ਅਤੇ ਜੀ-7 ਦੇ ਦੇਸ਼ ਸਾਡੀ ਪਛਾਣ ਨਹੀਂ ਹਨ। ਸਾਡੇ ਲੋਕ ਹੀ ਸਾਡੀ ਪਛਾਣ ਹਨ ਅਤੇ ਉਹ 95 ਫੀਸਦੀ ਗਰੀਬ ਹਨ। ਪਹਿਲਾਂ ਕਾਂਗਰਸ ਅਤੇ ਹੁਣ ਭਾਜਪਾ ਦੇ ਰਾਜਕਾਲ ਦੌਰਾਨ ਜੋ ਆਰਥਕ ਨੀਤੀਆਂ ਦੇਸ਼ ਵਿੱਚ ਅਪਣਾਈਆਂ ਗਈਆਂ ਹਨ, ਉਨ੍ਹਾਂ ਨਾਲ ਅਮੀਰ-ਗਰੀਬ ਦੀ ਖਾਈ ਬਹੁਤ ਤੇਜ਼ੀ ਨਾਲ ਚੌੜੀ ਹੋਈ ਹੈ।ਜਿੰਨੀ ਜ਼ਿਆਦਾ ਗੈਰ-ਬਰਾਬਰੀ ਸਾਡੇ ਦੇਸ਼ ਵਿੱਚ ਵਧਦੀ ਜਾ ਰਹੀ ਹੈ, ਉਸ ਨਾਲ ਕਿਸੇ ਵੀ ਸਮਾਜ ਵਿੱਚ ਸ਼ਾਂਤੀ ਅਤੇ ਸਥਿਰਤਾ ਹੋ ਹੀ ਨਹੀਂ ਸਕਦੀ।ਭਾਰਤੀ ਮਹਿਲਾ ਫੈਡਰੇਸ਼ਨ ਦੀ ਰਾਸ਼ਟਰੀ ਜਨਰਲ ਸਕੱਤਰ ਨਿਸ਼ਾ ਸਿੱਧੂ, ਰਾਸ਼ਟਰੀ ਸਕੱਤਰ ਅਰੁਣਾ ਸਿਨਹਾ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਰਾਸ਼ਟਰੀ ਸਕੱਤਰ ਵਿਨੀਤ ਤਿਵਾੜੀ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਪ੍ਰੋਗਰਾਮ ਦੀ ਪ੍ਰਧਾਨਗੀ ਕਿਸਾਨ ਸਭਾ ਦੀ ਰਾਸ਼ਟਰੀ ਕੌਂਸਲ ਦੇ ਮੈਂਬਰ ਓਮ ਪ੍ਰਕਾਸ਼ ਪ੍ਰਧਾਨ ਨੇ ਕੀਤੀ। ਕਾਮਰੇਡ ਰਮੇਸ਼ ਮਿਸ਼ਰਾ ਦੇ ਸਪੁੱਤਰ ਨੀਰਜ ਮਿਸ਼ਰਾ ਨੇ ਪਿਤਾ ਬਾਰੇ ਯਾਦਾਂ ਸਾਂਝੀਆਂ ਕੀਤੀਆਂ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਪੂਰਨ ਸਿੰਘ, ਐੱਸ ਕੇ ਖੋਸਲਾ ਆਦਿ ਨੇ ਵੀ ਆਪਣੇ ਵਿਚਾਰ ਰੱਖੇ। ਧੰਨਵਾਦ ਸੀ ਪੀ ਆਈ ਦੇ ਡਿਪਟੀ ਸਕੱਤਰ ਮੋਹਨ ਸਿੰਘ ਨੇ ਕੀਤਾ। ਮੰਚ ਸੰਚਾਲਨ ਦਿਲੀਪ ਰਘੂਵੰਸ਼ੀ ਨੇ ਕੀਤਾ।

### ਭਿੰਦਾ ਦੀ ਮੌਤ ਬੋਹਾ-ਬੁਢਲਾਡਾ...

ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਗਲਾ, ਹਰਪ੍ਰੀਤ ਸਿੰਘ ਪਿਆਰੀ, ਸੱਤਪਾਲ ਸਿੰਘ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਮੀਤ ਪ੍ਰਧਾਨ ਪ੍ਰਸ਼ੋਤਮ ਸਿੰਘ ਗਿੱਲ, ਕੁਲਵੰਤ ਸਿੰਘ ਕਿਸ਼ਨਗੜ੍ਹ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਕੇਸ਼ ਜੈਨ, ਬਲਵਿੰਦਰ ਸਿੰਘ ਪਟਵਾਰੀ, ਅਮਰਿੰਦਰ ਸਿੰਘ ਕਾਕਾ, ਅਗਰਵਾਲ ਸਭਾ ਦੇ ਆਗੂ ਗਿਆਨ ਚੰਦ, ਸਵਰਨਜੀਤ ਸਿੰਘ ਦਲਿਓ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਵਕੀਲ ਚੰਦਨ ਗੁਪਤਾ, ਸੀਤਾ ਰਾਮ, ਮਲਕੀਤ ਮੰਦਰਾਂ, ਮਲਕੀਤ ਸਿੰਘ, ਜਗਦੀਸ਼ ਰਾਏ ਕੁਲਰੀਆਂ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੁਖਪਾਲ ਸਿੰਘ ਹਾਕਮਵਾਲਾ ਆਦਿ ਨੇ ਵੀ ਸ਼ਰਧਾਂਜਲੀਆਂ ਭੇਟ ਕੀਤੀਆਂ।

### ਨਵੇਂ ਤਖਤ ਸ੍ਰੀ ਹਜ਼ੂਰ...

ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਚਲਾਉਣ ਵਿਚ ਆਪਣਾ ਅਹਿਮ ਵੱਡਮੁੱਲਾ ਅਤੇ ਸ਼ਲਾਘਾਯੋਗ ਯੋਗਦਾਨ ਦਿੱਤਾ ਹੈ। ਅਜਿਹੀ ਮਹਾਨ ਸੇਵਾਵਾਂ ਵਾਲੀ ਸੰਸਥਾ ਨੂੰ ਅੱਜ ਨਵੇਂ ਕਾਨੂੰਨ ਦੇ ਬਹਾਨੇ ਪ੍ਰਬੰਧ ਵਿਚੋਂ ਬਾਹਰ ਕਰਨ ਦੀ ਕੋਝੀ ਕੋਸ਼ਿਸ਼ ਨਾ ਸਿਰਫ ਦੀਵਾਨ ਦੇ ਗੌਰਵਮਈ, ਸੁਨਹਿਰੀ ਇਤਿਹਾਸਕ ਪਿਛੋਕੜ ਦਾ ਅਪਮਾਨ ਹੈ, ਸਗੋਂ ਸਿੱਖ ਸੰਸਥਾਵਾਂ ਅਤੇ ਕੌਮ ਦੇ ਧਾਰਮਿਕ ਅਧਿਕਾਰਾਂ 'ਤੇ ਵੀ ਸਿੱਧਾ ਹਮਲਾ ਹੈ। ਸਰਕਾਰ ਵੱਲੋਂ ਪੂਰੇ ਐਕਟ ਨੂੰ ਹੀ ਰੱਦ ਕਰਨ ਦਾ ਨਵਾਂ ਪ੍ਰਸਤਾਵ ਸਿੱਖ ਸੰਸਥਾਵਾਂ ਦੇ ਅਧਿਕਾਰਾਂ ਅਤੇ ਤਖਤ ਸਾਹਿਬਾਨ ਦੀ ਮਰਿਆਦਾ ਅਤੇ ਖੁਦਮੁਖਤਿਆਰੀ ਲਈ ਬਹੁਤ ਵੱਡੀ ਚੁਣੌਤੀ ਬਣ ਸਕਦਾ ਹੈ। ਦੀਵਾਨ ਦੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਅਤੇ ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਨਵਾਂ ਕਾਨੂੰਨ ਥੋਪਣ ਦੀ ਕੋਸ਼ਿਸ਼ ਨਾਲ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ ਅਤੇ ਪੰਥ ਦਰਦੀਆਂ ਵਿਚ ਡੂੰਘੇ ਰੋਸ ਅਤੇ ਬੇਚੈਨੀ ਦੀ ਲਹਿਰ ਹੈ। ਦੀਵਾਨ ਅਹੁਦੇਦਾਰਾਂ ਅਤੇ ਹਾਜ਼ਰ ਮੈਂਬਰ ਸਾਹਿਬਾਨ ਨੇ ਕੇਂਦਰ ਅਤੇ ਮਹਾਰਾਸ਼ਟਰ ਸਰਕਾਰ ਨੂੰ ਕਿਹਾ ਕਿ ਜੇਕਰ ਸਰਕਾਰ ਵੱਲੋਂ ਐਕਟ ਵਿਚ ਕੋਈ ਵੀ ਸੋਧ ਕਰਨ ਦੀ ਜ਼ਰੂਰਤ ਸਮਝੀ ਜਾਵੇ ਤਾਂ ਉਸ ਤੋਂ ਪਹਿਲਾਂ ਕੌਮ ਦੀਆਂ ਧਾਰਮਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਪੰਥਕ ਸਹਿਮਤੀ ਅਤੇ ਪੂਰਨ ਪਾਰਦਸ਼ਤਾ ਦੇ ਸਿਧਾਂਤਾਂ ਨੂੰ ਅਪਣਾਇਆ ਜਾਵੇ, ਤਾਂ ਜੋ ਕੌਮ ਦੇ ਪੰਥਕ ਅਧਿਕਾਰਾਂ ਅਤੇ ਤਖ਼ਤ ਸਾਹਿਬਾਨ ਦੀ ਆਨ-ਸ਼ਾਨ ਅਤੇ ਪਵਿੱਤਰ ਮਰਿਆਦਾ ਨੂੰ ਹਰ ਹਾਲ ਵਿਚ ਬਰਕਰਾਰ ਰੱਖਿਆ ਜਾ ਸਕੇ।

### ਸਮਾਣਾ 'ਚ ਸਟੇਡੀਅਮ...

ਪੰਚਾਇਤੀ ਜ਼ਮੀਨ 'ਤੇ ਬਣਾਇਆ ਜਾਵੇਗਾ। ਸਟੇਡੀਅਮ ਵਿੱਚ ਅੱਠ ਲੇਨਾਂ ਵਾਲਾ ਅੰਤਰਰਾਸ਼ਟਰੀ ਪੱਧਰ ਦਾ 400 ਮੀਟਰ ਦਾ ਸਿੰਥੈਟਿਕ ਅਥਲੈਟਿਕਸ ਟਰੈਕ ਹੋਵੇਗਾ।ਇਹ ਟਰੈਕ 100 ਮੀਟਰ, 200 ਮੀਟਰ ਅਤੇ 400 ਮੀਟਰ ਦੀਆਂ ਦੌੜਾਂ ਵਰਗੇ ਅਥਲੈਟਿਕ ਮੁਕਾਬਲਿਆਂ ਦੇ ਨਾਲ-ਨਾਲ ਹੋਰ ਟਰੈਕ ਮੁਕਾਬਲਿਆਂ ਦੀ ਮੇਜ਼ਬਾਨੀ ਲਈ ਢੁਕਵਾਂ ਹੋਵੇਗਾ।' ਮੁੱਖ ਮੰਤਰੀ ਨੇ ਅੱਗੇ ਕਿਹਾ, 'ਟਰੈਕ ਦੇ ਅੰਦਰਲੇ ਹਿੱਸੇ ਨੂੰ ਫੀਲਡ ਈਵੈਂਟਸ, ਜਿਵੇਂ ਕਿ ਸ਼ਾਟਪੁੱਟ, ਹੈਮਰ ਥਰੋਅ, ਲੌਂਗ ਜੰਪ, ਹਾਈ ਜੰਪ, ਡਿਸਕਸ ਥਰੋਅ ਅਤੇ ਹੋਰ ਖੇਡਾਂ ਲਈ ਵਿਸ਼ਵ ਪੱਧਰੀ ਸਹੂਲਤਾਂ ਨਾਲ ਵਿਕਸਤ ਕੀਤਾ ਜਾਵੇਗਾ। ਇਸ ਨਾਲ ਖਿਡਾਰੀ ਉੱਚ ਪੱਧਰ 'ਤੇ ਸਿਖਲਾਈ ਤੇ ਮੁਕਾਬਲਾ ਕਰਨ ਦੇ ਯੋਗ ਹੋਣਗੇ।'

### ਸਾਡੀ ਚਾਰ ਕਿੱਲੋ...

ਲਈ ਰਾਮ ਮੰਦਰ ਟਰੱਸਟ ਤੋਂ 2,000 ਕਰੋੜ ਰੁਪਏ ਦੀ ਹੇਰਾਫੇਰੀ ਕੀਤੀ ਗਈ। ਉਨ੍ਹਾ ਕਿਹਾ ਕਿ ਜਿਹੜੇ ਲੋਕ ਆਪਣੇ ਆਪ ਨੂੰ ਹਿੰਦੂਤਵਵਾਦੀ ਸਮਝਦੇ ਹਨ, ਉਹ ਮੰਦਰ ਤੋਂ ਕਰੋੜਾਂ ਰੁਪਏ ਚੋਰੀ ਕਰਦੇ ਹਨ ਅਤੇ ਇਹ ਪੈਸਾ ਰਾਜਨੀਤੀ ਵਿੱਚ ਦਾਖਲ ਹੁੰਦਾ ਹੈ, ਜਿੱਥੇ ਇਸ ਨੂੰ ਸੰਸਦ ਮੈਂਬਰਾਂ ਨੂੰ ਖਰੀਦਣ ਅਤੇ ਪਾਰਟੀਆਂ ਨੂੰ ਵੰਡਣ ਲਈ ਵਰਤਿਆ ਜਾਂਦਾ ਹੈ।

## 200 ਗ੍ਰਾਮ ਹੈਰੋਇਨ ਸਮੇਤ ਪੰਜ ਨੌਜਵਾਨ ਗ੍ਰਿਫ਼ਤਾਰ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਪੁਲਸ ਵਲੋਂ ਪੰਜ ਨੌਜਵਾਨਾਂ ਨੂੰ ਹੈਰੋਇਨ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕਰਕੇ ਵੱਡੀ ਪ੍ਰਾਪਤੀ ਕੀਤੀ ਹੈ।ਡੀ.ਐਸ.ਪੀ. ਦਫ਼ਤਰ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਡੀ.ਐਸ.ਪੀ. ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਮੁਖਵਰ ਖਾਸ ਵੱਲੋਂ ਇਤਲਾਹ ਮਿਲੀ ਕਿ ਫ਼ਿਰੋਜ਼ਪੁਰ ਫ਼ਾਜ਼ਿਲਕਾ ਰੋਡ ਪਿੰਡ ਜੀਵਾ ਆਰਾਈ ਪਾਸ ਬੈਠੇ ਨੌਜਵਾਨ ਹੈਰੋਇਨ ਲੈ ਕੇ ਵੇਚਣ ਲਈ ਆਪਣੇ ਗਾਹਕਾਂ ਦਾ ਇੰਤਜ਼ਾਰ ਕਰ ਰਹੇ ਹਨ, ਜਿਸ 'ਤੇ ਏ.ਐਸ.ਆਈ. ਵੱਲੋਂ ਰੇਡ ਕੀਤਾ ਗਿਆ ਤਾਂ ਬਾਬਾ ਪੀਰ ਦੀ ਜਗ੍ਹਾ 'ਤੇ ਬੈਠੇ ਕੁਝ ਨੌਜਵਾਨ ਜੋ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਘਬਰਾ ਗਏ ਅਤੇ ਖਿਸਕਣ ਦੀ ਕੋਸ਼ਿਸ਼ ਕੀਤੀ, ਪਰ ਏ.ਐਸ.ਆਈ. ਵਲੋਂ ਸਾਥੀ ਕ੍ਰਮਚਾਰੀ ਦੀ ਮਦਦ ਨਾਲ ਉਨ੍ਹਾਂ ਨੂੰ ਕਾਬੂ ਕੀਤਾ ਗਿਆ।ਨੌਜਵਾਨਾਂ ਨੇ ਕੋਈ ਨਸ਼ੀਲੀ ਵਸਤੂ ਜੋ ਲਿਫ਼ਾਫ਼ੇ ਵਿੱਚ ਲਪੇਟੀ ਹੋਈ ਸੀ, ਪਿਛਲੇ ਪਾਸੇ ਸੁੱਟ ਦਿੱਤੀ। ਡੀ.ਐਸ.ਪੀ ਨੇ ਦੱਸਿਆ ਕਿ ਨੌਜਵਾਨਾਂ ਦੀ ਪਛਾਣ ਅਰਨ ਸਿੰਘ ਪੁੱਤਰ ਮਨਜੀਤ ਸਿੰਘ, ਸਮਨਦੀਪ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਚੱਕ ਬਲੋਚਾਂ ਥਾਣਾ ਚੱਕ ਵੈਰ ਕੋਈ ਜ਼ਿਲ੍ਹਾ ਫ਼ਾਜ਼ਿਲਕਾ, ਲਵਸ਼ ਪੁੱਤਰ ਰਕੇਸ਼ ਕੁਮਾਰ ਤੇ ਤਰਨਦੀਪ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਗੁਰੂ ਹਰਸਹਾਏ, ਗੁਰਨੂਰ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਨੇੜੇ ਗੁਰਦੁਆਰਾ ਬੇਰ ਸਾਹਿਬ ਗੁਰੂ ਹਰਸਹਾਏ ਵਜੋਂ ਹੋਈ ਹੈ। ਡੀ.ਐਸ.ਪੀ. ਨੇ ਦੱਸਿਆ ਕਿ ਕਾਬੂ ਕੀਤੇ ਗਏ ਨੌਜਵਾਨਾਂ ਕੋਲੋਂ 200 ਗ੍ਰਾਮ ਹੈਰੋਇਨ ਬਰਾਮਦ ਹੋਈ।

## ਕਿਸਾਨ ਜਥੇਬੰਦੀਆਂ ਨੇ ਚੰਡੀਗੜ੍ਹ ਰੋਸ ਪ੍ਰਦਰਸ਼ਨ ਦੀ ਰੂਪ-ਰੇਖਾ ਤਿਆਰ ਕੀਤੀ



**ਰਾਏਕੋਟ (ਸੰਤੋਖ ਗਿੱਲ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਜ਼ਿਲ੍ਹਾ ਲੁਧਿਆਣਾ ਦੇ ਪ੍ਰਮੁੱਖ ਅਹੁਦੇਦਾਰਾਂ ਦੀ ਪਿੰਡ ਫੱਲੇਵਾਲ 'ਚ ਹੋਈ ਅਹਿਮ ਮੀਟਿੰਗ ਵਿੱਚ 4 ਜੁਲਾਈ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ) ਨਾਲ ਸਾਂਝੇ ਰੂਪ ਵਿੱਚ ਚੰਡੀਗੜ੍ਹ ਵਿੱਚ ਕੀਤੇ ਜਾਣ ਵਾਲੇ ਸਾਂਝੇ ਰੋਸ ਪ੍ਰਦਰਸ਼ਨ ਦੀ ਰੂਪਰੇਖਾ ਤਿਆਰ ਕੀਤੀ ਗਈ।ਕਿਸਾਨ ਆਗੂਆਂ ਨੇ ਦੱਸਿਆ ਕਿ ਧਰਨੇ ਨੂੰ ਕਾਮਯਾਬ ਬਣਾਉਣ ਲਈ ਜ਼ਿਲ੍ਹੇ ਦੇ ਸਾਰੇ ਬਲਾਕਾਂ ਅਤੇ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ 4 ਜੁਲਾਈ ਨੂੰ ਵੱਡੀ ਗਿਣਤੀ ਵਿੱਚ ਕਿਸਾਨ ਚੰਡੀਗੜ੍ਹ ਪਹੁੰਚ ਕੇ ਸਰਕਾਰ ਦੀਆਂ ਕਿਸਾਨ ਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰਨਗੇ।ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਨੇ ਕੀਤੀ।ਮੀਟਿੰਗ ਵਿੱਚ ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਵਧਦੀਆਂ ਕੀਮਤਾਂ, ਯੂਰੀਆ ਦੀ ਘਾਟ ਤੇ ਯੂਰੀਆ ਨਾਲ ਹੋਰ ਸਮਾਨ ਲੈਣ ਦੀ ਸ਼ਰਤ, ਅਮਰੀਕਾ ਨਾਲ ਮੁਕਤ ਵਪਾਰ ਸਮਝੌਤੇ, ਬਿਜਲੀ ਬਿੱਲ-2025, ਬੀਜ ਬਿੱਲ, ਮਨਰੇਗਾ ਨੂੰ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਤੇ ਕਿਰਤ ਕਾਨੂੰਨਾਂ ਦੀ ਥਾਂ ਲੇਬਰ ਕੋਡ ਲਾਗੂ ਕਰਨ ਵਰਗੇ ਮੁੱਦਿਆਂ 'ਤੇ ਗੰਭੀਰ ਚਰਚਾ ਕੀਤੀ ਗਈ।ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਲਿਆਂਦੀਆਂ ਜਾ ਰਹੀਆਂ ਨੀਤੀਆਂ ਤੇ ਕਾਨੂੰਨ ਕਾਰਪੋਰੇਟ ਘਰਾਣਿਆਂ ਤੇ ਸਾਮਰਾਜੀ ਤਾਕਤਾਂ ਦੇ ਹਿੱਤਾਂ ਨੂੰ ਮਜ਼ਬੂਤ ਕਰ ਰਹੇ ਹਨ, ਜਦਕਿ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ 'ਤੇ ਆਰਥਿਕ ਬੋਝ ਲਗਾਤਾਰ ਵਧਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਨੂੰ ਰੱਦ ਕਰਾਉਣ ਲਈ 4 ਜੁਲਾਈ ਦਾ ਸੰਘਰਸ਼ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਚੰਡੀਗੜ੍ਹ ਰੋਸ ਪ੍ਰਦਰਸ਼ਨ ਨੂੰ ਸਫਲ ਕਰਨ ਲਈ ਅਪੀਲ ਕੀਤੀ ਹੈ।

## ਐਕਸੀਅਨ ਡਰੇਨ, ਨਹਿਰ ਤੇ ਸੜਕਾਂ ਨੂੰ ਦਿੱਤੇ ਮੰਗ ਪੱਤਰ



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406-22-ਬੀ ਚੰਡੀਗੜ੍ਹ ਦੀ ਫੀਲਡ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੀ ਡਬਲਯੂ ਡੀ ਫ਼ੀਲਡ ਐਂਡ ਵਰਕਸ਼ਾਪ ਵਰਕਰਸ ਯੂਨੀਅਨ ਪੰਜਾਬ ਜ਼ਿਲ੍ਹਾ ਕਮੇਟੀ ਫਿਰੋਜ਼ਪੁਰ ਵੱਲੋਂ ਮੁਲਾਜ਼ਮ ਮੰਗਾ ਲਈ ਜਲ ਸਰੋਤ ਵਿਭਾਗ ਦੇ ਡ੍ਰੇਨੇਜ ਵਿੰਗ, ਨਹਿਰ ਤੇ ਸੜਕਾਂ ਤੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰਾਂ ਨੂੰ ਜ਼ਿਲ੍ਹਾ ਪੀ ਡਬਲਯੂ ਡੀ ਫ਼ੀਲਡ ਤੇ ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਦੀ ਅਗਵਾਈ ਹੇਠ ਰੋਸ ਰੈਲੀ ਕਰਕੇ ਸਰਕਾਰ ਨੂੰ ਮੰਗ ਪੱਤਰ ਭੇਜੇ ਗਏ। ਮੁਲਾਜ਼ਮ ਆਗੂ ਗੁਰਦੇਵ ਸਿੰਘ ਸਿੱਧੂ, ਜਗਦੀਪ ਸਿੰਘ ਮਾਂਗਟ, ਮਹਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਸਰਕਾਰ ਨੂੰ ਤੁਰੰਤ ਮੰਨ ਲੈਣੀਆਂ ਚਾਹੀਦੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਮੰਗਾਂ ਨਾ ਮੰਨਿਆਂ ਗਈਆਂ ਤਾਂ ਇਸ ਦਾ ਖਾਮਿਆਜ਼ਾ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪੈ ਸਕਦਾ ਹੈ।ਬ੍ਰਾਂਚ ਪ੍ਰਧਾਨ ਸੁਖਦੇਵ ਸਿੰਘ ਬਲਾਕ ਸਕੱਤਰ ਸੁਰਿੰਦਰ ਪਾਲ ਹੈਪੀ ਨੇ ਕਿਹਾ ਕਿ 21 ਜੁਲਾਈ ਨੂੰ ਫ਼ੀਲਡ ਕਾਮੇ ਆਪਣੀਆ ਮੰਗਾਂ ਮਨਵਾਉਣ ਲਈ ਜਲ ਸਰੋਤ ਮੰਤਰੀ ਦਾ ਘਿਰਾਓ ਕਰਨਗੇ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)** ਸ੍ਰੀਮਤੀ ਜਸਵਿੰਦਰ ਸ਼ੀਮਰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਿਵਲ ਸਰਜਨ ਦਫਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਆਸ਼ਾ ਵਰਕਰਾਂ ਤੇ ਆਮ ਲੋਕਾਂ ਨੂੰ ਨਸ਼ਿਆਂ ਸਬੰਧੀ ਜਾਗਰੂਕ ਕਰਨ ਲਈ ਸੈਮੀਨਾਰ ਕੀਤਾ ਗਿਆ।ਇਸ ਮੌਕੇ ਡਾ. ਸੁਨੀਲ ਬਾਂਸਲ ਸਿਵਲ ਸਰਜਨ ਵੱਲੋਂ ਹਾਜ਼ਰ ਲੋਕਾਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ।ਉਸ ਤੋਂ ਬਾਅਦ ਵੱਖ-ਵੱਖ ਬੁਲਾਰਿਆ ਵੱਲੋਂ ਵੀ ਨਸ਼ੇ ਦਾ ਸੇਵਨ ਨਾ ਕਰਨ ਸਬੰਧੀ ਵੀ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਸੰਧੂ ਹਸਤਪਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਵੀ ਨਸ਼ਾ ਵਿਰੋਧੀ ਸੈਮੀਨਾਰ ਦਾ ਕੀਤਾ ਗਿਆ।ਇਸ ਦੌਰਾਨ ਜੀਵਨ ਕੁਮਾਰ ਸੀਨੀਅਰ ਸਹਾਇਕ ਵੱਲੋਂ ਹਾਜ਼ਰ ਲੋਕਾਂ ਨੂੰ ਤੰਦਰੁਸਤ ਸਮਾਜ ਸਿਰਜਣ ਲਈ ਨੌਜਵਾਨਾਂ ਨੂੰ ਨਸ਼ੇ ਛੱਡ ਕੇ ਪੰਜਾਬ ਦੀ ਤਰੱਕੀ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨ ਨਸ਼ੇ ਵਰਗੀ ਭੈੜੀ ਅਲਾਮਤ ਤੋਂ ਪੀੜਤ ਹਨ, ਜੋ ਵੀ ਨੌਜਵਾਨ ਨਸ਼ਾ ਛੱਡਣਾ ਚਾਹੁੰਦਾ ਹੈ, ਉਹ ਜ਼ਿਲ੍ਹਿਆਂ ਵਿੱਚ ਚੱਲ ਰਹੇ ਓਟ ਕਲੀਨਿਕ ਵਿੱਚ ਦਾਖਲ ਹੋ ਕੇ ਨਸ਼ਾ ਛੱਡ ਸਕਦਾ ਹੈ।ਇਸ ਪ੍ਰੋਗਰਾਮ ਵਿਚ ਸਿਵਲ ਹਸਪਤਾਲ ਦੇ ਡਾਕਟਰ ਸਾਹਿਬਾਨ ਤੇ ਸਟਾਫ ਹਾਜ਼ਰ ਸੀ।ਇਸ ਮੌਕੇ ਪੈਂਫਲੇਟ ਵੀ ਵੰਡੇ ਗਏ।ਹੋਰ ਵਧੇਰੇ ਜਾਣਕਾਰੀ ਲੈਣ ਲਈ 15100 ਟੋਲ ਫ੍ਰੀ ਤੇ ਵੀ ਗੱਲਬਾਤ ਕੀਤੀ ਜਾ ਸਕਦੀ ਹੈ।ਇਸ ਮੌਕੇ ਸੰਧੂ ਨਸ਼ਾ ਛਡਾਉ ਕੇਂਦਰ ਦੇ ਮਾਹਰ ਡਾ. ਅਮਿਤ ਜਿੰਦਲ, ਐੱਮ. ਡੀ. ਮਨੋਵਿਗਿਆਨ, ਸ੍ਰੀ ਗੁਰਤੇਜ ਸਿੰਘ ਮੈਨੇਜਰ, ਸਿਮਰਜੀਤ ਕੌਰ, ਖੁਸ਼ਵਿੰਦਰ ਸਿੰਘ, ਅਰਸ਼ਦੀਪ ਸਿੰਘ ਕੌਂਸਲਰ ਤੇ ਪੈਰਾਲੀਗਲ ਵਲੰਟੀਅਰਜ਼ ਜਸਵਿੰਦਰ ਕੌਰ ਤੇ ਸੰਜੀਵ ਕੁਮਾਰ ਹਾਜ਼ਰ ਸਨ।

## ਯਾਦਵਿੰਦਰ ਨਿਰਮਾਣ ਨੇ ਸੰਭਾਲਿਆ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਦਾ ਅਹੁਦਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਵਜੋਂ ਯਾਦਵਿੰਦਰ ਨਿਰਮਾਣ ਨੇ ਅਹੁਦਾ ਸੰਭਾਲ ਲਿਆ।ਇਸ ਮੌਕੇ ਮੁਕੇਸ਼ ਜੁਨੇਜਾ ਚੇਅਰਮੈਨ ਮਾਰਕੀਟ ਕਮੇਟੀ ਸੁਨਾਮ ਵਿਸ਼ੇਸ਼ ਤੌਰ 'ਤੇ ਪੁੱਜੇ। ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ ਆਪਣਾ ਅਹੁਦਾ ਸੰਭਾਲਦੇ ਹੀ ਐਕਸ਼ਨ ਮੋਡ ਵਿੱਚ ਨਜ਼ਰ ਆਏ ਤੇ ਤੁਰੰਤ ਨਗਰ ਕੌਂਸਲ ਦੇ ਕੌਂਸਲਰਾਂ ਅਤੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।ਬੈਠਕ ਦੌਰਾਨ ਯਾਦਵਿੰਦਰ ਨਿਰਮਾਣ ਨੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ, ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ ਤੇ ਨਿਪਟਾਰਾ ਕਰਨ ਅਤੇ ਸ਼ਹਿਰ ਦੀ ਸਫ਼ਾਈ, ਬੁਨਿਆਦੀ ਸਹੂਲਤਾਂ ਅਤੇ ਹੋਰ ਲੋਕ ਭਲਾਈ ਦੇ ਕੰਮਾਂ ਨੂੰ ਨਿਰਧਾਰਿਤ ਸਮੇਂ ਵਿੱਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਯਾਦਵਿੰਦਰ ਨਿਰਮਾਣ ਨੇ ਕਿਹਾ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਿਨਾਂ ਕਿਸੇ ਭੇਦਭਾਵ ਦੇ ਹਰ ਸ਼ਹਿਰ ਵਾਸੀ ਦੀ ਸਮੱਸਿਆ ਦਾ ਹੱਲ ਕਰਨਾ ਤੇ ਸੁਨਾਮ ਦਾ ਨਵਾਂ ਮੁਹਾਂਦਰਾ ਸਿਰਜਣਾ ਹੀ ਸਾਡਾ ਮੁੱਖ ਮਕਸਦ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਵਿਕਾਸ ਕਾਰਜਾਂ ਨੂੰ ਪੂਰੀ ਪਾਰਦਰਸ਼ਤਾ ਤੇ ਤੇਜ਼ੀ ਨਾਲ ਅਮਲ ਵਿੱਚ ਲਿਆਂਦਾ ਜਾਵੇਗਾ।ਅਹੁਦਾ ਸੰਭਾਲਣ ਮੌਕੇ ਨਗਰ ਕੌਂਸਲ ਦੇ ਸਮੂਹ ਕੌਂਸਲਰਾਂ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਯਾਦਵਿੰਦਰ ਨਿਰਮਾਣ ਨੂੰ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਦੇ ਸਫ਼ਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਦੋਸਤ ਨੇ ਹੀ ਕੀਤਾ ਦੋਸਤ ਦਾ ਕਤਲ

## ਕੂੜੇ ਦੇ ਡੰਪ 'ਚ ਦੱਬੀ ਲਾਸ਼



**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਵਿੱਚ ਇੱਕ ਹੈਰਾਨ ਕਰ ਦੇਣ ਵਾਲਾ ਕਤਲ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਨੌਜਵਾਨ ਨੇ ਆਪਣੇ ਹੀ ਦੋਸਤ ਦੀ ਹੱਤਿਆ ਕਰਕੇ ਉਸ ਦੀ ਲਾਸ਼ ਕੂੜੇ ਦੇ ਡੰਪ ਵਿੱਚ ਦੱਬ ਦਿੱਤੀ।ਇੰਨਾ ਹੀ ਨਹੀਂ, ਪੁਲਸ ਨੂੰ ਗੁੰਮਰਾਹ ਕਰਨ ਲਈ ਮੁਲਜ਼ਮ ਨੇ ਮ੍ਰਿਤਕ ਦਾ ਮੋਬਾਈਲ ਫੋਨ ਅਤੇ ਮੋਟਰਸਾਈਕਲ ਨਹਿਰ ਵਿੱਚ ਸੁੱਟ ਦਿੱਤੇ। ਪੁਲਸ ਨੇ ਮਾਮਲੇ ਦੀ ਗੁੱਥੀ ਸੁਲਝਾਉਂਦਿਆਂ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮ੍ਰਿਤਕ ਦੀ ਲਾਸ਼ ਵੀ ਬਰਾਮਦ ਕਰ ਲਈ ਹੈ। ਮ੍ਰਿਤਕ ਦੀ ਪਹਿਚਾਣ ਜਲੰਧਰ ਦੇ ਮੁਹੱਲਾ ਨੰਬਰ-15 ਦੇ ਰਹਿਣ ਵਾਲੇ 31 ਸਾਲਾ ਗੁਰਪ੍ਰੀਤ ਸਿੰਘ ਨੰਨੀ ਵਜੋਂ ਹੋਈ ਹੈ। ਗੁਰਪ੍ਰੀਤ ਪਾਰਟ-ਟਾਈਮ ਡੀ ਜੇ ਦਾ ਕੰਮ ਕਰਦਾ ਸੀ। ਕੁਝ ਦਿਨ ਪਹਿਲਾਂ ਉਸ ਦੇ ਅਚਾਨਕ ਲਾਪਤਾ ਹੋ ਜਾਣ ਤੋਂ ਬਾਅਦ ਪਰਵਾਰਕ ਮੈਂਬਰਾਂ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ। ਸ਼ਿਕਾਇਤ ਮਿਲਣ ਤੋਂ ਬਾਅਦ ਪੁਲਿਸ ਨੇ ਜਾਂਚ ਸ਼ੁਰੂ ਕੀਤੀ ਅਤੇ ਇਲਾਕੇ ਦੇ ਕਈ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ। ਜਾਂਚ ਦੌਰਾਨ ਇੱਕ ਸੀ ਸੀ ਟੀ ਵੀ ਫੁਟੇਜ ਵਿੱਚ ਗੁਰਪ੍ਰੀਤ ਸਿੰਘ ਨੂੰ ਕੂੜੇ ਦੇ ਡੰਪ ਵਾਲੇ ਖੇਤਰ ਵਿੱਚ ਜਾਂਦੇ ਹੋਏ ਦੇਖਿਆ ਗਿਆ, ਪਰ ਉਹ ਬਾਹਰ ਨਿਕਲਦਾ ਹੋਇਆ ਕਿਤੇ ਵੀ ਨਜ਼ਰ ਨਹੀਂ ਆਇਆ। ਇਸ ਸੁਰਾਗ ਦੇ ਆਧਾਰ 'ਤੇ ਪੁਲਸ ਨੇ ਡੰਪ 'ਤੇ ਕੰਮ ਕਰਨ ਵਾਲੇ ਗੁਰਪ੍ਰੀਤ ਦੇ ਦੋਸਤ ਰਵੀ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ। ਰਵੀ, ਜੋ ਜਲੰਧਰ ਕੈਂਟ ਦਾ ਰਹਿਣ ਵਾਲਾ ਹੈ ਅਤੇ ਕੂੜੇ ਦੇ ਡੰਪ 'ਤੇ ਕੰਮ ਕਰਦਾ ਸੀ, ਨਾਲ ਸਖ਼ਤੀ ਨਾਲ ਪੁੱਛਗਿੱਛ ਕੀਤੀ ਗਈ।ਪੁੱਛਗਿੱਛ ਦੌਰਾਨ ਉਸ ਨੇ ਕਤਲ ਕਰਨ ਦੀ ਗੱਲ ਕਬੂਲ ਕਰ ਲਈ। ਮੁਲਜ਼ਮ ਨੇ ਦੱਸਿਆ ਕਿ ਕਤਲ ਵਾਲੀ ਰਾਤ ਉਹ ਅਤੇ ਗੁਰਪ੍ਰੀਤ ਇਕੱਠੇ ਬੈਠ ਕੇ ਸ਼ਰਾਬ ਪੀ ਰਹੇ ਸਨ। ਇਸ ਦੌਰਾਨ ਕਿਸੇ ਗੱਲ ਨੂੰ ਲੈ ਕੇ ਦੋਵਾਂ ਵਿਚਕਾਰ ਤਕਰਾਰ ਹੋ ਗਈ, ਜੋ ਬਾਅਦ ਵਿੱਚ ਖ਼ੂਨੀ ਝਗੜੇ ਵਿੱਚ ਬਦਲ ਗਈ। ਰਵੀ ਨੇ ਗੁੱਸੇ ਵਿੱਚ ਆ ਕੇ ਗੁਰਪ੍ਰੀਤ ਦੀ ਹੱਤਿਆ ਕਰ ਦਿੱਤੀ ਅਤੇ ਸਬੂਤ ਮਿਟਾਉਣ ਦੀ ਨੀਅਤ ਨਾਲ ਉਸ ਦੀ ਲਾਸ਼ ਨੂੰ ਕੂੜੇ ਦੇ ਡੰਪ ਵਿੱਚ ਦੱਬ ਦਿੱਤਾ। ਇਸ ਤੋਂ ਬਾਅਦ ਉਸ ਨੇ ਮ੍ਰਿਤਕ ਦਾ ਮੋਬਾਈਲ ਫੋਨ ਅਤੇ ਮੋਟਰਸਾਈਕਲ ਨਹਿਰ ਵਿੱਚ ਸੁੱਟ ਦਿੱਤੇ ਤਾਂ ਜੋ ਪੁਲਿਸ ਨੂੰ ਇਹ ਲੱਗੇ ਕਿ ਗੁਰਪ੍ਰੀਤ ਕਿਤੇ ਹੋਰ ਚਲਾ ਗਿਆ ਹੈ ਜਾਂ ਕਿਸੇ ਹਾਦਸੇ ਦਾ ਸ਼ਿਕਾਰ ਹੋਇਆ ਹੈ।

# ਨਸ਼ਿਆਂ ਵਿਰੁੱਧ ਮੁਹਿੰਮ 'ਚ ਲੋਕਾਂ ਵੱਲੋਂ ਪੂਰਾ ਸਹਿਯੋਗ ਦਿੱਤਾ ਜਾ ਰਿਹਾ : ਡਾ. ਅਰਸ਼ਦੀਪ ਸਿੰਘ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡਾ.ਅਰਸ਼ਦੀਪ ਸਿੰਘ ਜ਼ਿਲ੍ਹਾ ਇੰਚਾਰਜ ਯੁੱਧ ਨਸ਼ਿਆਂ ਵਿਰੁੱਧ ਗੁਰਦਾਸਪੁਰ ਵੱਲੋਂ ਘੁਮਾਣ ਵਿਖੇ ਪੱਤਰਕਾਰਾਂ ਸਾਥੀਆਂ ਨਾਲ ਗੱਲਬਾਤ ਕਰਕੇ ਜ਼ਿਲ੍ਹੇ ਅੰਦਰ ਨਸ਼ਾ ਮੁਕਤੀ ਮੋਰਚਾ ਤਹਿਤ ਕੀਤੇ ਜਾ ਰਹੇ ਜਾਗਰੂਕਤਾ ਪਰੋਗਰਾਮ ਦੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਇਸ ਮੌਕੇ ਉਨ੍ਹਾਂ ਦੇ ਨਾਲ ਅੰਮ੍ਰਿਤਪਾਲ ਸਿੰਘ ਸੋਹੀ ਹਲਕਾ ਸੋਸ਼ਲ ਮੀਡੀਆ ਵਾਈਸ ਕੋਆਰਡੀਨੇਟਰ, ਸਰਪੰਚ ਮੁਖਤਾਰ ਸਿੰਘ, ਸੁਖਜਿੰਦਰ ਸਿੰਘ ਬਲਾਕ ਪ੍ਰਧਾਨ ਸ੍ਰੀ ਹਰਗੋਬਿੰਦਪੁਰ ਸਾਹਿਬ, ਮਨਦੀਪ ਸਿੰਘ ਵਾਈਸ ਇੰਚਾਰਜ ਯੁੱਧ ਨਸ਼ਿਆਂ ਵਿਰੁੱਧ ਮੌਜੂਦ ਸਨ। ਡਾ.ਅਰਸ਼ਦੀਪ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਸੂਬੇ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਸਾਨੂੰ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਲੋਕਾਂ ਦੇ ਸਹਿਯੋਗ ਨਾਲ ਕਰੀਬ 80 ਪ੍ਰਤੀਸ਼ਤ ਪਿੰਡ ਨਸ਼ਾ ਮੁਕਤ ਹੋ ਚੁੱਕੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਪੂਰੇ ਪੰਜਾਬ ਨੂੰ ਨਸ਼ਾ ਮੁਕਤ ਬਣਾਇਆ ਜਾਵੇਗਾ। ਉਨ੍ਹਾ ਕਿਹਾ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚੇ ਦੀ ਟੀਮਾਂ ਵਲੋਂ ਪਿੰਡ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕੀਤਾ ਜਾ ਰਿਹਾ ਹੈ । ਲੋਕ ਬਹੁਤ ਖੁਸ਼ ਹਨ ਕਿ ਪੰਜਾਬ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਨਸ਼ਿਆਂ ਖਿਲਾਫ ਵੱਡੀਆਂ ਕਾਰਵਾਈਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਬੀਤੇ ਦਿਨ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨ ਕਰ ਦਿੱਤਾ ਗਿਆ ਹੈ ਕਿ 15 ਅਗਸਤ 2026 ਤੋਂ ਬਆਦ ਪਿੰਡਾਂ ਦੇ ਸਰਪੰਚਾਂ ਨੂੰ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੋਂ ਲੋਕ ਖੁਸ਼ ਹਨ ਅਤੇ ਆਉਣ ਵਾਲੇ ਸਮੇਂ ਦੌਰਾਨ ਮਾਨ ਹੀ ਪੰਜਾਬ ਦੀ ਅਗਵਾਈ ਕਰਨਗੇ ਅਤੇ ਲੋਕ ਉਨ੍ਹਾਂ ਦੇ ਹੱਕ ਵਿੱਚ ਭੁਗਤਣਗੇ।




# ਰਾਜ ਸਰਕਾਰ ਨੇ ਪੰਜਾਬ ਦੇ ਦਫ਼ਤਰਾਂ ਦਾ ਸਮਾਂ ਬਦਲਿਆ

**ਵੇਰਕਾ (ਰਾਣਾ)**- ਪੰਜਾਬ ਸਰਕਾਰ ਨੇ ਇੱਕ ਪੱਤਰ ਜਾਰੀ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ ਵਧ ਰਹੀ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਰਾਜ ਦੇ ਚੰਡੀਗੜ੍ਹ ਅਤੇ ਪੰਜਾਬ ਵਿੱਚ ਸਥਿਤ ਸਮੂਹ ਦਫਤਰਾਂ ਅਤੇ ਵਿੱਦਅਕ ਅਦਾਰਿਆਂ ਦਾ 25 ਮਈ ਤੋਂ ਅਗਲੇ ਹੁਕਮਾਂ ਤੱਕ ਦਫਤਰੀ ਸਮਾਂ ਸਵੇਰੇ 7:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਕੀਤਾ ਗਿਆ ਸੀ। ਹੁਣ ਪੰਜਾਬ ਸਰਕਾਰ ਨੇ ਫੈਸਲਾ ਲਿਆ ਹੈ ਕਿ ਪੰਜਾਬ ਰਾਜ ਦੇ ਸਮੂਹ ਸਰਕਾਰੀ ਦਫਤਰਾਂ/ਅਦਾਰਿਆਂ ਦਾ ਦਫਤਰੀ ਸਮਾਂ 1 ਜੁਲਾਈ ਤੋਂ ਮੁੜ ਪਹਿਲਾਂ ਦੀ ਤਰ੍ਹਾਂ ਹੀ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਹੋਵੇਗਾ।

# ਨਾਇਬ ਤਹਿਸੀਲਦਾਰ ਖੁੱਲਰ ਨੇ ਤਹਿਸੀਲ ਝਬਾਲ ਦਾ ਕਾਰਜਭਾਰ ਸੰਭਾਲਿਆ



**ਝਬਾਲ (ਮੱਖਣ ਮਨੋਜ)**- ਨਾਇਬ ਤਹਿਸੀਲਦਾਰ ਰਤਨਜੀਤ ਖੁੱਲਰ ਨੇ ਸ਼ੁੱਕਰਵਾਰ ਤਹਿਸੀਲ ਝਬਾਲ ਦਾ ਕਾਰਜਭਾਰ ਸੰਭਾਲ ਲਿਆ । ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਢਿੱਲੋਂ ਨੇ ਉਮੀਦ ਜਤਾਈ ਕਿ ਨਵੇਂ ਨਾਇਬ ਤਹਿਸੀਲਦਾਰ ਦੇ ਆਉਣ ਨਾਲ ਝਬਾਲ ਤਹਿਸੀਲ ਦੇ ਕੰਮਕਾਜ ਵਿੱਚ ਤੇਜ਼ੀ ਆਵੇਗੀ ਅਤੇ ਲੋਕਾਂ ਨੂੰ ਆਉਣ ਵਾਲੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਉਹ ਨਾਇਬ ਤਹਿਸੀਲਦਾਰ ਦੇ ਕੰਮਕਾਜ ਵਿੱਚ ਹਰ ਸੰਭਵ ਸਹਿਯੋਗ ਦੇਣਗੇ।ਨਾਇਬ ਤਹਿਸੀਲਦਾਰ ਖੁੱਲਰ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ ਅਤੇ ਲੋਕਾਂ ਦੀ ਸੇਵਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਝਬਾਲ ਤਹਿਸੀਲ ਨੂੰ ਇੱਕ ਮਾਡਲ ਤਹਿਸੀਲ ਬਣਾਉਣ ਲਈ ਕੰਮ ਕਰਨਗੇ।

# 'ਏਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਸਮਾਗਮ 29 ਨੂੰ ਬਟਾਲਾ ਵਿਖੇ

**ਬਟਾਲਾ (ਤਰਲੋਕ ਬੱਗਾ)**- 29 ਜੂਨ ਨੂੰ ਪੰਜਾਬ ਸਰਕਾਰ ਵਲੋਂ ਬਟਾਲਾ ਵਿਚ 'ਏਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਤਹਿਤ ਪੋਗਰਾਮ ਕਰਵਾਇਆ ਜਾ ਰਿਹਾ ਹੈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਇਸ ਮਹਾਨ ਸਮਾਗਮ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਭਗਵਾਨ ਸ਼ਿਵ ਦੇ ਚਰਨਾਂ ਵਿਚ ਆਪਣੀ ਹਾਜ਼ਰੀ ਭਰਨਗੇ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ 29 ਜੂਨ ਨੂੰ ਸਥਾਨਕ ਐਸ.ਐਲ ਬਾਵਾ ਕਾਲਜ ਗਰਾਊਂਡ, ਸਾਹਮਣੇ ਆਰ.ਡੀ ਖੋਸਲਾ ਸਕੂਲ ਬਟਾਲਾ ਵਿਖੇ ਹੋਵੇਗਾ। ਜਿਸ ਵਿਚ ਭਗਵਾਨ ਸ਼ਿਵ ਦਾ ਗੁਣਗਾਨ ਕਰਨ ਲਈ ਵਿਸ਼ਵ ਪ੍ਰਸਿੱਧ ਸ਼ਿਵ ਭਗਤ ਗਾਇਕ ਹੰਸਰਾਜ ਰਘੂਵੰਸੀ ਭਗਵਾਨ ਸ਼ੰਕਰ ਦਾ ਗੁਣਗਾਨ ਕਰਨਗੇ। ਮਨੀ ਲਾਡਲਾ ਭਗਵਾਨ ਸ਼ਿਵ ਸ਼ੰਕਰ ਦੀ ਮਹਿਮਾ ਸ਼ਿਵ ਭਗਤਾਂ ਨੂੰ ਸੁਣਾਉਣਗੇ।ਉਨ੍ਹਾਂ ਬਟਾਲਾ ਸਮੇਤ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮਹਾਨ ਸਮਾਗਮ ਵਿਚ ਪਰਵਾਰਾਂ ਸਮੇਤ ਸ਼ਿਰਕਤ ਕਰਨ। ਪ੍ਰੋਗਰਾਮ ਦੀ ਸ਼ੁਰੂਆਤ ਸ਼ਾਮ 6 ਵਜੇ ਹੋਵੇਗੀ ਅਤੇ ਰਾਤ ਤੱਕ ਭਗਵਾਨ ਸ਼ਿਵ ਦਾ ਗੁਣਗਾਨ ਹੋਵੇਗਾ।



# ਕਰਨਬੀਰ ਸਿੰਘ ਬੁਰਜ ਵੱਲੋਂ ਗੰਡੀਵਿੰਡ ਤੋਂ ਅਸ਼ੀਰਵਾਦ ਯਾਤਰਾ ਦੀ ਸ਼ੁਰੂਆਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਹਲਕਾ ਤਰਨ ਤਾਰਨ ਵਿਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਅਸ਼ੀਰਵਾਦ ਯਾਤਰਾ ਦੌਰਾਨ ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਬਲਾਕ ਤਰਨ ਤਾਰਨ ਅਤੇ ਬਲਾਕ ਗੰਡੀਵਿੰਡ ਦੇ ਹਰ ਪਿੰਡ ਅਤੇ ਘਰ ਘਰ ਜਾ ਕੇ ਸੰਪਰਕ ਕਰਕੇ ਲੋਕਾਂ ਤੋਂ ਅਸ਼ੀਰਵਾਦ ਲਿਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਕਰਨ ਬੁਰਜ ਨੇ ਹਲਕੇ ਦੇ ਸਰਹੱਦੀ ਪਿੰਡ ਗੰਡੀਵਿੰਡ ਤੋਂ ਅਸ਼ੀਰਵਾਦ ਯਾਤਰਾ ਦੀ ਸ਼ੁਰੂਆਤ ਕਰਨ ਮੌਕੇ ਰੱਖੀ ਪ੍ਰੈੱਸ ਵਾਰਤਾ ਦੌਰਾਨ ਕਰਦਿਆਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੇ ਰਾਜ ਵਿੱਚ ਨਸ਼ਿਆਂ ਗੈਂਗਸਟਰਵਾਦ, ਗੁੰਡਾਗਰਦੀ, ਕਤਲੇਆਮ ਤੇ ਫਿਰੌਤੀ ਮੰਗਣ ਵਾਲਿਆਂ, ਭ੍ਰਿਸ਼ਟਾਚਾਰ ਸਮੇਤ ਹੋਰ ਸਮਾਜਿਕ ਬੁਰਾਈਆਂ ਨੇ ਏਨੇ ਪੈਰ ਪ੍ਰਸਾਰ ਲਏ ਹਨ ਕਿ ਕਿਸੇ ਵੀ ਵਿਅਕਤੀ ਦੀ ਕੋਈ ਸੁਰੱਖਿਆ ਨਹੀਂ।ਜਦ ਕਿ ਲੋਕ ਆਪ ਦੀ ਸਰਕਾਰ ਬਣਾ ਕੇ ਪਛਤਾ ਰਹੇ ਹਨ। ਕਿਉਂਕਿ ਸੂਬੇ ਅੰਦਰ ਵਿਕਾਸ ਨਾ ਦੀ ਕੋਈ ਚੀਜ਼ ਨਜ਼ਰ ਨਹੀਂ ਆ ਰਹੀ।ਹਲਕਾ ਇੰਚਾਰਜ ਕਰਨ ਬੁਰਜ ਨੇ ਕਿਹਾ ਕਿ ਇਸ ਦੇ ਉਲਟ ਕਾਂਗਰਸ ਰਾਜ ਦੌਰਾਨ ਲੋਕਾਂ ਨੂੰ ਜਾਰੀ ਕੀਤੀਆਂ ਸਾਰੀਆਂ ਸਹੂਲਤਾਂ ਨੂੰ ਬੰਦ ਕਰ ਦਿੱਤਾ ਗਿਆ।ਜਿਸ ਕਰਕੇ ਉਨਾਂ ਵੱਲੋਂ ਆਪਣੇ ਹਲਕੇ ਵਿੱਚ ਅਸ਼ੀਰਵਾਦ ਯਾਤਰਾ ਮੁਹਿੰਮ ਤਾਹਿਤ ਹਲਕੇ ਦੇ ਸਾਰੇ ਪਿੰਡਾਂ ਅਤੇ ਘਰ ਘਰ ਜਾ ਕੇ ਲੋਕਾਂ ਨੂੰ ਆਪ ਸਰਕਾਰ ਦੀਆਂ ਵਪਾਰੀ ਵਰਗ, ਕਿਸਾਨ, ਮਜ਼ਦੂਰ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ ਜਾਵੇਗਾ ਅਤੇ ਹਲਕੇ ਦੇ ਰੁੱਸੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਮਨਾ ਕੇ ਨਾਲ ਲੈ ਕੇ ਚੱਲਣ ਦੇ ਨਾਲ ਨਾਲ ਕਾਂਗਰਸ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਅਤੇ ਸਰਵ ਪੱਖੀ ਵਿਕਾਸ ਕਾਰਜਾਂ ਨੂੰ ਕਰਵਾਉਣ ਲਈ ਜਾਰੀ ਪ੍ਰੋਗਰਾਮਾਂ ਬਾਰੇ ਜਾਗਰੂਕ ਕਰਦਿਆਂ ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਵੱਡੀ ਲੀਡ ਨਾਲ ਜਿਤਾਉਣ ਲਈ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ ਤਾਂ ਜੋ 2027 ਵਿੱਚ ਕਾਂਗਰਸ ਦੀ ਸਰਕਾਰ ਬਣ ਸਕੇ। ਇਸ ਮੌਕੇ ਨੌਜਵਾਨ ਕਾਂਗਰਸੀ ਆਗੂ ਲਖਵਿੰਦਰ ਸਿੰਘ ਗੰਡੀਵਿੰਡ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਾਬਕਾ ਸਰਪੰਚ ਬੀਬੀ ਹਰਜੀਤ ਕੌਰ ਗੰਡੀਵਿੰਡ, ਸਾਬਕਾ ਸਰਪੰਚ ਦਿਲਬਾਗ ਸਿੰਘ ਗੰਡੀਵਿੰਡ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਇੰਦਰਜੀਤ ਸਿੰਘ ਲਾਲੀ ਪਲਾਈਵਾਲਾ, ਬੂਟਾ ਸਿੰਘ ਚਾਹਲ, ਦਿਲਬਾਗ ਸਿੰਘ ਠੱਠਗੜ੍ਹ, ਸੁਖਵੰਤ ਸਿੰਘ, ਜਗਜੀਤ ਸਿੰਘ, ਸੁਖਚਰਨਜੀਤ ਸਿੰਘ, ਜਗਰੂਪ ਸਿੰਘ, ਅੰਗਰੇਜ਼ ਸਿੰਘ, ਰਣਜੀਤ ਸਿੰਘ ਜੀਤਾ, ਨਵਤੇਜ ਸਿੰਘ, ਜੇਈ ਹਰਭਿੰਦਰ ਸਿੰਘ ਝਬਾਲ, ਸੁਖਵਿੰਦਰ ਸਿੰਘ ਬਿੱਟੂ, ਗੁਰਸੇਵਕ ਸਿੰਘ, ਹਰਦੇਵ ਸਿੰਘ, ਮਹਾਂਬੀਰ ਸਿੰਘ, ਸਤਨਾਮ ਸਿੰਘ ਭੱਠੇ ਵਾਲੇ, ਦਲਬੀਰ ਸਿੰਘ, ਲਵ ਗਹਿਰੀ, ਸਤਨਾਮ ਸਿੰਘ ਬਾਜਵਾ, ਅਵੀਤਾਜ ਸਿੰਘ,ਹਰਮਨਿੰਦਰ ਸਿੰਘ ਸਮੇਤ ਕਾਂਗਰਸੀ ਵਰਕਰਾਂ ਵੀ ਹਾਜ਼ਰ ਸਨ।



# ਸਿਵਲ ਸਰਜਨ ਨੇ ਘਰਾਂ 'ਚ ਜਾ ਕੇ ਕੀਤਾ ਡੇਂਗੂ ਲਾਰਵੇ ਦਾ ਨਿਰੀਖਣ

**ਮੋਹਾਲੀ (ਗੁਰਜੀਤ ਬਿੱਲਾ)**- 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਜਾਂਚ ਤੇ ਜਾਗਰੂਕਤਾ ਸਰਗਰਮੀਆਂ ਜਾਰੀ ਹਨ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੇ ਵੱਖ ਵੱਖ ਥਾਈਂ ਚੈਕਿੰਗ ਕੀਤੀ। ਡਾ. ਜੈਨ ਨੇ ਫ਼ੇਜ਼ 9 ਮੋਹਾਲੀ ਵਿਖੇ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਦਾ ਲਾਰਵਾ ਲੱਭਣ ਲਈ ਕੰਟੇਨਰ ਚੈੱਕ ਕੀਤੇ ਅਤੇ ਮੱਛਰ ਦੀ ਪੈਦਾਇਸ਼ ਵਾਲੀਆਂ ਹੋਰ ਸੰਭਾਵੀ ਥਾਵਾਂ ਦਾ ਨਿਰੀਖਣ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਦੇਣ ਦੇ ਨਾਲ-ਨਾਲ ਲੋਕਾਂ ਨੂੰ ਵੀ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵੀ ਵਿਸਥਾਰਪੂਰਵਕ ਸਮਝਾਇਆ ਅਤੇ ਅਪੀਲ ਕੀਤੀ ਕਿ ਕਿਸੇ ਵੀ ਥਾਂ 'ਤੇ ਪਾਣੀ ਖੜ੍ਹਾ ਨਾ ਹੋਣ ਦਿਤਾ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਨੂੰ ਡੇਂਗੂ-ਮੁਕਤ ਬਣਾਉਣ ਲਈ ਲੋਕਾਂ ਦਾ ਸਹਿਯੋਗ ਅਤਿ-ਲੋੜੀਂਦਾ ਹੈ। ਸਿਵਲ ਸਰਜਨ ਨੇ ਦਸਿਆ ਕਿ ਅਧਿਕਾਰੀਆਂ ਸਮੇਤ ਹੋਰ ਸਟਾਫ਼ ਜਿਥੇ ਘਰ ਘਰ ਜਾ ਕੇ ਸਰਵੇਖਣ ਕਰ ਰਹੇ ਹਨ, ਉਥੇ ਚਾਲਾਨ ਕੱਟਣ ਦੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸਰਵੇ ਦੌਰਾਨ ਕੰਟੇਨਰ, ਗਮਲੇ, ਕੂਲਰ, ਫ਼ਰਿੱਜ, ਬਕਸੇ ਅਤੇ ਹੋਰ ਸਮਾਨ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਣ ਦਾ ਇਕੋ ਇਕ ਕਾਰਗਰ ਤਰੀਕਾ ਹੈ ਕਿ ਕਿਸੇ ਵੀ ਥਾਂ 'ਤੇ ਪਾਣੀ ਖੜ੍ਹਾ ਨਾ ਹੋਣ ਦਿਤਾ ਜਾਵੇ। ਡਾ. ਜੈਨ ਨੇ ਦਸਿਆ ਕਿ ਡੇਂਗੂ ਬੁਖ਼ਾਰ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਕੁੱਝ ਦਿਨਾਂ ਵਿਚ ਖ਼ਤਰਨਾਕ ਮੱਛਰ ਦਾ ਰੂਪ ਲੈ ਲੈਂਦਾ ਹੈ ਜਿਹੜਾ ਵਿਅਕਤੀ ਦੀ ਜਾਨ ਵੀ ਲੈ ਸਕਦਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਬੁਖ਼ਾਰ ਹੋਣ ਦਾ ਕੋਈ ਪੱਕਾ ਮੌਸਮ ਨਹੀਂ ਪਰ ਆਮ ਤੌਰ 'ਤੇ ਇਹ ਬੁਖ਼ਾਰ ਜੁਲਾਈ ਤੋਂ ਲੈ ਕੇ ਨਵੰਬਰ ਅਖ਼ੀਰ ਤਕ ਜ਼ਿਆਦਾ ਹੁੰਦਾ ਹੈ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਸਰਕਾਰੀ ਸਿਹਤ ਸੰਸਥਾਵਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਹੁੰਦਾ ਹੈ। ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਵੀ ਮੌਜੂਦ ਸਨ।



# ਪ੍ਰਧਾਨਗੀ 'ਤੇ ਪੁਰਾਣੇ ਵਰਕਰਾਂ ਨੂੰ ਅਣਗੌਲਿਆ ਕੀਤਾ ਗਿਆ : ਸਰਬਜੀਤ ਸਿੰਘ ਡਿੰਪੀ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਜੰਡਿਆਲਾ ਗੁਰੂ ਵਿਖੇ ਹੋਈਆਂ ਨਗਰ ਕੌਂਸਲ ਚੋਣਾਂ 'ਚ ਆਮ ਆਦਮੀ ਪਾਰਟੀ ਨੇ ਪੂਰੇ ਬਹੁਮਤ ਨਾਲ ਚੋਣਾਂ ਜਿੱਤੀਆਂ ਅਤੇ 15 ਵਾਰਡਾਂ ਵਿੱਚੋਂ 13 ਸੀਟਾਂ ਤੇ ਜਿੱਤ ਹਾਸਲ ਕੀਤੀ ਅਤੇ ਇਨਾਂ ਚੋਣਾਂ ਵਿੱਚ ਕੁੱਝ ਨਵੇਂ ਚਿਹਰੇ ਵੀ ਪਾਰਟੀ ਵਿੱਚ ਸ਼ਾਮਲ ਹੋਏ ਅਤੇ ਪੁਰਾਣੇ ਵਰਕਰ ਵਿੱਚੋਂ ਆਮ ਆਦਮੀ ਪਾਰਟੀ 'ਚ ਸ਼ੁਰੂ ਤੋਂ ਹੀ ਸੇਵਾ ਨਿਭਾ ਰਹੇ ਬਾਬਾ ਬੋਹੜ ਵਜੋਂ ਜਾਣੇ ਜਾਂਦੇ ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ ਨੇ ਵੀ ਕੌਂਸਲਰ ਦੀ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਵਿੱਚ ਪਾਈ । ਬੀਤੇ ਕੱਲ੍ਹ ਨਗਰ ਕੌਂਸਲ ਦੀ ਚੋਣ ਦੌਰਾਨ ਪ੍ਰਧਾਨ ਤੇ ਵਾਈਸ ਪ੍ਰਧਾਨ ਦਾ ਐਲਾਨ ਕੀਤਾ ਗਿਆ ਪਰ ਪੁਰਾਣੇ ਵਰਕਰਾਂ ਨੂੰ ਅਣਗੌਲਿਆ ਕੀਤਾ ਗਿਆ ਹੈ। ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਸਰਬਜੀਤ ਸਿੰਘ ਡਿੰਪੀ ਕੌਂਸਲਰ ਅਤੇ ਸ਼ਹਿਰੀ ਪ੍ਰਧਾਨ ਨੇ ਕਿਹਾ ਕਿ 2012 ਤੋਂ ਮੈਂ ਆਮ ਆਦਮੀ ਪਾਰਟੀ ਲਈ ਦਿਨ ਰਾਤ ਇਕ ਕਰਕੇ ਇਮਾਨਦਾਰੀ ਨਾਲ ਕੰਮ ਕੀਤਾ ਲੇਕਿਨ ਅੱਜ ਜਦੋਂ ਪ੍ਰਧਾਨਗੀ ਦੀ ਚੋਣ ਹੋਈ ਤਾਂ ਮੈਨੂੰ ਅਣਗੌਲਿਆ ਕੀਤਾ ਗਿਆ ਜਦੋਂ ਕਿ ਮੈਂ ਪਾਰਟੀ ਖਾਤਰ ਆਪਣਾ ਕਾਰੋਬਾਰ ਵੀ ਬੰਦ ਕਰ ਬੈਠਾ ਸੀ। ਉਹ ਇਸ ਲਈ ਕਿ ਮੈਂ ਪੰਜਾਬ ਦਾ ਬਦਲਾਅ ਹੁੰਦਾ ਵੇਖਣਾ ਚਾਹੁੰਦਾ ਸੀ ਪਰ ਅੱਜ ਮੇਰੇ ਮਨ ਨੂੰ ਗਹਿਰੀ ਠੇਸ ਪਹੁੰਚੀ ਹੈ ਕਿ ਪੁਰਾਣੇ ਵਰਕਰਾਂ ਦਾ ਇਸ ਪਾਰਟੀ ਵਿੱਚ ਕੋਈ ਕੰਮ ਨਹੀਂ ਰਿਹਾ । ਉਨ੍ਹਾਂ ਕਿਹਾ ਕਿ ਜਦੋਂ ਕੋਈ ਵੀ ਵਰਕਰ ਪਾਰਟੀ ਲਈ ਕੰਮ ਕਰਦਾ ਹੈ ਤਾਂ ਸੁਭਾਵਿਕ ਉਸ ਵਰਕਰ ਵਲੋਂ ਇਮਾਨਦਾਰੀ ਨਾਲ ਨਿਭਾਈ ਜਾ ਰਹੀ ਸੇਵਾ ਨੂੰ ਵੇਖਦਿਆਂ ਹੋਇਆਂ ਇਕ ਚਾਅ ਹੁੰਦਾ ਕਿ ਉਸ ਨੂੰ ਕੋਈ ਅਹੁਦਾ ਦੇ ਕੇ ਨਿਵਾਜਿਆ ਜਾਵੇਗਾ ।ਉਨ੍ਹਾਂ ਕਿਹਾ ਕਿ ਮੇਰੇ ਪਰਵਾਰ ਤੇ ਮੇਰੇ ਨਾਲ ਚੱਲਦੇ ਵਰਕਰਾਂ ਨੂੰ ਆਸ ਸੀ ਕਿ ਸ਼ਾਇਦ ਸ਼ਹਿਰ ਜੰਡਿਆਲਾ ਗੁਰੂ ਨਗਰ ਕੌਂਸਲ ਵਿੱਚ ਪ੍ਰਧਾਨ ਦਾ ਅਹੁਦਾ ਦੇ ਕੇ ਸ਼ਹਿਰ ਦੀਆਂ ਸੇਵਾਵਾਂ ਦਿੱਤੀਆਂ ਜਾਣਗੀਆਂ ਡਿੰਪੀ ਨੇ ਕਿਹਾ ਕਿ ਮੈਂ ਪਾਰਟੀ ਹਾਈਕਮਾਂਡ ਤੋਂ ਮੰਗ ਕਰਦਾ ਹਾਂ ਕਿ ਮੈਨੂੰ ਕਿਸ ਕਸੂਰ ਦੀ ਸਜ਼ਾ ਦਿੱਤੀ ਗਈ ਹੈ ਜਦੋਂ ਕਿ ਮੈ ਪਾਰਟੀ ਲਈ ਜੰਡਿਆਲਾ ਹਲਕਾ ਤੋਂ ਇਲਾਵਾ ਪੰਜਾਬ ਅਤੇ ਬਾਹਰੀ ਸੂਬਿਆਂ ਵਿਚ ਜਾ ਕੇ ਵੀ ਜ਼ੋਰ ਸ਼ੋਰ ਨਾਲ ਪਾਰਟੀ ਦਾ ਪ੍ਰਚਾਰ ਕੀਤਾ ਹੈ ।ਉਨ੍ਹਾਂ ਕਿਹਾ ਕਿ ਜੇਕਰ ਮੈਨੂੰ ਪਾਰਟੀ ਹਾਈਕਮਾਂਡ ਤੋਂ ਕੋਈ ਜਵਾਬ ਨਾ ਮਿਲਿਆ ਤਾਂ ਮੈਂ ਭੁੱਖ ਹੜਤਾਲ 'ਤੇ ਜਾਂ ਫਿਰ ਮਰਨ ਵਰਤ 'ਤੇ ਵੀ ਬੈਠਾਂਗਾ । ਸਾਫ ਸੁਥਰੀ ਛਵੀ ਦੇ ਮਾਲਕ ਬੇਦਾਗ ਇਮਾਨਦਾਰ ਧਾਰਮਿਕ ਮਿਹਨਤੀ ਆਗੂ ਸਰਬਜੀਤ ਸਿੰਘ ਡਿੰਪੀ ਨਗਰ ਕੌਂਸਲ ਵਿੱਚ ਪ੍ਰਧਾਨਗੀ ਲਈ ਸਾਰੇ ਸ਼ਹਿਰ ਵਾਸੀਆਂ ਤੋਂ ਇਲਾਵਾ ਵੱਖ ਵੱਖ ਧਾਰਮਿਕ ਸਮਾਜਿਕ ਅਤੇ ਵਿਰੋਧੀ ਪਾਰਟੀਆਂ ਦੇ ਵੀ ਮਨਪਸੰਦ ਆਗੂ ਸਨ । ਡਿੰਪੀ ਵਲੋਂ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਨਾਲ ਕੌਂਸਲਰ ਨਰਿੰਦਰ ਸਿੰਘ ਨਿੰਦਾ ਵੀ ਮੌਜੂਦ ਸਨ ।



# ਥਾਣਾ ਪੁਰਾਣਾ ਸ਼ਾਲਾ ਨੇੜੇ ਛੱਪੜ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਲੋਕ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਰੋਡ 'ਤੇ ਪੈਂਦੇ ਕਸਬਾ ਪੁਰਾਣਾ ਸ਼ਾਲਾ ਅਜੇ ਵੀ ਕਈ ਬੁਨਿਆਦੀ ਸਹੂਲਤਾਂ ਤੋਂ ਵਾਂਝਾ ਹੈ ਜਦੋਂ ਕਿ ਪਿੰਡ, ਥਾਣਾ, ਮਹੱਲਾ ਕਲੀਨਿਕ, ਬੈਂਕ ਅਤੇ ਹੋਰ ਸਰਕਾਰੀ ਅਦਾਰੇ ਵੀ ਕੰਮ ਕਰ ਰਹੇ ਹਨ ਅਤੇ ਉਨ੍ਹਾਂ ਕੋਲ ਕੋਈ ਵੀ ਸਰਕਾਰੀ ਦਫਤਰ ਸ਼ਾਨਦਾਰ ਨਹੀਂ ਹੈ। ਸਿਰਫ ਇਹ ਫੋਕਲ ਪੁਆਇੰਟ ਦੀਆਂ ਦੁਕਾਨਾਂ ਵਿੱਚ ਕੰਮ ਕਰਕੇ ਡੰਗ ਟਪਾ ਰਹੇ ਹਨ। ਪਿੰਡ ਦੇ ਬਹੁਤ ਸਾਰੇ ਲੋਕਾਂ ਤੇ ਸਮਾਜ ਸੇਵੀ ਜਥੇਬੰਦੀਆਂ ਨੇ ਦੱਸਿਆ ਕਿ ਥਾਣਾ ਪੁਰਾਣਾ ਸ਼ਾਲਾ ਨੇੜੇ ਇਕ ਪੁਰਾਣਾ ਛੱਪੜ ਹੈ ਅਤੇ ਕੁਝ ਘਰਾਂ ਦਾ ਪਾਣੀ ਵੀ ਇੱਥੇ ਪੈਂਦਾ ਹੈ, ਉਸ ਦੀ ਸਫਾਈ ਅਤੇ ਡੂੰਘਾਈ ਵੱਲ ਨਾ ਹੀ ਪੰਚਾਇਤ ਅਤੇ ਨਾ ਹੀ ਥਾਣੇ ਵਲੋਂ ਧਿਆਨ ਦਿੱਤਾ ਜਾ ਰਿਹਾ ਹੈ ਜਿਸ ਨਾਲ ਇਲਾਕੇ ਅੰਦਰ ਭੈੜੀ ਬਦਬੂ ਫੈਲੀ ਹੋਈ ਹੈ ਅਤੇ ਲੋਕ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਜਦੋਂ ਕਿ ਪਿੰਡ ਦੇ ਕੁਝ ਲੋਕ ਘਰਾਂ ਦਾ ਗੰਦਾ ਕੂੜਾ ਛੱਪੜ ਦੇ ਨੇੜੇ ਸੁੱਟਦੇ ਹਨ ਤਾਂ ਉਸ ਨਾਲ ਕੀੜੇ, ਮਕੌੜਿਆਂ ਦੀ ਭਰਮਾਰ ਬਣੀ ਰਹਿੰਦੀ ਹੈ। ਕਈ ਵਾਰ ਜ਼ਹਿਰੀਲੇ ਕੀੜੇ, ਮਕੌੜੇ ਲੋਕਾਂ ਦਾ ਨੁਕਸਾਨ ਕਰਦੇ ਹਨ ਅਤੇ ਥਾਣੇ ਵਿਚ ਦਾਖਲ ਹੋ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਕਈ ਵਾਰ ਛੱਪੜ ਦੀ ਸਫਾਈ ਵਾਸਤੇ ਅਖਬਾਰਾਂ ਵਿਚ ਖਬਰਾਂ ਵੀ ਪ੍ਰਕਾਸ਼ਿਤ ਕਰਵਾਈਆਂ ਗਈਆਂ ਹਨ ਅਤੇ ਮਹਿਕਮਾ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਸਭ ਕੁਝ ਜਾਣਦਾ ਹੋਇਆ ਵੀ ਚੁੱਪੀ ਧਾਰੀ ਬੈਠਾ ਹੈ ਜਿਸ ਕਰਕੇ ਪਿੰਡਾਂ ਦੇ ਲੋਕਾਂ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਹ ਮਾਮਲਾ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਹਿੱਤ ਵੀ ਲਿਆਂਦਾ ਗਿਆ ਹੈ ਅਤੇ ਫਿਰ ਵੀ ਉਨ੍ਹਾਂ ਦੇ ਕੰਨਾਂ 'ਤੇ ਜੂੰਅ ਤੱਕ ਨਹੀਂ ਸਰਕ ਰਹੀ। ਉਨ੍ਹਾਂ ਦੱਸਿਆ ਕਿ ਥਾਣੇ ਨੇੜੇ ਮਹੱਲਾ ਕਲੀਨਿਕ, ਖੇਤੀਬਾੜੀ ਵਿਭਾਗ ਤੇ ਬਿਜਲੀ ਘਰ ਵੀ ਪੈਂਦਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਸੰਬੰਧਤ ਅਧਿਕਾਰੀਆਂ ਨੂੰ ਸਖਤ ਤੋਂ ਸਖਤ ਹਦਾਇਤਾਂ ਕਰਕੇ ਛੱਪੜ ਨੇੜੇ ਗੰਦਗੀ ਦੇ ਢੇਰ ਪਹਿਲ ਦੇ ਅਧਾਰ 'ਤੇ ਚੁਕਵਾਉਣ ਦੀ ਖੇਚਲ ਕਰਵਾਈ ਜਾਵੇ।



# ਇਲਾਕਾ ਨਿਵਾਸੀਆਂ ਵੱਲੋਂ ਐਡ. ਮਲਹੋਤਰਾ ਤੇ ਮੱਟੀ ਦਾ ਧੰਨਵਾਦ

**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**- ਪਿਛਲੇ ਲੰਬੇ ਸਮੇਂ ਤੋਂ ਠਠਿਆਰ ਗੇਟ ਥੱਲੇ ਗੇਟ ਦੀ ਸੁੰਦਰਤਾ ਨੂੰ ਦਾਗਦਾਰ ਅਤੇ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਕਾਰਨ ਬਣੀ ਟੁੱਟੀ ਹੋਈ ਪੁਲੀ ਦਾ ਕੰਮ ਸ਼ੁਰੂ ਹੋਣ ਤੋਂ ਬਾਅਦ ਇਲਾਕਾ ਨਿਵਾਸੀਆਂ ਵੱਲੋਂ ਨਗਰ ਕੌਂਸਲ ਅਧਿਕਾਰੀਆਂ ਦੇ ਨਾਲ ਨਾਲ ਆਮ ਆਦਮੀ ਪਾਰਟੀ ਦੇ ਯੂਥ ਆਗੂ ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਅਤੇ ਵਿਜੇ ਕੁਮਾਰ ਮੱਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸ਼ਹਿਰ ਵਾਸੀ ਉਮੀਦ ਕਰਦੇ ਹਨ ਕਿ ਨਗਰ ਕੌਂਸਲ ਵੱਲੋਂ ਇਸੇ ਤਰਾਂ ਅਧੂਰੇ ਕੰਮ ਪੂਰੇ ਕੀਤੇ ਜਾਣਗੇ । ਇਹ ਰਸਤਾ ਵਾਰਡ ਨੰਬਰ 11 ਅਤੇ 12 ਵਿਚ ਆਉਂਦਾ ਹੈ । ਵਾਰਡ ਨੰਬਰ 11 ਦੀ ਕੌਂਸਲਰ ਗੁਰਮੀਤ ਕੌਰ ਦੇ ਪਤੀ ਵਿਜੇ ਕੁਮਾਰ ਮੱਟੀ ਅਤੇ ਵਾਰਡ ਨੰਬਰ 12 ਤੋਂ ਆਪ ਆਗੂ ਅਮਨਦੀਪ ਸਿੰਘ ਮਲਹੋਤਰਾ ਨੇ ਇਕ ਸਾਂਝੇ ਬਿਆਨ ਵਿਚ ਕਿਹਾ ਕਿ ਸਾਡੀ ਵਾਰਡ ਸਾਡਾ ਪਰਵਾਰ ਹੈ ਅਤੇ ਉਹਨਾਂ ਦੀ ਹਰ ਇਕ ਮੁਸ਼ਕਲ ਨੂੰ ਹੱਲ ਕਰਨਾ ਸਾਡਾ ਫਰਜ਼ ਹੈ । ਬੀਤੇ ਦਿਨੀਂ ਨਗਰ ਕੌਂਸਲ ਵਿੱਚ ਪ੍ਰਧਾਨਗੀ ਦੀ ਚੋਣ ਤੋਂ ਬਾਅਦ ਪ੍ਰਧਾਨ ਸਤਿੰਦਰ ਸਿੰਘ ਅਤੇ ਮੀਤ ਪ੍ਰਧਾਨ ਅਮਨ ਵਿਰਕ ਵੱਲੋਂ ਵੀ ਇਕ ਸਾਂਝੇ ਬਿਆਨ ਰਾਹੀਂ ਕਿਹਾ ਗਿਆ ਸੀ ਕਿ ਪਿਛਲੇ ਸਾਢੇ ਚਾਰ ਸਾਲਾਂ ਵਿਚ ਆਮ ਆਦਮੀ ਪਾਰਟੀ ਵਲੋਂ ਸ਼ਹਿਰ ਵਿਚ ਵਿਕਾਸ ਦੀ ਹਨੇਰੀ ਲਿਆਂਦੀ ਹੋਈ ਹੈ ਅਤੇ ਜੇ ਕੋਈ ਅਧੂਰੇ ਕੰਮ ਰਹਿ ਗਏ ਹਨ ਤਾਂ ਉਹ ਹੁਣ ਸਾਰੇ ਕੌਂਸਲਰ ਮਿਲ ਕੇ ਇਸ ਨੂੰ ਪੂਰਾ ਕਰਨਗੇ।



# ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰਨ ਦੀ ਮੁਹਿੰਮ ਸ਼ੁਰੂ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**- ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਦੇ ਸਤਿਕਾਰ ਵਜੋਂ ਚਲਾਈ ਗਈ ਮੁਹਿਮ ਤਹਿਤ ਬਲਾਚੌਰ ਦੇ ਹੈਡੋਂ ਬੇਟ ਵਿਖੇ ਫਾਰਮ ਭਰਨ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਰਿੰਕੂ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਬਹੁਤ ਹੀ ਸ਼ਲਾਘਾਯੋਗ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਜਿਹੜੇ ਵਾਅਦੇ ਕੀਤੇ ਗਏ ਸਨ ਉਹ ਸਾਰੇ ਪੂਰੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਤੀ ਲੋਕਾਂ ਦੇ ਪਾਏ ਜਾ ਰਹੇ ਉਤਸ਼ਾਹ ਤੋਂ ਇਹ ਸਾਫ ਜਾਹਰ ਹੈ ਕਿ ਆਉਣ ਵਾਲੀਆਂ ਚੋਣਾਂ ਦੌਰਾਨ ਪੰਜਾਬ ਵਾਸੀਆਂ ਦੇ ਸਹਿਯੋਗ ਸਦਕਾ ਫਿਰ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਜਾਵੇਗੀ। ਇਸ ਮੌਕੇ ਤੇ ਉਹਨਾਂ ਨੇ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਦਾ ਵੀ ਧੰਨਵਾਦ ਕੀਤਾ।ਇਸ ਮੌਕੇ ਸਾਬਕਾ ਸਰਪੰਚ ਰਿੰਕੂ, ਬਬਲੂ ਪੰਚ ਕਸ਼ਮੀਰੋ ਦੇਵੀ ਪੰਚ, ਮਨਵੀਰ ਕੌਰ ,ਜਗੀਰੋ ਦੇਵੀ, ਸਿਮਰਨ ਕੌਰ, ਪਵਨਪ੍ਰੀਤ ਕੌਰ, ਧਰਮਵੀਰ ਠੇਕੇਦਾਰ ਮੌਜੂਦ ਸਨ।



# ਡਾ. ਇੰਦਰ ਪਾਲ ਨੇ ਮੇਲੇ 'ਚ ਕੀਤੀ ਸ਼ਿਰਕਤ



**ਛੇਹਰਟਾ (ਮਨੋਜ ਕੁਮਾਰ)**- ਦਰਗਾਹ ਸ਼ਰੀਫ਼ ਹਜ਼ਰਤ ਸਖ਼ੀ ਸਰਵਰ ਸਈਦ ਸੁਲਤਾਨ ਜੀ ਡੇਰਾ ਬਾਪੂ ਬਿਸ਼ਮਰ ਸ਼ਾਹ ਰੇਲਵੇ ਕਾਲੋਨੀ ਨੰਬਰ 2 ਸਾਹਮਣੇ ਅਮਨਦੀਪ ਹਸਪਤਾਲ ਲੋਕੋ ਸ਼ੈਡ ਵਿਚ ਗੱਦੀਨਸ਼ੀਨ ਲਾਡੀ ਸ਼ਾਹ ਨੌਸ਼ਾਹੀ ਕਾਦਰੀ ਦੀ ਅਗਵਾਈ ਵਿਚ 15ਵਾਂ ਮੇਲਾ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਹਿਬ ਸਿੰਘ, ਰਾਮੇਸ਼ ਥਾਪਾ, ਬਾਬਾ ਮੁਖਤਿਆਰ ਸ਼ਾਹ, ਸਾਈਂ ਮੁਲਤਾਨੀ ਸ਼ਾਹ, ਬਾਬਾ ਕਸ਼ਮੀਰ, ਪੂਰਨ ਸ਼ਾਹ, ਅਮਨ, ਯੁਵੀ ਸ਼ਾਹ, ਕਬੀਰ ਸ਼ਾਹ, ਰਾਹੁਲ, ਵਿਜੈ ਯਾਦਵ, ਸੰਨੀ, ਦਕਸ਼, ਰੂਬੀ, ਜੇ ਖਾਨ ਆਦਿ ਹਾਜ਼ਰ ਸਨ।

# ਬੇਟ ਇਲਾਕੇ ਅੰਦਰ ਡਰੇਨਾਂ ਦੀ ਸਫ਼ਾਈ ਕੇਵਲ ਖ਼ਾਨਾਪੂਰਤੀ, ਕਿਸਾਨਾਂ 'ਚ ਰੋਸ

**ਗੁਰਦਾਸਪੁਰ (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਦੀਨਾਨਗਰ ਤੇ ਗੁਰਦਾਸਪੁਰ ਬਲਾਕ ਅੰਦਰ ਡਰੇਨੇਜ ਵਿਭਾਗ ਗੁਰਦਾਸਪੁਰ ਨੇ ਜੋ ਨਾਲਿਆਂ ਦੀ ਸਫ਼ਾਈ ਕਰਵਾਈ ਹੈ, ਉਹ ਸਿਰਫ ਖਾਨਾਪੂਰਤੀ ਹੈ ਜਿਸ ਕਰਕੇ ਕਿਸਾਨਾਂ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਬਾਦਲ ਦੀਨਾਨਗਰ, ਕਮਲਜੀਤ ਚਾਵਲਾ ਤੇ ਉਨ੍ਹਾਂ ਦੇ ਬਹੁਤ ਸਾਰੇ ਸਾਥੀਆਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਡਰੇਨੇਜ ਵਿਭਾਗ ਗੁਰਦਾਸਪੁਰ ਵਲੋਂ ਬਰਸਾਤਾਂ ਤੋਂ ਪਹਿਲਾਂ ਡਰੇਨਾਂ ਤੇ ਸੇਮ ਨਹਿਰ ਦੀ ਸਫਾਈ ਕਰਵਾਈ ਗਈ ਹੈ ਜੋ ਸਿਰਫ ਨਾ-ਮਾਤਰ ਹੀ ਹੈ ਅਤੇ ਨਾਲਿਆਂ ਵਿੱਚ ਜੜ੍ਹੀ ਬੂਟੀ ਜਿਉਂ ਦੀ ਤਿਉਂ ਖੜ੍ਹੀ ਹੈ। ਪਾਣੀ ਦੇ ਨਿਕਾਸ ਦਾ ਕੋਈ ਵੀ ਹੱਲ ਨਹੀਂ ਹੋਇਆ। ਥੋੜ੍ਹੀ ਜਿਹੀ ਬਰਸਾਤ ਨਾਲ ਹੀ ਨਾਲਿਆਂ ਦਾ ਪਾਣੀ ਕਿਸਾਨਾਂ ਦੇ ਖੇਤਾਂ ਵਿਚ ਜਾ ਵੜਦਾ ਹੈ ਅਤੇ ਲਗਾਈ ਝੋਨੇ ਦੀ ਫਸਲ ਦਾ ਨੁਕਸਾਨ ਹੋਣ ਦਾ ਡਰ ਬਣਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਮਹਿਕਮਾ ਡਰੇਨੇਜ ਵਿਭਾਗ ਨੇ ਕਦੇ ਵੀ ਸਹੀ ਤਰੀਕੇ ਨਾਲ ਕੰਮ ਨਹੀਂ ਕਰਵਾਇਆ। ਉਨ੍ਹਾਂ ਦੱਸਿਆ ਕਿ ਜਿਹੜਾ ਕੰਮ ਡਰੇਨੇਜ ਵਿਭਾਗ ਗੁਰਦਾਸਪੁਰ ਨੇ ਕਰਵਾਇਆ ਹੈ, ਉਸ ਤੋਂ ਕਿਸਾਨ ਸੰਤੁਸ਼ਟ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਬੇਟ ਇਲਾਕੇ ਅੰਦਰ ਨਾਲਿਆਂ ਦੇ ਕੰਮ ਵਿੱਚ ਹੋਈਆਂ ਬੇਨਿਯਮੀਆਂ ਦੀ ਜਾਂਚ ਕਰਵਾਈ ਜਾਵੇ।



# ਸਾਇਬਰ ਧੋਖਾਧੜੀ ਨਾਲ ਜੁੜੇ 63,749 ਬੈਂਕ ਖਾਤੇ ਕੀਤੇ ਫ੍ਰੀਜ਼ : ਡੀ ਜੀ ਪੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਨਾਗਰਿਕਾਂ ਦੇ ਹਰ ਪੈਸੇ ਦਾ ਹਿਸਾਬ ਯਕੀਨੀ ਬਣਾਉਣ ਅਤੇ ਉਨ੍ਹਾਂ ਨੂੰ ਸਾਇਬਰ ਧੋਖਾਧੜੀ ਤੋਂ ਬਚਾਉਣ ਦੀ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ, ਪੰਜਾਬ ਪੁਲਿਸ ਦੇ ਰਾਜ ਸਾਇਬਰ ਕ੍ਰਾਈਮ ਡਿਵੀਜ਼ਨ ਨੇ ਸਾਇਬਰ ਅਪਰਾਧੀਆਂ ਖ਼ਿਲਾਫ਼ ਕਾਰਵਾਈ ਤੇਜ਼ ਕਰ ਦਿੱਤੀ ਹੈ। ਸਮੇਂ ਸਿਰ ਕਾਰਵਾਈ, ਉੱਨਤ ਤਕਨਾਲੋਜੀ ਅਤੇ ਬਾਰੀਕੀ ਨਾਲ ਵਿੱਤੀ ਨਿਗਰਾਨੀ ਰਾਹੀਂ ਇਸ ਡਿਵੀਜ਼ਨ ਨੇ ਸੰਗਠਿਤ ਸਾਇਬਰ ਅਪਰਾਧ ਖ਼ਿਲਾਫ਼ ਰਾਜ ਦੀ ਕਾਰਵਾਈ ਨੂੰ ਮਜ਼ਬੂਤ ਕੀਤਾ ਹੈ ਅਤੇ ਚੋਰੀ ਕੀਤੇ ਪੈਸੇ ਦੀ ਰਿਕਵਰੀ ਵੀ ਬਿਹਤਰ ਕੀਤੀ ਹੈ। ਸਮੇਂ ਸਿਰ ਸ਼ੱਕੀ ਬੈਂਕ ਖਾਤਿਆਂ ਨੂੰ ਫ੍ਰੀਜ਼ ਕਰਨ ਨਾਲ ਸਾਇਬਰ ਠੱਗਾਂ ਨੂੰ ਪੈਸਾ ਕੱਢਣ ਤੋਂ ਰੋਕਿਆ ਗਿਆ ਹੈ ਅਤੇ ਪੀੜਤਾਂ ਦੀ ਰਕਮ ਵਾਪਸ ਮਿਲਣ ਦੀ ਸੰਭਾਵਨਾ ਵੀ ਵਧੀ ਹੈ।ਪਿਛਲੇ ਇੱਕ ਸਾਲ ਵਿੱਚ ਪੰਜਾਬ ਪੁਲਿਸ ਨੇ ਸਾਇਬਰ ਧੋਖਾਧੜੀ ਨਾਲ ਜੁੜੇ 63,749 ਬੈਂਕ ਖਾਤੇ ਫ੍ਰੀਜ਼ ਕੀਤੇ ਹਨ, ਜਿਨ੍ਹਾਂ ਵਿੱਚ ਲਗਭਗ 540.34 ਕਰੋੜ ਰੁਪਏ ਦੇ ਲੈਣ-ਦੇਣ ਸ਼ਾਮਲ ਸਨ। 2024 ਤੋਂ ਹੁਣ ਤੱਕ ਕਰੀਬ 64 ਕਰੋੜ ਰੁਪਏ ਦੀ ਰਕਮ ਪੀੜਤਾਂ ਨੂੰ ਵਾਪਸ ਕੀਤੀ ਗਈ ਹੈ, ਜਿਸ ਵਿੱਚ ਲਗਭਗ 38.42 ਕਰੋੜ ਰੁਪਏ 1 ਜਨਵਰੀ 2025 ਤੋਂ ਬਾਅਦ ਰਿਕਵਰ ਹੋਏ ਹਨ। ਇਸੇ ਸਮੇਂ ਦੌਰਾਨ ਰਾਜ ਵਿੱਚ 62,253 ਸਾਇਬਰ ਅਪਰਾਧ ਦੇ ਮਾਮਲੇ ਦਰਜ ਕੀਤੇ ਗਏ ਹਨ।ਪਿਛਲੇ ਵਿੱਤੀ ਸਾਲ ਵਿੱਚ ਧੋਖਾਧੜੀ ਨਾਲ ਜੁੜੀ ਰਕਮ ਨੂੰ ਫ੍ਰੀਜ਼ ਕਰਨ ਦੀ ਦਰ 16.13 ਫੀਸਦ ਤੋਂ ਵਧ ਕੇ 23.43 ਫੀਸਦ ਹੋ ਗਈ, ਜੋ ਵਿੱਤੀ ਰਿਕਵਰੀ ਵਿੱਚ ਮਹੱਤਵਪੂਰਨ ਸੁਧਾਰ ਨੂੰ ਦਰਸਾਉਂਦਾ ਹੈ। ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਸਾਇਬਰ ਧੋਖਾਧੜੀ ਗਿਰੋਹਾਂ ਖ਼ਿਲਾਫ਼ ਵੱਡੀ ਕਾਰਵਾਈ ਨਾਲ ਨਾ ਸਿਰਫ਼ ਹਜ਼ਾਰਾਂ ਬੈਂਕ ਖਾਤੇ ਫ੍ਰੀਜ਼ ਹੋਏ ਹਨ ਅਤੇ ਧੋਖਾਧੜੀ ਦੀ ਰਕਮ ਵਾਪਸ ਮਿਲੀ ਹੈ, ਸਗੋਂ ਦੇਸ਼ ਭਰ ਵਿੱਚ ਸਰਗਰਮ ਸੰਗਠਿਤ ਸਾਇਬਰ ਅਪਰਾਧ ਨੈੱਟਵਰਕ ਦਾ ਵੀ ਪਰਦਾਫਾਸ਼ ਹੋਇਆ ਹੈ। ਉਨ੍ਹਾਂ ਕਿਹਾ, ਜਾਂਚ ਵਿੱਚ ਸਾਇਬਰ ਅਪਰਾਧੀਆਂ ਦੇ ਤਰੀਕਿਆਂ, ਵਿੱਤੀ ਲੈਣ-ਦੇਣ ਅਤੇ ਅੰਤਰ-ਰਾਜੀ ਸਬੰਧਾਂ ਦੀ ਪਛਾਣ ਵਿੱਚ ਮਹੱਤਵਪੂਰਨ ਸਫਲਤਾ ਮਿਲੀ ਹੈ।

ਸਮੇਂ ਸਿਰ ਕਾਰਵਾਈ ਅਤੇ ਆਧੁਨਿਕ ਤਕਨਾਲੋਜੀ ਰਾਹੀਂ ਸਾਇਬਰ ਕ੍ਰਾਈਮ ਡਿਵੀਜ਼ਨ ਨੇ ਧੋਖਾਧੜੀ ਨੈੱਟਵਰਕ ਨੂੰ ਕਮਜ਼ੋਰ ਕੀਤਾ ਹੈ, ਨਾਗਰਿਕਾਂ ਦੀ ਬੱਚਤ ਦੀ ਸੁਰੱਖਿਆ ਕੀਤੀ ਹੈ ਅਤੇ ਇਹ ਯਕੀਨੀ ਬਣਾਇਆ ਹੈ ਕਿ ਦੋਸ਼ੀਆਂ ਨੂੰ ਨਿਆਂ ਦੇ ਘੇਰੇ ਵਿੱਚ ਲਿਆਂਦਾ ਜਾਵੇ।

ਜ਼ਿਲ੍ਹਿਆਂ ਵਿੱਚ ਜਲੰਧਰ ਕਮਿਸ਼ਨਰੇਟ ਵਿੱਚ ਸਭ ਤੋਂ ਵੱਧ 16,032 ਬੈਂਕ ਖਾਤੇ ਫ੍ਰੀਜ਼ ਕੀਤੇ ਗਏ, ਜਿਸ ਨਾਲ 6,81,00,323 ਰੁਪਏ ਦੀ ਰਿਕਵਰੀ ਹੋਈ। ਇਸ ਤੋਂ ਬਾਅਦ ਕਪੂਰਥਲਾ ਵਿੱਚ 7,344 ਖਾਤੇ ਫ੍ਰੀਜ਼ ਹੋਏ ਅਤੇ 2,56,00,037 ਰੁਪਏ ਦੀ ਰਿਕਵਰੀ ਹੋਈ। ਹੁਸ਼ਿਆਰਪੁਰ ਵਿੱਚ 7,201 ਖਾਤੇ ਫ੍ਰੀਜ਼ ਕਰਕੇ 3,96,29,152 ਰੁਪਏ ਦੀ ਰਿਕਵਰੀ ਕੀਤੀ ਗਈ, ਜਦਕਿ ਫਿਰੋਜ਼ਪੁਰ ਵਿੱਚ 6,930 ਖਾਤੇ ਫ੍ਰੀਜ਼ ਹੋਏ ਅਤੇ 93,16,954 ਰੁਪਏ ਦੀ ਰਿਕਵਰੀ ਹੋਈ।

# ਸਾਲਾਨਾ ਧਾਰਮਿਕ ਸਮਾ.ਗਮ ਸ਼ਰਧਾ-ਪੂਰਵਕ ਮਨਾਇਆ

**ਮਾਹਿਲਪੁਰ (ਸਫ਼ਰੀ)**- ਗੁਰਦੁਆਰਾ ਬਾਬਾ ਜੋੜ ਬੜਾ ਸਾਹਿਬ ਪਿੰਡ ਭੂਨੋਂ ਵਿਖੇ ਪ੍ਰਬੰਧਕ ਕਮੇਟੀ ਵਲੋਂ ਸੰਗਤ ਦੇ ਸਹਿਯੋਗ ਨਾਲ ਬਾਬਾ ਅੰਮ੍ਰਿਤੀਆ ਜੀ ਦੀ ਯਾਦ ਵਿੱਚ ਸਲਾਨਾ ਧਾਰਮਿਕ ਸਮਾਗਮ 19 ਜੂਨ ਤੋਂ ਲੈ ਕੇ 25 ਜੂਨ ਤੱਕ ਸ਼ਰਧਾਪੂਰਵਕ ਮਨਾਇਆ ਗਿਆ। ਇਸ ਮੌਕੇ ਨਿਸ਼ਾਨ ਸਾਹਿਬ ਦੀ ਰਸਮ ਤੋਂ ਬਾਦ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ 78 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀਵਾਰ ਭੋਗ ਪਾਏ ਗਏ। ਉਪਰੰਤ ਸਜਾਏ ਦੀਵਾਨ ਮੌਕੇ ਸੰਤ ਸਤਨਾਮ ਦਾਸ ਡੇਰਾ ਨਿਰਮਲ ਕੁਟੀਆ ਬੰਬੇਲੀ, ਸੰਤ ਨਿਰੰਜਨ ਦਾਸ ਡੇਰਾ ਬਾਬਾ ਜੱਖ, ਸੰਤ ਅਜੈਬ ਸਿੰਘ ਡੇਰਾ ਚੱਕ ਮੱਲਾਂ, ਸੰਤ ਗੁਰਮੀਤ ਸਿੰਘ ਡੇਰਾ ਬਣਾ ਸਾਹਿਬ ਬਾਹੋਵਾਲ, ਬਾਬਾ ਬਹਾਦੁਰ ਸਿੰਘ ਨੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਬਾਣੀ ਦੁਆਰਾ ਦੱਸੇ ਮਾਰਗ ਤੇ ਚਲ ਕੇ ਆਪਣਾ ਜੀਵਨ ਸਫ਼ਲ ਬਣਾਉਣ ਲਈ ਪ੍ਰੇਰਿਆ। ਭਾਈ ਗੁਰਵਿੰਦਰ ਸਿੰਘ ਬਾੜੀਆਂ ਕਲਾਂ, ਭਾਈ ਸਤਨਾਮ ਸਿੰਘ, ਬੂਟਾ ਮੁਹੰਮਦ, ਭਾਈ ਪ੍ਰੀਤਮ ਸਿੰਘ ਆਦਿ ਕੀਰਤਨੀ ਜਥਿਆਂ ਨੇ ਰਸਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਬੀਬੀ ਕਿਰਨਜੀਤ ਕੌਰ ਖਾਲਸਾ ਇੰਟਰਨੈਸ਼ਨਲ ਢਾਡੀ ਜਥੇ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਾਹਿਬ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ।ਸਮਾਗਮ ਦੌਰਾਨ ਸਹਿਯੋਗ ਦੇਣ ਵਾਲੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਨੰਬਰਦਾਰ ਕਰਨੈਲ ਸਿੰਘ, ਕੈਪਟਨ ਰੇਸ਼ਮ ਚੰਦ, ਸੂਬੇਦਾਰ ਦਰਸ਼ਨ ਸਿੰਘ ਸਾਬਕਾ ਸਰਪੰਚ, ਬਲਵੀਰ ਸਿੰਘ , ਸਰਪੰਚ ਦਲਜੀਤ ਸਿੰਘ, ਪੰਚ ਰਵਿੰਦਰ ਸਿੰਘ ਨੋਨਾ, ਪੰਚ ਬਲਵਿੰਦਰ ਕੌਰ, ਪੰਚ ਨੀਤੂ ਬਲਾ, ਪੰਚ ਹਰਜਿੰਦਰ ਸਿੰਘ, ਪੰਚ ਮਹਿੰਦਰ ਸਿੰਘ,ਸਤਿੰਦਰ ਸਿੰਘ ਕਾਕਾ ਸਹੋਤਾ ਆਦਿ ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।



# ਰਾਵੀ ਪੰਧੇਰ ਦੀ ਕਿਤਾਬ 'ਲੈਟਰਜ਼ ਟੂ ਮਾਈ ਡੌਟਰਜ਼' ਲੋਕ ਅਰਪਣ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਇੱਕ ਮਾਂ ਦੇ ਪਿਆਰ ਤੇ ਸਿਆਣਪ ਦੀ ਗਹਿਰਾਈ ਦਾ ਜਸ਼ਨ ਮਨਾਉਂਦਿਆਂ, ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਇੱਥੇ ਇੱਕ ਸਮਾਰੋਹ ਦੌਰਾਨ ਲੇਖਿਕਾ ਰਾਵੀ ਪੰਧੇਰ ਦੀ ਕਿਤਾਬ 'ਲੈਟਰਜ਼ ਟੂ ਮਾਈ ਡੌਟਰਜ਼' ਜਾਰੀ ਕੀਤੀ। ਸ਼ਰਮਾ ਨੇ ਕਿਹਾ ਕਿ ਇਹ ਕਿਤਾਬ ਇੱਕ ਭਾਵੁਕ ਸੰਗ੍ਰਹਿ ਹੈ ਜੋ ਇੱਕ ਮਾਂ ਦੀਆਂ ਭਾਵਨਾਵਾਂ, ਉਮੀਦਾਂ, ਡਰਾਂ ਅਤੇ ਜੀਵਨ ਦੇ ਸਬਕਾਂ ਨੂੰ ਆਪਣੀਆਂ ਧੀਆਂ ਲਈ ਲਿਖੀਆਂ ਚਿੱਠੀਆਂ ਵਿੱਚ ਪਰੋਂਦੀ ਹੈ। ਉਨ੍ਹਾਂ ਕਿਹਾ ਕਿ ਡਿਜੀਟਲ ਦੂਰੀਆਂ ਦੇ ਇਸ ਦੌਰ ਵਿੱਚ, ਅਜਿਹੀਆਂ ਦਿਲੋਂ ਲਿਖੀਆਂ ਕਹਾਣੀਆਂ ਸਾਨੂੰ ਮਾਂ-ਧੀ ਦੇ ਰਿਸ਼ਤੇ ਦੀ ਤਾਕਤ ਅਤੇ ਕਦਰਾਂ-ਕੀਮਤਾਂ, ਹੌਸਲੇ ਤੇ ਪਛਾਣ ਘੜਨ ਵਿੱਚ ਮਾਂ ਦੀ ਭੂਮਿਕਾ ਦੀ ਯਾਦ ਦਿਵਾਉਂਦੀਆਂ ਹਨ।ਲੇਖਿਕਾ ਦੀ ਸ਼ਲਾਘਾ ਕਰਦਿਆਂ ਚੇਅਰਮੈਨ ਨੇ ਕਿਹਾ ਕਿ ਜਦੋਂ ਔਰਤਾਂ ਆਪਣੇ ਜੀਵਨ ਅਨੁਭਵਾਂ ਨੂੰ ਕਲਮਬੱਧ ਕਰਦੀਆਂ ਹਨ ਤਾਂ ਪੰਜਾਬ ਦੀ ਸਾਹਿਤਕ ਵਿਰਾਸਤ ਹੋਰ ਅਮੀਰ ਹੁੰਦੀ ਹੈ।'ਲੈਟਰਜ਼ ਟੂ ਮਾਈ ਡੌਟਰਜ਼' ਹਰ ਉਸ ਮਾਂ ਨਾਲ ਗੱਲ ਕਰਦੀ ਹੈ ਜੋ ਹੌਸਲਾ ਤੇ ਦਇਆ ਵਿਰਾਸਤ ਵਜੋਂ ਦੇਣਾ ਚਾਹੁੰਦੀ ਹੈ, ਅਤੇ ਹਰ ਉਸ ਧੀ ਨਾਲ ਜੋ ਆਪਣੀਆਂ ਜੜ੍ਹਾਂ ਨੂੰ ਸਮਝਣਾ ਚਾਹੁੰਦੀ ਹੈ।ਲੇਖਿਕਾ ਰਾਵੀ ਪੰਧੇਰ ਨੇ ਸਾਂਝਾ ਕੀਤਾ ਕਿ ਇਹ ਕਿਤਾਬ ਉਨ੍ਹਾਂ ਗੱਲਬਾਤਾਂ ਨੂੰ ਸੰਭਾਲਣ ਲਈ ਲਿਖੀ ਗਈ ਹੈ ਜੋ ਅਕਸਰ ਅਣਕਹੀਆਂ ਰਹਿ ਜਾਂਦੀਆਂ ਹਨ। ਇਹ ਉਨ੍ਹਾਂ ਚੁੱਪ ਕੁਰਬਾਨੀਆਂ, ਸ਼ਾਂਤ ਹਿੰਮਤ ਅਤੇ ਬੇਸ਼ਰਤ ਪਿਆਰ ਨੂੰ ਸ਼ਰਧਾਂਜਲੀ ਹੈ ਜੋ ਮਾਂ ਬਣਨ ਨੂੰ ਪਰਿਭਾਸ਼ਿਤ ਕਰਦੇ ਹਨ। ਉਨ੍ਹਾਂ ਭਾਵਨਾਤਮਕ ਅਤੇ ਸੱਭਿਆਚਾਰਕ ਸਾਂਝਾਂ ਨੂੰ ਪਾਲਣ ਵਾਲੇ ਸਾਹਿਤ ਨੂੰ ਉਤਸ਼ਾਹਿਤ ਕਰਨ ਲਈ ਸ੍ਰੀ ਸ਼ਰਮਾ ਦਾ ਧੰਨਵਾਦ ਕੀਤਾ।ਇਸ ਮੌਕੇ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ, ਵਿਜੇ ਦੱਤ, ਚੇਤਨ ਪ੍ਰਕਾਸ਼ ਧਾਲੀਵਾਲ ਤੇ ਮੈਂਬਰ ਸਕੱਤਰ ਕਨੂੰ ਥਿੰਦ ਵੀ ਹਾਜ਼ਿਰ ਸਨ।



# ਰਣਧੀਰ ਸਿੰਘ ਭਾਰਜ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਟ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ਼੍ਰੋਮਣੀ ਅਕਾਲੀ ਦਲ ਦੇ ਨੌਜਵਾਨ ਆਗੂ ਰਣਧੀਰ ਸਿੰਘ ਭਾਰਜ ਜੋ ਕਿ ਕੁੱਝ ਦਿਨ ਪਹਿਲਾਂ ਪਰਵਾਰ ਤੇ ਦੋਸਤਾਂ ਮਿੱਤਰਾਂ ਨੂੰ ਸਦੀਵੀ ਵਿਛੋੜਾ ਦੇ ਗਏ ਸਨ,ਵਿਛੜੀ ਹੋਈ ਆਤਮਾ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਗੁਰਦੁਆਰਾ ਸ੍ਰੀ ਕਲਗੀਧਰ ਹੁਸ਼ਿਆਰਪੁਰ ਵਿਖੇ ਸ਼ਰਧਾਂਜਲੀ ਸਮਾਗਮ ਮੌਕੇ ਰਾਗੀ ਜਥਿਆਂ ਵਲੋਂ ਬੈਰਾਗਮਈ ਕੀਰਤਨ ਕੀਤਾ ਗਿਆ, ਵਿਛੜੀ ਰੂਹ ਦੀ ਆਤਮਾ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਤੋਂ ਉਪਰੰਤ ਵੱਖ ਵੱਖ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਵਲੋਂ ਸਵ.ਰਣਧੀਰ ਸਿੰਘ ਭਾਰਜ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਜਤਿੰਦਰ ਸਿੰਘ ਲਾਲੀ ਬਾਜਵਾ ਕੌਮੀ ਸੀਨੀ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਵਰਿੰਦਰ ਸਿੰਘ ਬਾਜਵਾ ਸਾਬਕਾ ਰਾਜ ਸਭਾ ਮੈਂਬਰ, ਸੰਜੀਵ ਤਲਵਾੜ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਵਿਧਾਨ ਸਭਾ ਹੁਸ਼ਿਆਰਪੁਰ, ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ, ਸੁਰਿੰਦਰ ਸਿੰਘ ਭੁਲੇਵਾਲ ਰਾਠਾਂ ਤੋਂ ਇਲਾਵਾ ਅਨੇਕਾਂ ਸ਼ਖ਼ਸ਼ੀਅਤਾਂ ਨੇ ਸਵ.ਰਣਧੀਰ ਸਿੰਘ ਭਾਰਜ ਨੂੰ ਨਿੱਘੀ ਭਾਵ ਭਿੰਨੀ ਸ਼ਰਧਾਜਲੀ ਭੇਟ ਕਰਦਿਆਂ ਉਨ੍ਹਾਂ ਵਲੋਂ ਸ਼੍ਰੋਮਣੀ ਅਕਾਲੀ ਦਲ ਲਈ ਕੀਤੇ ਸੰਘਰਸ਼ ਨੂੰ ਯਾਦ ਕੀਤਾ। ਇਸ ਮੌਕੇ ਸੰਤ ਬਾਬਾ ਰਣਜੀਤ ਸਿੰਘ ਡੇਰਾ ਸ਼ਹੀਦ ਸਿੰਘਾਂ, ਜੋਗਿੰਦਰ ਸਿੰਘ ਸੋਢੀ,ਜਸਵਿੰਦਰ ਸਿੰਘ ਕਾਲਰਾ, ਸੰਜੀਵ ਥਾਪਰ, ਸਤਨਾਮ ਸਿੰਘ ਬੰਟੀ ਜ਼ਿਲਾ ਪ੍ਰਧਾਨ ਬੀ ਸੀ ਵਿੰਗ, ਨਰਿੰਦਰ ਸਿੰਘ ਬਡਲਾ, ਗੁਰਪ੍ਰੀਤ ਬੈਂਸ, ਅਵਤਾਰ ਸਿੰਘ ਜੌਹਲ, ਕੁਲਵਿੰਦਰ ਸਿੰਘ ਜੰਡਾ, ਦਵਿੰਦਰ ਸਿੰਘ ਭਾਰਜ, ਰਜਿੰਦਰ ਸਿੰਘ ਨਿੱਕਾ, ਗੁਰਜੀਤ ਨੀਲਾ ਨਲੋਆ, ਸੰਦੀਪ ਸਿੰਘ ਹਲਕਾ ਇੰਚਾਰਜ, ਸਰਪੰਚ ਪਰਮਿੰਦਰ ਸਿੰਘ ਸੱਜਣ, ਪ੍ਰੇਮ ਸਿੰਘ ਪਿੱਪਲਾਂਵਾਲਾ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ, ਰਾਜਵੀਰ ਸਿੰਘ ਸ਼ੰਟੀ, ਮਨਬੀਰ ਸਿੰਘ ਕੌਮੀ ਜਨਰਲ ਸਕੱਤਰ, ਪਵਿੱਤਰ ਸਿੰਘ ਪ੍ਰਿੰਸ ਜਲੰਧਰ, ਗੁਰਿੰਦਰ ਗੋਲਡੀ, ਬਲਰਾਜ ਸਿੰਘ ਚੌਹਾਨ, ਬਿਕਰਮ ਜੀਤ ਸਿੰਘ ਕਲਸੀ, ਨਰਿੰਦਰ ਸਿੰਘ ਪਰਮਾਰ ਡੀ ਐਸ ਪੀ, ਰਾਣਾ ਰਣਵੀਰ ਸਿੰਘ, ਮਲਕੀਤ ਸਿੰਘ ਮਰਵਾਹਾ, ਡਾ. ਬਹਾਦਰ ਸਿੰਘ ਸਨੇਤ, ਡਾ. ਹਰਜਿੰਦਰ ਉਬਰਾਏ, ਬਰਿੰਦਰ ਸਿੰਘ ਪਰਮਾਰ, ਵਰਿੰਦਰ ਸਿੰਘ ਪਰਹਾਰ, ਮਨਪ੍ਰੀਤ ਸਿੰਘ ਰੰਧਾਵਾ, ਗੁਰਵਿੰਦਰ ਸਿੰਘ ਕਿਸ਼ਨਪੁਰ, ਜਤਿੰਦਰ ਸਿੰਘ ਗੇਹਲ, ਦਪਿੰਦਰ ਸਿੰਘ ਅਟਵਾਲ, ਭੁਪਿੰਦਰ ਜੀਤ ਭਿੰਦਾ ਆਦਿ ਨੇ ਸਵ.ਰਣਧੀਰ ਸਿੰਘ ਭਾਰਜ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।ਸਟੇਜ ਸਕੱਤਰ ਦੀ ਸੇਵਾ ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ ਨੇ ਨਿਭਾਈ।



# ਜੀਨਸ ਇਨੋਵੇਸ਼ਨਜ਼ ਲਿਮ. ਨੇ ਸੋਲਰ ਇਨਵਰਟਰ ਕੀਤਾ ਲਾਂਚ

**ਚੰਡੀਗੜ੍ਹ**- ਐਨਰਜੀ ਸਟੋਰੇਜ ਸਿਸਟਮ ਅਤੇ ਰੀਨਿਊਏਬਲ ਐਨਰਜੀ ਮੈਨੇਜਮੈਂਟ ਸਲਿਊਸ਼ਨਜ਼ ਦੇ ਖੇਤਰ ਵਿੱਚ ਰੁੱਝੀ ਕੰਪਨੀ, ਜੀਨਸ ਇਨੋਵੇਸ਼ਨਜ਼ ਲਿਮਟਿਡ ਨੇ ਹਾਲ ਹੀ ਵਿੱਚ ਚੰਡੀਗੜ੍ਹ ਵਿੱਚ ਇੱਕ ਡਿਸਟ੍ਰੀਬਿਊਟਰ ਸੰਮੇਲਨ ਆਯੋਜਿਤ ਕੀਤਾ। ਇਸ ਸਮਾਗਮ ਵਿੱਚ ਉੱਤਰੀ ਭਾਰਤ ਦੇ ਵੱਖ-ਵੱਖ ਰਾਜਾਂ ਦੇ ਚੈਨਲ ਭਾਈਵਾਲਾਂ ਨੇ ਹਿੱਸਾ ਲਿਆ। ਇਸ ਸਮਾਗਮ ਦਾ ਉਦੇਸ਼ ਭਾਈਵਾਲਾਂ ਨਾਲ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਹਾਈਬ੍ਰਿਡ ਸੋਲਰ ਇੰਟੈਲੀਜੈਂਟ ਸਮਾਧਾਨਾਂ ਨਾਲ ਸਬੰਧਤ ਕੰਪਨੀ ਦੀਆਂ ਨਵੀਆਂ ਤਕਨਾਲੋਜੀਆਂ ਨਾਲ ਜਾਣੂ ਕਰਵਾਉਣਾ ਸੀ।ਇਸ ਨਵੇਂ ਉਤਪਾਦ ਨੂੰ ਕੰਪਨੀ ਦੀ ਰੇਂਜ ਵਿੱਚ ਸ਼ਾਮਲ ਕਰਨ 'ਤੇ ਟਿੱਪਣੀ ਕਰਦੇ ਹੋਏ, ਜੀਨਸ ਇਨੋਵੇਸ਼ਨਜ਼ ਲਿਮਟਿਡ ਦੇ ਡਾਇਰੈਕਟਰ ਅਤੇ ਮੁੱਖ ਮਾਰਕੀਟਿੰਗ ਅਤੇ ਵਿਕਰੀ ਅਧਿਕਾਰੀ, ਯਸ਼ ਟੋਡੀ ਨੇ ਕਿਹਾ, 'ਸਾਡੇ ਡਿਸਟ੍ਰੀਬਿਊਟਰ ਭਾਈਵਾਲ ਜੀਨਸ ਇਨੋਵੇਸ਼ਨਜ਼ ਦੀ ਵਿਕਾਸ ਯਾਤਰਾ ਦਾ ਇੱਕ ਮਹੱਤਵਪੂਰਨ ਹਿੱਸਾ ਹਨ। ਭਾਰਤ ਵਿੱਚ ਊਰਜਾ ਖੇਤਰ ਤੇਜ਼ੀ ਨਾਲ ਬਦਲ ਰਿਹਾ ਹੈ ਅਤੇ ਲਗਾਤਾਰ ਸੂਰਜੀ ਊਰਜਾ ਅਤੇ ਊਰਜਾ ਸਟੋਰੇਜ ਵੱਲ ਵਧ ਰਿਹਾ ਹੈ। ਨਤੀਜੇ ਵਜੋਂ, ਇਹ ਬਹੁਤ ਜ਼ਰੂਰੀ ਹੈ ਕਿ ਅਸੀਂ ਆਪਣੇ ਚੈਨਲ ਭਾਈਵਾਲਾਂ ਨੂੰ ਅਜਿਹੀਆਂ ਤਕਨਾਲੋਜੀਆਂ ਨਾਲ ਲੈਸ ਕਰੀਏ ਜੋ ਗਾਹਕਾਂ ਦੀਆਂ ਨਵੀਆਂ ਜ਼ਰੂਰਤਾਂ ਨੂੰ ਪੂਰਾ ਕਰਦੀਆਂ ਹਨ ਅਤੇ ਨਵੇਂ ਵਪਾਰਕ ਮੌਕੇ ਪੈਦਾ ਕਰਦੀਆਂ ਹਨ।' ਉਨ੍ਹਾਂ ਅੱਗੇ ਕਿਹਾ ਕਿ ਛੱਤ ਵਾਲੇ ਸੋਲਰ ਅਤੇ ਭਰੋਸੇਮੰਦ ਬੈਕਅੱਪ ਸਮਾਧਾਨਾਂ ਵਿੱਚ ਦਿਲਚਸਪੀ ਉੱਤਰੀ ਭਾਰਤ ਵਿੱਚ, ਖਾਸ ਕਰਕੇ ਚੰਡੀਗੜ੍ਹ ਵਿੱਚ ਲਗਾਤਾਰ ਵਧ ਰਹੀ ਹੈ।

ਨਵਾਂ ਜ਼ਮਾਨਾ

ਸ਼ਨੀਵਾਰ, 27 ਜੂਨ 2026

# ਅੱਛੇ ਦਿਨ ਕੀਹਦੇ ਆਏ ?

*2014 ਵਿੱਚ ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਨਰਿੰਦਰ ਮੋਦੀ 2013 ਤੋਂ ਦੇਸ਼ ਨੂੰ ਕਿਵੇਂ ਗੁੰਮਰਾਹ ਕਰਦੇ ਆ ਰਹੇ ਹਨ, ਇਸ ਦਾ ਕਾਲਾ ਸੱਚ ਸਾਹਮਣੇ ਆ ਰਿਹਾ ਹੈ, ਪਰ ਬਦਕਿਸਮਤੀ ਵਾਲੀ ਗੱਲ ਇਹ ਹੈ ਕਿ ਧਰਮ ਦੀ ਅਫੀਮ ਤੋਂ ਪ੍ਰਭਾਵਤ ਲੋਕਾਂ ਨੂੰ ਸੱਚ, ਸਮਾਜ ਜਾਂ ਦੇਸ਼ ਦੀ ਕੋਈ ਪਰਵਾਹ ਨਹੀਂ। ਦੇਸ਼ ਦੇ ਨਾਗਰਿਕਾਂ ਨੂੰ ਚੰਗੇ ਦਿਨਾਂ ਦਾ ਵਾਅਦਾ ਕਰਨ ਵਾਲਾ ਪ੍ਰਧਾਨ ਸੇਵਕ ਆਪਣੇ ਕਾਰਜਕਾਲ ਦੌਰਾਨ ਅਸਲ ਵਿੱਚ ਕਿਸ ਲਈ ਚੰਗੇ ਦਿਨ ਲਿਆਇਆ?*

*ਭਾਰਤ ਦੇ ਨੰਬਰ ਇੱਕ ਉਦਯੋਗਪਤੀ ਮੁਕੇਸ਼ ਅੰਬਾਨੀ ਦੀ ਕੁੱਲ ਜਾਇਦਾਦ 2014 ਵਿੱਚ 1.55 ਲੱਖ ਕਰੋੜ ਸੀ ਤੇ 2026 ਵਿੱਚ ਵਧ ਕੇ 9.8 ਲੱਖ ਕਰੋੜ ਹੋ ਗਈ। ਹੈਰਾਨੀਜਨਕ 540 ਫੀਸਦੀ ਦਾ ਵਾਧਾ। ਦੇਸ਼ ਦੇ ਦੂਜੇ ਸਭ ਤੋਂ ਵੱਡੇ ਉਦਯੋਗਪਤੀ ਗੌਤਮ ਅਡਾਨੀ ਦੀ 2014 ਵਿੱਚ ਕੁਲ ਜਾਇਦਾਦ 45,000 ਕਰੋੜ ਸੀ, ਜਿਹੜੀ ਕਿ 2026 ਵਿੱਚ 7.6 ਲੱਖ ਕਰੋੜ ਹੋ ਗਈ, ਯਾਨੀ ਕਿ 1535 ਫੀਸਦੀ ਦਾ ਅਵਿਸ਼ਵਾਸਯੋਗ ਵਾਧਾ। 1925 ਵਿੱਚ ਭਾਜਪਾ ਦੇ ਮੂਲ ਸੰਗਠਨ ਰਾਸ਼ਟਰੀ ਸਵੈਮ ਸੇਵਕ ਸੰਘ ਦੀ ਸਥਾਪਨਾ ਤੋਂ ਬਾਅਦ ਇਸ ਜ਼ਹਿਰੀਲੀ ਵਿਚਾਰਧਾਰਾ ਨੂੰ ਕਦੇ ਵੀ ਵਿੱਤੀ ਸਰੋਤਾਂ ਦੀ ਘਾਟ ਨਹੀਂ ਹੋਈ। ਵੈਸ਼ ਭਾਈਚਾਰੇ ਨੇ ਹਮੇਸ਼ਾ ਆਪਣੇ-ਆਪ ਇਸ ਵਿਚਾਰਧਾਰਾ ਨੂੰ ਵਿੱਤੀ ਤਾਕਤ ਪ੍ਰਦਾਨ ਕੀਤੀ, ਜਿਸ ਨੇ ਇਸ ਨੂੰ ਆਪਣੇ ਏਜੰਡੇ ਨੂੰ ਬਿਨਾਂ ਕਿਸੇ ਰੁਕਾਵਟ ਦੇ ਅੱਗੇ ਵਧਾਉਣ ਦੇ ਯੋਗ ਬਣਾਇਆ ਹੈ। 2014 ਵਿੱਚ ਭਾਜਪਾ ਕੋਲ 970 ਕਰੋੜ ਸਨ ਤੇ 2026 ਵਿੱਚ 6,088 ਕਰੋੜ ਹੋ ਗਏ। ਸੱਤਾ ਦੇ ਇਸ ਸੁਨਹਿਰੀ ਯੁੱਗ ਦੌਰਾਨ ਭਾਜਪਾ ਦੀ ਕੁੱਲ ਜਾਇਦਾਦ ਵਿੱਚ 630 ਫੀਸਦੀ ਦਾ ਵਾਧਾ ਹੋਇਆ ਹੈ!*

*ਦੂਜੇ ਪਾਸੇ, 1947 ਤੋਂ 2014 ਤੱਕ 12 ਪ੍ਰਧਾਨ ਮੰਤਰੀਆਂ ਦੇ 67 ਸਾਲਾਂ ਦੇ ਕਾਰਜਕਾਲ ਦੌਰਾਨ ਦੇਸ਼ 'ਤੇ ਕੁੱਲ 55 ਲੱਖ ਕਰੋੜ ਦਾ ਕਰਜ਼ਾ ਸੀ, ਜਿਹੜਾ ਕਿ 2026 ਵਿੱਚ ਵਧ ਕੇ 215 ਲੱਖ ਕਰੋੜ ਹੋ ਗਿਆ। ਵਿਸ਼ਵ ਗੁਰੂ ਨੇ ਇਕੱਲੇ ਸਾਰੇ ਸਾਬਕਾ ਪ੍ਰਧਾਨ ਮੰਤਰੀਆਂ ਦੇ ਰਿਕਾਰਡ ਤੋੜ ਦਿੱਤੇ ਹਨ ਅਤੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ। ਮੋਦੀ ਨੇ ਇਕੱਲੇ ਹੀ ਵਿਦੇਸ਼ੀ ਕਰਜ਼ੇ 'ਤੇ 160 ਲੱਖ ਕਰੋੜ ਰੁਪਏ ਦਾ ਵਾਧਾ ਕਰ ਦਿੱਤਾ ਹੈ। ਰਾਜਨੀਤੀ ਤੋਂ ਪਰ੍ਹੇ, ਹਰ ਨਾਗਰਿਕ ਨੂੰ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ ਕਿ ਇਸ ਵੱਡੇ ਕਰਜ਼ੇ ਨਾਲ ਉਨ੍ਹਾਂ ਨੂੰ ਕੀ ਲਾਭ ਹੋਇਆ ਹੈ? ਸਮਾਜ ਅਤੇ ਦੇਸ਼ ਨੂੰ ਕਿੰਨਾ ਲਾਭ ਹੋਇਆ ਹੈ? ਮੋਦੀ ਦੇ ਚਹੇਤੇ ਉਦਯੋਗਪਤੀਆਂ ਨੂੰ ਕਿੰਨਾ ਲਾਭ ਹੋਇਆ ਹੈ? ਭਾਰਤੀ ਜਨਤਾ ਪਾਰਟੀ ਨੂੰ ਕਿੰਨਾ ਭਾਰੀ ਲਾਭ ਹੋਇਆ ਹੈ? ਆਪਣੀ ਵਿਚਾਰਧਾਰਾ ਦੀ ਕੁਰਬਾਨੀ ਦੇਣ ਵਾਲੇ ਅਤੇ ਵੋਟਰਾਂ ਦੀਆਂ ਭਾਵਨਾਵਾਂ ਨੂੰ ਕੁਚਲਣ ਵਾਲੇ ਪੱਖਪਾਤੀ ਸਿਆਸਤਦਾਨਾਂ ਨੂੰ ਕਿੰਨਾ ਫਾਇਦਾ ਹੋਇਆ? ਭ੍ਰਿਸ਼ਟ ਅਧਿਕਾਰੀਆਂ, ਠੇਕੇਦਾਰਾਂ ਅਤੇ ਸਪਲਾਇਰਾਂ ਨੂੰ ਕਿਵੇਂ ਬਹੁਤ ਫਾਇਦਾ ਹੋਇਆ ਹੈ?*

*ਪਿਛਲੀਆਂ ਸਰਕਾਰਾਂ ਨੇ ਦੇਸ਼ ਨੂੰ ਸੱਚਮੁੱਚ ਆਤਮ ਨਿਰਭਰ ਬਣਾਉਣ ਲਈ ਅਣਥੱਕ ਮਿਹਨਤ ਕੀਤੀ, ਪਰ ਮੋਦੀ ਦੇ ਸ਼ਾਸਨ ਦੌਰਾਨ ਦੇਸ਼ ਵਿਦੇਸ਼ਾਂ 'ਤੇ ਨਿਰਭਰ ਹੁੰਦਾ ਜਾ ਰਿਹਾ ਹੈ। ਚੀਨ ਨਾਲ ਵਪਾਰ ਅਸੰਤੁਲਨ ਇਸ ਦਾ ਸਪੱਸ਼ਟ ਪ੍ਰਮਾਣ ਹੈ। ਅਮਰੀਕਾ ਨਾਲ ਵਪਾਰ ਸੰਤੁਲਨ, ਜੋ ਪਹਿਲਾਂ ਸਾਡੇ ਹੱਕ ਵਿੱਚ ਹੁੰਦਾ ਸੀ, ਹੁਣ ਅਮਰੀਕਾ ਵੱਲ ਝੁਕ ਗਿਆ ਹੈ ਅਤੇ ਇਸ ਦੇ ਨਤੀਜੇ ਦੇਸ਼ ਦੇ ਲੋਕਾਂ ਨੂੰ ਭੁਗਤਣੇ ਪੈਣਗੇ। ਭਾਰਤ ਦੇ ਪੁਰਾਣੇ ਨੇੜਲੇ ਸਹਿਯੋਗੀ, ਜਿਵੇਂ ਕਿ ਰੂਸ ਅਤੇ ਈਰਾਨ ਵੀ ਦੂਰ ਹੋ ਗਏ ਹਨ। ਦੱਖਣੀ ਏਸ਼ੀਆਈ ਗੁਆਂਢੀਆਂ ਨਾਲ ਵਿਗੜਦੇ ਸੰਬੰਧ ਵਪਾਰਕ ਸੰਬੰਧਾਂ 'ਤੇ ਮਾੜਾ ਪ੍ਰਭਾਵ ਪਾ ਰਹੇ ਹਨ। ਸਟਾਕ ਮਾਰਕੀਟ ਵਿੱਚ ਬੁਨਿਆਦੀ ਖਾਮੀਆਂ ਕਾਰਨ ਵਿਦੇਸ਼ੀ ਨਿਵੇਸ਼ਕਾਂ ਦਾ ਭਾਰਤੀ ਬਾਜ਼ਾਰਾਂ ਪ੍ਰਤੀ ਅਵਿਸ਼ਵਾਸ ਵੀ ਇੱਕ ਵੱਡਾ ਖਤਰਾ ਹੈ। ਇਸ ਵਰਤਾਰੇ ਨੂੰ ਮੋੜਾ ਤਾਂ ਹੀ ਪਵੇਗਾ ਕਿ ਜੇ ਲੋਕ ਦੇਸ਼ ਨੂੰ ਆਤਮ ਨਿਰਭਰ ਬਣਾਉਣ ਦਾ ਦਾਅਵਾ ਕਰਨ ਵਾਲੇ ਨੂੰ ਪੁੱਛਣਗੇ ਕਿ 215 ਲੱਖ ਕਰੋੜ ਦਾ ਕਰਜ਼ਾ ਕਿਵੇਂ ਚੜ੍ਹ ਗਿਆ ਅਤੇ ਅੰਬਾਨੀ-ਅਡਾਨੀ ਏਨੇ ਮਾਲਾਮਾਲ ਕਿਵੇਂ ਹੋ ਗਏ? ਇਹ ਸਵਾਲ ਕਰਨ ਵਾਲੇ ਲੋਕ ਕਿਸੇ ਵੀ ਵਿਚਾਰਧਾਰਾ ਜਾਂ ਸਿਆਸੀ ਪਾਰਟੀ ਦਾ ਸਮਰਥਨ ਕਰਨ ਵਾਲੇ ਹੋ ਸਕਦੇ ਹਨ।*

## 'ਬੰਦੇ ਦੋ-ਦੋ ਕੌਡੀ ਦੇ'!

*ਮੁੱਦਿਆਂ ਦੀ ਕੋਈ ਲੋੜ ਨਹੀਂ, ਵੀਡੀਓ ਖੇਡਾਂ ਆ ਗਈਆਂ,*
*ਮਾਇਆ ਦੇ ਬਲਬੂਤ 'ਤੇ, ਹਰ ਪਾਸੇ ਭੇਡਾਂ ਛਾ ਗਈਆਂ।*
*ਜੋ ਟੀਮਾਂ ਅੱਖਰ ਪੜ੍ਹੀਆਂ ਨੇ, ਤਵਾ ਕਸੂਤਾ ਲਾ ਗਈਆਂ,*
*ਨਹੀਂ ਰਿਹਾ ਜ਼ਮਾਨਾ ਬੇਰਾਂ ਦਾ, ਕੰਧ 'ਤੇ ਠੱਪਾ ਲਾ ਗਈਆਂ।*
*ਉਹ ਦਿਨ ਹੁੰਦੇ ਸੀ ਸੋਨੇ ਦੇ, ਰਾਤ ਨੂੰ ਸੁਪਨੇ ਆਉਂਦੇ ਨੇ,*
*ਹੁਣ ਬੰਦੇ ਦੋ-ਦੋ ਕੌਡੀ ਦੇ, ਸੌ ਦੀ ਇੱਕ ਸੁਣਾਉਂਦੇ ਨੇ।*

-ਗੁਲਪੁਰ

# ਪਰਵਾਸ ਨੇ ਸਾਡੇ ਪਿੰਡਾਂ ਦੀ ਰਹਿਤਲ ਨਿਗਲ ਜਾਣੀ



ਵਿਜੈ ਬੰਬੇਲੀ

ਪੰਜਾਬ ਤੋਂ ਪਰਵਾਸ ਅਤੇ ਪੰਜਾਬ ਵੱਲ ਪ੍ਰਵਾਸ ਹਮੇਸ਼ਾ ਚਰਚਾ ਦਾ ਵਿਸ਼ਾ ਰਿਹਾ ਹੈ। ਇਸ ਦੋ-ਤਰਫੇ ਪਰਵਾਸ ਨੇ ਪੰਜਾਬ ਨੂੰ ਸਦਾ ਹੀ ਅਨੇਕਾਂ ਪੱਖਾ ਤੋਂ ਪ੍ਰਭਾਵਤ ਤੇ ਪੀੜਤ ਕੀਤਾ ਹੈ। ਸਿੱਟਾ; ਇਸ ਦਾ ਮੂੰਹ-ਮੁਹਾਂਦਰਾਂ ਤੱਕ ਬਦਲ ਦਿੱਤਾ ਸੀ/ਦੇਵੇਗਾ। ਹੁਣ; ਕਈ ਜ਼ਾਹਰਾ ਅਤੇ ਲੁਕਵੇਂ ਕਾਰਨਾਂ ਕਰਕੇ ਪ੍ਰਵਾਸ ਦੀ ਆਮਦ ਅਤੇ ਜਾਮਦ ਦੀ ਗਤੀ ਤਿੱਖੀ ਹੋ ਗਈ ਹੈ। ਭਾਵੇਂ ਨਵੀਂ ਵਿਸ਼ਵੀ ਵਿਵਸਥਾ ਨੇ ਗਲੋਬਲ ਵਿਲੇਜ਼ ਦਾ 'ਨਾਮਕਰਨ' ਕੀਤਾ ਹੈ, ਪਰ ਅਸਲ ਵਿਚ ਇਹ ਏਨੀ ਭਰਮਾਊ ਅਤੇ ਭੁਲੇਖਾ-ਪਾਊ ਹੈ ਕਿ ਇਸ ਵਿਵਸਥਾ ਨੇ ਪੇਂਡੂ ਜੀਵਨ ਨੂੰ ਸਹਿਜ ਨਹੀਂ ਰਹਿਣ ਦਿੱਤਾ। ਮਜਬੂਰੀ ਵੱਸ ਹੀ ਸਹੀ, ਕੌਮਾਂਤਰੀ ਪਰਵਾਸ ਤਹਿਤ ਆਪਣੀਆਂ ਜੜ੍ਹਾਂ ਨੂੰ, ਖੁਦ, ਪੁੱਟਣ ਦੇ ਸਿੱਟੇ ਬੜੇ ਹੀ ਮਾਰੂ ਨਿਕਲਣਗੇ।

ਦਰ-ਹਕੀਕਤ, ਸਦੀਵੀ ਪ੍ਰਵਾਸ ਪੰਜਾਬੀਆਂ ਦੇ ਸੁਭਾਅ ਵਿਚ ਸੀ/ਹੈ, ਪ੍ਰੰਤੂ, ਪਹਿਲਾਂ ਘਰ ਦਾ ਇੱਕ-ਅੱਧ ਜੀਅ ਹੀ ਸਮੁੰਦਰੋਂ ਪਾਰ ਜਾਂਦਾ ਸੀ। ਖੱਟੀ-ਕਮਾਈ ਘਰ ਭੇਜਦਾ ਜਾਂ ਲੈ ਕੇ ਵਾਪਸ ਆ ਜਾਂਦਾ। ਪੰਜਾਬ ਦੀ ਤਰੱਕੀ ਅਤੇ ਇਸ ਦੀ ਉਮਦਾ ਰਹਿਤਲ-ਵਹਿਤਲ ਵਿੱਚ ਪ੍ਰਵਾਸੀ ਪੰਜਾਬੀਆਂ ਦਾ ਅਣਮਿਣਵਾਂ ਯੋਗਦਾਨ ਸੀ, ਪਰ ਹੁਣ ਕਮਾਈ ਸਮੇਤ ਬੜਾ ਕੁੱਝ ਹੋਰ ਵੀ ਪ੍ਰਵਾਸ ਕਰ ਰਿਹਾ ਹੈ। ਹਾਲਾਤ ਮੁਤਾਬਕ, ਹੁਣ ਬਹੁਤੇ ਬਹੁ-ਪਰਤੀ ਕਾਰਨਾਂ ਕਰਕੇ ਖੱਟੀ ਵੀ ਨਹੀਂ ਭੇਜਣਗੇ, ਸਗੋਂ ਬਚੀ-ਖੁਚੀ ਪਿਤਾ-ਪੁਰਖੀ ਜਾਇਦਾਦ ਵੀ ਵੇਚ-ਵੱਟ ਉੱਧਰ ਲੈ ਖੜਨਗੇ। ਪਿੰਡਾਂ ਦੇ ਪਿੰਡ ਖਾਲੀ ਹੋ ਰਹੇ ਹਨ। ਇੱਕ ਕਨਸੋਅ ਮੁਤਾਬਕ ਬੀਤੇ ਦਹਾਕੇ ਵਿੱਚ ਬਾਹਰਲੇ ਮੁਲਕੀਂ ਗਏ ਸਾਡੇ ਪਾੜ੍ਹੇ 27000 ਕਰੋੜ ਦੇ ਅਸਾਸੇ ਆਪਣੇ ਨਾਲ ਲੈ ਗਏ ਹਨ। ਮਗਰ ਹੀ ਕਿਸੇ ਕਾਰਨ ਵੱਸ ਕਈਆਂ ਦੇ ਮਾਪੇ ਤੁਰ ਗਏ ਜਾਂ ਤੁਰ ਜਾਣਗੇ। ਖਾਲੀ ਮਕਾਨਾਂ ਵਿਚ ਪ੍ਰਵਾਸੀ ਟਿਕਾਏ ਜਾ ਰਹੇ ਹਨ। ਸਿੱਟਾ; ਆਪਣਿਆਂ ਦੀ ਅਗਲੇਰੀਆਂ ਪੀੜ੍ਹੀਆਂ ਦੀ ਆਮਦ ਨੂੰ ਖੇਤ-ਖਲਿਆਨ ਉਡੀਕਦੇ ਰਹਿ ਜਾਣਗੇ।

ਅਫਸੋਸ! ਪਰਾਈਆਂ ਧਰਤੀਆਂ 'ਤੇ ਪਹੁੰਚੀ ਹੁਣ ਵਾਲੀ ਪੀੜ੍ਹੀ ਦੀ ਦੂਜੀ, ਹੱਦ ਤੀਜੀ ਪੌਦ, ਆਪਣਾ ਪਿਤਾ-ਪੁਰਖੀ ਘਰ ਨੂੰ ਖੋਲਾ ਬਣਾਉਣ ਜਾਂ ਸੇਲ 'ਤੇ ਲਾ ਕੇ ਦੂਜੇ ਰਾਜਾਂ ਤੋਂ ਆਏ ਵਾਸ਼ਿੰਦਿਆਂ ਦਾ ਰਾਹ ਹੋਰ ਮੋਕਲਾ ਕਰ ਦੇਵੇਗੀ, ਜਿਸ ਨਾਲ ਪੰਜਾਬੀ ਰਹੁ-ਰੀਤਾਂ ਡਿਗਮਗਾਉਣਗੀਆ। ਇੱਕ ਸਰਵੇਖਣ ਅਨੁਸਾਰ ਪੰਜਾਬ, ਦਰਅਸਲ ਪਿੰਡਾਂ ਵਿਚੋਂ ਕੌਮਾਂਤਰੀ ਪਰਵਾਸ ਕੌਮੀ ਬੌਧਿਕਤਾ ਅਤੇ ਸਰਮਾਇਆ ਤੇ ਨੌਜਵਾਨੀ ਹੂੰਝਣ ਤੋਂ ਬਿਨਾਂ ਹੋਰ ਵੀ ਕਈ ਤਰਾਂ ਦੇ ਲਾਭਅੰਸ਼ ਹੂੰਝ ਕੇ ਲਿਜਾ ਰਿਹਾ ਹੈ। ਇਹਨਾਂ ਹੂੰਝਿਆਂ ਦੇ ਨਾਲ-ਨਾਲ ਕੁਝ ਖ਼ਤਰਨਾਕ ਪੂੰਝਿਆਂ ਦਾ ਵੀ ਪਰਚਲਣ ਸ਼ੁਰੂ ਹੋ ਗਿਆ ਹੈ। ਇਹਨਾਂ ਪੂੰਝਿਆਂ ਨਾਲ ਸਿਰਫ ਪੰਜਾਬ ਦੀ ਸਾਹ-ਰਗ ਜ਼ਮੀਨ ਹੀ ਨਹੀਂ ਵਿਕਦੀ, ਖੇਤੀ ਵੀ ਵੱਡੇ ਹੱਥਾਂ ਵਿਚ ਹੀ ਨਹੀਂ ਜਾਂਦੀ, ਸਗੋਂ ਬਹੁਤੇ ਟੱਬਰਾਂ ਦੀ ਬਜਾਏ ਕੁਝ ਇੱਕ ਟੱਬਰਾਂ ਦੀ ਕਮਾਈ ਦਾ ਸਾਧਨ ਬਣ ਰਹੀ ਹੈ। ਇਹੀ ਨਹੀਂ, ਇਸ ਚਲਨ ਨਾਲ ਖੂਹਾਂ ਉੱਤਲੇ ਤੌੜ, ਢੇਰਾਂ ਦੇ ਕੁਰੇ ਅਤੇ ਪਹੀਆਂ-ਰਸਤੇ ਤੇ ਢੇਰਾਂ ਤੱਕ ਵਿਕ ਜਾਂਦੇ ਹਨ। ਸਿੱਟਾ, ਬੰਦਾ (ਪੇਂਡੂ) ਆਪਣੀਆਂ ਜੜ੍ਹਾਂ ਨਾਲੋਂ ਹੀ ਕੱਟਿਆ ਜਾਂਦਾ ਹੈ।

ਹਾਂ, ਕਿਸੇ ਵਿਅਕਤੀ ਨੂੰ ਵੱਖ-ਵੱਖ ਕਾਰਨ ਆਪਣਾ ਮੂਲ ਸਥਾਨ ਛੱਡਣ ਅਤੇ ਕਿਸੇ ਹੋਰ ਥਾਂ 'ਤੇ ਜਾਣ ਲਈ ਮਜਬੂਰ ਕਰਦੇ ਹਨ। ਦੂਜੇ ਪਾਸੇ ਬਾਹਰ ਖਿੱਚਣ ਵਾਲੇ ਉਹਨਾਂ ਕਾਰਕਾਂ ਵਿੱਚ ਵਿਦਿਆ ਦਾ ਸਮੇਂ ਦੇ ਹਾਣ ਦਾ ਅਤੇ ਰੁਜ਼ਗਾਰ ਮੁਖੀ ਨਾ ਹੋਣਾ, ਵਧਦੀ ਬੇਰੁਜ਼ਗਾਰੀ, ਦੂਸ਼ਿਤ ਆਬੋ-ਹਵਾ ਅਤੇ ਆਰਥਿਕ ਸਥਿਤੀਆਂ ਦਾ ਵਿਗੜਨਾ ਤੇ ਸਮਾਜਿਕ ਮੁੱਦੇ ਨਸ਼ਾਖੋਰੀ, ਅਪਰਾਧ ਆਦਿ ਸ਼ਾਮਲ ਹਨ। ਦੂਜੇ ਦੇਸ਼ਾਂ ਦੀ ਚਕਾਚੌਂਧ ਅਤੇ ਸਹੂਲਤਾਂ ਤੇ ਅਨੁਸ਼ਾਸਨ ਵੀ ਖਿੱਚ ਦਾ ਕਾਰਕ ਹਨ, ਪਰ ਵੱਡਾ ਕਾਰਨ ਰੁਜ਼ਗਾਰ, ਜ਼ਿਆਦਾ ਕਮਾਈ, ਸੁਰੱਖਿਆਂ , ਬੇਹਤਰ ਸਹੂਲਤਾਂ ਅਤੇ ਨਿੱਜੀ ਆਜ਼ਾਦੀ ਜ਼ਿਆਦਾ ਭਰਮਾਊ ਹੈ। ਪਰਵਾਸ ਨੂੰ ਸਿਰਫ ਕੁੱਲੀ-ਗੁੱਲੀ-ਜੁੱਲੀ ਦੀ ਗਰੰਟੀ ਅਤੇ ਸਸਤੀ ਪੜ੍ਹਾਈ-ਸਿਹਤ ਸਹੂਲਤਾਂ ਅਤੇ ਸ਼ੁਧ-ਵਾਤਾਵਰਣ, ਢੁਕਵਾਂ ਰੁਜ਼ਗਾਰ ਅਤੇ ਸਮਾਜਿਕ ਸੁਰੱਖਿਆ ਤੇ ਨਸ਼ਾ ਰਹਿਤ ਮਾਹੌਲ ਤਹਿਤ ਹੀ ਠੱਲ੍ਹਿਆ ਜਾ ਸਕਦਾ ਹੈ। ਅਫਸੋਸ! ਇਹ ਮੁੱਦੇ ਹਾਕਮ ਜਮਾਤਾਂ ਦੇ ਏਜੰਡੇ ਵਿਚ ਨਹੀਂ ਹਨ। ਦਰ-ਹਕੀਕਤ; ਸਦੀਵੀ ਪਰਵਾਸ ਦਾ ਦੋਸ਼ੀ ਮੌਜੂਦਾ ਸਿਸਟਮ ਅਤੇ ਭ੍ਰਿਸ਼ਟ ਨਿਜ਼ਾਮ ਹੈ।

ਲੋਕਾਂ ਨੂੰ ਨੇਮਬੱਧ ਕਰਨਾ ਸਿਸਟਮ ਦਾ ਫਰਜ਼ ਹੁੰਦਾ। ਭਾਵ; 'ਚੋਰ ਬਣਾਉਣਾ ਜਾਂ ਸਾਧ', ਇਹ ਸਭ ਸਿਸਟਮ ਜਾਂ ਰਾਜ-ਭਾਗ ਦੇ ਹੱਥ-ਵੱਸ ਹੁੰਦਾ ਹੈ। ਲੋਕਾਂ ਨੂੰ ਜਿਸ ਤਰਜੀਹ 'ਤੇ ਤੋਰਿਆ ਜਾਂਦਾ ਹੈ, ਉਹ ਉਧਰ ਤੁਰ ਪੈਂਦੇ ਹਨ। ਪਿੰਡਾਂ ਨੂੰ ਵੀ ਬਜ਼ਾਰ ਮਗਰ ਨਠਾ ਲਿਆ ਗਿਆ ਹੈ। ਕੀ ਖਾਣਾ ਹੈ, ਕੀ ਪਹਿਨਣਾ ਹੈ ਅਤੇ ਖੇਤਾਂ 'ਚ ਕੀ ਵਰਤਣਾ ਤੇ ਬੀਜਣਾ ਹੈ, ਇਹ ਹੁਣ ਮੀਡੀਆ , ਐਡ ਅਤੇ ਸਰਕਾਰ ਤੇ ਕਾਰਪੋਰੇਟ ਤੈਅ ਕਰਦਾ ਹੈ। 'ਸੰਸਾਰ ਵਪਾਰ ਸੰਸਥਾ' ਅਤੇ ਕਾਰਪੋਰੇਟ ਪੱਖੀ ਹਾਕਮ ਧਿਰਾਂ ਤਾਂ ਬੜੀ ਦੇਰ ਤੋਂ ਇਸ ਹਰਕਤ ਵਿਚ ਹਨ ਕਿ ਕਿਵੇਂ ਨਾ ਕਿਵੇਂ ਗਰੀਨ ਬੈਲਟਾਂ ਉਹਨਾਂ ਦੇ ਹੱਥਾਂ ਵਿਚ ਚਲੀਆ ਜਾਣ। ਜਿਥੇ ਵੱਡੀਆਂ ਮਸ਼ੀਨਾਂ ਕੰਮ ਕਰਨ ਹਾਈਵੇਜ਼ 'ਤੇ ਹਾਈ ਸਪੀਡ ਗੱਡੀਆਂ ਨਿਰਵਿਘਨ ਦੌੜਨ। ਜ਼ਮੀਨ ਹਥਿਆਉਣ ਲਈ ਉਹ ਹਰ ਹਰਬਾ ਵਰਤਦੇ ਹਨ, ਪੈਸਿਆਂ ਦਾ ਸੱਟਾ ਦਿੰਦੇ ਹਨ।

ਹਾਲ ਦੀ ਘੜੀ ਮਹਿੰਗੇ ਭਾਅ ਹੀ ਸਹੀ ਉਨ੍ਹਾਂ ਸਾਡੀ ਭੋਇੰ ਹਾਈਵੇਜ਼ਾਂ ਅਤੇ ਰੀਅਲ ਅਸਟੇਟਾ ਦੇ ਅਖੌਤੀ ਸੁਪਨਿਆਂ ਹੇਠ ਨੱਪ ਜਾਣੀ ਹੈ। ਇੰਜ ਮਿਲਿਆ ਬੇਸ਼ੁਮਾਰ ਪੈਸਾ ਬਹੁਤਿਆਂ ਦੀਆਂ ਔਲਾਦਾਂ ਨੇ ਖਰਮਸਤੀਆਂ ਜਾਂ ਪਰਵਾਸ ਦੇ ਲੇਖੇ ਲਾ ਬੈਠਣਾ ਹੈ। ਦਰਅਸਲ ਇਸ ਚਲਨ ਹੇਠ ਵੱਟੀ ਗਈ ਇਹ ਰਕਮ ਖਰੀਦੋ-ਫਰੋਖਤ ਤਹਿਤ ਮੁੜ ਧਨ-ਕੁਬੇਰਾਂ ਨੇ ਹੀ ਵੱਟ ਲੈਣੀ ਹੈ ਅਤੇ ਅਸੀਂ ਸਦੀਵੀ ਆਮਦਨ ਤੋਂ ਸਦੀਵੀ ਹੱਥ ਧੋ ਬੈਠਣਾ ਹੈ। ਸਿੱਟਾ; ਖੇਤਾਂ ਦੀ ਹੀ ਹਿਜਰਤ ਨਹੀਂ ਹੋਵੇਗੀ, ਸਗੋਂ 'ਪਿੰਡ' ਵੀ ਸ਼ਹਿਰਾਂ ਨੂੰ ਹਿਜਰਤ ਕਰ ਜਾਣਗੇ। ਇਹੀ ਧਨ-ਕੁਬੇਰ ਚਾਹੁੰਦੇ ਹਨ। ਮਤਲਬ ਕਿਰਸਾਨੀ ਮਾਲਕੀ ਨਾ ਕਰੇ ਕਾਮਾ-ਗਿਰੀ ਕਰੇ। ਜੇ ਇਹੀ ਡਗਰ ਰਹੀ, ਜੇ ਅਸੀਂ ਨਾ ਸੰਭਲੇ ਤਾਂ ਵਾੜ ਲੱਗੇ ਵੱਡੇ-ਵੱਡੇ ਫਾਰਮ-ਹਾਊਸ ਅਤੇ ਧੜਵੈਲ ਕਾਰਖਾਨਿਆਂ ਵਿਚ ਤਾਅ ਕਿਸਮ ਦੇ ਪੇਂਡੂ ਦੇਰ-ਸਵੇਰ ਡੱਬੇ ਲੈ ਕੇ ਉਜਰਤ (ਗੋਲਾਪਨ) ਕਰਨ ਜਾਇਆ ਕਰਨਗੇ। ਉਹਨਾਂ ਦੀ ਇਹ ਮਨਸ਼ਾ ਤਦ ਹੀ ਪੂਰੀ ਹੋ ਸਕਦੀ ਹੈ, ਜੇ ਛੋਟੀ ਖੇਤੀ, ਯਾਨਿ ਪਿੰਡ ਮਰਨ।

ਪੰਜਾਬ ਦੇ ਸਾਰੇ ਪਿੰਡ ਕਦੇ ਬੁਨਿਆਦੀ ਤੌਰ 'ਤੇ ਉਦੋਂ ਸਵੈ-ਸੰਪਨ ਇਕਾਈਆ ਸਨ, ਜਿਥੇ ਨਿੱਤ ਵਰਤੋਂ ਦੀ ਕਰੀਬ ਹਰ ਵਸਤ ਪੈਦਾ ਕਰ ਲਈ ਜਾਂਦੀ ਸੀ। ਬਹੁਤੇ ਖੇਤੀ ਕਰਦੇ ਜਾਂ ਖੇਤੀ-ਮੁਨੱਸਰ ਹੁੰਦੇ। ਅਰਥਾਤ; ਕੋਈ ਵਾਹੀ-ਬੀਜੀ ਜਾਂ ਪਸ਼ੂ-ਪਾਲਕ ਹੁੰਦਾ। ਕੋਈ ਸੰਦ ਬਣਾਉਂਦਾ, ਕੋਈ ਚਮੜੇ ਦੀਆਂ ਵਸਤਾਂ, ਕੋਈ ਭਾਂਡੇ ਤਰਾਸ਼ਦਾ ਅਤੇ ਕੋਈ ਕੱਪੜਾ ਉਣਦਾ। ਸ਼ਾਇਦ, ਹੁਣ ਇੰਨ-ਬਿੰਨ ਨਹੀਂ ਹੋ ਸਕਦਾ, ਪਰ ਅਖੀਰ ਕਰਨਾ ਇਵੇਂ ਹੀ ਪੈਣਾ, ਨਹੀਂ ਤਾਂ ਕੁਦਰਤ ਮਜਬੂਰ ਕਰ ਦੇਵੇਗੀ, ਪਰ ਉਦੋਂ ਤੱਕ ਅਸੀਂ ਬੇਹੱਦ ਨੁਕਸਾਨ ਕਰ ਅਤੇ ਕਰਾ ਚੁੱਕੇ ਹੋਵਾਂਗੇ। ਆਪਣਾ ਵੀ, ਖਾਸ ਕਰਕੇ ਵਾਰਸਾਂ ਅਤੇ ਆਉਣ ਵਾਲੀਆਂ ਨਸਲਾਂ ਦਾ ਵੀ। ਭਾਵੇਂ ਹੁਣ ਕਿਰਤ-ਵਿਰਤ ਅਤੇ ਕੰਮ-ਧੰਦਿਆ ਦਾ ਰੁਖ ਬਦਲ ਗਿਆ ਹੈ, ਪਰ ਜੇ ਕਿਰਸਾਨੀ (ਕਿਰਤ+ਇਨਸਾਨ: ਕਿਰਤੀ ਇਨਸਾਨ: ਕਿਰਸਾਨ) ਮਰ ਗਈ, ਤਦ ਪਿੰਡ ਮਰ ਜਾਵੇਗਾ। ਅਰਥਾਤ; ਭਾਰਤ ਦੀ ਸਲਾਮਤੀ ਖੇਤੀ (ਕਿਰਸਾਨੀ) ਬਨਾਮ ਪਿੰਡ ਦੀ ਹੋਣੀ ਨਾਲ ਬੱਝੀ ਹੋਈ ਹੈ। ਸੋ ਜੇ ਕੁਦਰਤ-ਪੱਖੀ 'ਖੇਤੀ' (ਕਿਰਸਾਨੀ) ਮਰ ਗਈ ਤਾਂ ਪਿੰਡ ਮਰ ਜਾਣਗੇ। ਜੇ 'ਪਿੰਡ' ਮਰ ਗਏ, ਤਦ ਭਾਰਤ ਮਰ ਜਾਵੇਗਾ, 'ਭਾਰਤ'; ਜੋ ਪਿੰਡਾਂ ਦਾ ਦੇਸ਼ ਹੈ।ਇਹੀ ਉਹ ਗੱਲ ਹੈ ਜਿਹੜੀ ਹਾਕਮ-ਜਮਾਤਾਂ ਦੇ ਖੋਪੜ ਵਿਚ ਨਹੀਂ ਪੈਂਦੀ।

ਪਿੰਡਾਂ ਵਿਚ ਰਹਿ ਰਹੇ ਲੋਕਾਂ ਨੂੰ ਭੁੱਲਦੀਆਂ-ਵਿਸਰਦੀਆਂ ਜਾ ਰਹੀਆਂ ਕ੍ਰਿਤਾਂ, ਜਿੰਨੀਆਂ ਕੁ ਸੰਭਵ ਅਤੇ ਮੌਜੂਦਾ ਸਮੇਂ ਸ਼ਾਜਗਰ ਹੋਣ ਨੂੰ ਮੁੜ ਸਰਗਰਮ ਕਰਕੇ ਪਹਿਲਾਂ ਵਰਗੀ ਅਰਥ ਭਰਪੂਰ ਜਿਊੜੀ ਵੱਲ ਪਰਤਣ ਦੀ ਵੀ ਕੋਸ਼ਿਸ਼ ਕਰ ਲੈਣੀ ਚਾਹੀਦੀ ਹੈ। ਭਾਵ; ਦਿਹਾਤੀ ਢਾਂਚੇ 'ਚ ਲਘੂ, ਹੱਥ ਉਦਯੋਗਾਂ ਅਤੇ ਹੱਥੀਂ ਖੇਤੀ ਨੂੰ ਮੋੜਾ ਦੇਣ ਦੇ ਹਾਂ-ਪੱਖੀ ਸਿੱਟੇ ਨਿਕਲਣਗੇ। ਇਹ ਚਲਨ ਕੁਦਰਤ ਅਤੇ ਸਥਾਨਕ ਰੁਜ਼ਗਾਰ ਪੱਖੀ ਵੀ ਹੈ। ਇੰਜ, ਅਸੀਂ ਪੇਂਡੂ ਸਵੱਛਤਾ ਦਾ ਵੀ ਅਨੰਦ ਮਾਣ ਸਕਾਂਗੇ। ਆਪਸੀ ਸਦਭਾਵਨਾ ਅਤੇ ਇਸ ਨਾਲ ਇੱਕ-ਦੂਜੇ 'ਤੇ ਨਿਰਭਰਤਾ ਵਧੇਗੀ। ਆਪਸੀ ਨਿਰਭਰਤਾ ਅਤੇ ਮਿਲਵਰਤਨ ਨਾਲ ਪਿੰਡਾਂ ਦੀ ਰੂਹ ਵੀ ਤ੍ਰਿਪਤ ਹੋ ਜਾਵੇਗੀ। ਇਹ ਕਾਰਜ ਸਿਆਸੀ ਨੇਤਾਵਾਂ, ਨੌਕਰਸ਼ਾਹਾਂ ਅਤੇ ਅਰਥ ਸ਼ਾਸਤਰੀਆਂ ਨੇ ਨਹੀਂ ਕਰਨਾ, ਲੋਕਾਂ ਨੂੰ ਸ਼ਹਿਰਾਂ ਅਤੇ ਪਰਾਈਆਂ ਧਰਤੀਆਂ ਵੱਲ ਪਰਵਾਸ ਨੂੰ ਵਿਰਾਮ ਕਰਕੇ ਖੁਦ ਕਰਨਾ ਪੈਣਾ ਹੈ। ਇਸ ਸਭ ਲਈ ਸਾਨੂੰ ਲੋਕ ਅਤੇ ਕੁਦਰਤ ਪੱਖੀ ਨਿਜ਼ਾਮ ਵੀ ਸਿਰਜਣਾ ਪੈਣਾ ਹੈ। ਅਕਸਰ ਅਸੀਂ ਜਿਉਣਾ ਹੀ ਕਿਉਂ ਚਾਹੁੰਦੇ ਹਾਂ। ਪੈਸੇ ਲਈ ਜਾਂ ਰੂਹ ਲਈ ? ਮੁੱਕਦੀ ਗੱਲ; ਪਰਵਾਸ ਨੇ ਪਿੰਡਾਂ ਨੂੰ ਨਿਗਲ ਜਾਣਾ ਹੈ।

**# ਸੰਪਰਕ : 94634-39075**

# ਨਿੱਜੀ ਸਕੂਲਾਂ 'ਚ ਫੀਸਾਂ ਦਾ ਵਾਧਾ

**ਡਾਕਟਾਰ ਗੁਰਦੀਪ ਸਿੰਘ**

ਸਿੱਖਿਆ ਕਿਸੇ ਵੀ ਦੇਸ਼ ਦੇ ਵਿਕਾਸ ਦਾ ਮੁੱਖ ਆਧਾਰ ਹੁੰਦੀ ਹੈ। ਭਾਰਤ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਦੋਵੇਂ ਤਰ੍ਹਾਂ ਦੇ ਸਿੱਖਿਆ ਸੰਸਥਾਨ ਸਿੱਖਿਆ ਪ੍ਰਦਾਨ ਕਰ ਰਹੇ ਹਨ। ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲਾਂ ਨੂੰ ਲਗਭਗ 5 ਪ੍ਰਤੀਸ਼ਤ ਫੀਸ ਵਧਾਉਣ ਦੀ ਇਜਾਜ਼ਤ ਦਿੱਤੀ ਗਈ ਹੈ। ਇਹ ਫੈਸਲਾ ਉਸ ਸਮੇਂ ਲਿਆ ਗਿਆ, ਜਦੋਂ ਇੱਕ ਵਿਦਿਆਰਥਣ ਦੀ ਦੁਖਦਾਈ ਮੌਤ ਨੇ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਲੈ ਕੇ ਕਈ ਸਵਾਲ ਖੜ੍ਹੇ ਕੀਤੇ ਸਨ। ਸਰਕਾਰ ਨੇ ਵਿਦਿਆਰਥੀਆਂ ਅਤੇ ਮਾਪਿਆਂ ਦੀਆਂ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਕਦਮ ਚੁੱਕਿਆ, ਪਰ ਇਸ ਦੇ ਨਾਲ ਹੀ ਇੱਕ ਹੋਰ ਅਹਿਮ ਵਰਗ ਦੀਆਂ ਸਮੱਸਿਆਵਾਂ ਅਜੇ ਵੀ ਅਣਸੁਣੀਆਂ ਹਨ। ਇਸ ਨਾਲ ਇੱਕ ਮਹੱਤਵਪੂਰਨ ਸਵਾਲ ਵੀ ਖੜ੍ਹਾ ਹੁੰਦਾ ਹੈ ਕਿ ਕੀ ਇਸ ਵਧੀ ਹੋਈ ਫੀਸ ਦਾ ਕੋਈ ਲਾਭ ਉਹਨਾਂ ਅਧਿਆਪਕਾਂ ਨੂੰ ਮਿਲੇਗਾ, ਜੋ ਸਕੂਲਾਂ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਹਨ? ਅੱਜ ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਪ੍ਰਾਈਵੇਟ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਬਹੁਤ ਹੀ ਯੋਗਤਾ ਪ੍ਰਾਪਤ ਅਧਿਆਪਕ ਕੰਮ ਕਰ ਰਹੇ ਹਨ । ਅੱਜ ਹਜ਼ਾਰਾਂ ਅਧਿਆਪਕ MA,B.Ed, NET, SET, M.Phil., Ph.D. ਅਤੇ ਹੋਰ ਉੱਚ ਯੋਗਤਾਵਾਂ ਹਾਸਲ ਕਰਨ ਤੋਂ ਬਾਅਦ ਵੀ ਘੱਟ ਤਨਖ਼ਾਹਾਂ 'ਤੇ ਕੰਮ ਕਰਨ ਲਈ ਮਜਬੂਰ ਹਨ । ਕਈ ਅਧਿਆਪਕਾਂ ਨੂੰ ਨਾ ਤਾਂ ਸਰਕਾਰੀ ਪੇ-ਸਕੇਲ ਮਿਲਦੇ ਹਨ ਅਤੇ ਨਾ ਹੀ ਪੱਕੀ ਨੌਕਰੀ ਦੀ ਸੁਰੱਖਿਆ । ਉਨ੍ਹਾਂ ਤੋਂ ਲੰਮੇ ਸਮੇਂ ਤੱਕ ਕੰਮ ਲਿਆ ਜਾਂਦਾ ਹੈ, ਪਰ ਬਦਲੇ ਵਿੱਚ ਉਚਿਤ ਤਨਖ਼ਾਹ ਨਹੀਂ ਹੈ। ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜੇਕਰ ਸਰਕਾਰ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦੀ ਹੈ ਤਾਂ ਕੀ ਉਹ ਅਧਿਆਪਕਾਂ ਦੀਆਂ ਮੁਸ਼ਕਲਾਂ ਵੱਲ ਵੀ ਧਿਆਨ ਦੇਵੇਗੀ? ਕੀ ਸਰਕਾਰ ਕਿਸੇ ਵੱਡੇ ਹਾਦਸੇ ਜਾਂ ਕਿਸੇ ਪ੍ਰਾਈਵੇਟ ਸਕੂਲ ਦੇ ਅਧਿਆਪਕ ਦੀ ਜਾਨ ਜਾਣ ਤੋਂ ਬਾਅਦ ਹੀ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਲਈ ਕੋਈ ਨਵਾਂ ਕਾਨੂੰਨ ਬਣਾਏਗੀ? ਕੀ ਅਧਿਆਪਕਾਂ ਦੀਆਂ ਆਰਥਿਕ, ਮਾਨਸਿਕ ਅਤੇ ਪੇਸ਼ੇਵਰ ਸਮੱਸਿਆਵਾਂ ਨੂੰ ਸੁਣਨ ਲਈ ਵੀ ਕਿਸੇ ਦੁਖਦਾਈ ਘਟਨਾ ਦੀ ਉਡੀਕ ਕੀਤੀ ਜਾਵੇਗੀ? ਇਹ ਸਵਾਲ ਇਸ ਲਈ ਮਹੱਤਵਪੂਰਨ ਹਨ, ਕਿਉਂਕਿ ਸਿੱਖਿਆ ਪ੍ਰਣਾਲੀ ਦਾ ਅਸਲ ਆਧਾਰ ਅਧਿਆਪਕ ਹੁੰਦੇ ਹਨ। ਜੇ ਅਧਿਆਪਕ ਹੀ ਆਰਥਿਕ ਤੰਗੀ, ਅਸੁਰੱਖਿਆ ਅਤੇ ਤਣਾਅ ਦਾ ਸ਼ਿਕਾਰ ਹੋਣਗੇ ਤਾਂ ਸਿੱਖਿਆ ਦੀ ਗੁਣਵੱਤਾ ਉੱਤੇ ਵੀ ਅਸਰ ਪਵੇਗਾ। ਇੱਕ ਪਾਸੇ ਸਕੂਲਾਂ ਦੀਆਂ ਫੀਸਾਂ ਵਧਦੀਆਂ ਜਾ ਰਹੀਆਂ ਹਨ ਅਤੇ ਦੂਜੇ ਪਾਸੇ ਅਧਿਆਪਕਾਂ ਦੀ ਤਨਖ਼ਾਹ ਅਤੇ ਸੇਵਾ ਸ਼ਰਤਾਂ ਵਿੱਚ ਕੋਈ ਵੱਡਾ ਸੁਧਾਰ ਨਹੀਂ ਦਿਖਾਈ ਦਿੰਦਾ।

ਪ੍ਰਾਈਵੇਟ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਵੀ ਹਾਲਾਤ ਬਹੁਤ ਵੱਖਰੇ ਨਹੀਂ ਹਨ। ਖੋਜ ਕਾਰਜ, ਪੜ੍ਹਾਈ, ਪ੍ਰੀਖਿਆਵਾਂ, ਪ੍ਰਸ਼ਾਸਨਿਕ ਕੰਮ ਅਤੇ ਨਤੀਜਿਆਂ ਦਾ ਦਬਾਅ ਅਧਿਆਪਕਾਂ 'ਤੇ ਲਗਾਤਾਰ ਵਧ ਰਿਹਾ ਹੈ। ਫਿਰ ਵੀ ਉਨ੍ਹਾਂ ਨੂੰ ਉਹ ਸਨਮਾਨ ਅਤੇ ਆਰਥਿਕ ਸੁਰੱਖਿਆ ਨਹੀਂ ਮਿਲਦੀ, ਜਿਸ ਦੇ ਉਹ ਹੱਕਦਾਰ ਹਨ। ਕਈ ਅਧਿਆਪਕ ਸਾਲਾਂ ਤੱਕ ਠੇਕੇ ਜਾਂ ਅਸਥਾਈ ਆਧਾਰ 'ਤੇ ਕੰਮ ਕਰਦੇ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਲਈ ਵੀ ਇੱਕ ਮਜ਼ਬੂਤ ਨੀਤੀ ਤਿਆਰ ਕਰੇ। ਘੱਟੋ-ਘੱਟ ਤਨਖ਼ਾਹ, ਸਮੇਂ ਸਿਰ ਵੇਤਨ, EPF, ESI, ਮੈਡੀਕਲ ਸਹੂਲਤਾਂ, ਨੌਕਰੀ ਦੀ ਸੁਰੱਖਿਆ ਅਤੇ ਸੇਵਾ ਨਿਯਮਾਂ ਨੂੰ ਕਾਨੂੰਨੀ ਤੌਰ 'ਤੇ ਲਾਗੂ ਕੀਤਾ ਜਾਣਾ ਚਾਹੀਦਾ ਹੈ। ਜੇ ਅਸੀਂ ਸਿੱਖਿਆ ਦੀ ਗੁਣਵੱਤਾ ਨੂੰ ਬਿਹਤਰ ਬਣਾਉਣਾ ਚਾਹੁੰਦੇ ਹਾਂ ਤਾਂ ਸਿਰਫ਼ ਇਮਾਰਤਾਂ, ਸਮਾਰਟ ਕਲਾਸਾਂ ਅਤੇ ਫੀਸ ਨੀਤੀਆਂ ਹੀ ਕਾਫ਼ੀ ਨਹੀਂ ਹਨ । ਇੱਕ ਸੰਤੁਸ਼ਟ, ਸੁਰੱਖਿਅਤ ਅਤੇ ਸਨਮਾਨਤ ਅਧਿਆਪਕ ਹੀ ਦੇਸ਼ ਦੇ ਭਵਿੱਖ ਨੂੰ ਸਹੀ ਦਿਸ਼ਾ ਦੇ ਸਕਦਾ ਹੈ। ਅਧਿਆਪਕ ਸਿਰਫ਼ ਇੱਕ ਕਰਮਚਾਰੀ ਨਹੀਂ, ਸਗੋਂ ਰਾਸ਼ਟਰ ਨਿਰਮਾਤਾ ਹੁੰਦਾ ਹੈ। ਜੇ ਉਸ ਦੇ ਹੱਕਾਂ ਅਤੇ ਸਨਮਾਨ ਦੀ ਰੱਖਿਆ ਨਹੀਂ ਹੋਵੇਗੀ ਤਾਂ ਸਿੱਖਿਆ ਪ੍ਰਣਾਲੀ ਦੀ ਮਜ਼ਬੂਤੀ ਵੀ ਸਿਰਫ਼ ਇੱਕ ਸੁਪਨਾ ਬਣ ਕੇ ਰਹਿ ਜਾਵੇਗੀ।

ਸਰਕਾਰ ਦਾ ਧਿਆਨ ਸਿਰਫ਼ ਫੀਸ ਨਿਯੰਤਰਣ ਜਾਂ ਫੀਸ ਵਾਧੇ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ। ਸਰਕਾਰ ਨੂੰ ਇਹ ਵੀ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਨੂੰ ਯੋਗ ਤਨਖ਼ਾਹ, ਸਮਾਜਿਕ ਸੁਰੱਖਿਆ, EPF, ESI ਅਤੇ ਹੋਰ ਲਾਭ ਪ੍ਰਾਪਤ ਹੋਣ। ਜੇਕਰ ਅਧਿਆਪਕ ਆਰਥਿਕ ਅਤੇ ਮਾਨਸਿਕ ਤੌਰ 'ਤੇ ਸੰਤੁਸ਼ਟ ਹੋਣਗੇ ਤਾਂ ਉਹ ਵਿਦਿਆਰਥੀਆਂ ਨੂੰ ਹੋਰ ਵਧੀਆ ਸਿੱਖਿਆ ਦੇ ਸਕਣਗੇ। ਇਸ ਲਈ ਸਰਕਾਰ, ਪ੍ਰਬੰਧਕਾਂ ਅਤੇ ਸਮਾਜ ਨੂੰ ਮਿਲ ਕੇ ਅਧਿਆਪਕਾਂ ਦੇ ਹੱਕਾਂ ਅਤੇ ਭਲਾਈ ਵੱਲ ਗੰਭੀਰ ਧਿਆਨ ਦੇਣ ਦੀ ਲੋੜ ਹੈ।

ਇਸ ਸਮੱਸਿਆ ਦੇ ਹੱਲ ਲਈ ਸਰਕਾਰ ਹੇਠ ਲਿਖੀਆਂ ਨੀਤੀਆਂ (Policies) ਲਾਗੂ ਕਰ ਸਕਦੀ ਹੈ:

1. ਪ੍ਰਾਈਵੇਟ ਅਧਿਆਪਕ ਸੁਰੱਖਿਆ ਕਾਨੂੰਨ ਪ੍ਰਾਈਵੇਟ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਲਈ ਵੱਖਰਾ ਕਾਨੂੰਨ ਬਣਾਇਆ ਜਾਵੇ, ਜਿਸ ਨਾਲ ਉਨ੍ਹਾਂ ਦੀ ਨੌਕਰੀ ਦੀ ਸੁਰੱਖਿਆ ਯਕੀਨੀ ਬਣੇ। 2. ਯੋਗਤਾ ਰੱਖਣ ਵਾਲੇ ਅਧਿਆਪਕਾਂ ਲਈ ਘੱਟੋ-ਘੱਟ ਤਨਖ਼ਾਹ ਨਿਰਧਾਰਤ ਕੀਤੀ ਜਾਵੇ। ਕੋਈ ਵੀ ਸੰਸਥਾ ਇਸ ਤੋਂ ਘੱਟ ਤਨਖ਼ਾਹ ਨਾ ਦੇ ਸਕੇ। ਹਰ ਸਾਲ ਮਹਿੰਗਾਈ ਦਰ ਦੇ ਅਨੁਸਾਰ ਤਨਖ਼ਾਹ ਵਿੱਚ ਵਾਧਾ ਲਾਜ਼ਮੀ ਕੀਤਾ ਜਾਵੇ। 3. ਫੀਸ ਵਾਧੇ ਨੂੰ ਤਨਖ਼ਾਹ ਨਾਲ ਜੋੜਨਾ, ਜੇ ਸਕੂਲਾਂ ਨੂੰ ਫੀਸ ਵਧਾਉਣ ਦੀ ਇਜਾਜ਼ਤ ਮਿਲਦੀ ਹੈ ਤਾਂ ਉਸ ਵਧੀ ਹੋਈ ਆਮਦਨ ਦਾ ਇੱਕ ਨਿਰਧਾਰਤ ਹਿੱਸਾ ਅਧਿਆਪਕਾਂ ਦੀ ਤਨਖ਼ਾਹ ਅਤੇ ਭਲਾਈ 'ਤੇ ਖਰਚਣਾ ਲਾਜ਼ਮੀ ਕੀਤਾ ਜਾਵੇ। 4. ਸਾਰੇ ਪ੍ਰਾਈਵੇਟ ਅਧਿਆਪਕਾਂ ਲਈ EPF, ESI, ਮੈਡੀਕਲ ਇੰਸ਼ੋਰੈਂਸ ਅਤੇ ਪੈਨਸ਼ਨ ਵਰਗੀਆਂ ਸਹੂਲਤਾਂ ਲਾਜ਼ਮੀ ਹੋਣ। 5. ਪ੍ਰਾਈਵੇਟ ਟੀਚਰ ਵੈੱਲਫੇਅਰ ਬੋਰਡ ਬਣਾਇਆ ਜਾਵੇ, ਜੋ ਅਧਿਆਪਕਾਂ ਦੀਆਂ ਸ਼ਿਕਾਇਤਾਂ ਸੁਣੇ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਕਰੇ। 6. ਕਿਸੇ ਵੀ ਅਧਿਆਪਕ ਨੂੰ ਬਿਨਾਂ ਕਾਰਨ ਨੌਕਰੀ ਤੋਂ ਨਾ ਕੱਢਿਆ ਜਾ ਸਕੇ। ਇਸ ਲਈ ਕਾਨੂੰਨੀ ਪ੍ਰਕਿਰਿਆ ਅਤੇ ਅਪੀਲ ਦਾ ਪ੍ਰਬੰਧ ਹੋਵੇ। 7. ਅਧਿਆਪਕ ਪ੍ਰਤੀਨਿਧਤਾ ਸਿੱਖਿਆ ਨੀਤੀਆਂ ਬਣਾਉਣ ਸਮੇਂ ਪ੍ਰਾਈਵੇਟ ਅਧਿਆਪਕਾਂ ਦੇ ਪ੍ਰਤੀਨਿਧੀਆਂ ਨੂੰ ਵੀ ਸ਼ਾਮਲ ਕੀਤਾ ਜਾਵੇ, ਤਾਂ ਜੋ ਉਨ੍ਹਾਂ ਦੀ ਆਵਾਜ਼ ਸਰਕਾਰ ਤੱਕ ਪਹੁੰਚ ਸਕੇ। ਜਦੋਂ ਅਧਿਆਪਕ ਸੁਰੱਖਿਅਤ ਅਤੇ ਸਨਮਾਨਤ ਹੋਣਗੇ, ਤਦ ਹੀ ਵਿਦਿਆਰਥੀਆਂ ਦਾ ਭਵਿੱਖ ਵੀ ਮਜ਼ਬੂਤ ਹੋਵੇਗਾ।

**# ਸੰਪਰਕ : 94642-22770**

# ਪੂੰਜੀ ਦੇ ਰਾਜ 'ਚ ਮਜ਼ਦੂਰ ਕਿਵੇਂ ਬੇਦਖਲ ਹੋ ਗਿਆ

**ਮੂਲ : ਅਰੁਣ ਕੁਮਾਰ**

**ਅਨੁਵਾਦ : ਐੱਮ ਐੱਸ ਭਾਟੀਆ**

(ਮੌਜੂਦਾ ਦੁਨੀਆ ਵਿੱਚ ਜਦੋਂ ਵੀ ਮਜ਼ਦੂਰਾਂ ਦੀ ਗੱਲ ਹੋਵੇਗੀ, ਸਭ ਤੋਂ ਬੁਨਿਆਦੀ ਅੰਤਰ ਵਿਰੋਧ ਪੂੰਜੀ ਬਨਾਮ ਮਿਹਨਤ ਤੋਂ ਹੀ ਸ਼ੁਰੂ ਹੋਵੇਗੀ। ਪਿਛਲੇ ਸੌ ਸਾਲਾਂ ਵਿੱਚ ਪੂੰਜੀ ਦੀ ਵਧਦੀ ਤਾਕਤ ਨੇ ਕਿਵੇਂ ਮਜ਼ਦੂਰਾਂ ਨੂੰ ਸੰਗਠਿਤ ਹੋਣ ਤੋਂ ਰੋਕਿਆ, ਉਨ੍ਹਾਂ ਨੂੰ ਕਮਜ਼ੋਰ ਕੀਤਾ, ਕਦੇ ਉਨ੍ਹਾਂ ਦੇ ਸੰਗਠਨ ਦਾ ਲਾਭ ਉਠਾਇਆ ਅਤੇ ਕਦੇ ਉਨ੍ਹਾਂ ਨੂੰ ਖਿਲਾਰ ਦਿੱਤਾ—ਇਹ ਸਿਰਫ਼ ਪੂੰਜੀਵਾਦ ਦਾ ਹੀ ਨਹੀਂ, ਸਗੋਂ ਮਜ਼ਦੂਰ ਅੰਦੋਲਨ ਦਾ ਵੀ ਇਤਿਹਾਸ ਹੈ। ਇਸੇ ਇਤਿਹਾਸ ਦੀ ਰੌਸ਼ਨੀ ਵਿੱਚ ਅਤੇ ਭਾਰਤ ਦੇ ਅਸੰਗਠਿਤ ਮਜ਼ਦੂਰਾਂ ਦੇ ਖ਼ਾਸ ਸੰਦਰਭ ਵਿੱਚ ਅੱਜ ਦੀ ਦੁਨੀਆ ਅਤੇ ਭਵਿੱਖ ਦੇ ਖ਼ਤਰਿਆਂ ਬਾਰੇ ਅਰਥ ਸ਼ਾਸਤਰੀ ਪ੍ਰੋ. ਅਰੁਣ ਕੁਮਾਰ ਨੇ 5 ਜੂਨ 2026 ਨੂੰ ਦਿੱਲੀ ਵਿੱਚ ਇੱਕ ਵਿਸਤ੍ਰਿਤ ਭਾਸ਼ਣ ਦਿੱਤਾ। ਇਹ ਭਾਸ਼ਣ ਉਨ੍ਹਾ ਦੇ ਜੇ ਐਨ ਯੂ ਦੇ ਸਹਿਪਾਠੀ ਰਹੇ ਸਿੱਖਿਆ ਸ਼ਾਸਤਰੀ ਅਨਿਲ ਚੌਧਰੀ ਦੀ ਯਾਦ ਵਿੱਚ ਆਯੋਜਿਤ ਕੀਤਾ ਗਿਆ ਸੀ। )

ਦੂਜੇ ਵਿਸ਼ਵ ਯੁੱਧ ਤੋਂ ਬਾਅਦ ਦੇ ਪਿਛਲੇ 75 ਸਾਲਾਂ ਵਿੱਚ ਬਹੁਤ ਕੁਝ ਬਦਲ ਗਿਆ ਹੈ। ਖ਼ਾਸ ਕਰਕੇ ਪਿਛਲੇ ਪੰਜ ਸਾਲਾਂ ਵਿੱਚ ਬਦਲਾਅ ਬਹੁਤ ਤੇਜ਼ੀ ਨਾਲ ਆਇਆ ਹੈ। ਪੂੰਜੀਵਾਦ ਦਾ ਸਰੂਪ ਬੇਹੱਦ ਤੇਜ਼ੀ ਨਾਲ ਬਦਲ ਰਿਹਾ ਹੈ। ਇਸ ਨੂੰ ਸਮਝਣਾ ਦਿਨੋ-ਦਿਨ ਔਖਾ ਹੁੰਦਾ ਜਾ ਰਿਹਾ ਹੈ। ਅਸੀਂ ਅਕਸਰ ਇਸ ਭਰਮ ਵਿੱਚ ਪੈ ਜਾਂਦੇ ਹਾਂ ਕਿ ਅਸਲ ਵਿੱਚ ਹੋ ਕੀ ਰਿਹਾ ਹੈ। ਇਸ ਕਰਕੇ ਇਹ ਰਾਹ ਲੱਭਣਾ ਵੀ ਮੁਸ਼ਕਲ ਹੋ ਜਾਂਦਾ ਹੈ ਕਿ ਇਸ ਸਥਿਤੀ ਦਾ ਸਾਹਮਣਾ ਕਿਵੇਂ ਕੀਤਾ ਜਾਵੇ ਅਤੇ ਅੱਗੇ ਕਿਵੇਂ ਵਧਿਆ ਜਾਵੇ।

ਇਸੇ ਲਈ ਮੈਂ ਸੋਚਿਆ ਕਿ ਗੱਲ ਦੀ ਸ਼ੁਰੂਆਤ ਇੱਥੋਂ ਹੀ ਕਰਾਂ ਕਿ ਪੂੰਜੀਵਾਦ ਦਰਅਸਲ ਪੂੰਜੀ ਅਤੇ ਮਿਹਨਤ ਵਿਚਕਾਰ ਇੱਕ ਸੰਘਰਸ਼ ਹੈ। ਪੂੰਜੀ ਦੀ ਪ੍ਰਵਿਰਤੀ ਅਰਥ ਵਿਵਸਥਾ ਵਿੱਚ ਆਪਣਾ ਹਿੱਸਾ ਲਗਾਤਾਰ ਵਧਾਉਣ ਦੀ ਹੁੰਦੀ ਹੈ। ਪੂੰਜੀ ਦੇ ਸਾਹਮਣੇ ਮਜ਼ਦੂਰ ਬਹੁਤ ਕਮਜ਼ੋਰ ਹੁੰਦਾ ਹੈ। ਇਸ ਲਈ ਉਸ ਲਈ ਸੰਗਠਿਤ ਹੋਣਾ ਲਾਜ਼ਮੀ ਹੈ। ਜੇਕਰ ਉਹ ਸੰਗਠਿਤ ਨਹੀਂ ਹੋਵੇਗਾ ਤਾਂ ਉਹ ਆਪਣੇ ਹੱਕਾਂ ਲਈ ਸੰਘਰਸ਼ ਨਹੀਂ ਕਰ ਸਕੇਗਾ ਅਤੇ ਉਸ ਦੀ ਸਥਿਤੀ ਹੋਰ ਮਾੜੀ ਹੋ ਜਾਵੇਗੀ।

ਭਾਰਤ ਵਿੱਚ 94 ਫ਼ੀਸਦੀ ਲੋਕ ਅਸੰਗਠਿਤ ਖੇਤਰ ਵਿੱਚ ਕੰਮ ਕਰਦੇ ਹਨ, ਜਦਕਿ ਕੇਵਲ 6 ਫ਼ੀਸਦੀ ਲੋਕ ਹੀ ਸੰਗਠਿਤ ਖੇਤਰ ਵਿੱਚ ਰੁਜ਼ਗਾਰ ਪ੍ਰਾਪਤ ਹਨ। ਜਦੋਂ ਮਹਾਂਮਾਰੀ ਦੌਰਾਨ ਲੱਖਾਂ-ਕਰੋੜਾਂ ਲੋਕ ਤਪਦੀ ਗਰਮੀ ਵਿੱਚ ਆਪਣੇ ਬੱਚਿਆਂ ਨੂੰ ਚੁੱਕ ਕੇ, ਸਮਾਨ ਖਿੱਚਦੇ ਹੋਏ ਪੈਦਲ ਆਪਣੇ ਪਿੰਡਾਂ ਵੱਲ ਤੁਰ ਪਏ ਸਨ, ਤਦੋਂ ਸੁਪਰੀਮ ਕੋਰਟ ਨੇ ਸਰਕਾਰ ਨੂੰ ਝਿੜਕਦੇ ਹੋਏ ਕਿਹਾ ਸੀ ਕਿ ਸਰਕਾਰ ਨੂੰ ਇਹ ਤਾਂ ਪਤਾ ਹੋਣਾ ਚਾਹੀਦਾ ਹੈ ਕਿ ਅਸੰਗਠਿਤ ਖੇਤਰ ਵਿੱਚ ਕਿੰਨੇ ਲੋਕ ਕੰਮ ਕਰਦੇ ਹਨ। ਇਸ ਤੋਂ ਬਾਅਦ ਹੀ ਸਰਕਾਰ ਨੇ ਈ-ਸ਼੍ਰਮ ਪੋਰਟਲ ਬਣਾਇਆ।

ਈ-ਸ਼੍ਰਮ ਪੋਰਟਲ ਬਾਰੇ ਪ੍ਰਧਾਨ ਮੰਤਰੀ ਨੇ ਸੰਸਦ ਵਿੱਚ ਦੱਸਿਆ ਕਿ ਇਸ 'ਤੇ ਤੀਹ ਕਰੋੜ ਲੋਕ ਰਜਿਸਟਰਡ ਹਨ, ਪਰ ਜੋ ਮਜ਼ਦੂਰ ਇਸ ਪੋਰਟਲ 'ਤੇ ਰਜਿਸਟਰ ਹੋਏ ਸਨ, ਉਨ੍ਹਾਂ ਕੋਲ ਘੱਟੋ-ਘੱਟ ਕੰਪਿਊਟਰ ਜਾਂ ਡਿਜੀਟਲ ਸਾਧਨਾਂ ਤੱਕ ਕੁਝ ਪਹੁੰਚ ਤਾਂ ਸੀ, ਜਦਕਿ ਜੋ ਅਸਲ ਗਰੀਬ ਮਜ਼ਦੂਰ ਹਨ, ਉਨ੍ਹਾਂ ਕੋਲ ਅਜਿਹੀ ਕੋਈ ਪਹੁੰਚ ਹੀ ਨਹੀਂ ਸੀ। ਉਹ ਮਹੀਨੇ ਦੇ ਦਸ ਹਜ਼ਾਰ ਰੁਪਏ ਤੋਂ ਵੀ ਕਾਫ਼ੀ ਘੱਟ ਕਮਾਈ ਕਰਦੇ ਸਨ ਅਤੇ ਉਨ੍ਹਾਂ ਦੀ ਜ਼ਿੰਦਗੀ ਦੀ ਹਾਲਤ ਬਹੁਤ ਹੀ ਮਾੜੀ ਸੀ।

ਭਾਰਤ ਵਿੱਚ 2002-03 ਤੋਂ ਬਾਅਦ ਅਸੀਂ ਗਰੀਬੀ ਦੀ ਕੋਈ ਅਧਿਕਾਰਤ ਰੇਖਾ ਤੈਅ ਨਹੀਂ ਕੀਤੀ। ਇਸ ਲਈ ਅਸੀਂ ਵਿਸ਼ਵ ਬੈਂਕ ਦੀ ਗਰੀਬੀ ਰੇਖਾ ਦੇ ਆਧਾਰ 'ਤੇ ਹੀ ਚਲਦੇ ਹਾਂ। ਪਹਿਲਾਂ ਇਹ 1.9 ਡਾਲਰ ਪ੍ਰਤੀ ਦਿਨ ਸੀ, ਫਿਰ 2.15 ਡਾਲਰ ਹੋਈ ਅਤੇ ਹੁਣ 3 ਡਾਲਰ ਕਰ ਦਿੱਤੀ ਗਈ ਹੈ। ਇਸ ਮਾਪਦੰਡ ਅਨੁਸਾਰ ਪੰਜ ਮੈਂਬਰਾਂ ਦੇ ਇੱਕ ਪਰਵਾਰ ਨੂੰ ਗੁਜ਼ਾਰਾ ਕਰਨ ਲਈ ਲਗਭਗ 32,000 ਰੁਪਏ ਮਹੀਨਾ ਆਮਦਨ ਦੀ ਲੋੜ ਹੁੰਦੀ ਹੈ, ਜਦਕਿ ਸਾਡੇ ਦੇਸ਼ ਵਿੱਚ ਦਸ ਹਜ਼ਾਰ ਰੁਪਏ ਤੋਂ ਵੀ ਘੱਟ ਕਮਾਈ ਕਰਨ ਵਾਲੇ ਲੋਕਾਂ ਦੀ ਗਿਣਤੀ ਕਾਫ਼ੀ ਵੱਧ ਹੈ। ਜੇਕਰ ਇੱਕ ਪਰਵਾਰ ਵਿੱਚ ਦੋ ਕਮਾਉਣ ਵਾਲੇ ਵੀ ਹੋਣ, ਤਾਂ ਵੀ ਉਨ੍ਹਾਂ ਦੀ ਕੁੱਲ ਆਮਦਨ ਵੀਹ ਹਜ਼ਾਰ ਰੁਪਏ ਤੋਂ ਘੱਟ ਰਹਿੰਦੀ ਹੈ।ਅਰਥਾਤ, ਜੇ ਅਸੀਂ ਵਿਸ਼ਵ ਬੈਂਕ ਵੱਲੋਂ ਨਿਰਧਾਰਤ ਅੰਤਰਰਾਸ਼ਟਰੀ ਗਰੀਬੀ ਰੇਖਾ ਨੂੰ ਮਾਪਦੰਡ ਮੰਨੀਏ, ਤਾਂ ਮੇਰੇ ਵਿਚਾਰ ਵਿੱਚ ਸਾਡੇ ਦੇਸ਼ ਦੇ ਲਗਭਗ 90 ਫ਼ੀਸਦੀ ਲੋਕ ਗਰੀਬੀ ਦੀ ਸ਼੍ਰੇਣੀ ਵਿੱਚ ਆਉਂਦੇ ਹਨ। ਇਹ ਗਰੀਬੀ ਬਹੁਤ ਗੰਭੀਰ ਅਤੇ ਵਿਆਪਕ ਹੈ। ਇਸ ਦਾ ਮੁੱਖ ਕਾਰਨ ਇਹ ਹੈ ਕਿ ਆਮ ਮਜ਼ਦੂਰ ਕੋਲ ਆਪਣੀ ਮਜ਼ਦੂਰੀ ਅਤੇ ਹੱਕ ਹਾਸਲ ਕਰਨ ਦੀ ਕੋਈ ਅਸਲ ਤਾਕਤ ਨਹੀਂ ਹੈ। ਪੂੰਜੀ ਦੀ ਤਾਕਤ ਉਸ ਨੂੰ ਦਬਾਅ ਦਿੰਦੀ ਹੈ ਅਤੇ ਉਸ ਦੀ ਆਵਾਜ਼ ਨੂੰ ਕਮਜ਼ੋਰ ਕਰ ਦਿੰਦੀ ਹੈ।

ਹੁਣ ਇਸ ਬਾਰੇ ਪੂੰਜੀਵਾਦੀ ਅਰਥ ਸ਼ਾਸਤਰੀ ਕਹਿੰਦੇ ਹਨ ਕਿ ਦੇਖੋ, ਮਜ਼ਦੂਰੀ ਦਾ ਹਿੱਸਾ ਤਾਂ ਬਹੁਤ ਜ਼ਿਆਦਾ ਨਹੀਂ ਘਟਿਆ, ਪਰ ਮੈਂ ਆਪਣੇ ਇੱਕ ਲੇਖ ਵਿੱਚ ਇਹ ਗੱਲ ਰੱਖੀ ਸੀ ਕਿ ਪੂੰਜੀਪਤੀ ਦੀ ਕੋਸ਼ਿਸ਼ ਹਮੇਸ਼ਾ ਇਹ ਰਹਿੰਦੀ ਹੈ ਕਿ ਉਹ ਆਪਣੇ ਮੁਨਾਫ਼ੇ ਨੂੰ ਅਸਲ ਤੋਂ ਘੱਟ ਦਿਖਾਏ, ਤਾਂ ਜੋ ਪੂੰਜੀ ਦੇ ਮੁਕਾਬਲੇ ਮਜ਼ਦੂਰੀ ਦਾ ਹਿੱਸਾ ਬਹੁਤ ਘਟਿਆ ਹੋਇਆ ਨਜ਼ਰ ਨਾ ਆਵੇ।

### ਉਹ ਇਹ ਕੰਮ ਕਿਵੇਂ ਕਰਦਾ ਹੈ?

ਪੂੰਜੀਪਤੀ ਆਪਣੇ ਅਸਲ ਮੁਨਾਫ਼ੇ ਦਾ ਇੱਕ ਹਿੱਸਾ ਵੱਖ-ਵੱਖ ਖਾਤਿਆਂ ਅਤੇ ਖਰਚਿਆਂ ਦੇ ਰੂਪ ਵਿੱਚ ਦਰਜ ਕਰ ਦਿੰਦਾ ਹੈ। ਉਹ ਪ੍ਰਬੰਧਕੀ ਖਰਚੇ, ਸਲਾਹਕਾਰ ਫ਼ੀਸਾਂ, ਇਸ਼ਤਿਹਾਰਬਾਜ਼ੀ, ਉੱਚ ਅਧਿਕਾਰੀਆਂ ਦੀਆਂ ਤਨਖ਼ਾਹਾਂ, ਬੋਨਸ, ਭੱਤੇ ਅਤੇ ਹੋਰ ਕਾਰਪੋਰੇਟ ਸੁਵਿਧਾਵਾਂ ਨੂੰ ਖਰਚਿਆਂ ਵਜੋਂ ਦਰਸਾ ਕੇ ਮੁਨਾਫ਼ੇ ਨੂੰ ਘੱਟ ਦਿਖਾਉਂਦਾ ਹੈ। ਇਸ ਤਰ੍ਹਾਂ ਕੰਪਨੀ ਦੇ ਖਾਤਿਆਂ ਵਿੱਚ ਮੁਨਾਫ਼ਾ ਘੱਟ ਅਤੇ ਲਾਗਤ ਵੱਧ ਨਜ਼ਰ ਆਉਂਦੀ ਹੈ।

ਇਸ ਦਾ ਨਤੀਜਾ ਇਹ ਹੁੰਦਾ ਹੈ ਕਿ ਅੰਕੜਿਆਂ ਵਿੱਚ ਅਜਿਹਾ ਲੱਗਦਾ ਹੈ ਕਿ ਮਜ਼ਦੂਰੀ ਦਾ ਹਿੱਸਾ ਏਨਾ ਨਹੀਂ ਘਟਿਆ, ਜਦਕਿ ਹਕੀਕਤ ਵਿੱਚ ਉਤਪਾਦਨ ਤੋਂ ਬਣੀ ਕੁੱਲ ਆਮਦਨ ਦਾ ਵੱਡਾ ਹਿੱਸਾ ਪੂੰਜੀ ਦੇ ਕਬਜ਼ੇ ਵਿੱਚ ਚਲਾ ਜਾਂਦਾ ਹੈ। ਇਸ ਤਰ੍ਹਾਂ ਅੰਕੜਿਆਂ ਅਤੇ ਅਸਲ ਹਕੀਕਤ ਵਿੱਚ ਇੱਕ ਫ਼ਰਕ ਪੈਦਾ ਹੋ ਜਾਂਦਾ ਹੈ, ਜਿਸ ਨਾਲ ਮਜ਼ਦੂਰਾਂ ਦੀ ਵਧਦੀ ਲੁੱਟ ਅਤੇ ਆਮਦਨੀ ਅਸਮਾਨਤਾ ਪੂਰੀ ਤਰ੍ਹਾਂ ਸਾਹਮਣੇ ਨਹੀਂ ਆਉਂਦੀ।

ਕੰਪਨੀਆਂ ਵਿੱਚ ਕਈ ਤਰ੍ਹਾਂ ਦੇ ਖਰਚੇ ਕੀਤੇ ਜਾਂਦੇ ਹਨ, ਜਿਵੇਂ ਕਿ ਪੰਜ-ਤਾਰਾ ਅਤੇ ਸੱਤ-ਤਾਰਾ ਸੰਸਕ੍ਰਿਤੀ ਨਾਲ ਜੁੜੇ ਖਰਚੇ। ਅਜਿਹੇ ਖਰਚਿਆਂ ਨੂੰ ਅਕਸਰ ਇਹ ਕਹਿ ਕੇ ਜਾਇਜ਼ ਠਹਿਰਾਇਆ ਜਾਂਦਾ ਹੈ ਕਿ ਇਹ ਕਾਰੋਬਾਰ ਚਲਾਉਣ ਲਈ ਲਾਜ਼ਮੀ ਹਨ । ਉਦਾਹਰਨ ਵਜੋਂ ਜੇ ਕੋਈ ਪ੍ਰਬੰਧਕ ਯਾਤਰਾ ਕਰਦਾ ਹੈ ਤਾਂ ਉਸ ਨੂੰ ਜ਼ਰੂਰੀ ਯਾਤਰਾ ਖਰਚਾ ਦੱਸਿਆ ਜਾਂਦਾ ਹੈ। ਜੇ ਉਹ ਮਨੋਰੰਜਨ 'ਤੇ ਖਰਚ ਕਰਦਾ ਹੈ ਤਾਂ ਉਸ ਨੂੰ ਲੋੜੀਂਦਾ ਮਨੋਰੰਜਨ ਖਰਚਾ ਕਿਹਾ ਜਾਂਦਾ ਹੈ। ਇਸ ਤਰ੍ਹਾਂ ਕਈ ਅਜਿਹੇ ਖਰਚੇ ਜੋੜ ਦਿੱਤੇ ਜਾਂਦੇ ਹਨ, ਜਿਨ੍ਹਾਂ ਨੂੰ ਸਮਾਜਿਕ ਫਜ਼ੂਲ-ਖਰਚੀ ਕਿਹਾ ਜਾ ਸਕਦਾ ਹੈ।ਇਹ ਸਮਾਜਿਕ ਫਜ਼ੂਲ-ਖਰਚੀ ਅਜਿਹਾ ਖਰਚਾ ਹੁੰਦਾ ਹੈ, ਜਿਸ ਨਾਲ ਆਮ ਲੋਕਾਂ ਦੀ ਭਲਾਈ ਵਿੱਚ ਕੋਈ ਅਸਲ ਵਾਧਾ ਨਹੀਂ ਹੁੰਦਾ, ਪਰ ਇਸ ਦੇ ਕਾਰਨ ਕੰਪਨੀ ਦਾ ਮੁਨਾਫ਼ਾ ਘੱਟ ਦਿਖਾਈ ਦੇਣ ਲੱਗਦਾ ਹੈ। ਇੱਕ ਅਰਥ ਵਿੱਚ ਇਹ ਅੰਕੜਿਆਂ ਨੂੰ ਪੇਸ਼ ਕਰਨ ਦਾ ਅਜਿਹਾ ਢੰਗ ਹੈ, ਜਿਸ ਰਾਹੀਂ ਇਹ ਪ੍ਰਭਾਵ ਬਣਾਇਆ ਜਾਂਦਾ ਹੈ ਕਿ ਪੂੰਜੀ ਦਾ ਹਿੱਸਾ ਮੁਕਾਬਲਤਨ ਘੱਟ ਹੈ ਅਤੇ ਮਜ਼ਦੂਰੀ ਦਾ ਹਿੱਸਾ ਬਹੁਤ ਜ਼ਿਆਦਾ ਨਹੀਂ ਘਟਿਆ, ਜਦਕਿ ਹਕੀਕਤ ਇਸ ਤੋਂ ਵੱਖਰੀ ਹੋ ਸਕਦੀ ਹੈ।ਇਸੇ ਸੰਦਰਭ ਵਿੱਚ ਅਸੀਂ ਇੱਕ ਕਿਤਾਬ ਪੜ੍ਹੀ ਸੀ, ਜਿਸ ਵਿੱਚ 1980 ਦੇ ਦਹਾਕੇ ਦੀ ਅਮਰੀਕੀ ਅਰਥ ਵਿਵਸਥਾ ਦਾ ਵਿਸ਼ਲੇਸ਼ਣ ਕੀਤਾ ਗਿਆ ਸੀ। ਉਸ ਵਿੱਚ ਇਹ ਦਲੀਲ ਦਿੱਤੀ ਗਈ ਸੀ ਕਿ ਅਮਰੀਕਾ ਦੀ ਅਰਥ ਵਿਵਸਥਾ ਵਿੱਚ ਲਗਭਗ 50 ਫ਼ੀਸਦੀ ਉਤਪਾਦਨ ਸਮਾਜਿਕ ਨਜ਼ਰੀਏ ਤੋਂ ਫ਼ਜ਼ੂਲ ਜਾਂ ਅਣਉਪਯੋਗੀ ਹੈ। ਅਰਥਾਤ, ਜੇ ਕੁੱਲ ਉਤਪਾਦਨ ਅੱਧਾ ਵੀ ਰਹਿ ਜਾਵੇ ਤਾਂ ਵੀ ਲੋਕਾਂ ਦੀ ਅਸਲ ਭਲਾਈ ਵਿੱਚ ਕੋਈ ਖ਼ਾਸ ਕਮੀ ਨਹੀਂ ਆਵੇਗੀ। ਇਸ ਦਾ ਮਤਲਬ ਹੈ ਕਿ ਅਰਥ ਵਿਵਸਥਾ ਵਿੱਚ ਫਜ਼ੂਲ-ਖਰਚੀ ਦਾ ਪੱਧਰ ਬਹੁਤ ਉੱਚਾ ਹੈ।

ਜਦੋਂ ਅਸੀਂ 2006-07 ਦੇ ਆਰਥਿਕ ਸਰਵੇਖਣ ਲਈ ਅਧਿਐਨ ਕੀਤਾ, ਤਾਂ ਮੈਂ ਇਹ ਅੰਦਾਜ਼ਾ ਲਗਾਉਣ ਦੀ ਕੋਸ਼ਿਸ਼ ਕੀਤੀ ਕਿ ਭਾਰਤ ਵਿੱਚ ਇਸ ਕਿਸਮ ਦਾ ਫਜ਼ੂਲ-ਖਰਚੀ ਕਿੰਨੀ ਹੈ। ਮੇਰੇ ਮੁਲਾਂਕਣ ਅਨੁਸਾਰ, ਉਸ ਸਮੇਂ ਭਾਰਤ ਵਿੱਚ ਲਗਭਗ 25 ਫ਼ੀਸਦੀ ਉਤਪਾਦਨ ਅਜਿਹਾ ਸੀ, ਜਿਸ ਨੂੰ ਸਮਾਜਿਕ ਅਰਥਾਂ ਵਿੱਚ ਫ਼ਜ਼ੂਲ ਕਿਹਾ ਜਾ ਸਕਦਾ ਹੈ। ਭਾਵ, ਜੇ ਇਹ 25 ਫ਼ੀਸਦੀ ਉਤਪਾਦਨ ਘੱਟ ਵੀ ਹੋ ਜਾਂਦਾ ਹੈ ਤਾਂ ਵਾਤਾਵਰਨ ਉੱਤੇ ਇਸ ਦਾ ਸਕਾਰਾਤਮਕ ਅਸਰ ਪੈਂਦਾ, ਸਿਹਤ ਸੰਬੰਧੀ ਹਾਲਤਾਂ ਵਿੱਚ ਸੁਧਾਰ ਹੁੰਦਾ ਅਤੇ ਮਜ਼ਦੂਰਾਂ ਦੀ ਅਸਲ ਭਲਾਈ ਵਿੱਚ ਵਾਧਾ ਹੋ ਸਕਦਾ ਸੀ।

ਇਸ ਦਾ ਅਰਥ ਇਹ ਹੈ ਕਿ ਉਸ ਵੇਲੇ ਵੀ ਅਰਥ ਵਿਵਸਥਾ ਦਾ ਇੱਕ ਵੱਡਾ ਹਿੱਸਾ ਅਜਿਹੇ ਉਤਪਾਦਨ ਵਿੱਚ ਲੱਗਿਆ ਹੋਇਆ ਸੀ, ਜੋ ਸਮਾਜ ਦੇ ਵਿਆਪਕ ਹਿੱਤਾਂ ਵਿੱਚ ਬਹੁਤ ਘੱਟ ਯੋਗਦਾਨ ਪਾਉਂਦਾ ਸੀ। ਇਸ ਤੋਂ ਬਾਅਦ ਜਿਸ ਤਰ੍ਹਾਂ ਖਪਤ ਦੀ ਸੰਸਕ੍ਰਿਤੀ ਵਿੱਚ ਤਬਦੀਲੀ ਆਈ, ਦਿਖਾਵਟੀ ਖਰਚਿਆਂ ਅਤੇ ਸਰੋਤਾਂ ਦੇ ਫਜ਼ੂਲ-ਖਰਚੀ ਵਿੱਚ ਵਾਧਾ ਹੋਇਆ, ਉਸ ਨੂੰ ਦੇਖਦੇ ਹੋਏ ਮੇਰਾ ਮੰਨਣਾ ਹੈ ਕਿ ਸਮਾਜਿਕ ਫਜ਼ੂਲ-ਖਰਚੀ ਹੋਰ ਵੀ ਵਧ ਗਈ ਹੈ।

ਅੱਜ ਅਰਥ ਵਿਵਸਥਾ ਦਾ ਇੱਕ ਵੱਡਾ ਹਿੱਸਾ ਅਜਿਹੇ ਉਤਪਾਦਨ ਅਤੇ ਖਪਤ ਵਿੱਚ ਲੱਗ ਰਿਹਾ ਹੈ, ਜੋ ਸਮਾਜ ਦੀਆਂ ਅਸਲ ਲੋੜਾਂ ਅਤੇ ਲੋਕਾਂ ਦੀ ਭਲਾਈ ਨਾਲੋਂ ਵੱਧ ਮੁਨਾਫ਼ਾ ਕਮਾਉਣ ਅਤੇ ਖਪਤ ਨੂੰ ਲਗਾਤਾਰ ਵਧਾਉਣ ਉੱਤੇ ਕੇਂਦ੍ਰਿਤ ਹੈ। ਨਤੀਜੇ ਵਜੋਂ, ਕੁਦਰਤੀ ਸਰੋਤਾਂ ਦੀ ਬੇਹਿਸਾਬ ਵਰਤੋਂ, ਵਾਤਾਵਰਨੀ ਨੁਕਸਾਨ ਅਤੇ ਸਮਾਜਿਕ ਅਸਮਾਨਤਾਵਾਂ ਵਿੱਚ ਵਾਧਾ ਹੋ ਰਿਹਾ ਹੈ, ਜਦਕਿ ਆਮ ਲੋਕਾਂ ਦੀ ਜ਼ਿੰਦਗੀ ਦੀ ਗੁਣਵੱਤਾ ਵਿੱਚ ਉਸ ਅਨੁਪਾਤ ਵਿੱਚ ਸੁਧਾਰ ਨਹੀਂ ਆ ਰਿਹਾ।

ਮੈਂ ਕਈ ਸਾਲ ਪਹਿਲਾਂ ਇੱਕ ਲੇਖ ਪੜ੍ਹਿਆ ਸੀ। ਉਸ ਵਿੱਚ ਕਿਹਾ ਗਿਆ ਸੀ ਕਿ ਉਸ ਸਮੇਂ ਦੀ ਤਕਨਾਲੋਜੀ ਦੇ ਆਧਾਰ 'ਤੇ ਸਿਰਫ਼ ਦੋ ਫ਼ੀਸਦੀ ਲੋਕ ਹੀ ਏਨਾ ਉਤਪਾਦਨ ਕਰ ਸਕਦੇ ਹਨ, ਜਿੰਨਾ ਪੂਰੀ ਅਰਥ ਵਿਵਸਥਾ ਵਿੱਚ ਹੋ ਰਿਹਾ ਹੈ। ਅਰਥਾਤ 98 ਫ਼ੀਸਦੀ ਲੋਕਾਂ ਨੂੰ ਉਤਪਾਦਨ ਦੇ ਕੰਮ ਵਿੱਚ ਲੱਗਣ ਦੀ ਲੋੜ ਹੀ ਨਹੀਂ ਪਵੇਗੀ, ਇਹ ਸਾਰਾ ਕੰਮ ਕੇਵਲ ਦੋ ਫ਼ੀਸਦੀ ਲੋਕ ਕਰ ਸਕਦੇ ਹਨ। ਮੈਂ ਲਗਭਗ ਵੀਹ ਸਾਲ ਪਹਿਲਾਂ ਦੀ ਗੱਲ ਕਰ ਰਿਹਾ ਹਾਂ।

ਇਸ ਦਾ ਭਾਵ ਇਹ ਹੈ ਕਿ ਸਾਡੇ ਸਮਾਜ ਵਿੱਚ ਜੋ ਵੱਡੇ ਪੱਧਰ ਦੀ ਫਜ਼ੂਲ-ਖਰਚੀ ਮੌਜੂਦ ਹੈ, ਉਹ ਆਮ ਲੋਕਾਂ ਦੀ ਭਲਾਈ ਵਿੱਚ ਕੋਈ ਅਸਲ ਵਾਧਾ ਨਹੀਂ ਕਰਦੀ। ਉਸ ਨਾਲ ਭਾਵੇਂ ਜੀ ਡੀ ਪੀ ਵਧ ਜਾਂਦੀ ਹੈ, ਪਰ ਸਮਾਜਿਕ ਭਲਾਈ ਵਿੱਚ ਉਸ ਅਨੁਪਾਤ ਵਿੱਚ ਵਾਧਾ ਨਹੀਂ ਹੁੰਦਾ। ਅਰਥ ਵਿਵਸਥਾ ਦੀ ਵਿਕਾਸ ਦਰ ਅਤੇ ਲੋਕਾਂ ਦੀ ਅਸਲ ਜ਼ਿੰਦਗੀ ਦੀ ਗੁਣਵੱਤਾ ਦੋ ਵੱਖ-ਵੱਖ ਗੱਲਾਂ ਹਨ, ਜਿਨ੍ਹਾਂ ਨੂੰ ਅਕਸਰ ਇੱਕੋ ਜਿਹਾ ਮੰਨ ਲਿਆ ਜਾਂਦਾ ਹੈ।

ਇਹ ਫਜ਼ੂਲ-ਖਰਚੀ ਸਿਰਫ਼ ਕਾਰਪੋਰੇਟ ਖੇਤਰ ਤੱਕ ਸੀਮਿਤ ਨਹੀਂ ਹੈ। ਇਹ ਸਰਕਾਰੀ ਪ੍ਰਣਾਲੀਆਂ ਵਿੱਚ ਵੀ ਮੌਜੂਦ ਹੈ, ਵਾਤਾਵਰਨ ਦੇ ਨੁਕਸਾਨ ਦੇ ਰੂਪ ਵਿੱਚ ਵੀ ਹੈ, ਸਿਹਤ ਖੇਤਰ ਦੀਆਂ ਅਸਮਰਥਤਾਵਾਂ ਵਿੱਚ ਵੀ ਦਿਖਾਈ ਦਿੰਦੀ ਹੈ ਅਤੇ ਹੋਰ ਕਈ ਖੇਤਰਾਂ ਵਿੱਚ ਵੀ ਫੈਲੀ ਹੋਈ ਹੈ। ਜੇ ਅਸੀਂ ਇਸ ਸਾਰੇ ਸਮਾਜਿਕ ਅਤੇ ਆਰਥਿਕ ਫਜ਼ੂਲ-ਖਰਚੀ ਨੂੰ ਅਸਲ ਉਤਪਾਦਨ ਤੋਂ ਵੱਖ ਕਰ ਕੇ ਦੇਖੀਏ, ਤਾਂ ਹੀ ਸਾਨੂੰ ਇਹ ਸਪੱਸ਼ਟ ਤੌਰ 'ਤੇ ਸਮਝ ਆ ਸਕੇਗੀ ਕਿ ਮਜ਼ਦੂਰੀ ਦਾ ਹਿੱਸਾ ਅਤੇ ਮੁਨਾਫ਼ੇ ਦਾ ਹਿੱਸਾ ਅਸਲ ਵਿੱਚ ਕਿਹੜੇ ਅਨੁਪਾਤ ਵਿੱਚ ਹਨ।

ਨਹੀਂ ਤਾਂ ਅਸੀਂ ਅੰਕੜਿਆਂ ਦੇ ਭਰਮ ਵਿੱਚ ਫਸੇ ਰਹਾਂਗੇ। ਸਾਨੂੰ ਲੱਗੇਗਾ ਕਿ ਅਰਥ ਵਿਵਸਥਾ ਤੇਜ਼ੀ ਨਾਲ ਵਧ ਰਹੀ ਹੈ ਅਤੇ ਸਭ ਨੂੰ ਇਸ ਦਾ ਲਾਭ ਮਿਲ ਰਿਹਾ ਹੈ, ਜਦਕਿ ਹਕੀਕਤ ਵਿੱਚ ਉਤਪਾਦਨ ਦਾ ਵੱਡਾ ਹਿੱਸਾ ਸਮਾਜ ਦੀਆਂ ਅਸਲ ਲੋੜਾਂ ਪੂਰੀਆਂ ਕਰਨ ਦੀ ਬਜਾਏ ਫਜ਼ੂਲ ਖਰਚੀ, ਦਿਖਾਵਟੀ ਖਪਤ ਅਤੇ ਮੁਨਾਫ਼ੇ ਦੇ ਵਾਧੇ ਲਈ ਵਰਤਿਆ ਜਾ ਰਿਹਾ ਹੋ ਸਕਦਾ ਹੈ। ਇਸ ਲਈ ਮਜ਼ਦੂਰਾਂ ਦੀ ਹਾਲਤ, ਆਮਦਨ ਦੀ ਵੰਡ ਅਤੇ ਸਮਾਜਿਕ ਭਲਾਈ ਦਾ ਮੁਲਾਂਕਣ ਕੇਵਲ ਜੀ ਡੀ ਪੀ ਦੇ ਆਧਾਰ 'ਤੇ ਨਹੀਂ, ਸਗੋਂ ਉਤਪਾਦਨ ਦੀ ਸਮਾਜਿਕ ਉਪਯੋਗਤਾ ਦੇ ਆਧਾਰ 'ਤੇ ਵੀ ਕੀਤਾ ਜਾਣਾ ਚਾਹੀਦਾ ਹੈ।

**(ਅਰੁਣ ਕੁਮਾਰ ਜੇ ਐਨ ਯੂ ਵਿੱਚ ਅਰਥ ਸ਼ਾਸਤਰ ਦੇ ਸੇਵਾਮੁਕਤ ਪ੍ਰੋਫੈਸਰ ਹਨ । ਉਹ 'ਇੰਡੀਅਨ ਇਕਾਨਮੀਜ਼ ਗ੍ਰੇਟੈਸਟ ਕ੍ਰਾਈਸਿਸ: ਇੰਪੈਕਟ ਆਫ਼ ਦ ਕੋਰੋਨਾ ਵਾਇਰਸ ਐਂਡ ਦ ਰੋਡ ਅਹੈੱਡ' 2020 ਦੇ ਲੇਖਕ ਹਨ।)**

**# ਸੰਪਰਕ : 99884-91002**

# ਕਤਲ, ਇਰਾਦਾ ਕਤਲ, ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ 5 ਮੈਂਬਰ ਕਾਬੂ

## 4 ਪਿਸਤੌਲ, ਇੱਕ ਰਾਈਫਲ, 9 ਰੌਂਦ, ਖਪਰਾ, 4 ਪਾਈਪ ਲੋਹਾ ਬ੍ਰਾਮਦ

**ਸੰਗਰੂਰ (ਪ੍ਰਵੀਨ ਸਿੰਘ)**

ਡਾ. ਰਵਜੋਤ ਗਰੇਵਾਲ ਐੱਸ.ਐੱਸ.ਪੀ. ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਲੌਂਗੋਵਾਲ ਦੇ ਏਰੀਆ ਵਿੱਚੋਂ ਕਤਲ, ਇਰਾਦਾ ਕਤਲ ਤੇ ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰਕੇ 5 ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 02 ਪਿਸਤੌਲ 32 ਬੋਰ ਦੇਸੀ ਸਮੇਤ 04 ਜਿੰਦਾ ਰੌਂਦ, 01 ਪਿਸਤੌਲ 315 ਬੋਰ ਦੇਸੀ ਸਮੇਤ 02 ਜਿੰਦਾ ਰੌਂਦ, 01 ਪਿਸਤੌਲ 30 ਬੋਰ ਦੇਸੀ, 01 ਰਾਇਫਲ 12 ਬੋਰ ਸਮੇਤ 03 ਰੌਂਦ, 01 ਖਪਰਾ ਤੇ 04 ਪਾਇਪ ਲੋਹਾ ਬ੍ਰਾਮਦ ਕਰਵਾਏ ਗਏ।ਡਾ. ਰਵਜੋਤ ਗਰੇਵਾਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਦਵਿੰਦਰ ਅੱਤਰੀ ਕਪਤਾਨ ਪੁਲਸ (ਇਨਵੈਸਟੀਗੇਸ਼ਨ) ਸੰਗਰੂਰ ਦੀ ਨਿਗਰਾਨੀ ਹੇਠ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ ਸੰਗਰੂਰ ਦੀ ਟੀਮ ਨੂੰ ਉਸ ਸਮੇਂ ਸਫਲਤਾ ਮਿਲੀ, ਜਦੋਂ 23 ਜੂਨ 2026 ਨੂੰ ਮੁਖਬਰ ਖਾਸ ਦੀ ਇਤਲਾਹ ਮਿਲੀ ਕਿ ਕੁਲਜੀਤ ਸਿੰਘ ਉਰਫ ਟੁੱਲੂ ਪੁੱਤਰ ਸਤਨਾਮ ਸਿੰਘ ਵਾਸੀ ਨੇੜੇ ਬਾਲਮੀਕ ਮੰਦਿਰ ਮੰਗਵਾਲ, ਮਨਜਿੰਦਰ ਸਿੰਘ ਉਰਫ ਮਨੀ ਪੁੱਤਰਬਿੱਕਰ ਸਿੰਘ ਵਾਸੀ ਉੱਭਾਵਾਲ, ਹਰਪ੍ਰੀਤ ਸਿੰਘ ਉਰਫ ਅਨਮੋਲ ਪੁੱਤਰ ਜਗਤਾਰ ਸਿੰਘ ਵਾਸੀ ਸ਼ਹਾਰੀਆ ਪੱਤੀ ਧਨੌਲਾ ਜ਼ਿਲ੍ਹਾ ਬਰਨਾਲਾ, ਸਾਹਿਲ ਉਰਫ ਨੇਪਾਲੀ ਪੁੱਤਰ ਮਨੋਹਰ ਲਾਲ ਵਾਸੀ ਸਹਾਰੀਆ ਪੱਤੀ ਧਨੌਲਾ ਜ਼ਿਲ੍ਹਾ ਬਰਨਾਲਾ, ਪ੍ਰਭਜੋਤ ਸਿੰਘ ਉਰਫ ਪ੍ਰਭ ਪੁੱਤਰ ਸਿਕੰਦਰ ਸਿੰਘ ਵਾਸੀ ਹਰੇੜੀ ਭੱਠਲ ਕਲੋਨੀ ਕਰਤਾਰਪੁਰ ਬਸਤੀ ਸੰਗਰੂਰ, ਜੋ ਲੜਾਈ ਝਗੜਾ, ਲੁੱਟਾਂ-ਖੋਹਾਂ ਤੇ ਚੋਰੀਆਂ ਕਰਨ ਦੀ ਯੋਜਨਾ ਬਣਾ ਰਹੇ ਹਨ, ਜਿਨ੍ਹਾਂ ਪਾਸ ਨਜਾਇਜ਼ ਅਸਲਾ ਤੇ ਮਾਰੂ ਹਥਿਆਰ ਹਨ।ਮੁਖਬਰ ਖਾਸ ਦੀ ਇਤਲਾਹ ਮਿਲਣ 'ਤੇ ਮੁਕੱਦਮਾ ਨੰਬਰ 103 ਮਿਤੀ 23.06.2026 ਅ/ਧ310(4), 310(5) ਬੀ.ਐੱਨ.ਐੱਸ. ਅਤੇ 25/54/59 ਆਰਮਜ਼ ਐਕਟ ਥਾਣਾ ਲੌਂਗੋਵਾਲ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਦੌਰਾਨੇ ਤਫਤੀਸ਼ ਰੇਡ ਕਰਕੇ ਪੁੱਲ ਡਰੇਨ ਦੀ ਪਟੜੀ ਬਾਹੱਦ ਪਿੰਡ ਬਡਰੁੱਖਾਂ ਬੇਅਬਾਦ ਜਗ੍ਹਾ 'ਤੇ ਬੈਠੇ ਕੁਲਜੀਤ ਸਿੰਘ ਉਰਫ ਟੁੱਲੂ, ਮਨਜਿੰਦਰ ਸਿੰਘ ਉਰਫ ਮਨੀ, ਹਰਪ੍ਰੀਤ ਸਿੰਘ ਉਰਫ ਅਨਮੋਲ, ਸਾਹਿਲ ਉਰਫ ਨੇਪਾਲੀ, ਪ੍ਰਭਜੋਤ ਸਿੰਘ ਉਰਫ ਪ੍ਰਭ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 02 ਪਿਸਤੌਲ 32 ਬੋਰ ਦੇਸੀ ਸਮੇਤ 04 ਜਿੰਦਾ ਰੌਂਦ, 01 ਪਿਸਤੌਲ 315 ਬੋਰ ਦੇਸੀ ਸਮੇਤ 02 ਜਿੰਦਾ ਰੌਂਦ, 01 ਪਿਸਤੌਲ 30 ਬੋਰ ਦੇਸੀ, 01 ਰਾਇਫਲ 12 ਬੋਰ ਸਮੇਤ 03 ਰੌਂਦ, 01 ਖਪਰਾ ਤੇ 04 ਪਾਇਪ ਲੋਹਾ ਬ੍ਰਾਮਦ ਕਰਵਾਏ ਗਏ।ਦੋਸ਼ੀਆਂ ਦਾ ਰਿਮਾਂਡ ਹਾਸਲ ਕਰਕੇ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ?ਪੁੱਛ-ਗਿੱਛ ਦੌਰਾਨ ਦੋਸ਼ੀਆਂ ਦਾ ਸਾਬਕਾ ਰਿਕਾਰਡ ਚੈੱਕ ਕਰਨ 'ਤੇ ਪਤਾ ਲੱਗਾ ਕਿ ਦੋਸ਼ੀ ਕੁਲਜੀਤ ਸਿੰਘ ਉਰਫ ਟੁੱਲੂ, ਮਨਜਿੰਦਰ ਸਿੰਘ ਉਰਫ ਮਨੀ, ਹਰਪ੍ਰੀਤ ਸਿੰਘ ਉਰਫ ਅਨਮੋਲ ਅਤੇ ਸਾਹਿਲ ਉਰਫ ਨੇਪਾਲੀ, ਕਤਲ ਤੇ ਇਰਾਦਾ ਕਤਲ ਦੇ ਸੰਗੀਨ ਜੁਰਮਾਂ ਵਿੱਚ ਜ਼ਿਲ੍ਹਾ ਸੰਗਰੂਰ, ਮਾਨਸਾ, ਪਟਿਆਲਾ ਤੇ ਬਰਨਾਲਾ ਵਿਖੇ ਲੋੜੀਂਦੇ ਸਨ।

# ਅਮਰੀਕਾ ਵਿਖੇ ਸੜਕ ਹਾਦਸੇ 'ਚ ਹੇਡੋਂ ਦੇ ਨੌਜਵਾਨ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੀਤੇ ਦਿਨੀਂ ਅਮਰੀਕਾ ਵਿਖੇ ਵਾਪਰੇ ਸੜਕ ਹਾਦਸੇ ਦੌਰਾਨ ਨੇੜਲੇ ਪਿੰਡ ਹੇਡੋਂ ਬੇਟ ਦੇ ਰਹਿਣ ਵਾਲੇ ਮਾਪਿਆਂ ਦੇ ਇਕਲੌਤੇ ਪੁੱਤਰ ਸੇਖ਼ਪ੍ਰੀਤ ਸਿੰਘ ਉਰਫ਼ ਸੇਖੀ (27) ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਸੇਖ਼ਪ੍ਰੀਤ ਸਿੰਘ ਉਰਫ਼ ਸੇਖੀ ਰੋਜ਼ਗਾਰ ਲਈ ਕਰੀਬ 3 ਸਾਲ ਪਹਿਲਾਂ ਅਮਰੀਕਾ ਵਿਖੇ ਗਿਆ ਸੀ, ਜਿੱਥੇ ਉਹ ਟਰਾਲਾ ਚਲਾਉਣ ਦਾ ਕੰਮ ਕਰਦਾ ਸੀ। ਬੀਤੇ ਦਿਨੀਂ ਉਹ ਅਮਰੀਕਾ ਦੇ ਉੱਤਰੀ ਫਿਲਾਡੈਲਫੀਆ ਵਿਖੇ ਆਪਣਾ ਟਰਾਲਾ ਖੜ੍ਹਾ ਕਰਕੇ ਕੁਝ ਹੀ ਦੂਰੀ 'ਤੇ ਸਥਿਤ ਆਪਣੇ ਘਰ ਵੱਲ ਕਾਰ ਵਿੱਚ ਸਵਾਰ ਹੋ ਕੇ ਜਾ ਰਿਹਾ ਸੀ, ਇਸ ਦੌਰਾਨ 21ਵੀਂ ਸਟਰੀਟ ਤੇ ਸੈਸਲ ਦੇ ਚੌਰਾਹੇ ਨੇੜੇ ਉਸ ਦੀ ਕਾਰ ਹਾਦਸਾਗ੍ਰਸਤ ਹੋ ਗਈ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸੇਖਪ੍ਰੀਤ ਸਿੰਘ ਸੇਖੀ ਨੇ ਕੁਝ ਸਮਾਂ ਪਹਿਲਾਂ ਹੀ ਨਵੀਂ ਰੂਬੀਕੋਨ ਕਾਰ ਖਰੀਦੀ ਸੀ। ਮ੍ਰਿਤਕ ਸੇਖ਼ਪ੍ਰੀਤ ਸਿੰਘ ਸੇਖੀ ਮਾਪਿਆਂ ਦਾ ਇਕਲੌਤਾ ਪੁੱਤਰ ਸੀ, ਜਿਸ ਦੀ ਮੌਤ ਨਾਲ ਪਿੰਡ ਹੇਡੋਂ ਬੇਟ ਤੇ ਇਲਾਕੇ ਵਿੱਚ ਵਿਖੇ ਸੋਗ ਦੀ ਲਹਿਰ ਪਾਈ ਜਾ ਰਹੀ ਹੈ।

## ਬੱਲੋ ਦੇ ਸੂਏ 'ਚੋਂ ਅਣਪਛਾਤੀ ਔਰਤ ਦੀ ਲਾਸ਼ ਮਿਲੀ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਬੱਲੋ ਦੇ ਸੂਏ ਵਿੱਚੋਂ ਅਣਪਛਾਤੀ ਔਰਤ ਦੀ ਲਾਸ਼ ਮਿਲੀ।ਘਟਨਾ ਸਥਾਨ 'ਤੇ ਥਾਣਾ ਸਦਰ ਰਾਮਪੁਰਾ, ਚੌਕੀ ਚਾਉਕੇ ਦੀ ਪੁਲਸ ਪਾਰਟੀ ਸਮੇਤ ਪਹੁੰਚਣ ਦਾ ਸਮਾਚਾਰ ਪ੍ਰਾਪਤ ਹੋਇਆ।ਗੱਲਬਾਤ ਕਰਦਿਆਂ ਸਹਾਰਾ ਸਮਾਜ ਸੇਵਾ ਪੰਜਾਬ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਸਾਨੂੰ ਥਾਣਾ ਸਦਰ ਰਾਮਪੁਰਾ ਵੱਲੋਂ ਇਤਲਾਹ ਮਿਲੀ ਕਿ ਪਿੰਡ ਬੱਲੋ ਸ਼ਮਸ਼ਾਨ ਘਾਟ ਦੇ ਨਜ਼ਦੀਕ ਲੰਘ ਰਹੇ ਸੂਏ ਵਿੱਚ ਇੱਕ ਅਣਪਛਾਤੀ ਔਰਤ ਦੀ ਲਾਸ਼ ਫਸੀ ਪਈ ਹੈ।ਉਨ੍ਹਾਂ ਕਿਹਾ ਕਿ ਇਹ ਹਰੀਗੜ੍ਹ ਨਹਿਰਾਂ ਤੋਂ ਸੂਆ ਆ ਰਿਹਾ ਹੈ।ਘਟਨਾ ਸਥਾਨ 'ਤੇ ਸਹਾਰਾ ਵਰਕਰ ਸੁਖਦੇਵ ਸਿੰਘ, ਜਗਤਾਰ ਸਿੰਘ, ਜੀਵਨ ਸਿੰਘ, ਪ੍ਰਦੀਪ ਸ਼ਰਮਾ ਸੰਸਥਾ ਦੀ ਐਂਬੂਲੈਂਸ ਲੈ ਕੇ ਪਹੁੰਚੇ।ਲਾਸ਼ ਨੂੰ ਪੁਲਸ ਦੀ ਮੌਜੂਦਗੀ ਵਿੱਚ ਸੂਏ ਵਿੱਚੋਂ ਬਾਹਰ ਕੱਢਿਆ ਗਿਆ।ਲਾਸ਼ ਕੋਲੋਂ ਕੋਈ ਵੀ ਪਹਿਚਾਣ ਪੱਤਰ ਨਹੀਂ ਮਿਲਿਆ। ਲਾਸ਼ 1-2 ਦਿਨ ਪੁਰਾਣੀ ਜਾਪ ਰਹੀ ਸੀ, ਕੱਦ 5 ਫੁੱਟ 4 ਇੰਚ, ਉਮਰ ਕਰੀਬ 45/50 ਸਾਲ, ਦੋਨੋਂ ਹੱਥ ਵਿੱਚ ਲੋਹੇ ਦੇ ਕੜੇ ਪਹਿਨੇ ਹੋਏ ਨੇ, ਉਸ ਦੇ ਫਿੱਕੇ ਮਹਿਰੂਨ ਵਿੱਚ ਚਿੱਟੇ ਫੁੱਲ ਵਾਲੀ ਸਲਵਾਰ ਕਮੀਜ਼ ਪਹਿਨਿਆ ਹੋਇਆ ਹੈ।ਲਾਸ਼ ਨੂੰ ਪੁਲਸ ਦੀ ਮੌਜੂਦਗੀ ਵਿੱਚ ਸ਼ਨਾਖਤ ਲਈ 72 ਘੰਟਿਆਂ ਵਾਸਤੇ ਸਹਾਰਾ ਦੀ ਟੀਮ ਵੱਲੋਂ ਸਿਵਲ ਹਸਪਤਾਲ ਰਾਮਪੁਰਾ ਦੀ ਮੋਰਚਰੀ ਵਿੱਚ ਰੱਖਿਆ ਗਿਆ ਹੈ।

# ਸਿਹਤ ਕਾਮਿਆਂ ਦੀ ਹੜਤਾਲ ਪੰਜਵੇਂ ਦਿਨ ਵੀ ਜਾਰੀ, ਸਿਹਤ ਸੇਵਾਵਾਂ ਪ੍ਰਭਾਵਿਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**

ਨੈਸ਼ਨਲ ਹੈਲਥ ਮਿਸ਼ਨ (ਐੱਨ.ਐੱਚ.ਐੱਮ) ਅਧੀਨ ਕੰਮ ਕਰ ਰਹੇ ਕਮਿਊਨਿਟੀ ਹੈਲਥ ਅਫ਼ਸਰਾਂ (ਸੀ.ਐੱਚ.ਓ) ਤੇ ਹੋਰ ਐੱਨ.ਐੱਚ.ਐੱਮ. ਮੁਲਾਜ਼ਮਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਸ਼ੁਰੂ ਕੀਤੀ ਗਈ ਸੂਬਾ ਪੱਧਰੀ ਹੜਤਾਲ ਪੰਜਵੇਂ ਦਿਨ ਵੀ ਜਾਰੀ ਰਹੀ। ਪਿਛਲੇ ਪੰਜ ਦਿਨਾਂ ਤੋਂ ਸਿਹਤ ਕਰਮਚਾਰੀ ਲਗਾਤਾਰ ਸੰਘਰਸ਼ ਕਰ ਰਹੇ ਹਨ, ਪ੍ਰੰਤੂ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਅਜੇ ਤੱਕ ਨਾ ਕੋਈ ਸਾਰ ਲਈ ਗਈ ਹੈ ਅਤੇ ਨਾ ਹੀ ਕਿਸੇ ਤਰ੍ਹਾਂ ਦੀ ਗੱਲਬਾਤ ਸ਼ੁਰੂ ਕੀਤੀ ਗਈ ਹੈ। ਸਰਕਾਰ ਦੀ ਇਸ ਬੇਰੁਖ਼ੀ ਕਾਰਨ ਪੰਜਾਬ ਭਰ ਵਿੱਚ ਸਿਹਤ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਕਮਿਊਨਿਟੀ ਹੈਲਥ ਅਫਸਰ ਨਰਿੰਦਰ ਸਿੰਘ ਤੇ ਡਾ. ਪ੍ਰੀਤ ਮੁਖੀਜਾ ਨੇ ਕਿਹਾ ਕਿ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮ ਪਿਛਲੇ ਕਈ ਸਾਲਾਂ ਤੋਂ ਪੰਜਾਬ ਦੇ ਸਿਹਤ ਢਾਂਚੇ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਕੋਵਿਡ ਮਹਾਂਮਾਰੀ ਦੌਰਾਨ ਆਪਣੀਆਂ ਜਾਨਾਂ ਦੀ ਪ੍ਰਵਾਹ ਕੀਤੇ ਬਿਨਾਂ ਲੋਕਾਂ ਦੀ ਸੇਵਾ ਕੀਤੀ, ਟੀ.ਬੀ. ਮੁਕਤ ਪੰਜਾਬ ਮੁਹਿੰਮ, ਐੱਨ.ਸੀ.ਡੀ. ਸਕ੍ਰੀਨਿੰਗ, ਮਾਤਾ-ਬਾਲ ਸਿਹਤ, ਟੀਕਾਕਰਨ ਤੇ ਹੋਰ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਦਿਨ-ਰਾਤ ਮਿਹਨਤ ਕੀਤੀ, ਪਰ ਅੱਜ ਉਹੀ ਸਿਹਤ ਕਰਮਚਾਰੀ ਆਪਣੀਆਂ ਜਾਇਜ਼ ਮੰਗਾਂ ਲਈ ਸੜਕਾਂ 'ਤੇ ਰੁਲਣ ਲਈ ਮਜਬੂਰ ਹਨ। ਆਗੂਆਂ ਨੇ ਕਿਹਾ ਕਿ ਐੱਨ ਐੱਚ ਐੱਮ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਸਮੂਹ ਐੱਨ.ਐੱਚ.ਐੱਮ. ਮੁਲਾਜ਼ਮਾਂ 'ਤੇ ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਨਾ, ਸਾਲ 2018 ਤੋਂ ਬੰਦ ਕੀਤਾ ਗਿਆ ਲੌਇਲਟੀ ਬੋਨਸ ਤੁਰੰਤ ਬਹਾਲ ਕਰਨਾ, ਸੀ.ਐੱਚ.ਓ. ਲਈ ਨਵਾਂ ਇੰਸੈਂਟਿਵ ਪ੍ਰਫਾਰਮਾ ਵਾਪਸ ਲੈਣਾ, ਕਮਿਊਨਿਟੀ ਹੈਲਥ ਅਫ਼ਸਰਾਂ ਦਾ ਰੈਗੂਲਰ ਕੈਡਰ ਸੈਂਕਸ਼ਨ ਕਰਨਾ ਹੋਰ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਕਰਨਾ ਸ਼ਾਮਲ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਦੀ ਜ਼ਿੱਦ ਤੇ ਅਣਗਹਿਲੀ ਕਾਰਨ ਪੰਜਾਬ ਦੀਆਂ ਸਿਹਤ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀਆਂ ਹਨ। ਆਯੁਸ਼ਮਾਨ ਅਰੋਗਿਆ ਕੇਂਦਰਾਂ ਦੀਆਂ ਓ.ਪੀ.ਡੀ. ਸੇਵਾਵਾਂ, ਐੱਨ.ਸੀ.ਡੀ. ਸਕ੍ਰੀਨਿੰਗ, ਟੀ.ਬੀ. ਪ੍ਰੋਗਰਾਮ, ਸਿਹਤ ਜਾਗਰੂਕਤਾ ਮੁਹਿੰਮਾਂ ਅਤੇ ਹੋਰ ਕਈ ਅਹਿਮ ਸੇਵਾਵਾਂ ਠੱਪ ਪਈਆਂ ਹਨ। ਆਗੂਆਂ ਨੇ ਦੋਸ਼ ਲਗਾਇਆ ਕਿ ਸਰਕਾਰ ਜਾਣਬੁੱਝ ਕੇ ਇਸ ਮਸਲੇ ਨੂੰ ਲਟਕਾ ਰਹੀ ਹੈ। ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਸਰਕਾਰ ਨੇ ਤੁਰੰਤ ਯੂਨੀਅਨਾਂ ਨੂੰ ਪੈਨਲ ਮੀਟਿੰਗ ਲਈ ਨਹੀਂ ਬੁਲਾਇਆ ਤੇ ਮੰਗਾਂ ਦੇ ਹੱਲ ਲਈ ਕੋਈ ਠੋਸ ਫ਼ੈਸਲਾ ਨਹੀਂ ਲਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਕਮਿਊਨਿਟੀ ਹੈਲਥ ਅਫਸਰ ਮਨੀਸ਼ਾ, ਬਲਦੇਵ ਸਿੰਘ, ਨਵਨਜੀਤ ਸਿੰਘ, ਡਾ. ਸਤਿਨਾਮ ਸਿੰਘ, ਸਿਮਰਨਜੀਤ ਕੌਰ, ਗੌਰਵ, ਨੇਹਾ, ਰਮਨਦੀਪ ਕੌਰ, ਰੁਪਿੰਦਰ ਕੌਰ, ਡਾ. ਗੁਰਵਿੰਦਰ ਸਿੰਘ ਤੇ ਪੈਰਾ-ਮੈਡੀਕਲ ਯੂਨੀਅਨ ਦੇ ਆਗੂ ਨਰਿੰਦਰ ਸ਼ਰਮਾ, ਜਸਵਿੰਦਰ ਸਿੰਘ, ਰਾਮ ਪ੍ਰਸ਼ਾਦ ਤੇ ਹੋਰ ਬਹੁਤ ਸਾਰੇ ਸਾਥੀ ਹਾਜ਼ਰ ਸਨ।

# ਸੈਣ ਸਮਾਜ ਮਹਾਂ ਸਭਾ ਵੱਲੋਂ ਸੰਮੇਲਨ ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੈਣ ਸਮਾਜ ਮਹਾਂ ਸਭਾ (ਰਜਿ.) ਪੰਜਾਬ ਵੱਲੋਂ ਸਮੂਹ ਸੰਗਤਾਂ ਤੇ ਪਰਵਾਰਾਂ ਦੇ ਸਹਿਯੋਗ ਨਾਲ 28 ਜੂਨ ਨੂੰ ਫਿਰੋਜ਼ਪੁਰ ਸ਼ਹਿਰ ਵਿਖੇ ਇਕ ਵਿਸ਼ਾਲ ਤੇ ਮਹਾਨ ਸਮਾਜਿਕ ਸੰਮੇਲਨ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੈਣ ਸਮਾਜ ਮਹਾਂ ਸਭਾ ਰਜਿਸਟਰਡ ਪੰਜਾਬ ਦੇ ਸੂਬਾ ਪ੍ਰਧਾਨ ਪ੍ਰਤਾਪ ਸਿੰਘ ਫਿਰੋਜ਼ਪੁਰ ਨੇ ਦੱਸਿਆ ਕਿ ਇਹ ਧਾਰਮਿਕ ਤੇ ਸਮਾਜਿਕ ਸਮਾਗਮ ਫਿਰੋਜ਼ਪੁਰ ਸ਼ਹਿਰ ਦੇ ਸਬਜ਼ੀ ਮੰਡੀ ਰੋਡ 'ਤੇ ਸਥਿਤ 'ਪਰਮਾਰਥ ਭਵਨ' (ਨੇੜੇ ਸ਼ਿਵਾਲਾ ਮੰਦਿਰ) ਵਿਖੇ ਬਹੁਤ ਹੀ ਉਤਸ਼ਾਹ ਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸਵੇਰੇ 9 ਤੋਂ 10 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾ ਕੇ ਕੀਤੀ ਜਾਵੇਗੀ, ਜਿਸ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਇਲਾਹੀ ਬਾਣੀ ਦਾ ਆਨੰਦ ਮਾਣਨਗੀਆਂ।

## ਹੈਰੋਇਨ ਸਣੇ ਕਾਬੂ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਕਰਦੇ ਹੋਏ ਢਾਣੀ ਭੰਡਾਰੀਆਂ ਵਾਲੀ ਤੋਂ ਮੋਰਾਂਵਾਲੀ ਜਾ ਰਹੇ ਸੀ ਤਾਂ ਰਸਤੇ ਵਿੱਚ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਦੇਖ ਕੇ ਖੇਤਾਂ ਵੱਲ ਨੂੰ ਖਿਸਕਣ ਲੱਗਾ ਤਾਂ ਪੁਲਸ ਪਾਰਟੀ ਨੇ ਕਾਬੂ ਕਰਕੇ ਤਲਾਸ਼ੀ ਕੀਤੀ ਗਈ ਤਾਂ ਉਸ ਪਾਸੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਲਵਿਸ਼ ਕੁਮਾਰ ਪੁੱਤਰ ਰਕੇਸ਼ ਕੁਮਾਰ ਵਾਸੀ ਦਸਮੇਸ਼ ਨਗਰੀ ਜਲਾਲਾਬਾਦ ਨੂੰ ਹੈਰੋਇਨ ਸਮੇਤ ਕਾਬੂ ਕਰਨ ਉਪਰੰਤ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕੀਤਾ ਹੈ।

# ਕਾਤਰਾਂ

## ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ 30 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਤਿੰਨ ਰੋਜ਼ਾ ਮਹਾਨ ਗੁਰਮਤਿ ਸਮਾਗਮ 28 ਤੋਂ 30 ਜੂਨ ਤੱਕ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਦੋਵੇਂ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਦੱਸਿਆ ਕਿ ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ 28 ਜੂਨ ਨੂੰ ਸਵੇਰੇ ਕੀਤੇ ਜਾਣਗੇ। ਜਿਨ੍ਹਾਂ ਦੇ ਭੋਗ 30 ਜੂਨ ਸਵੇਰੇ ਪਾਏ ਜਾਣ ਉਪਰੰਤ ਸਜਾਏ ਜਾਣ ਵਾਲੇ ਧਾਰਮਿਕ ਦੀਵਾਨਾਂ 'ਚ ਧਾਰਮਿਕ ਸ਼ਖ਼ਸੀਅਤ ਬਾਬਾ ਜੀਵਨ ਸਿੰਘ ਬਗੀਚੀ ਵਾਲੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਗੁਰਮਤਿ ਨਾਲ ਜੋੜਨਗੇ।ਇਸ ਮੌਕੇ ਪ੍ਰਸਿੱਧ ਢਾਡੀ, ਕਵੀਸ਼ਰ ਜਥੇ ਯੋਧਿਆਂ ਦੀਆਂ ਵਾਰਾਂ ਪੇਸ਼ ਕਰਨਗੇ।ਪ੍ਰਬੰਧਕ ਕਮੇਟੀ ਨੇ ਸਮੂਹ ਸੰਗਤਾਂ ਨੂੰ ਪਰਵਾਰਾਂ ਸਮੇਤ ਗੁਰਦੁਆਰਾ ਸਾਹਿਬ ਪਹੁੰਚਣ ਦੀ ਅਪੀਲ ਕੀਤੀ ਹੈ।

## ਘਰ 'ਚੋਂ ਗਹਿਣੇ ਚੋਰੀ ਕਰਨ ਦੇ ਦੋਸ਼ 'ਚ ਦੋ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖਮਾਣੋਂ ਨੇੜਲੇ ਪਿੰਡ ਮਨੈਲਾ ਦੇ ਇੱਕ ਘਰ ਵਿੱਚੋਂ ਸੋਨੇ ਤੇ ਚਾਂਦੀ ਦੇ ਗਹਿਣੇ ਚੋਰੀ ਹੋ ਜਾਣ ਦੇ ਕਥਿਤ ਮਾਮਲੇ ਵਿੱਚ ਖਮਾਣੋਂ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਰਕਸ਼ਾ ਰਾਣੀ ਵਾਸੀ ਪਿੰਡ ਮਨੈਲਾ ਨੇ ਦੋਸ਼ ਲਾਏ ਸਨ ਕਿ ਬੀਤੀ 21/22 ਜੂਨ ਦੀ ਦਰਮਿਆਨੀ ਰਾਤ ਨੂੰ ਜਦੋਂ ਉਹ ਆਪਣੇ ਬੇਟੇ ਕੋਲ ਦਿੱਲੀ ਗਈ ਹੋਈ ਸੀ ਤਾਂ ਗਗਨਦੀਪ ਸਿੰਘ ਉਰਫ ਗੱਗੀ ਤੇ ਮੰਗਾ ਸਿੰਘ ਉਰਫ ਸਨੀ ਨੇ ਉਸ ਦੇ ਮਕਾਨ ਵਿੱਚ ਦਾਖਲ ਹੋ ਕੇ ਘਰ ਦੇ ਦਰਵਾਜ਼ੇ ਤੇ ਅਲਮਾਰੀਆਂ ਦੇ ਤਾਲੇ ਤੋੜ ਕੇ ਕਰੀਬ ਪੰਜ ਤੋਲੇ ਸੋਨੇ ਦੇ ਗਹਿਣੇ ਤੇ ਕਰੀਬ ਅੱਧਾ ਕਿੱਲੋ ਚਾਂਦੀ ਦੇ ਗਹਿਣੇ ਅਤੇ ਸਿੱਕੇ ਚੋਰੀ ਕਰ ਲਏ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅ/ਧ 331(4),305(ਏ) ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ ਵਿੱਚ ਗਗਨਦੀਪ ਸਿੰਘ ਉਰਫ ਗੱਗੀ ਤੇ ਮੰਗਾ ਸਿੰਘ ਉਰਫ ਸਨੀ ਨੂੰ ਨਾਮਜ਼ਦ ਕਰ ਕੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਪੰਜਾਬ ਦੀ ਤਰੱਕੀ ਵਿਰੋਧੀਆਂ ਤੋਂ ਬਰਦਾਸ਼ਤ ਨਹੀਂ ਹੋ ਰਹੀ : ਨੂਰ ਔਲਖ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੀਨੀਅਰ ਆਗੂ ਪਰਮਿੰਦਰ ਸਿੰਘ ਨੂਰ ਔਲਖ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਕ ਵਿੱਚ ਡਟਦਿਆਂ ਵਿਰੋਧੀ ਪਾਰਟੀਆਂ 'ਤੇ ਹਮਲੇ ਕਰਦਿਆਂ ਕਿਹਾ ਕਿ ਕਾਂਗਰਸ, ਭਾਜਪਾ ਤੇ ਅਕਾਲੀ ਦਲ ਵਰਗੀਆਂ ਰਵਾਇਤੀ ਪਾਰਟੀਆਂ ਮੁੱਖ ਮੰਤਰੀ ਮਾਨ ਨੂੰ ਮਿਲ ਰਹੇ ਅਥਾਹ ਜਨਤਕ ਸਮਰਥਨ ਅਤੇ ਪੰਜਾਬ ਦੀ ਬੇਮਿਸਾਲ ਤਰੱਕੀ ਨੂੰ ਬਰਦਾਸ਼ਤ ਨਹੀਂ ਕਰ ਪਾ ਰਹੀਆਂ।ਸਿਆਸੀ ਮੈਦਾਨ ਵਿੱਚ ਪਛੜ ਚੁੱਕੇ ਇਹ ਵਿਰੋਧੀ ਹੁਣ ਮੁੱਖ ਮੰਤਰੀ ਨੂੰ ਧਾਰਮਿਕ ਆਧਾਰ 'ਤੇ ਬਦਨਾਮ ਕਰਨ ਲਈ ਫ਼ਰਜ਼ੀ ਵੀਡੀਓਜ਼ ਅਤੇ ਝੂਠੇ ਪ੍ਰਚਾਰ ਦਾ ਸਹਾਰਾ ਲੈ ਰਹੇ ਹਨ, ਪਰ ਪੰਜਾਬ ਦੇ ਸੂਝਵਾਨ ਲੋਕ ਇਨ੍ਹਾਂ ਦੀਆਂ ਸਾਜ਼ਿਸ਼ਾਂ ਦਾ ਮੂੰਹ-ਤੋੜ ਜਵਾਬ ਦੇਣਗੇ।

# ਅਕਾਲ ਫਿਜ਼ੀਕਲ ਅਕੈਡਮੀ ਦੇ ਸੰਚਾਲਕ 'ਤੇ ਵਿਦਿਆਰਥੀ ਦੀ ਬੇਰਹਿਮੀ ਨਾਲ ਕੁੱਟਮਾਰ ਕਰਨ ਦਾ ਦੋਸ਼

## ਵੀਡੀਓ ਵਾਇਰਲ ਹੋਣ 'ਤੇ ਪੁਲਸ ਜਾਂਚ 'ਚ ਜੁਟੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬਠਿੰਡਾ ਦੇ ਭੁੱਚੋ ਮੰਡੀ ਸਥਿਤ ਅਕਾਲ ਫ਼ਿਜ਼ੀਕਲ ਅਕੈਡਮੀ ਦੇ ਸੰਚਾਲਕ 'ਤੇ ਬੀ ਐੱਸ ਐੱਫ ਦੀ ਤਿਆਰੀ ਕਰ ਰਹੇ ਇੱਕ ਵਿਦਿਆਰਥੀ ਨਾਲ ਕਥਿਤ ਤੌਰ 'ਤੇ ਬੇਰਹਿਮੀ ਨਾਲ ਕੁੱਟਮਾਰ ਕਰਨ ਦੇ ਗੰਭੀਰ ਦੋਸ਼ ਲੱਗੇ ਹਨ।ਹੈਰਾਨੀ ਦੀ ਗੱਲ ਇਹ ਹੈ ਕਿ ਇਹ ਘਟਨਾ ਅਕੈਡਮੀ ਅੰਦਰ ਨਹੀਂ, ਸਗੋਂ ਉਸ ਪੀ ਜੀ ਵਿੱਚ ਵਾਪਰੀ, ਜਿੱਥੇ ਵਿਦਿਆਰਥੀ ਅਕੈਡਮੀ ਵਿੱਚ ਸਹੂਲਤਾਂ ਨਾ ਮਿਲਣ ਕਾਰਨ ਰਹਿ ਰਿਹਾ ਸੀ।ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਪੁਲਸ ਨੇ ਖੁਦ ਨੋਟਿਸ ਲੈਂਦਿਆਂ ਜਾਂਚ ਸ਼ੁਰੂ ਕਰ ਦਿੱਤੀ ਹੈ।

ਪੀੜਤ ਵਿਦਿਆਰਥੀ ਪ੍ਰਭਦੀਪ ਨੇ ਦੱਸਿਆ ਕਿ ਉਹ ਬੀ ਐੱਸ ਐੱਫ ਭਰਤੀ ਦੀ ਤਿਆਰੀ ਲਈ ਅਕਾਲ ਅਕੈਡਮੀ ਵਿੱਚ ਦਾਖ਼ਲ ਹੋਇਆ ਸੀ, ਪਰ ਅਕੈਡਮੀ ਵਿੱਚ ਮੁੱਢਲੀਆਂ ਸਹੂਲਤਾਂ ਨਾ ਹੋਣ ਕਾਰਨ ਉਹ ਨੇੜੇ ਹੀ ਇੱਕ ਪੀ ਜੀ ਵਿੱਚ ਰਹਿਣ ਲੱਗ ਪਿਆ ਸੀ।ਘਟਨਾ ਵਾਲੇ ਦਿਨ ਉਸ ਦੀ ਇੱਕ ਸਹਿਪਾਠਣ ਦੇ ਪੈਰ ਵਿੱਚ ਸੱਟ ਲੱਗੀ ਹੋਈ ਸੀ।ਉਹ ਉਸ ਦੀ ਪੱਟੀ ਕਰਨ ਲਈ ਉਸ ਦੇ ਪੀ ਜੀ ਦੇ ਕਮਰੇ ਵਿੱਚ ਗਿਆ ਹੋਇਆ ਸੀ।ਇਸ ਦੌਰਾਨ ਅਕੈਡਮੀ ਦਾ ਸੰਚਾਲਕ ਗੁਰਜੰਟ ਸਿੰਘ ਆਪਣੇ ਅਕੈਡਮੀ ਤੋਂ ਸਿੱਧਾ ਪੀ ਜੀ ਵਿੱਚ ਆ ਗਿਆ।ਪ੍ਰਭਦੀਪ ਦਾ ਦੋਸ਼ ਹੈ ਕਿ ਬਿਨਾਂ ਕੋਈ ਗੱਲ ਸੁਣੇ ਉਸ 'ਤੇ ਡੰਡਿਆਂ, ਲੱਤਾਂ ਤੇ ਮੁੱਕਿਆਂ ਨਾਲ ਹਮਲਾ ਕਰ ਦਿੱਤਾ।ਉਸ ਦਾ ਕਹਿਣਾ ਹੈ ਕਿ ਸੰਚਾਲਕ ਨਸ਼ੇ ਦੀ ਹਾਲਤ ਵਿੱਚ ਸੀ ਤੇ ਉੱਥੇ ਮੌਜੂਦ ਇੱਕ ਟਿਊਸ਼ਨ ਅਧਿਆਪਕ ਨੇ ਰੋਕਣ ਦੀ ਕੋਸ਼ਿਸ਼ ਵੀ ਕੀਤੀ, ਪਰ ਉਹ ਨਹੀਂ ਰੁਕਿਆ।

ਪੀੜਤ ਦੀ ਮਾਤਾ ਸੁਰਜੀਤ ਕੌਰ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੇ ਆਪਣੇ ਪੁੱਤਰ ਨੂੰ ਸਰਕਾਰੀ ਨੌਕਰੀ ਦੀ ਤਿਆਰੀ ਲਈ ਅਕੈਡਮੀ ਵਿੱਚ ਭੇਜਿਆ ਸੀ, ਪਰ ਉੱਥੇ ਉਸ ਨਾਲ ਅਣਮਨੁੱਖੀ ਵਿਵਹਾਰ ਕੀਤਾ ਗਿਆ।ਉਨ੍ਹਾਂ ਦਾ ਕਹਿਣਾ ਹੈ ਕਿ ਅਕੈਡਮੀ ਸੰਚਾਲਕ ਵਿਦਿਆਰਥੀਆਂ ਤੋਂ 7 ਤੋਂ 8 ਲੱਖ ਰੁਪਏ ਤੱਕ ਫੀਸ ਵਸੂਲਦਾ ਹੈ ਤੇ ਬਾਅਦ ਵਿੱਚ ਉਨ੍ਹਾਂ ਨੂੰ ਮਾਨਸਿਕ ਤੇ ਸਰੀਰਕ ਤੌਰ 'ਤੇ ਤੰਗ ਕਰਦਾ ਹੈ ਤਾਂ ਜੋ ਉਹ ਖੁਦ ਅਕੈਡਮੀ ਛੱਡ ਦੇਣ ਤੇ ਫੀਸ ਵਾਪਸ ਨਾ ਕਰਨੀ ਪਵੇ।ਸੁਰਜੀਤ ਕੌਰ ਨੇ ਇਹ ਵੀ ਦੋਸ਼ ਲਗਾਇਆ ਕਿ ਜਦੋਂ ਉਨ੍ਹਾਂ ਨੇ ਪੁੱਤਰ ਦੀ ਕੁੱਟਮਾਰ ਬਾਰੇ ਪੁੱਛਿਆ ਤਾਂ ਗੁਰਜੰਟ ਸਿੰਘ ਨੇ ਕਿਹਾ, 'ਜੇ ਮੈਂ ਇਸ ਨੂੰ ਮਾਰ ਵੀ ਦਿੰਦਾ ਤਾਂ ਵੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਸੀ।'

ਘਟਨਾ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਡੀਐੱਸਪੀ ਭੁੱਚੋ ਨੇ ਦੱਸਿਆ ਕਿ ਪੁਲਸ ਨੇ ਮਾਮਲੇ ਦਾ ਖੁਦ ਨੋਟਿਸ ਲਿਆ ਹੈ।ਚੌਕੀ ਇੰਚਾਰਜ ਨੂੰ ਜਾਂਚ ਦੇ ਹੁਕਮ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਹੈ ਤੇ ਜਾਂਚ ਵਿੱਚ ਦੋਸ਼ ਸਾਬਿਤ ਹੋਣ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਪੀੜਤ ਪਰਵਾਰ ਨੇ ਦੋਸ਼ੀ ਸੰਚਾਲਕ ਦੀ ਤੁਰੰਤ ਗ੍ਰਿਫ਼ਤਾਰੀ, ਸਖ਼ਤ ਕਾਨੂੰਨੀ ਕਾਰਵਾਈ ਤੇ ਅਕੈਡਮੀ ਦੀ ਨਿਰਪੱਖ ਜਾਂਚ ਕਰਵਾ ਕੇ ਲੋੜ ਪੈਣ 'ਤੇ ਇਸ ਨੂੰ ਬੰਦ ਕਰਨ ਦੀ ਮੰਗ ਕੀਤੀ ਹੈ।ਅਕੈਡਮੀ ਦੇ ਮਾਲਕ ਗੁਰਜੰਟ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਜੇਕਰ ਬੱਚੇ ਦੇ ਥੱਪੜ ਮਾਰ ਵੀ ਦਿੱਤੇ ਤਾਂ ਕੀ ਗੁਨਾਹ ਕਰ ਲਿਆ, ਇਹ ਕੋਈ ਖਾਸ ਗੱਲ ਨਹੀਂ। ਕਾਰਨ ਪੁੱਛਣ 'ਤੇ ਦੱਸਿਆ ਕਿ ਲੜਕੀਆਂ ਦੇ ਰੂਮ ਵਿੱਚ ਚਲਾ ਗਿਆ ਸੀ, ਇਸ ਕਰਕੇ ਕੁੱਟਮਾਰ ਕੀਤੀ।

# ਪਾਣੀ ਤੇ ਸੀਵਰੇਜ ਦੀ ਸਮੱਸਿਆ ਨੂੰ ਲੈ ਕੇ ਸ਼ਹਿਰ ਵਾਸੀਆਂ ਵੱਲੋਂ ਨਗਰ ਕੌਂਸਲ ਅੱਗੇ ਧਰਨਾ

## 15 ਦਿਨਾਂ 'ਚ ਵਾਟਰ ਸਪਲਾਈ ਤੇ ਸੀਵਰੇਜ ਸਿਸਟਮ 'ਚ ਸੁਧਾਰ ਨਾ ਹੋਇਆ ਤਾਂ ਸੰਘਰਸ਼ ਹਵੇਗਾ ਤੇਜ਼ : ਹਰਦਿਆਲ ਕੰਬੋਜ



**ਰਾਜਪੁਰਾ/ਪਟਿਆਲਾ (ਰਮੇਸ਼ ਕਟਾਰੀਆ/ਰਾਜਿੰਦਰ ਸਿੰਘ ਥਿੰਦ)**-ਰਾਜਪੁਰਾ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਤੇ ਸੀਵਰੇਜ ਦੀਆਂ ਗੰਭੀਰ ਸਮੱਸਿਆਵਾਂ ਤੋਂ ਪ੍ਰੇਸ਼ਾਨ ਲੋਕਾਂ ਨਾਲ ਨਗਰ ਕੌਂਸਲ ਅਤੇ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੀ ਮਾੜੀ ਕਾਰਗੁਜ਼ਾਰੀ ਖ਼ਿਲਾਫ਼ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਦੀ ਅਗਵਾਈ ਹੇਠ ਵੱਡੇ ਪੱਧਰ 'ਤੇ ਰੋਸ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕੰਬੋਜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਕੀਤੇ ਵੱਡੇ-ਵੱਡੇ ਵਾਅਦੇ ਅੱਜ ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਨਜ਼ਰ ਆ ਰਹੇ ਹਨ।ਉਨ੍ਹਾਂ ਕਿਹਾ ਕਿ ਰਾਜਪੁਰਾ ਦੇ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਤੇ ਸੀਵਰੇਜ ਵਰਗੀਆਂ ਬੁਨਿਆਦੀ ਸਹੂਲਤਾਂ ਵੀ ਸਮੇਂ ਸਿਰ ਮੁਹੱਈਆ ਨਹੀਂ ਕਰਵਾਈਆਂ ਜਾ ਰਹੀਆਂ।ਹਰਦਿਆਲ ਕੰਬੋਜ ਨੇ ਪ੍ਰਸ਼ਾਸਨ ਤੇ ਸਰਕਾਰ ਨੂੰ 15 ਦਿਨਾਂ ਦਾ ਅਲਟੀਮੇਟਮ ਦਿੰਦੇ ਹੋਏ ਕਿਹਾ ਕਿ ਜੇਕਰ ਇਸ ਮਿਆਦ ਦੇ ਅੰਦਰ ਪਾਣੀ ਤੇ ਸੀਵਰੇਜ ਨਾਲ ਸਬੰਧਤ ਸਮੱਸਿਆਵਾਂ ਦਾ ਠੋਸ ਹੱਲ ਨਾ ਕੀਤਾ ਗਿਆ ਤਾਂ ਇਸ ਤੋਂ ਵੀ ਵੱਡਾ ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਤੇ ਸਬੰਧਤ ਅਧਿਕਾਰੀਆਂ ਦੀ ਹੋਵੇਗੀ।

# ਨਸ਼ਿਆਂ ਵਿਰੁੱਧ ਜੰਗ ਤੇਜ਼ ਕਰਨ ਲਈ ਸਾਰੇ ਵਿਭਾਗ ਮਿਲ ਕੇ ਕੰਮ ਕਰਨ : ਅਰੋੜਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਮੱਦੇਨਜ਼ਰ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ।ਮੀਟਿੰਗ ਦੌਰਾਨ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵਿਸਥਾਰ ਨਾਲ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਹੋਰ ਮੁਸਤੈਦੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਮਾਜ ਦੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ ਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਜ਼ਿਲ੍ਹੇ ਦੇ ਸਾਰੇ ਇੰਟਰਸਟੇਟ ਨਾਕਿਆਂ 'ਤੇ ਸਖ਼ਤ ਨਿਗਰਾਨੀ ਰੱਖਣ ਤੇ ਲੋੜ ਅਨੁਸਾਰ ਨਾਕਿਆਂ ਦੀ ਗਿਣਤੀ ਵਧਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਨਸ਼ੀਲੇ ਪਦਾਰਥਾਂ ਦੀ ਆਵਾਜਾਈ 'ਤੇ ਪ੍ਰਭਾਵਸ਼ਾਲੀ ਰੋਕ ਲਗਾਈ ਜਾ ਸਕੇ।ਸ੍ਰੀ ਅਰੋੜਾ ਨੇ ਇਹ ਵੀ ਕਿਹਾ ਕਿ ਜ਼ਿਲ੍ਹੇ ਦੇ ਨਸ਼ਿਆਂ ਨਾਲ ਪ੍ਰਭਾਵਿਤ ਹਾਟਸਪਾਟ ਇਲਾਕਿਆਂ ਵਿੱਚ ਵੱਧ ਤੋਂ ਵੱਧ ਸੀਸੀਟੀਵੀ ਕੈਮਰੇ ਲਗਾਉਣ ਯਕੀਨੀ ਬਣਾਏ ਜਾਣ ਤਾਂ ਜੋ ਸ਼ੱਕੀ ਗਤੀਵਿਧੀਆਂ 'ਤੇ ਨਿਗਰਾਨੀ ਰੱਖੀ ਜਾ ਸਕੇ ਤੇ ਪੁਲਸ ਕਾਰਵਾਈ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਸ਼ਾ ਛੁਡਾਊ ਕੇਂਦਰਾਂ ਵਿੱਚ ਮਰੀਜ਼ਾਂ ਨੂੰ ਦਾਖਲ ਕਰਨ ਦੀ ਸਮਰੱਥਾ ਵਿੱਚ ਵਾਧਾ ਕੀਤਾ ਜਾਵੇ, ਤਾਂ ਜੋ ਇਲਾਜ ਲਈ ਆਉਣ ਵਾਲੇ ਹਰ ਵਿਅਕਤੀ ਨੂੰ ਸਮੇਂ ਸਿਰ ਤੇ ਵਧੀਆ ਸਿਹਤ ਸਹੂਲਤਾਂ ਮਿਲ ਸਕਣ।ਇਸ ਦੇ ਨਾਲ ਨਾਲ ਨਸ਼ਾ ਛੁਡਾਊ ਕੇਂਦਰਾਂ ਵਿੱਚ ਹੈਲਪ ਡੈਸਕ ਬਣਾਉਣੇ ਵੀ ਯਕੀਨੀ ਬਣਾਏ ਜਾਣ ਤਾਂ ਜੋ ਮਰੀਜ਼ਾਂ ਨੂੰ ਉੱਥੇ ਲੈ ਕੇ ਜਾਣ ਵਾਲੇ ਪਰਿਵਾਰਕ ਮੈਂਬਰਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਨਸ਼ਿਆਂ ਤੋਂ ਪੀੜਤ ਵਿਅਕਤੀਆਂ ਨੂੰ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਸਰਕਾਰ ਦੀ ਤਰਜੀਹ ਹੈ।ਕੈਬਨਿਟ ਮੰਤਰੀ ਨੇ ਰੁਜ਼ਗਾਰ ਵਿਭਾਗ ਤੇ ਹੋਰ ਸਬੰਧਤ ਅਦਾਰਿਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਨਸ਼ਾ ਛੱਡ ਚੁੱਕੇ ਵਿਅਕਤੀਆਂ ਲਈ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਏ ਜਾਣ, ਤਾਂ ਜੋ ਉਹ ਆਪਣੇ ਜੀਵਨ ਦੀ ਨਵੀਂ ਸ਼ੁਰੂਆਤ ਕਰ ਸਕਣ ਤੇ ਆਤਮਨਿਰਭਰ ਬਣ ਸਕਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਸਮੂਹਕ ਖਾਤਮੇ ਲਈ ਵਚਨਬੱਧ ਹੈ ਤੇ ਇਸ ਮੁਹਿੰਮ ਵਿੱਚ ਲੋਕਾਂ ਦੀ ਭਾਗੀਦਾਰੀ ਵੀ ਬਹੁਤ ਜ਼ਰੂਰੀ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ, ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਵੱਡੀ ਗਿਣਤੀ ਅਧਿਕਾਰੀ ਤੇ ਨਸ਼ਿਆਂ ਵਿਰੁੱਧ ਬਣੀਆਂ ਕਮੇਟੀਆਂ ਦੇ ਅਹੁਦੇਦਾਰ ਹਾਜ਼ਰ ਸਨ।

# ਚੱਕ ਦੂਹੇ ਵਾਲਾ 'ਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਦੇ ਹੁਕਮਾਂ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਚੱਕ ਦੂਹੇ ਵਾਲਾ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਹਨ।ਪਿੰਡ ਦੇ ਨੌਜਵਾਨ ਸਰਪੰਚ ਰਜ਼ਨੀਸ਼ ਕੁਮਾਰ ਗਰਗ ਦੀ ਅਗਵਾਈ ਹੇਠ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੱਖ-ਵੱਖ ਵਿਕਾਸ ਪ੍ਰੋਜੈਕਟਾਂ 'ਤੇ ਕੰਮ ਕੀਤਾ ਜਾ ਰਿਹਾ ਹੈ।ਸਰਪੰਚ ਰਜਨੀਸ਼ ਗਰਗ ਨੇ ਦੱਸਿਆ ਕਿ ਪਿੰਡ ਦੀਆਂ ਸਾਰੀਆਂ ਮੁੱਖ ਤੇ ਅੰਦਰੂਨੀ ਸੜਕਾਂ 'ਤੇ ਪ੍ਰੀਮਿਕਸ ਪਾ ਕੇ ਉਨ੍ਹਾਂ ਨੂੰ ਮਜ਼ਬੂਤ ਤੇ ਆਵਾਜਾਈ ਯੋਗ ਬਣਾਇਆ ਜਾ ਰਿਹਾ ਹੈ।

ਇਸ ਤੋਂ ਇਲਾਵਾ, ਗੰਦੇ ਪਾਣੀ ਦੀ ਸਮੱਸਿਆ ਦੇ ਪੱਕੇ ਹੱਲ ਲਈ ਪੁਰਾਣੀਆਂ ਨਾਲੀਆਂ ਦੀ ਥਾਂ ਪਾਈਪ ਲਾਈਨ ਵਿਛਾਈ ਜਾ ਰਹੀ ਹੈ, ਜਿਸ ਨਾਲ ਪਾਣੀ ਦੀ ਨਿਕਾਸੀ ਹੋਰ ਸੁਚੱਜੇ ਢੰਗ ਨਾਲ ਹੋਵੇਗੀ।ਪਿੰਡ ਦੇ ਛੋਟੇ ਛੱਪੜ 'ਤੇ ਟਰੀਟਮੈਂਟ ਪਲਾਂਟ ਵੀ ਸਥਾਪਤ ਕੀਤਾ ਜਾ ਰਿਹਾ ਹੈ, ਜਿਸ ਨਾਲ ਵਾਤਾਵਰਣ ਸੰਭਾਲ ਤੇ ਸਫ਼ਾਈ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਪਿੰਡ ਦੇ ਸਰਵਪੱਖੀ ਵਿਕਾਸ ਲਈ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵਿਕਾਸ ਕਾਰਜ ਵੀ ਕਰਵਾਏ ਜਾਣਗੇ।ਪਿੰਡ ਵਾਸੀਆਂ ਨੇ ਚੱਲ ਰਹੇ ਵਿਕਾਸ ਕੰਮਾਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਸਰਕਾਰ ਤੇ ਪੰਚਾਇਤ ਦਾ ਧੰਨਵਾਦ ਕੀਤਾ।

## ਪਲਸ ਪੋਲੀਓ ਮੁਹਿੰਮ 28 ਤੋਂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ 28 ਤੋਂ 30 ਜੂਨ 2026 ਤੱਕ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਚਲਾਈ ਜਾ ਰਹੀ ਹੈ।ਇਸ ਸਬੰਧੀ ਦਫ਼ਤਰ ਸਿਵਲ ਸਰਜਨ ਵਿਖੇ ਸਿਵਲ ਸਰਜਨ ਡਾ. ਸੁਨੀਲ ਬਾਂਸਲ ਵੱਲੋਂ ਮੁਹਿੰਮ ਦਾ ਬੈਨਰ ਜਾਰੀ ਕੀਤਾ ਗਿਆ। ਡਾ. ਸੁਨੀਲ ਬਾਂਸਲ ਨੇ ਦੱਸਿਆ 28 ਜੂਨ ਨੂੰ 441 ਬੂਥ ਟੀਮਾਂ ਵੱਲੋਂ ਪੋਲੀਓ ਬੂਥਾਂ 'ਤੇ ਬੱਚਿਆਂ ਨੂੰ ਬੂੰਦਾਂ ਪਿਲਾਈਆਂ ਜਾਣਗੀਆਂ, ਜਦਕਿ 29 ਤੇ 30 ਜੂਨ ਨੂੰ 784 ਟੀਮਾਂ ਘਰ-ਘਰ ਜਾ ਕੇ ਬੱਚਿਆਂ ਨੂੰ ਪੋਲੀਓ ਦੀ ਖੁਰਾਕ ਦੇਣਗੀਆਂ।ਇਸ ਤੋਂ ਇਲਾਵਾ 22 ਮੋਬਾਈਲ ਟੀਮਾਂ ਭੱਠਿਆਂ, ਢਾਣੀਆਂ, ਫੈਕਟਰੀਆਂ ਤੇ ਪ੍ਰਵਾਸੀ ਮਜ਼ਦੂਰਾਂ ਦੇ ਇਲਾਕਿਆਂ ਵਿੱਚ, ਜਦਕਿ 7 ਟ੍ਰਾਂਜ਼ਿਟ ਟੀਮਾਂ ਬੱਸ ਅੱਡਿਆਂ ਤੇ ਰੇਲਵੇ ਸਟੇਸ਼ਨਾਂ 'ਤੇ ਸੇਵਾਵਾਂ ਦੇਣਗੀਆਂ।ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਲਖਬੀਰ ਕੌਰ ਨੇ ਸਮੂਹ ਵਿਭਾਗਾਂ, ਸਮਾਜ ਸੇਵੀ ਸੰਸਥਾਵਾਂ ਤੇ ਲੋਕਾਂ ਨੂੰ ਅਪੀਲ ਕੀਤੀ ਕਿ 0 ਤੋਂ 5 ਸਾਲ ਤੱਕ ਦਾ ਕੋਈ ਵੀ ਬੱਚਾ ਪੋਲੀਓ ਦੀਆਂ ਬੂੰਦਾਂ ਤੋਂ ਵਾਂਝਾ ਨਾ ਰਹੇ।ਉਨ੍ਹਾਂ ਕਿਹਾ ਕਿ ਭਾਵੇਂ ਬੱਚਾ ਪਹਿਲਾਂ ਵੀ ਪੋਲੀਓ ਦੀ ਖੁਰਾਕ ਲੈ ਚੁੱਕਾ ਹੋਵੇ, ਬਿਮਾਰ ਹੋਵੇ ਜਾਂ ਨਵਜੰਮਿਆ ਹੋਵੇ, ਫਿਰ ਵੀ ਉਸ ਨੂੰ ਪੋਲੀਓ ਦੀਆਂ ਬੂੰਦਾਂ ਜ਼ਰੂਰ ਪਿਲਾਈਆਂ ਜਾਣ।

# ਅਕਾਲ ਅਕੈਡਮੀ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ




**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ (ਹਿਮਾਚਲ ਪ੍ਰਦੇਸ਼) ਅਧੀਨ ਚੱਲ ਰਹੀ ਅਕਾਲ ਅਕੈਡਮੀ ਚੀਮਾ ਵਿਖੇ ਅੰਤਰਰਾਸ਼ਟਰੀ ਨਸ਼ਾ ਦੁਰਵਰਤੋਂ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਹ ਸਮਾਗਮ ਅਕਾਲ ਅਕੈਡਮੀ ਦੀਆਂ 131 ਸ਼ਾਖਾਵਾਂ ਵੱਲੋਂ ਇੱਕੋ ਸਮੇਂ ਚਲਾਈ ਗਈ 'ਵੀ ਆਰ ਡਰੱਗ ਫ੍ਰੀ' ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ, ਜਿਸ ਦਾ ਉਦੇਸ਼ ਨਸ਼ਾ-ਮੁਕਤ ਭਾਰਤ ਦੇ ਨਿਰਮਾਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਸੀ।ਸਮਾਗਮ ਅਕੈਡਮੀ ਦੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਦੀ ਯੋਗ ਅਗਵਾਈ, ਦੂਰਅੰਦੇਸ਼ੀ ਸੋਚ ਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਸਿਰਫ਼ ਅਕਾਦਮਿਕ ਸਫਲਤਾ ਹੀ ਨਹੀਂ, ਸਗੋਂ ਚੰਗੇ ਚਰਿੱਤਰ ਵਾਲੇ ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਵੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੇਡਾਂ, ਚੰਗੀ ਸੰਗਤ ਤੇ ਆਧਿਆਤਮਿਕ ਕਦਰਾਂ-ਕੀਮਤਾਂ ਨੂੰ ਜੀਵਨ ਦਾ ਹਿੱਸਾ ਬਣਾਉਣ ਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ ਤੇ ਸਿਹਤਮੰਦ, ਸੁਰੱਖਿਅਤ ਤੇ ਨਸ਼ਾ-ਰਹਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਅਹਿਦ ਕੀਤਾ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਦੇ ਸੰਘਰਸ਼ ਲਈ ਕੋਆਰਡੀਨੇਸ਼ਨ ਕਮੇਟੀ ਗਠਿਤ : ਭਜਨ ਸਿੰਘ ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਖੂਹ ਖਾਤੇ ਪਾਉਣ, ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁਲਾਜ਼ਮ ਮੰਗਾਂ ਡੀ ਏ ਦੇ ਬਕਾਏ, 2.59 ਦੇ ਗੁਣਾਂਕ ਨਾਲ ਪੈਨਸ਼ਨਾਂ ਸੋਧਣ, ਪੁਰਾਣੀ ਪੈਨਸ਼ਨ ਬਹਾਲ ਕਰਨ ਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਤੇ ਹਰਾ ਪੈੱਨ ਚਲਾਉਣ ਦੇ ਝੂਠੇ ਵਾਅਦੇ ਕਰਕੇ ਰਾਜ ਭਾਗ ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਤੋਂ ਖ਼ਫਾ ਮੁਲਾਜ਼ਮਾਂ/ਪੈਨਸ਼ਨਰਾਂ ਵਿੱਚ ਜੋ ਗੁੱਸਾ ਤੇ ਰੋਹ ਪਣਪ ਰਿਹਾ ਹੈ, ਉਸ ਦੀ ਅਗਵਾਈ ਕਰਨ ਤੇ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਦੇ ਖ਼ਿਲਾਫ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਨੇ ਲੁਧਿਆਣੇ ਮੀਟਿੰਗ ਕਰਕੇ ਸਾਂਝੀ ਕੋਆਰਡੀਨੇਸ਼ਨ ਕਮੇਟੀ ਬਣਾ ਕੇ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਸੀ।ਇਸੇ ਕੜੀ ਵਿੱਚ ਸਮੂਹ ਜ਼ਿਲ੍ਹਿਆਂ ਵਿੱਚ ਸੰਘਰਸ਼ ਤੇਜ਼ ਕਰਨ ਲਈ ਕੋਆਰਡੀਨੇਸ਼ਨ ਕਮੇਟੀਆਂ ਦਾ ਗਠਨ ਕਰਨ ਦਾ ਫੈਸਲਾ ਕੀਤਾ ਗਿਆ ਸੀ।ਮੋਗਾ ਜ਼ਿਲ੍ਹੇ ਦੇ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਨੇ ਵੀ ਸੂਬਾ ਕਨਵੀਨਰ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਡੀ ਸੀ ਦਫਤਰ ਯੂਨੀਅਨ ਦੇ ਦਫਤਰ ਵਿੱਚ ਕੋਆਰਡੀਨੇਸ਼ਨ ਕਮੇਟੀ ਦਾ ਗਠਨ ਕੀਤਾ ਹੈ।ਇਸ ਸਬੰਧੀ ਵੇਰਵਾ ਦਿੰਦਿਆਂ ਸਾਬਕਾ ਡੀ ਪੀ ਆਰ ਓ ਗਿਆਨ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਕੋਆਰਡੀਨੇਸ਼ਨ ਕਮੇਟੀ ਵਿੱਚ ਬਲੌਰ ਸਿੰਘ ਘਾਲੀ, ਸੁਖਮੰਦਰ ਸਿੰਘ, ਸੁਖਦੇਵ ਸਿੰਘ, ਰਾਜਿੰਦਰ ਸਿੰਘ ਰਿਆੜ, ਗੁਰਜੰਟ ਸਿੰਘ ਕੋਕਰੀ, ਦਿਗਵਿਜੇ ਪਾਲ ਸ਼ਰਮਾ, ਭੁਪਿੰਦਰ ਸਿੰਘ ਸੇਖੋਂ, ਰਾਮ ਕ੍ਰਿਸ਼ਨ, ਕੁਲਵਿੰਦਰ ਸਿੰਘ ਖਾਲਸਾ, ਨਰੇਸ਼ ਕੁਮਾਰ, ਕੁਲਵੀਰ ਸਿੰਘ ਢਿੱਲੋਂ, ਕੁਲਦੀਪ ਸਿੰਘ ਡੀ.ਸੀ. ਦਫ਼ਤਰ, ਗੁਰਮੇਲ ਸਿੰਘ ਨਾਹਰ, ਪ੍ਰਿੰਸੀਪਲ ਪੂਰਨ ਸਿੰਘ ਸੰਧੂ ਪ੍ਰਧਾਨ ਏਡਡ ਸਕੂਲ, ਬਲਜਿੰਦਰ ਸਿੰਘ ਧਾਲੀਵਾਲ, ਸੈਮੂਅਲ, ਪਲਵਿੰਦਰ ਸਿੰਘ ਸਿੱਧੂ ਪੀ ਐੱਸ ਪੀ ਸੀ ਐੱਲ ਕਨਵੀਨਰ ਤੇ ਕੋ-ਕਨਵੀਨਰ ਤੇ ਆਜ਼ਾਦ ਮੈਂਬਰ ਦੇ ਤੌਰ 'ਤੇ ਸ਼ਾਮਲ ਕੀਤੇ ਗਏ।

ਕਮੇਟੀ ਦੇ ਹਿਸਾਬ ਕਿਤਾਬ ਰੱਖਣ ਲਈ ਪ੍ਰੇਮ ਕੁਮਾਰ ਮੋਗਾ ਨੂੰ ਬਤੌਰ ਖਜ਼ਾਨਚੀ ਬਣਾਇਆ ਗਿਆ।ਸੁਰਿੰਦਰ ਰਾਮ ਕੁੱਸਾ ਨੇ ਦੱਸਿਆ ਕਿ ਕੋਆਰਡੀਨੇਸ਼ਨ ਕਮੇਟੀ ਨੇ ਫੈਸਲਾ ਕੀਤਾ ਕਿ ਜੋ ਸੂਬੇ ਵੱਲੋਂ ਸੰਘਰਸ਼ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਉਸ ਅਨੁਸਾਰ ਗਿਆਰਾਂ ਜੁਲਾਈ ਨੂੰ ਸ਼ਹੀਦ ਨਛੱਤਰ ਸਿੰਘ ਭਵਨ ਮੋਗਾ ਵਿੱਚ ਮੁਲਾਜ਼ਮਾਂ ਪੈਨਸ਼ਨਰਾਂ ਦੀ ਇੱਕ ਵਿਸ਼ਾਲ ਕਨਵੈਨਸ਼ਨ 10 ਵਜੇ ਹੋਵੇਗੀ ਤੇ ਕਨਵੈਨਸ਼ਨ ਤੋਂ ਬਾਅਦ ਸਥਾਨਕ ਵਿਧਾਇਕ ਅਮਨਦੀਪ ਕੌਰ ਅਰੋੜਾ ਦੀ ਰਹਾਇਸ਼ ਵੱਲ ਮਾਰਚ ਕੀਤਾ ਜਾਵੇਗਾ ਅਤੇ ਉਸ ਦੇ ਘਰ ਅੱਗੇ ਘੜਾ ਭੰਨ ਕੇ ਪੰਜਾਬ ਸਰਕਾਰ ਖ਼ਿਲਾਫ਼ ਆਪਣਾ ਗੁੱਸਾ ਤੇ ਰੋਹ ਪ੍ਰਗਟ ਕੀਤਾ ਜਾਵੇਗਾ।

# ਚੌਥਾ ਦਰਜਾ ਮੁਲਾਜ਼ਮਾਂ ਰੋਹ ਭਰਪੂਰ ਰੈਲੀ ਕਰਕੇ ਮੰਗਾਂ ਦਾ ਦਿੱਤਾ ਯਾਦ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੇ ਬੈਨਰ ਹੇਠ ਸਰਕਾਰੀ ਤੇ ਅਰਧ-ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜ਼ਮਾਂ ਕੱਚਿਆਂ, ਪੱਕਿਆਂ ਤੇ ਮਿੱਡ-ਡੇ ਮੀਲ, ਸਿਹਤ ਵਿਭਾਗ ਵਿਚਲੇ ਮੁਲਾਜ਼ਮਾਂ ਮੇਲ ਤੇ ਫੀਮੇਲ ਵੱਲੋਂ ਪੰਜਾਬ ਸਰਕਾਰ, ਸਿਹਤ ਮੰਤਰੀ ਸਿੱਖਿਆ ਮੰਤਰੀ ਤੇ ਸਥਾਨਕ ਸਰਕਾਰ ਮੰਤਰੀ, ਵਿੱਤ ਮੰਤਰੀ ਦਾ ਇੱਥੇ ਵਿਖੇ ਵਿਸ਼ਾਲ ਧਰਨਾ ਦੇ ਕੇ ਇਨ੍ਹਾਂ ਦਾ ਪਿੱਟ ਸਿਆਪਾ ਕੀਤਾ ਗਿਆ ਅਤੇ ਲੀਲਾ ਭਵਨ ਚੌਕ ਤੱਕ ਰੋਸ ਮਾਰਚ ਸੰਖੇਪਕ ਤੌਰ 'ਤੇ ਕੀਤਾ।ਤਿੰਨ ਮੰਗਾਂ ਦੇ ਮੈਮੋਰੰਡਮ ਯਾਦ ਪੱਤਰ ਦੇ ਰੂਪ ਵਿੱਚ ਦਿੱਤੇ ਗਏ, ਜਿਸ ਵਿੱਚ ਪ੍ਰਮੁੱਖ ਇਸ਼ੂ ਸ਼ਾਮਲ ਸਨ ਕਿ ਕੰਟਰੈਕਟ, ਆਊਟ ਸੋਰਸ, ਪਾਰਟ ਟਾਇਮ ਸਫਾਈ ਸੇਵਕ ਸੀਵਰਮੈਨ ਸਮੇਤ ਵੱਖ-ਵੱਖ ਕੈਟਾਗਰੀਜ਼ ਦੇ ਚੌਥਾ ਦਰਜਾ ਕਰਮੀਆਂ ਨੂੰ ਬਗੈਰ ਕਿਸੇ ਦੇਰੀ ਤੋਂ ਪੱਕਾ ਕੀਤਾ ਜਾਵੇ, ਠੇਕੇਦਾਰੀ ਪ੍ਰਥਾ ਦਾ ਖਾਤਮਾ ਕੀਤਾ ਜਾਵੇ, ਘੱਟੋ-ਘੱਟ ਉਜ਼ਰਤਾਂ ਮਹਿੰਗਾਈ ਅੰਕੜਿਆਂ ਅਨੁਸਾਰ 40,000 ਰੁਪਏ ਪ੍ਰਤੀ ਮਹੀਨਾ ਨਿਸ਼ਚਿਤ ਕੀਤੀ ਜਾਵੇ, ਮਿੱਡ-ਡੇ ਮੀਲ, ਆਸ਼ਾ ਵਰਕਰਾਂ, ਆਂਗਨਵਾੜੀ ਸਮੇਤ ਸਮੁੱਚੇ ਸਕੀਮ ਵਰਕਰਾਂ, ਜਿਸ ਵਿੱਚ ਐਂਟੀ ਲਾਵਰਾ (ਬਰਿੱਡ) ਕਰਮੀ ਵੀ ਸ਼ਾਮਲ ਹਨ, ਇਹ ਤਨਖਾਹਾਂ ਇਨ੍ਹਾਂ 'ਤੇ ਵੀ ਲਾਗੂ ਕੀਤੀਆਂ ਜਾਣ, ਸੇਵਾਵਾਂ ਨਿਯਮਤ ਕੀਤੀਆਂ ਜਾਣ ਤੇ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ ਆਦਿ ਦੀ ਮੰਗ ਕੀਤੀ ਗਈ।ਪੰਜਾਬ ਵਿਚਲੇ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਸਫਾਈ ਸੇਵਕਾਂ, ਚੌਕੀਦਾਰਾਂ 'ਤੇ ਘੱਟੋ ਘੱਟ ਉਜ਼ਰਤਾਂ ਨਿਯਮ ਲਾਗੂ ਕੀਤੇ ਜਾਣ ਤੇ ਬਣਦੀਆਂ ਸਹੂਲਤਾਂ, ਵਰਦੀਆਂ ਆਦਿ ਦਿੱਤੀਆਂ ਜਾਣ।ਇਸ ਦੌਰਾਨ ਪੰਜਾਬ ਸੁਬਾਰਡੀਨੇਟ ਫੈਡਰੇਸ਼ਨ (1680) ਵੱਲੋਂ ਇੱਕ ਵੱਖਰਾ ਮੈਮੋਰੰਡਮ ਭੇਜ ਕੇ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਹੀ ਬਹਾਲ ਕੀਤੀ ਜਾਵੇ, ਮਹਿੰਗਾਈ ਭੱਤਾ ਤੇ ਇਸ ਦਾ ਬਕਾਇਆ ਮਾਨਯੋਗ ਉੱਚ ਅਦਾਲਤਾਂ ਦੇ ਫੈਸਲੇ ਅਨੁਸਾਰ 30 ਜੂਨ ਤੱਕ ਨਗਦ ਅਦਾਇਗੀ ਕੀਤੀ ਜਾਵੇ, ਇਸ ਤਰ੍ਹਾਂ ਜੰਗਲਾਤ ਵਿਭਾਗ ਵਿੱਚ ਕਰਮੀਆਂ ਦੀਆਂ ਤਿੰਨ ਤਿੰਨ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ ਅਤੇ ਇਸ ਮਿੱਡ-ਡੇ ਮੀਲ ਵਰਕਰਾਂ ਦੀਆਂ ਚਾਰ ਮਹੀਨਿਆਂ ਤੋਂ ਰੋਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ।ਇਹ ਵੀ ਐਲਾਨ ਕੀਤਾ ਕਿ ਹੁਣ ਸਮੁੱਚਾ ਕੱਚਾ ਕਾਮਾ ਚੌਥਾ ਦਰਜਾ ਕਰਮੀ ਚੁੱਪ ਨਹੀਂ ਬੈਠੇਗਾ।10 ਜੁਲਾਈ ਨੂੰ ਡਾਇਰੈਕਟਰ ਪਸ਼ੂ ਪਾਲਣ ਦਫਤਰ ਅੱਗੇ ਮੋਹਾਲੀ ਵਿਖੇ ਧਰਨਾ ਦੇ ਕੇ ਸਰਕਾਰ ਤੇ ਵਿਭਾਗ ਦਾ ਪਿੱਟ ਸਿਆਪਾ ਕੀਤਾ ਜਾਵੇਗਾ।

ਇਸ ਐਕਸ਼ਨ ਨੂੰ ਜਿਨ੍ਹਾਂ ਆਗੂਆਂ ਨੇ ਸੰਬੋਧਨ ਤੇ ਅਗਵਾਈ ਕੀਤੀ, ਉਨ੍ਹਾਂ ਵਿੱਚ ਦਰਸ਼ਨ ਸਿੰਘ ਲੁਬਾਣਾ, ਦੀਪ ਚੰਦ ਹੰਸ, ਸੁਨੀਲ ਦੱਤ, ਰਾਜੇਸ਼ ਗੋਲੂ, ਇੰਦਰਪਾਲ ਵਾਲਿਆ, ਗੌਤਮ ਭਾਰਦਵਾਜ, ਲਖਵੀਰ ਸਿੰਘ, ਰਾਮ ਲਾਲ ਰਾਮਾ, ਸ਼ਿਵ ਚਰਨ, ਰਾਮ ਪ੍ਰਸਾਦ ਸਹੋਤਾ, ਚਰਨਜੀਤ ਮਰਦਾਪੁਰ, ਸਤਨਾਮ ਸਿੰਘ, ਧਰਮਿੰਦਰ, ਗੁਰਿੰਦਰ ਗੁਰੀ, ਰਾਜ ਯੋਧਾ, ਕਰਮਜਤ ਟੀਨਾ, ਕਾਲਾ ਸਿੰਘ, ਤਰਲੋਚਨ ਮੰਡੋਲੀ, ਦਰਸ਼ਨ ਸਿੰਘ ਮਲੇਵਾਲ, ਹਰਭੀਮ ਸਿੰਘ, ਹਰਦੀਪ ਸਿੰਘ, ਮਦਨ ਲਾਲ ਨਾਭਾ, ਅਜੇ ਕੁਮਾਰ ਨਾਭਾ, ਅਜੈ ਕੁਮਾਰ ਸਨੌਰ, ਰਾਜ ਕੁਮਾਰ ਸਨੌਰ, ਸਰਬਜੀਤ ਸਿੰਘ, ਜਸਵਿੰਦਰ ਸਿੰਘ, ਸਤਿਨਰਾਇਣ ਗੋਨੀ ਆਦਿ ਆਗੂ ਸ਼ਾਮਲ ਹਨ।

# ਮਿਮਿਟ ਮਲੋਟ ਦੇ ਐੱਨ ਸੀ ਸੀ ਆਰਮੀ ਵਿੰਗ (ਗਰਲਜ਼) ਵੱਲੋਂ 10 ਰੋਜ਼ਾ ਕੈਂਪ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਪੰਜਾਬ ਸਰਕਾਰ ਵੱਲੋਂ ਸਥਾਪਤ ਸੰਸਥਾ ਮਿਮਿਟ ਮਲੋਟ ਦੇ ਐੱਨਸੀਸੀ ਆਰਮੀ ਵਿੰਗ (ਗਰਲਜ਼) ਵੱਲੋਂ 6 ਪੰਜਾਬ ਬਟਾਲੀਅਨ ਐੱਨਸੀਸੀ ਯੂਨਿਟ ਮਲੋਟ ਵਿਖੇ 10 ਰੋਜ਼ਾ ਐੱਨਸੀਸੀ ਕੈਂਪ 16 ਜੂਨ ਤੋਂ 25 ਜੂਨ ਤੱਕ ਕਮਾਂਡਿੰਗ ਅਫਸਰ ਕਰਨਲ ਭੁਪਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ।ਇਸ ਦਸ ਰੋਜ਼ਾ ਐੱਨ ਸੀ ਸੀ ਕੈਂਪ ਦੌਰਾਨ ਵੱਖ ਵੱਖ ਸਕੂਲਾਂ ਤੇ ਕਾਲਜਾਂ ਦੇ ਐੱਨਸੀਸੀ ਕੈਡਟਸ ਨੇ ਐੱਨਸੀਸੀ ਦੀਆਂ ਵੱਖ ਵੱਖ ਗਤੀਵਿਧੀਆਂ ਜਿਵੇਂ ਕਿ ਡਰਿਲ, ਮੈਪ ਰੀਡਿੰਗ, ਫਾਇਰਿੰਗ ਆਦਿ ਵਿੱਚ ਭਾਗ ਲਿਆ।ਇਸ ਮੌਕੇ ਮਿਮਿਟ ਦੀ ਵਿਦਿਆਰਥਣ ਕਿਰਨਦੀਪ ਕੌਰ ਨੂੰ ਵਧੀਆ ਕਾਰਗੁਜ਼ਾਰੀ ਲਈ ਸਾਰਜੈਂਟ ਵਜੋਂ ਚੁਣਿਆ ਗਿਆ, ਜਿਸ ਕਰਕੇ ਮਿਮਿਟ ਦੀ ਸਮੁੱਚੀ ਐੱਨਸੀਸੀ ਟੀਮ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਕੈਂਪ ਦੌਰਾਨ ਮਿਮਿਟ ਮਲੋਟ ਦੇ ਡਾ. ਰਜਿੰਦਰ ਕੌਰ ਮੈਨੇਜਮੈਂਟ ਵਿਭਾਗ ਵੱਲੋਂ ਟਾਈਮ ਮੈਨੇਜਮੈਂਟ ਤੇ ਕਮਿਊਨੀਕੇਸ਼ਨ ਸਕਿਲਜ਼ ਵਿਸ਼ੇ 'ਤੇ ਗੈਸਟ ਲੈਕਚਰ ਵੀ ਕੀਤਾ ਗਿਆ।ਇਸ ਮੌਕੇ ਮਿਮਿਟ ਦੇ ਐੱਨਸੀਸੀ ਕੇਅਰ ਟੇਕਰ (ਸੀਟੀਓ) ਰਾਜ ਕੁਮਾਰ ਲਡਵਾਲ, ਅਲਫਾ ਕੰਪਨੀ ਦੇ ਸੂਬੇਦਾਰ ਅਨਿਲ ਕੁਮਾਰ ਯਾਦਵ, ਸੂਬੇਦਾਰ ਮੇਜਰ ਮਨਜੀਤ ਸਿੰਘ ਤੇ ਮਿਮਿਟ ਦੀ ਸਮੁੱਚੀ ਐੱਨਸੀਸੀ ਟੀਮ ਹਾਜ਼ਰ ਸਨ। ਇਸ ਕੈਂਪ ਨੂੰ ਸੁਚੱਜੇ ਢੰਗ ਨਾਲ ਸੰਪੂਰਨ ਕਰਨ ਲਈ ਮਿਮਿਟ ਮਲੋਟ ਦੇ ਡਾਇਰੈਕਟਰ ਡਾ. ਅਸ਼ਵਨੀ ਕੁਮਾਰ ਬਾਂਸਲ ਤੇ ਸਬ ਲੈਫਟੀਨੈਂਟ ਸੁਰਿੰਦਰ ਕੁਮਾਰ ਐਸੋਸੀਏਟ ਐੱਨਸੀਸੀ ਅਫ਼ਸਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

# ਨਸ਼ੇ ਦੇ ਖਾਤਮੇ ਲਈ ਸਮਾਜ ਦੇ ਹਰ ਵਰਗ ਦੇ ਸਹਿਯੋਗ ਦੀ ਲੋੜ : ਖੁੱਡੀਆਂ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਮਕਸਦ ਨਾਲ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰ. ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪੰਜਾਬ (ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ ਤੇ ਮੱਛੀ ਪਾਲਣ ਤੇ ਫੂਡ ਪ੍ਰੋਸੈਸਿੰਗ ਮੰਤਰੀ) ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ, ਜ਼ਿਲ੍ਹਾ, ਹਲਕਾ ਤੇ ਬਲਾਕ ਕੋਆਰਡੀਨੇਟਰਾਂ ਤੇ ਵਲੰਟੀਅਰਾਂ ਦੇ ਨਾਲ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਭੁੱਲਰ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ, ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਤੇ ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ, ਨਸ਼ਾ ਮੁਕਤੀ ਮੋਰਚਾ ਦੇ ਮਾਲਵਾ ਜ਼ੋਨ ਦੇ ਇੰਚਾਰਜ ਚਸਪਿੰਦਰ ਸਿੰਘ ਚਹਿਲ, ਜ਼ਿਲ੍ਹਾ ਕੋਆਰਡੀਨੇਟਰ ਹਰਜਿੰਦਰ ਸਿੰਘ (ਕਾਕਾ ਸਰਾਂ) ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਜੰਗ ਵਿੱਚ ਅਸੀਂ ਸਾਰਿਆਂ ਨੇ ਭਾਗੀਦਾਰੀ ਕਰ ਕੇ ਇਸ ਬੁਰਾਈ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਲੜਾਈ ਲੜਨੀ ਹੈ। ਉਨ੍ਹਾਂ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਨਸ਼ਾ ਤਸਕਰੀ ਵਿੱਚ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਈ ਤਾਂ ਉਹ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਇਸ ਮੁਹਿੰਮ ਨਾਲ ਜੁੜੇ ਕੋਆਰਡੀਨੇਟਰਾਂ, ਹਲਕਾ ਇੰਚਾਰਜਾਂ ਸਮੇਤ ਸਿਵਲ ਤੇ ਪੁਲਸ ਅਧਿਕਾਰੀਆਂ ਦੇ ਕੰਮ ਦੀ ਸਰਾਹਨਾ ਕੀਤੀ ਤੇ ਇਸ ਮੁਹਿੰਮ ਨੂੰ ਹੋਰ ਸਫਲਤਾ ਵੱਲੋ ਲਿਜਾਣ ਤੇ ਤੇਜ਼ ਕਰਨ ਲਈ ਦੀ ਅਪੀਲ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਜਿੱਥੇ ਨਸ਼ਾ ਵੇਚਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਲਾਖਾਂ ਪਿੱਛੇ ਪਹੁੰਚਾ ਕੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ, ਉੱਥੇ ਹੀ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਦੂਰ ਰੱਖਣ ਲਈ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਪੰਜਾਬ ਸਰਕਾਰ ਵਲੋਂ ਪਿੰਡ-ਪਿੰਡ ਸਟੇਡੀਅਮਾਂ ਦੀ ਉਸਾਰੀ ਕਰਵਾਈ ਜਾ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਘਰਾਂ ਦੇ ਨਜ਼ਦੀਕ ਹੀ ਸਹੂਲਤਾਂ ਮਿਲ ਸਕਣ।

ਉਨ੍ਹਾਂ ਸਮਾਜ ਸੇਵੀ ਸੰਸਥਾਵਾਂ, ਐਨਜੀਓਜ਼ ਆਦਿ ਨੂੰ ਸਿਵਲ ਤੇ ਪੁਲਸ ਪ੍ਰਸ਼ਾਸਨ ਨਾਲ ਆਪਸੀ ਤਾਲਮੇਲ ਕਰ ਕੇ ਨਸ਼ਾ ਖਤਮ ਕਰਨ ਦੀ ਮੁਹਿੰਮ ਵਿੱਚ ਹਿੱਸਾ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਪੁਲਸ ਮੁਖੀ ਨੂੰ ਨਸ਼ਾ ਵਰਤੋਂ ਕਰਨ ਵਾਲੇ ਪਿੰਡਾਂ ਦੀ ਸ਼ਨਾਖਤ ਕਰ ਕੇ ਪਿੰਡਾਂ ਵਿੱਚ ਨਸ਼ਾ ਤਸਕਰੀ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੌਰਾਨ ਉਨ੍ਹਾਂ ਪਿੰਡਾਂ ਵਿੱਚ ਸਰਪੰਚਾਂ, ਬਲਾਕ ਕੁਆਰਡੀਨੇਟਰਾਂ ਨੂੰ ਦਰਪੇਸ਼ ਮੁਸ਼ਕਲਾਂ ਵੀ ਸੁਣੀਆਂ ਤੇ ਉਨ੍ਹਾਂ ਨਾਲ ਆਪਣੇ ਸੁਝਾਅ ਵੀ ਸਾਂਝੇ ਕੀਤੇ।

# ਕੱਚੇ ਮੁਲਾਜ਼ਮਾਂ ਨੂੰ ਬਾਹਰ ਰੱਖਣ ਦੇ ਵਿਰੋਧ 'ਚ ਮੋਰਚਾ ਲਾਉਣ ਦਾ ਐਲਾਨ

## ਪੰਜਾਬ ਸਰਕਾਰ ਤੁਰੰਤ ਨੋਟੀਫਿਕੇਸ਼ਨ ਜਾਰੀ ਕਰੇ : ਜੀਤ ਸਿੰਘ ਬਠੋਈ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਬ੍ਰਾਂਚ ਪਾਤੜਾਂ ਦੀ ਮੀਟਿੰਗ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਜ਼ਿਲ੍ਹਾ ਪ੍ਰਧਾਨ ਜੀਤ ਸਿੰਘ ਬਠੋਈ ਸ਼ਾਮਲ ਹੋਏ।ਮੀਟਿੰਗ ਦੌਰਾਨ ਜਥੇਬੰਦੀ ਦੇ ਆਗੂਆਂ ਨੇ ਐਲਾਨ ਕੀਤਾ ਕਿ ਆਗਾਮੀ ਵਿਧਾਨ ਸਭਾ ਸੈਸ਼ਨ ਤੋਂ ਪਹਿਲਾਂ ਸਰਕਾਰ ਵੱਲੋਂ ਕੀਤੀ ਜਾ ਰਹੀ ਧੋਖਾਧੜੀ ਦੇ ਵਿਰੋਧ ਵਿੱਚ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਹਲਕਾ ਸਾਹਨੇਵਾਲ ਵਿਖੇ ਪਰਵਾਰਾਂ ਸਮੇਤ ਪੱਕਾ ਮੋਰਚਾ ਲਗਾਇਆ ਜਾਵੇਗਾ।ਮੀਟਿੰਗ ਮਗਰੋਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ 19 ਜੂਨ ਨੂੰ ਚੰਡੀਗੜ੍ਹ ਵਿਖੇ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਯੂਨੀਅਨ ਨਾਲ ਕੀਤੀ ਗਈ ਪੈਨਲ ਮੀਟਿੰਗ 'ਚ ਵਿਚਾਰ-ਵਟਾਂਦਰਾ ਕਰਕੇ ਯੂਨੀਅਨ ਨੂੰ ਜਾਣੂ ਕਰਵਾਇਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਪੰਜਾਬ ਰਾਜ ਆਊਟਸੋਰਸ ਪ੍ਰਸੋਨਲ ਬਿੱਲ-2026 ਤੇ 'ਪੰਜਾਬ ਕੰਟਰੈਕਚੁਅਲ ਪ੍ਰਸੋਨਲ ਬਿੱਲ 2026' ਵਿੱਚ ਆਊਟਸੋਰਸ ਕਾਮਿਆਂ ਦੇ ਨਾਲ-ਨਾਲ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਕਾਮਿਆਂ ਨੂੰ ਵੀ ਸ਼ਾਮਲ ਕਰਕੇ ਰੁਜ਼ਗਾਰ ਪੱਕਾ ਕੀਤਾ ਜਾਵੇਗਾ।

ਆਗੂਆਂ ਨੇ ਕਿਹਾ ਕਿ ਉਸ ਸਮੇਂ ਬਹੁਤ ਵੱਡਾ ਧੋਖਾ ਹੋਇਆ, ਜਦੋਂ ਵਿਭਾਗੀ ਮੁਖੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਦਫਤਰ ਮੋਹਾਲੀ ਵੱਲੋਂ 23 ਜੂਨ 2026 ਨੂੰ ਆਊਟਸੋਰਸ ਕਾਮਿਆਂ ਦਾ ਡਾਟਾ ਐੱਚਆਰਐੱਮ ਪੋਰਟਲ 'ਤੇ ਐਂਟਰੀ ਕਰਨ ਲਈ ਪੱਤਰ ਜਾਰੀ ਕੀਤਾ ਗਿਆ, ਜਿਸ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਪਹਿਲਾਂ ਆਊਟਸੋਰਸ ਅਧੀਨ ਰੱਖਣ ਦੇ ਬਾਅਦ ਧੱਕੇ ਨਾਲ ਇਨਲਿਸਟਮੈਂਟ ਪਾਲਸੀ 'ਚ ਬਦਲੇ 2800 ਵਰਕਰਾਂ ਨੂੰ ਬਾਹਰ ਰੱਖਿਆ ਗਿਆ।ਜਿਸ ਤੋਂ ਪਤਾ ਲੱਗਦਾ ਹੈ ਕਿ ਇਨਲਿਸਟਮੈਂਟ ਵਰਕਰਾਂ ਨੂੰ ਨਵੇਂ ਐਕਟ ਵਿੱਚੋਂ ਬਹਾਰ ਕੱਢਿਆ ਹੋਇਆ ਹੈ।

ਯੂਨੀਅਨ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਬਣਾਏ ਜਾ ਰਹੇ ਕਾਨੂੰਨ 2026 ਵਿੱਚ ਸ਼ਾਮਲ ਕਰਨ ਲਈ ਤੁਰੰਤ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਧੋਖੇ ਸਬੰਧੀ ਸੂਬਾ ਕਮੇਟੀ ਦੇ ਸੱਦੇ ਤੇ ਆਉਣ ਵਾਲੇ ਪੰਜਾਬ ਵਿਧਾਨ ਸਭਾ ਸੈਸ਼ਨ ਤੋਂ ਪਹਿਲਾਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਹਲਕੇ ਸਾਹਨੇਵਾਲ ਵਿੱਚ ਪਰਿਵਾਰਾਂ ਅਤੇ ਬੱਚਿਆਂ ਸਮੇਤ ਲਗਾਤਾਰ ਮੋਰਚਾ ਲਗਾਇਆ ਜਾਵੇਗਾ।

## ਪੈਂਡਿੰਗ ਫਾਇਲਾਂ ਤੇ ਹਾਈ ਸਕਿਉਰਟੀ ਨੰਬਰ ਪਲੇਟਾਂ ਅਪਲਾਈ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ

**ਬਠਿੰਡਾ (ਰਾਜੀਵ ਗੋਇਲ)**-ਸੂਬਾ ਸਰਕਾਰ ਦੇ ਟਰਾਂਸਪੋਰਟ ਵਿਭਾਗ ਵਿੱਚ ਆਮ ਲੋਕਾਂ ਦੀਆਂ ਪੈਂਡਿੰਗ ਪਈਆਂ ਫਾਇਲਾਂ ਚਾਹੇ



ਉਹ ਰਜਿਸਟ੍ਰੇਸ਼ਨ ਨਾਲ ਸੰਬੰਧਤ ਹੋਣ ਜਾਂ ਫਿਰ ਲਾਇਸੈਂਸ ਨਾਲ, ਪਾਸ ਨਾ ਹੋਣ ਕਾਰਨ ਆਮ ਲੋਕ ਡਾਢੇ ਪ੍ਰੇਸ਼ਾਨ ਹਨ। ਇੱਥੋਂ ਤੱਕ ਕਿ ਬਾਹਰਲੀਆਂ ਸਟੇਟ ਤੋਂ ਖਰੀਦ ਕੀਤੇ ਗਏ ਵਹੀਕਲਾਂ ਦੀਆਂ ਨਵੀਆਂ ਹਾਈਸਕਿਉਰਟੀ ਨੰਬਰ ਪਲੇਟਾਂ ਨੂੰ ਅਪਲਾਈ ਕਰਨ ਵਿੱਚ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵਿਭਾਗ ਦੀ ਇਸ ਸਮੱਸਿਆ ਕਾਰਨ ਦਫਤਰਾਂ ਬਾਹਰ ਬੈਠੇ ਪ੍ਰਾਈਵੇਟ ਦੁਕਾਨਦਾਰ ਵੀ ਪ੍ਰੇਸ਼ਾਨ ਹਨ, ਕਿਉਂਕਿ ਆਮ ਲੋਕਾਂ ਵੱਲੋਂ ਉਨ੍ਹਾਂ ਏਜੰਟਾਂ ਨੂੰ ਸਤਾਇਆ ਜਾਂਦਾ ਹੈ, ਜਦਕਿ ਇਸ ਪ੍ਰੇਸ਼ਾਨੀ ਦਾ ਹੱਲ ਮਹਿਕਮੇ ਤੋਂ ਬਿਨਾਂ ਕੋਈ ਵੀ ਨਹੀਂ ਕਰ ਸਕਦਾ। ਜੇਕਰ ਗੱਲ ਜ਼ਿਲ੍ਹਾ ਟਰਾਂਸਪੋਰਟ ਦਫਤਰ ਬਠਿੰਡਾ ਦੀ ਕੀਤੀ ਜਾਵੇ ਤਾਂ ਇੱਥੋਂ ਦੇ ਇੱਕ ਏਜੰਟ ਬਿੰਦਰ ਸਿੰਘ ਨੇ ਕਿਹਾ ਕਿ ਇਸ ਦਫਤਰ ਵਿੱਚ ਆਰ.ਟੀ.ਓ ਦੇ ਬੈਠਣ ਦਾ ਕੋਈ ਦਿਨ ਨਹੀਂ ਹੈ ਤੇ ਪਿੰਡਾਂ 'ਚੋਂ ਦੂਰ-ਦੁਰਾਡੇ ਤੋਂ ਆਉਣ ਵਾਲੇ ਲੋਕ ਬੇਰੰਗ ਚਿੱਠੀ ਵਾਂਗ ਗੇੜਾ ਕੱਢ ਕੇ ਮੁੜ ਜਾਂਦੇ ਹਨ। ਉਹਨਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਦਫਤਰ ਵਿਖੇ ਆਰ.ਟੀ.ਓ ਦੇ ਬੈਠਣ ਦਾ ਦਿਨ ਨਿਸ਼ਚਿਤ ਕੀਤਾ ਜਾਵੇ ਤੇ ਆਨਲਾਇਨ ਵਿਭਾਗ ਪਾਸ ਪੈਂਡਿੰਗ ਪਈਆਂ ਅਰਜ਼ੀਆਂ ਦਾ ਜਲਦ ਨਿਪਟਾਰਾ ਕੀਤਾ ਜਾਵੇ ਤਾਂ ਜੁ ਆਮ ਲੋਕ ਪ੍ਰੇਸ਼ਾਨੀ ਦੇ ਆਲਮ ਤੋਂ ਬਚ ਸਕਣ।

# ਸਾਈਕਲ ਸਵਾਰ ਨੂੰ ਬਚਾਉਂਦੇ ਕਾਰ ਡਰੇਨ 'ਚ ਪਲਟੀ, ਜਾਨੀ ਨੁਕਸਾਨ ਤੋਂ ਬਚਾਅ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**



ਧੂਰੀ-ਬਰਨਾਲਾ ਮੁੱਖ ਮਾਰਗ 'ਤੇ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਤੇਜ਼ ਰਫ਼ਤਾਰ ਸਵਿੱਫਟ ਕਾਰ ਅਚਾਨਕ ਬੇਕਾਬੂ ਹੋ ਕੇ ਸੜਕ ਕਿਨਾਰੇ ਬਣੀ ਡਰੇਨ (ਬਰਸਾਤੀ ਨਾਲੇ) ਵਿੱਚ ਜਾ ਪਲਟੀ।ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਕਾਰ ਚਾਲਕ ਨੇ ਆਪਣੀ ਸੂਝ-ਬੂਝ ਦਿਖਾਉਂਦੇ ਹੋਏ ਇੱਕ ਸਾਈਕਲ ਸਵਾਰ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ।ਖ਼ੁਸ਼ਕਿਸਮਤੀ ਇਹ ਰਹੀ ਕਿ ਇਸ ਭਿਆਨਕ ਹਾਦਸੇ ਦੌਰਾਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਤੇ ਕਾਰ ਸਵਾਰ ਸਾਰੇ ਲੋਕ ਸੁਰੱਖਿਅਤ ਬਾਹਰ ਨਿਕਲ ਆਏ।ਕਾਰ ਚਾਲਕ ਜਗਦੀਪ ਸਿੰਘ ਪਿੰਡ ਮੂਲੋਵਾਲ ਨੇ ਦੱਸਿਆ ਕਿ ਸ਼ਾਮ ਕਰੀਬ 8:30 ਵਜੇ ਉਹ ਆਪਣੀ ਪਤਨੀ ਤੇ ਬੇਟੀ ਸਮੇਤ ਧੂਰੀ ਸ਼ਹਿਰ ਤੋਂ ਆਪਣੇ ਪਿੰਡ ਪਰਤ ਰਿਹਾ ਸੀ।ਜਦੋਂ ਉਹ ਧੂਰੀ-ਬਰਨਾਲਾ ਸੜਕ 'ਤੇ ਪਹੁੰਚੇ ਤਾਂ ਅਚਾਨਕ ਇੱਕ ਸਾਈਕਲ ਸਵਾਰ ਲਾਪ੍ਰਵਾਹੀ ਨਾਲ ਕਾਰ ਦੇ ਬਿਲਕੁਲ ਅੱਗੇ ਆ ਗਿਆ।ਸਾਈਕਲ ਸਵਾਰ ਦੀ ਜਾਨ ਬਚਾਉਣ ਦੇ ਚੱਕਰ ਵਿੱਚ ਜਗਦੀਪ ਸਿੰਘ ਨੇ ਇੱਕਦਮ ਕਾਰ ਨੂੰ ਇੱਕ ਪਾਸੇ ਮੋੜ ਦਿੱਤਾ, ਜਿਸ ਕਾਰਨ ਗੱਡੀ ਸੰਤੁਲਨ ਖੋਹ ਬੈਠੀ ਤੇ ਸਿੱਧੀ ਡਰੇਨ ਵਿੱਚ ਜਾ ਡਿੱਗੀ।ਡਰੇਨ ਵਿੱਚ ਪਲਟਣ ਕਾਰਨ ਕਾਰ ਨੁਕਸਾਨੀ ਗਈ ਹੈ, ਪਰ ਕਾਰ ਚਾਲਕਾਂ ਦੇ ਸਿਰਫ਼ ਮਾਮੂਲੀ ਸੱਟਾਂ ਹੀ ਲੱਗੀਆਂ।

## ਹਨੇਰੀ ਕਾਰਨ ਪ੍ਰਭਾਵਿਤ ਹੋਈ ਬਿਜਲੀ ਸਪਲਾਈ ਨੂੰ ਜਲਦ ਚਾਲੂ ਕਰਨ 'ਤੇ ਕਿਸਾਨਾਂ ਕੀਤਾ ਸਟਾਫ ਦਾ ਧੰਨਵਾਦ



**ਮੂਣਕ (ਰਾਜਪਾਲ ਸਿੰਗਲਾ)**-ਪਿਛਲੇ ਦਿਨੀਂ ਹਨੇਰੀ ਕਾਰਨ ਪ੍ਰਭਾਵਿਤ ਹੋਈ ਬਿਜਲੀ ਸਪਲਾਈ ਦੇ ਕਾਰਨ ਝੋਨੇ ਦੇ ਸੀਜ਼ਨ ਨੂੰ ਲੈ ਕੇ ਕਿਸਾਨ ਸਨ ਦੁਖੀ, ਪਰ ਕਿਸਾਨਾਂ ਦੀ ਇਸ ਸਮੱਸਿਆ ਨੂੰ ਬਿਜਲੀ ਵਿਭਾਗ ਅਫਸਰ ਤੇ ਮੁਲਾਜ਼ਮ ਖੇਤਾਂ ਵਾਲੀ ਬਿਜਲੀ ਸਪਲਾਈ ਨੂੰ ਜਲਦ ਚਾਲੂ ਕਰਨ ਦੇ ਲਈ ਗੰਭੀਰਤਾ ਦੇ ਵਿੱਚ ਸੀ, ਕਿਉਂਕਿ ਝੋਨੇ ਦੀ ਲਵਾਈ ਦਾ ਕੰਮ ਚੱਲ ਰਿਹਾ ਹੈ।ਇਸ ਸਮੱਸਿਆ ਨੂੰ ਹੱਲ ਕਰਨ ਲਈ ਵਿਭਾਗ ਦੇ ਐਕਸ਼ਨ ਮਨੀਸ਼ ਕੁਮਾਰ ਗਰਗ ਦੇ ਹੁਕਮ ਸਦਕਾ ਮੂਣਕ ਡਵੀਜ਼ਨ ਦੇ ਐੱਸਡੀਓ ਜੋਧਾ ਰਾਮ ਦੀ ਅਗਵਾਈ ਹੇਠ ਜੇ ਈ ਗੁਰਪ੍ਰੀਤ ਸਿੰਘ ਦੀ ਟੀਮ ਨੇ ਅਣਥੱਕ ਮਿਹਨਤ ਕਰਕੇ ਖੇਤਾਂ ਵਾਲੀ ਬਿਜਲੀ ਸਪਲਾਈ ਨੂੰ ਜਲਦ ਚਾਲੂ ਕੀਤਾ ਗਿਆ।ਇਸ ਚਾਲੂ ਹੋਈ ਬਿਜਲੀ ਸਪਲਾਈ ਨੂੰ ਲੈ ਕੇ ਪਿੰਡ ਮਕੋੜ ਸਾਹਿਬ ਦੇ ਕਿਸਾਨ ਅੰਮ੍ਰਿਤਪਾਲ ਸਿੰਘ ਮਕੋੜ ਸਾਹਿਬ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪਿਛਲੀ ਦਿਨੀਂ ਤੇਜ਼ ਹਨੇਰੀ ਦੇ ਕਾਰਨਾਂ ਖੇਤਾਂ ਵਾਲੀ ਜੋ ਬਿਜਲੀ ਸਪਲਾਈ ਦੇ ਪੋਲ ਟੁੱਟ ਦੇ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਈ ਸੀ, ਉਸ ਨੂੰ ਲੈ ਕੇ ਇਲਾਕੇ ਦੇ ਕਿਸਾਨ ਝੋਨੇ ਦੀ ਫਸਲ ਦੀ ਲਵਾਈ ਨੂੰ ਲੈ ਕੇ ਦੁਖੀ ਸਨ।ਇਸ ਸਮੱਸਿਆ ਨੂੰ ਲੈ ਕੇ ਜਦੋਂ ਕਿਸਾਨ ਇਕੱਠੇ ਹੋ ਕੇ ਐੱਸਡੀਓ ਨੂੰ ਯੋਧਾ ਰਾਮ ਮੂਨਕ ਨੂੰ ਮਿਲੇ ਤਾਂ ਉਨ੍ਹਾਂ ਨੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਹਨੇਰੀ ਕਾਰਨ ਜੋ ਖੇਤਾਂ ਵਾਲੀ ਬਿਜਲੀ ਪ੍ਰਭਾਵਿਤ ਹੋਈ ਹੈ, ਉਸ ਸਪਲਾਈ ਨੂੰ ਜਲਦ ਚਾਲੂ ਕੀਤਾ ਜਾਵੇਗਾ।ਇਸ ਤੋਂ ਕਿਸਾਨਾਂ ਨੇ ਖੁਸ਼ ਹੋ ਕੇ ਬਿਜਲੀ ਵਿਭਾਗ ਦੇ ਅਫਸਰ ਤੇ ਮੁਲਾਜ਼ਮਾਂ ਨੇ ਦਿਨ ਰਾਤ ਮਿਹਨਤ ਕਰਕੇ ਜੋ ਖੇਤਾਂ ਵਾਲੀ ਬਿਜਲੀ ਸਪਲਾਈ ਚਾਲੂ ਕੀਤੀ ਹੈ, ਉਸ ਨੂੰ ਲੈ ਕੇ ਬਿਜਲੀ ਮੁਲਾਜ਼ਮਾਂ ਦਾ ਧੰਨਵਾਦ ਕੀਤਾ।ਇਸ ਬਿਜਲੀ ਸਪਲਾਈ ਚਾਲੂ ਹੋਣ ਦੇ ਨਾਲ ਕਿਸਾਨਾਂ ਨੂੰ ਝੋਨੇ ਦੀ ਲਵਾਈ ਵਿੱਚ ਕੋਈ ਵੀ ਦਿੱਕਤ ਨਹੀਂ ਆਵੇਗੀ।ਇਸ ਮੌਕੇ ਇਨ੍ਹਾਂ ਨਾਲ ਕਿਸਾਨ ਆਗੂ ਟੇਕ ਸਿੰਘ ਨੰਬਰਦਾਰ, ਜੈ ਸਿੰਘ ਨੰਬਰਦਾਰ, ਭੁਪਿੰਦਰ ਸਿੰਘ, ਭਗਵੰਤ ਸਿੰਘ, ਕਾਕਾ ਸਿੰਘ ਮਕੋੜ ਮੌਜੂਦ ਸਨ।

# ਦੇਸ਼ ਭਗਤ 'ਵਰਸਿਟੀ ਦੇ 76ਵੇਂ ਰੋਜ਼ਗਾਰ ਮੇਲੇ 'ਚ 220 ਉਮੀਦਵਾਰਾਂ ਦੀ ਚੋਣ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਨੇ ਜ਼ਿਲ੍ਹਾ ਰੋਜ਼ਗਾਰ ਬਿਊਰੋ ਮਾਲੇਰਕੋਟਲਾ ਦੇ ਸਹਿਯੋਗ ਤੇ ਰੋਟਰੀ ਕਲੱਬ ਮੰਡੀ ਗੋਬਿੰਦਗੜ੍ਹ ਤੇ ਹਿਮਾਲਿਆਨ ਟਰੱਸਟ ਕਲੱਬ ਦੇ ਸਮਰਥਨ ਨਾਲ ਸਰਕਾਰੀ ਆਈ.ਟੀ.ਆਈ. ਮਾਲੇਰਕੋਟਲਾ ਵਿੱਚ ਆਪਣਾ 76ਵਾਂ ਰੋਜ਼ਗਾਰ ਮੇਲਾ ਸਫਲਤਾਪੂਰਵਕ ਲਗਾਇਆ ਗਿਆ।ਇਸ ਮੇਲੇ ਨੂੰ ਨੌਕਰੀ ਦੀ ਭਾਲ ਕਰ ਰਹੇ ਨੌਜਵਾਨਾਂ ਤੇ ਵੱਖ-ਵੱਖ ਰੁਜ਼ਗਾਰਦਾਤਾਵਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ, ਜਿਸ ਨਾਲ ਨੌਜਵਾਨਾਂ ਦੀ ਰੁਜ਼ਗਾਰ ਯੋਗਤਾ ਵਿੱਚ ਵਾਧਾ ਕਰਨ ਤੇ ਉਨ੍ਹਾਂ ਲਈ ਅਰਥਪੂਰਨ ਕਰੀਅਰ ਮੌਕੇ ਸਿਰਜਣ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਦੁਬਾਰਾ ਸਾਬਿਤ ਹੋਈ।ਮੈਗਾ ਰੋਜ਼ਗਾਰ ਮੇਲੇ ਦਾ ਉਦਘਾਟਨ ਮੁੱਖ ਮਹਿਮਾਨ ਰੋਟੇਰੀਅਨ ਭੂਪੇਸ਼ ਮਹਿਤਾ ਵੱਲੋਂ ਕੀਤਾ ਗਿਆ। ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਡੀਨ ਡਾ. ਅਜੋਏ ਬੱਤਾ, ਸਹਾਇਕ ਡਾਇਰੈਕਟਰ (ਮੀਡੀਆ) ਸ੍ਰੀ ਅਵਤਾਰ ਸਿੰਘ ਤੇ ਸਰਕਾਰੀ ਆਈ ਟੀ ਆਈ ਮਾਲੇਰਕੋਟਲਾ ਦੇ ਪ੍ਰਿੰਸੀਪਲ ਕਮਲਜੀਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਭਾਗ ਲੈ ਰਹੇ ਉਮੀਦਵਾਰਾਂ ਨੂੰ ਪ੍ਰੇਰਿਤ ਕੀਤਾ।ਰੋਜ਼ਗਾਰ ਮੇਲੇ ਲਈ ਕੁੱਲ 1,162 ਉਮੀਦਵਾਰਾਂ ਨੇ ਰਜਿਸਟ੍ਰੇਸ਼ਨ ਕਰਵਾਈ, ਜਦਕਿ 37 ਪ੍ਰਸਿੱਧ ਕੰਪਨੀਆਂ ਨੇ ਭਰਤੀ ਪ੍ਰਕਿਰਿਆ ਵਿੱਚ ਹਿੱਸਾ ਲਿਆ।ਪ੍ਰਮੁੱਖ ਭਰਤੀਕਰਤਾਵਾਂ ਵਿੱਚ ਕੰਗਾਰੂ, ਆਈ ਡੀ ਪੀ, ਆਈ ਸੀ ਆਈ ਸੀ ਆਈ ਬੈਂਕ, ਕੰਧਾਰੀ ਬੈਵਰੇਜਿਜ਼, ਮੁਥੂਟ ਫਾਇਨੈਂਸ, ਐੱਚ ਡੀ ਐੱਫ ਸੀ ਬੈਂਕ, ਮਾਧਵ ਗਰੁੱਪ, ਪੁਖਰਾਜ ਹੈਲਥਕੇਅਰ, ਲੈਂਡਫੋਰਸ, ਕਰਤਾਰ ਐਗਰੋ, ਆਰਤੀ ਇੰਟਰਨੈਸ਼ਨਲ, ਐੱਨ ਆਈ ਆਈ ਟੀ, ਸਵਰਾਜ ਮਹਿੰਦਰਾ ਤੇ ਹੋਰ ਕਈ ਅਗੇਤੀ ਸੰਸਥਾਵਾਂ ਸ਼ਾਮਲ ਸਨ।ਇਹ ਮੇਲਾ ਬਹੁਤ ਹੀ ਸਫਲ ਸਾਬਿਤ ਹੋਇਆ, ਜਿਸ ਵਿੱਚ 457 ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ ਅਤੇ 220 ਉਮੀਦਵਾਰਾਂ ਨੂੰ ਅੰਤਿਮ ਨਿਯੁਕਤੀ ਪੱਤਰ ਪ੍ਰਾਪਤ ਹੋਏ।ਮੇਲੇ ਦੌਰਾਨ ਦਿੱਤਾ ਗਿਆ ਔਸਤ ਸਾਲਾਨਾ ਵੇਤਨ ਪੈਕੇਜ 3.8 ਲੱਖ ਰੁਪਏ ਰਿਹਾ, ਜਿਸ ਨਾਲ ਨੌਜਵਾਨ ਪੇਸ਼ੇਵਰਾਂ ਲਈ ਸ਼ਾਨਦਾਰ ਕਰੀਅਰ ਮੌਕੇ ਉਪਲਬਧ ਹੋਏ।ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ, ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਚੁਣੇ ਗਏ ਸਾਰੇ ਉਮੀਦਵਾਰਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ।ਉਨ੍ਹਾਂ ਜ਼ਿਲ੍ਹਾ ਰੋਜ਼ਗਾਰ ਬਿਊਰੋ ਮਾਲੇਰਕੋਟਲਾ, ਸਰਕਾਰੀ ਆਈ.ਟੀ.ਆਈ. ਮਾਲੇਰਕੋਟਲਾ, ਰੋਟਰੀ ਕਲੱਬ ਮੰਡੀ ਗੋਬਿੰਦਗੜ੍ਹ, ਹਿਮਾਲਿਆਨ ਟਰੱਸਟ ਕਲੱਬ, ਭਾਗੀਦਾਰ ਕੰਪਨੀਆਂ ਤੇ ਹੋਰ ਸਹਿਯੋਗੀ ਸੰਸਥਾਵਾਂ ਦਾ ਇਸ ਸਮਾਗਮ ਦੀ ਸਫਲਤਾ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਧੰਨਵਾਦ ਪ੍ਰਗਟਾਇਆ।

## ਪੰਜਾਬ ਦੇ ਲੋਕ 'ਆਪ' ਤੋਂ ਖੁਸ਼ : ਸੰਦੀਪ ਬਾਂਸਲ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਆਗੂ ਸੰਦੀਪ ਬਾਂਸਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲਗਾਤਾਰ ਲੋਕ ਹਿਤੈਸ਼ੀ ਫੈਸਲੇ ਲੈ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸ ਕਾਰਜਾਂ ਤੋਂ ਸੂਬੇ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਅਤੇ ਖੁਸ਼ ਹਨ।'ਆਪ' ਸਰਕਾਰ ਨੇ ਚੋਣਾਂ ਦੌਰਾਨ ਜਨਤਾ ਨਾਲ ਕੀਤੇ ਹਰ ਇੱਕ ਵਾਅਦੇ ਨੂੰ ਹਕੀਕਤ ਵਿੱਚ ਬਦਲ ਕੇ ਦਿਖਾਇਆ ਹੈ, ਜਿਸ ਕਾਰਨ ਵਿਰੋਧੀ ਪਾਰਟੀਆਂ ਕੋਲ ਕੋਈ ਮੁੱਦਾ ਨਹੀਂ ਬਚਿਆ।ਸੰਦੀਪ ਬਾਂਸਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਆਰਥਿਕ ਸੁਤੰਤਰਤਾ ਤੇ ਸਵੈ-ਮਾਣ ਨੂੰ ਬਹਾਲ ਕਰਨ ਲਈ 1 ਜੁਲਾਈ ਤੋਂ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਇਸ ਇਤਿਹਾਸਕ ਯੋਜਨਾ ਤਹਿਤ ਜਨਰਲ ਸ਼੍ਰੇਣੀ ਦੀਆਂ ਯੋਗ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ (ਐੱਸ.ਸੀ.) ਭਾਈਚਾਰੇ ਨਾਲ ਸਬੰਧਤ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ।ਇਹ ਫੰਡ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ।ਉਨ੍ਹਾਂ ਅੱਗੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ 1 ਜੁਲਾਈ ਨੂੰ ਔਰਤਾਂ ਦੇ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ ਸਤਿਕਾਰ ਰਾਸ਼ੀ ਇੱਕੋ ਸਮੇਂ ਭੇਜੀ ਜਾਵੇਗੀ, ਜਿਸ ਲਈ ਸੂਬੇ ਭਰ ਦੇ ਸੇਵਾ ਕੇਂਦਰਾਂ ਤੇ ਆਂਗਣਵਾੜੀ ਕੇਂਦਰਾਂ ਵਿੱਚ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਬੜੀ ਤੇਜ਼ੀ ਨਾਲ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ ਤੇ ਰੁਜ਼ਗਾਰ ਤੋਂ ਬਾਅਦ ਹੁਣ ਇਹ ਯੋਜਨਾ ਪੰਜਾਬ ਦੀਆਂ ਮਾਵਾਂ-ਭੈਣਾਂ ਲਈ ਇੱਕ ਵੱਡਾ ਤੋਹਫ਼ਾ ਸਾਬਤ ਹੋਵੇਗੀ।

# ਬੇਨੜਾ 'ਚ ਚੱਲ ਰਹੇ ਮਜ਼ਦੂਰਾਂ ਦੇ ਸੰਘਰਸ਼ ਦੀ ਸੀਟੂ ਵੱਲੋਂ ਡਟਵੀਂ ਹਮਾਇਤ



**ਸੰਗਰੂਰ (ਪ੍ਰਵੀਨ ਸਿੰਘ)**-ਸੀਟੂ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਪਿੰਡ ਬੇਨੜਾ ਵਿਖੇ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੇ ਮਜ਼ਦੂਰਾਂ ਦੇ ਸੰਘਰਸ਼ ਦੀ ਹਮਾਇਤ ਕੀਤੀ ਗਈ।ਸੀਟੂ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਾਮਰੇਡ ਰਾਮ ਸਿੰਘ ਸੋਹੀਆ ਤੇ ਜੁਆਇੰਟ ਸਕੱਤਰ ਸਤਵੀਰ ਤੁੰਗਾਂ ਨੇ ਬੇਨੜਾ ਪਹੁੰਚ ਕੇ ਮਜ਼ਦੂਰਾਂ ਦੇ ਮਸਲੇ ਨੂੰ ਸਮਝਿਆ ਤੇ ਆਗੂਆਂ ਨਾਲ ਗੱਲਬਾਤ ਕੀਤੀ। ਆਗੂਆਂ ਨੇ ਕਿਹਾ ਕਿ ਬੇਨੜਾ ਵਿਖੇ ਮਜ਼ਦੂਰਾਂ ਵੱਲੋਂ ਸਤਿਗੁਰ ਰਵਿਦਾਸ ਤੇ ਬਾਬਾ ਜੀਵਨ ਸਿੰਘ ਗੁਰਸੰਗਤ ਕਮੇਟੀ ਦੀ ਅਗਵਾਈ 'ਚ ਕੀਤੇ ਜਾ ਰਹੇ ਸੰਘਰਸ਼ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ। ਪ੍ਰਸ਼ਾਸਨ ਵੱਲੋਂ ਭਾਵੇਂ ਮੰਗਾਂ ਨੂੰ ਮੰਨ ਲਿਆ ਗਿਆ ਹੈ ਤੇ ਪਾਰਕ ਬਨਾਉਣ ਦਾ ਕੰਮ ਵੀ ਸ਼ੁਰੂ ਹੋ ਚੁੱਕਾ ਹੈ, ਪਰ ਆਗੂਆਂ ਨੇ ਦੱਸਿਆ ਕਿ ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਹ ਕੰਮ ਬਹੁਤ ਹੀ ਢਿੱਲੇ ਤਰੀਕੇ ਨਾਲ ਚੱਲ ਰਿਹਾ ਹੈ, ਅੰਬੇਡਕਰ ਭਵਨ ਤੇ ਪ੍ਰਾਇਮਰੀ ਸਕੂਲ ਦੀ ਉਸਾਰੀ ਨਵੀਂ ਖੁੱਲ੍ਹੀ ਥਾਂ 'ਤੇ ਕਰਾਉਣ ਦਾ ਕੰਮ ਅਜੇ ਤੱਕ ਸ਼ੁਰੂ ਨਹੀਂ ਹੋਇਆ, ਜਿਸ ਕਰਕੇ ਮਜ਼ਦੂਰ ਬੀਬੀਆਂ ਅਜੇ ਵੀ ਭੁੱਖ ਹੜਤਾਲ ਤੇ ਬੈਠੀਆਂ ਹਨ।ਸੀਟੂ ਆਗੂਆਂ ਨੇ ਪ੍ਰਸ਼ਾਸਨ ਤੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਪਿੰਡ ਬੇਨੜਾ ਦਾ ਇਹ ਸੰਘਰਸ਼ ਲਗਭਗ ਪਿਛਲੇ 3 ਮਹੀਨੇ ਤੋਂ ਚੱਲ ਰਿਹਾ ਹੈ, ਪਰ ਸਰਕਾਰ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਹੀ। ਜਿਸ ਕਰਕੇ ਮਜ਼ਦੂਰ ਵਰਗ ਵਿੱਚ ਲਗਾਤਾਰ ਰੋਸ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਮਾਂ ਰਹਿੰਦਿਆਂ ਇਸ ਵੱਲ ਧਿਆਨ ਨਾ ਦਿੱਤਾ ਤਾਂ ਸਰਕਾਰ ਨੂੰ ਇਸ ਦਾ ਖਮਿਆਜਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਭੁਗਤਾਨਾ ਪਵੇਗਾ।ਉਨ੍ਹਾਂ ਕਿਹਾ ਕਿ ਸੀਟੂ ਮਜ਼ਦੂਰਾਂ ਦੇ ਇਸ ਸੰਘਰਸ਼ ਵਿਚ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ।ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਪਿੰਡ ਦੇ ਮਜ਼ਦੂਰਾਂ ਤੇ ਉਚ ਵਰਗ ਦੇ ਲੋਕਾਂ ਵਿਚਕਾਰ ਪੈਦਾ ਹੋਏ ਤਣਾਅ ਤੇ ਆਪਸੀ ਝਗੜੇ ਨੂੰ ਰੋਕਣ ਵਿਚ ਅਹਿਮ ਰੋਲ ਨਿਭਾਇਆ ਹੈ। ਉਨ੍ਹਾਂ ਕਿਹਾ ਕਿ ਅੱਗੇ ਵੀ ਪ੍ਰਸ਼ਾਸਨ ਜ਼ਿੰਮੇਵਾਰੀ ਨਾਲ ਮਜ਼ਦੂਰਾਂ ਦੀਆਂ ਜਾਇਜ਼ ਮੰਨੀਆਂ ਮੰਗਾਂ ਜਿਵੇਂ ਮਜ਼ਦੂਰਾਂ ਦੀਆਂ ਰੂੜੀਆਂ ਵਾਲੀ ਜਗ੍ਹਾ 'ਤੇ ਪਾਰਕ ਬਨਾਉਣਾ, ਪਿੰਡ ਦੇ ਅੰਦਰ ਤੰਗ ਥਾਂ 'ਤੇ ਬਣੇ ਖਸਤਾ ਹਾਲਤ ਹੋ ਚੁੱਕੇ ਪ੍ਰਾਇਮਰੀ ਸਕੂਲ ਦੀ ਥਾਂ ਬਦਲ ਕੇ ਬਾਹਰ ਖੁੱਲ੍ਹੀ ਪਈ ਜਗ੍ਹਾ 'ਤੇ ਨਵੇਂ ਸਕੂਲ ਦੀ ਉਸਾਰੀ ਕਰਾਉਣਾ ਤੇ ਅੰਬੇਡਕਰ ਭਵਨ ਦੀ ਉਸਾਰੀ ਕਰਾਉਣਾ ਆਦਿ ਲਈ ਸਰਕਾਰ ਤੋਂ ਤੁਰੰਤ ਗ੍ਰਾਂਟ ਜਾਰੀ ਕਰਾਈ ਜਾਵੇ ਤੇ ਕੰਮ ਸ਼ੁਰੂ ਕਰਾਇਆ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਮਜ਼ਦੂਰਾਂ ਲਈ ਮਤਾ ਪਾ ਕੇ ਰੂੜੀਆਂ ਵਾਸਤੇ ਪਲਾਟ ਵੀ ਦਿੱਤੇ ਜਾਣ।

## ਪਾਵਰਕਾਮ ਐੱਨ ਸੀ ਸੀ ਤੇ ਸੀ ਆਰ ਸੀ ਕਾਮਿਆਂ ਵੱਲੋਂ ਹੜਤਾਲ ਤੇ ਧਰਨਾ ਜਾਰੀ



**ਜਲਾਲਾਬਾਦ (ਜੀਤ ਕੁਮਾਰ)**-ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਡਵੀਜ਼ਨ ਜਲਾਲਾਬਾਦ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਨੂੰ ਜਾਰੀ ਰੱਖਦੇ ਹੋਏ ਸ਼ੁੱਕਰਵਾਰ ਵੀ ਹੜਤਾਲ ਜਾਰੀ ਰੱਖ ਕੇ ਜਲਾਲਾਬਾਦ ਦੇ ਐਕਸੀਅਨ ਦਫਤਰ ਵਿੱਚ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਨਿਸ਼ਾਨ ਸਿੰਘ ਐੱਨ.ਸੀ.ਸੀ. ਤੇ ਸਾਹਿਲ ਬੱਤਰਾ ਸੀ.ਆਰ.ਸੀ., ਡਵੀਜ਼ਨ ਪ੍ਰਧਾਨ ਨਰਿੰਦਰ ਸਿੰਘ ਸੀ.ਐੱਚ.ਬੀ. ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਤੇ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਐੱਨਸੀਸੀ ਤੇ ਸੀਆਰਸੀ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ ਅਤੇ ਇਸ ਦੇ ਇਲਾਵਾ ਹੋਰ ਲਟਕਦੀਆਂ ਮੰਗਾਂ ਨੂੰ ਪ੍ਰਵਾਨ ਕੀਤਾ ਜਾਵੇ, ਕਿਉਂਕਿ ਪੰਜਾਬ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਹਰ ਇੱਕ ਠੇਕਾ ਕਾਮੇ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇਗਾ, ਪਰ ਅੱਜ ਪੰਜਾਬ ਦੀ ਸਰਕਾਰ ਲਗਾਤਾਰ ਟਾਲ ਮਟੋਲ ਦੀ ਨੀਤੀ ਅਪਨਾ ਰਹੀ ਹੈ, ਜਿਸ ਨੂੰ ਠੇਕਾ ਕਾਮੇ ਬਰਦਾਸ਼ਤ ਨਹੀਂ ਕਰਨਗੇ। ਇਸ ਚੱਲ ਰਹੇ ਸੰਘਰਸ਼ ਵਿੱਚ ਸੀਐੱਚਬੀ ਕਾਮਿਆਂ ਦੇ ਸਰਕਲ ਸਕੱਤਰ ਛਿੰਦਰ ਸਿੰਘ ਨੇ ਐੱਨਸੀਸੀ ਤੇ ਸੀਆਰਸੀ ਕਾਮਿਆਂ 'ਤੇ ਪਾਏ ਜਾ ਰਹੇ ਵਾਧੂ ਕੰਮ ਬੋਝ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਐੱਨਸੀਸੀ ਤੇ ਸੀਆਰਸੀ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਲ ਕਰਨ ਸਮੇਤ ਕਾਮਿਆਂ ਦੀ ਤਨਖਾਹ ਵਿੱਚ ਵਾਧਾ ਕਰਨਾ, ਕੰਮੀਆਂ 'ਤੇ ਪਾਇਆ ਜਾ ਰਿਹਾ ਵਾਧੂ ਕੰਮ ਦਾ ਬੋਝ ਰੋਕਣਾ, ਐੱਨਸੀਸੀ ਤੇ ਸੀਆਰਸੀ ਕਾਮਿਆਂ ਦੀ ਭਰਤੀ ਕਰਨਾ ਆਦਿ ਮੰਗਾਂ ਹਨ। ਜੇਕਰ ਸਰਕਾਰ ਨੇ ਐੱਨਸੀਸੀ ਤੇ ਸੀਆਰਸੀ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਲੈਣ ਤੋਂ ਪਾਸਾ ਵੱਟਿਆ ਤਾਂ ਪੰਜਾਬ ਭਰ ਦੇ ਸੀਐੱਚਬੀ ਕਾਮੇ ਮੁਕੰਮਲ ਹੜਤਾਲ ਕਰ ਸੰਘਰਸ਼ ਦੇ ਮੈਦਾਨ ਵਿੱਚ ਸ਼ਾਮਲ ਹੋਣਗੇ। ਜਥੇਬੰਦੀ ਵੱਲੋਂ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ।

## 122 ਗ੍ਰਾਮ ਅਫ਼ੀਮ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਥਾਣਾ ਕੈਂਟ ਫ਼ਿਰੋਜ਼ਪੁਰ ਦੀ ਪੁਲਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਹਾਇਕ ਥਾਣੇਦਾਰ ਏ.ਐੱਸ.ਆਈ. ਗੁਰਦੇਵ ਸਿੰਘ ਨੇ ਦੱਸਿਆ ਕਿ ਉਹ ਆਪਣੀ ਪੁਲਸ ਪਾਰਟੀ ਸਮੇਤ ਜਦੋਂ ਸਥਾਨਕ ਯਤੀਮਖਾਨਾ ਚੌਕ ਤੋਂ ਡੀ.ਏ.ਵੀ. ਕਾਲਜ ਦੀ ਕੰਧ ਦੇ ਨਾਲ ਲੱਗਦੀ ਸੜਕ ਰਾਹੀਂ ਧੋਬੀ ਘਾਟ ਵੱਲ ਜਾ ਰਹੇ ਸੀ, ਤਾਂ ਸਾਹਮਣੇ ਤੋਂ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ। ਪੁਲਸ ਪਾਰਟੀ ਨੂੰ ਦੇਖ ਕੇ ਉਹ ਨੌਜਵਾਨ ਘਬਰਾ ਗਿਆ ਤੇ ਉਸ ਨੇ ਆਪਣੀ ਪੈਂਟ ਦੀ ਜੇਬ ਵਿੱਚੋਂ ਇੱਕ ਪਾਰਦਰਸ਼ੀ ਮੋਮੀ ਲਿਫ਼ਾਫ਼ਾ ਕੱਢ ਕੇ ਸੜਕ ਕਿਨਾਰੇ ਸੁੱਟ ਦਿੱਤਾ ਤੇ ਪਿੱਛੇ ਮੁੜਨ ਦੀ ਕੋਸ਼ਿਸ਼ ਕਰਨ ਲੱਗਾ। ਨੌਜਵਾਨ ਦੀ ਇਸ ਸ਼ੱਕੀ ਹਰਕਤ ਨੂੰ ਦੇਖਦੇ ਹੋਏ ਪੁਲਸ ਮੁਲਾਜ਼ਮਾਂ ਨੇ ਉਸ ਨੂੰ ਮੌਕੇ 'ਤੇ ਦਬੋਚ ਕੇ ਨੌਜਵਾਨ ਵੱਲੋਂ ਸੁੱਟੇ ਲਿਫ਼ਾਫ਼ੇ ਨੂੰ ਚੁੱਕ ਕੇ ਬਾਰੀਕੀ ਨਾਲ ਚੈੱਕ ਕੀਤਾ ਤਾਂ ਉਸ ਵਿੱਚੋਂ 122 ਗ੍ਰਾਮ ਅਫ਼ੀਮ ਬਰਾਮਦ ਹੋਈ। ਫੜੇ ਗਏ ਮੁਲਜ਼ਮ ਦੀ ਪਛਾਣ ਲਖਵਿੰਦਰ ਸਿੰਘ ਉਰਫ਼ ਲੱਖੂ ਪੁੱਤਰ ਰਣਜੀਤ ਸਿੰਘ ਵਾਸੀ ਬੋਹੜ ਵਾਲੀ ਗਲੀ ਗਲੀ ਨੰਬਰ 5, ਵਾਰਡ ਨੰਬਰ 17, ਭਾਰਤ ਨਗਰ, ਬਸਤੀ ਭੱਟੀਆਂ ਵਾਲੀ, ਫ਼ਿਰੋਜ਼ਪੁਰ ਸ਼ਹਿਰ ਵਜੋਂ ਹੋਈ ਹੈ। ਪੁਲਸ ਨੇ ਉਕਤ ਮੁਲਜ਼ਮ ਖਿਲਾਫ ਥਾਣਾ ਕੈਂਟ ਫ਼ਿਰੋਜ਼ਪੁਰ ਵਿਖੇ ਮਾਮਲਾ ਦਰਜ ਕਰ ਲਿਆ ਹੈ।

## ਝਾੜ ਸਾਹਿਬ ਕਾਲਜ ਦਾ ਬੀ ਕਾਮ ਦਾ ਨਤੀਜਾ ਰਿਹਾ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਗਿਆ ਬੀ.ਕਾਮ. ਛੇਵੇਂ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ।ਬੀ.ਕਾਮ. ਦੀ ਵਿਦਿਆਰਥਣ ਰਸਲੀਨ ਕੌਰ ਨੇ 84.5 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਮਨਦੀਪ ਕੌਰ 74.16 ਫ਼ੀਸਦੀ ਅੰਕਾਂ ਨਾਲ ਦੂਜਾ ਤੇ ਹਰਬਲਵ ਕੌਰ ਨੇ 73.16 ਫ਼ੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਮੁੱਚੇ ਕਾਮਰਸ ਵਿਭਾਗ, ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਉੱਚ ਪੱਧਰੀ ਤੇ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ ਤਾਂ ਜੁ ਉਹ ਮੁਕਾਬਲੇ ਦੇ ਇਸ ਯੁੱਗ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਸਕਣ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਕਾਲਜ ਦੀਆਂ ਵਿਦਿਆਰਥਣਾਂ ਭਵਿੱਖ ਵਿੱਚ ਵੀ ਮਿਹਨਤ, ਲਗਨ ਤੇ ਦ੍ਰਿੜ ਇਰਾਦੇ ਨਾਲ ਹੋਰ ਵਧੀਆ ਨਤੀਜੇ ਪ੍ਰਾਪਤ ਕਰਦੀਆਂ ਹੋਈਆਂ ਕਾਲਜ, ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕਰਨਗੀਆਂ।

## ਬਾਜੀਦਪੁਰ 'ਚ ਟਰਾਂਸਫਾਰਮਰ ਲੱਗਣ 'ਤੇ ਅਧਿਕਾਰੀਆਂ ਤੇ ਮੁਲਾਜ਼ਮਾਂ ਦਾ ਕੀਤਾ ਸਨਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**-ਨਜ਼ਦੀਕੀ ਪਿੰਡ ਬਾਜੀਦਪੁਰ ਵਿਖੇ ਮੁਹੱਲਾ ਵਾਸੀਆਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਬਿਜਲੀ ਦੀ ਸਮੱਸਿਆ ਉਸ ਵੇਲੇ ਹੱਲ ਹੋ ਗਈ, ਜਦੋਂ ਪਾਵਰਕਾਮ ਦੇ ਉੱਚ ਅਧਿਕਾਰੀਆਂ ਦੇ ਯਤਨਾਂ ਸਦਕਾ ਇੱਥੇ ਨਵਾਂ ਟਰਾਂਸਫਾਰਮਰ ਲਗਾ ਦਿੱਤਾ ਗਿਆ। ਇਸ ਚਿਰੋਕਣੀ ਮੰਗ ਦੇ ਪੂਰੇ ਹੋਣ 'ਤੇ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਮੁਹੱਲਾ ਵਾਸੀਆਂ ਵੱਲੋਂ ਬਿਜਲੀ ਬੋਰਡ ਦੇ ਜੇਈ ਸੰਦੀਪ ਧਵਨ ਤੇ ਹੋਰ ਮੁਲਾਜ਼ਮਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਪਿੰਡ ਬਾਜੀਦਪੁਰ ਦੇ ਇਕ ਮੁਹੱਲੇ ਵਿੱਚ ਪਿਛਲੇ ਕਾਫੀ ਸਮੇਂ ਤੋਂ ਬਿਜਲੀ ਦੀ ਸਹੀ ਸਪਲਾਈ ਠੀਕ ਤਰ੍ਹਾਂ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਲਾਕਾ ਨਿਵਾਸੀਆਂ ਵੱਲੋਂ ਇੱਥੇ ਨਵਾਂ ਤੇ ਵੱਧ ਸਮਰੱਥਾ ਵਾਲਾ ਟਰਾਂਸਫਾਰਮਰ ਲਗਾਉਣ ਦੀ ਮੰਗ ਲਗਾਤਾਰ ਕੀਤੀ ਜਾ ਰਹੀ ਸੀ। ਜਨਤਾ ਦੀ ਇਸ ਜਾਇਜ਼ ਮੰਗ ਨੂੰ ਮੁੱਖ ਰੱਖਦਿਆਂ ਪਾਵਰਕਾਮ ਦੇ ਐੱਸਡੀਓ ਕੁਲਦੀਪ ਸਿੰਘ ਤੇ ਜੇਈ ਸੰਦੀਪ ਧਵਨ ਨੇ ਨਿੱਜੀ ਦਿਲਚਸਪੀ ਲਈ ਤੇ ਤੁਰੰਤ ਕਾਰਵਾਈ ਅਮਲ ਵਿਚ ਲਿਆਂਦੀ। ਅਧਿਕਾਰੀਆਂ ਦੇ ਠੋਸ ਯਤਨਾਂ ਸਦਕਾ ਅੱਜ ਮੁਹੱਲੇ ਵਿੱਚ ਨਵਾਂ ਟਰਾਂਸਫਾਰਮਰ ਰਖਵਾ ਕੇ ਚਾਲੂ ਕਰ ਦਿੱਤਾ ਗਿਆ ਹੈ। ਇਸ ਸੁਚੱਜੇ ਕਾਰਜ ਤੋਂ ਬਾਅਦ ਇਕੱਠੇ ਹੋਏ ਮੁਹੱਲਾ ਵਾਸੀਆਂ ਨੇ ਬਿਜਲੀ ਬੋਰਡ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਮਹੱਲਾ ਵਾਸੀਆਂ ਨੇ ਜੇਈ ਸੰਦੀਪ ਧਵਨ ਤੇ ਮੌਕੇ 'ਤੇ ਹਾਜ਼ਰ ਬਿਜਲੀ ਮੁਲਾਜ਼ਮਾਂ ਨੂੰ ਸਨਮਾਨਤ ਕੀਤਾ। ਮਹੱਲਾ ਵਾਸੀਆਂ ਨੇ ਐੱਸਡੀਓ ਕੁਲਦੀਪ ਸਿੰਘ, ਜੇਈ ਸੰਦੀਪ ਧਵਨ, ਲਾਈਨਮੈਨ ਅਮਿਤ ਕੁਮਾਰ ਤੇ ਉਨ੍ਹਾਂ ਦੀ ਪੂਰੀ ਤਕਨੀਕੀ ਟੀਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਸਦਕਾ ਅੱਜ ਇਹ ਵੱਡੀ ਸਮੱਸਿਆ ਹੱਲ ਹੋਈ ਹੈ। ਇਸ ਮੌਕੇ ਮਹੱਲੇ ਦੇ ਪਤਵੰਤੇ ਸੱਜਣਾਂ ਤੋਂ ਇਲਾਵਾ ਰਵੀ ਸ਼ਰਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਨਸ਼ਾ-ਮੁਕਤੀ ਜਾਗਰੂਕਤਾ ਮੁਹਿੰਮ ਦਾ ਆਯੋਜਨ



**ਤਲਵੰਡੀ ਸਾਬ (ਜਗਦੀਪ ਗਿੱਲ)**-ਸੜਕ ਸੁਰੱਖਿਆ, ਕ੍ਰਮਚਾਰੀਆਂ ਦੀ ਸਿਹਤ ਤੇ ਜ਼ਿੰਮੇਵਾਰ ਆਵਾਜਾਈ ਸੰਸਕ੍ਰਿਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹੋਏ ਐਚਐਮਈਐਲ ਨੇ ਅੰਤਰਰਾਸ਼ਟਰੀ ਨਸ਼ਾ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਦੇ ਮੌਕੇ 'ਤੇ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵਿੱਚ ਇੱਕ ਵਿਸਤ੍ਰਿਤ ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ।

ਇਹ ਪ੍ਰੋਗਰਾਮ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਤੇ ਨੈਸ਼ਨਲ ਹੈਲਥ ਮਿਸ਼ਨ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਕਰਾਇਆ ਗਿਆ, ਜਿਸ ਵਿੱਚ ਟੈਂਕਰ ਟਰੱਕ ਡਰਾਈਵਰਾਂ, ਹੈਲਪਰਾਂ, ਟਰਾਂਸਪੋਰਟ ਕ੍ਰਮਚਾਰੀਆਂ ਤੇ ਐਚਐਮਈਐਲ ਨਾਲ ਜੁੜੇ ਸਹਿਕਰਮੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਪ੍ਰੋਗਰਾਮ ਵਿੱਚ ਡਾ. ਸ਼ੀਨੂ ਗੁਲਿਆਨਾ (ਏਆਰਟੀ ਸੈਂਟਰ), ਡਾ. ਜੋਤੀ (ਆਈਸੀਟੀਸੀ ਸੈਂਟਰ, ਸਿਵਲ ਹਸਪਤਾਲ ਬਠਿੰਡਾ), ਸ਼੍ਰੀਮਤੀ ਨਗੀਨਾ ਤੇ ਸ਼੍ਰੀ ਅਮਨਦੀਪ (ਆਈਸੀਟੀਸੀ, ਤਲਵੰਡੀ ਸਾਬੋ) ਨੇ ਵਿਸ਼ੇਸ਼ਗਿਆ ਵਜੋਂ ਹਿੱਸਾ ਲਿਆ।ਐਚਐਮਈਐਲ ਦੇ ਵਾਈਸ ਪ੍ਰੈਜ਼ੀਡੈਂਟ ਓਪ੍ਰੇਸ਼ਨਲ ਐਕਸੀਲੈਂਸ ਸ਼੍ਰੀ ਅਰੁਣ ਭਾਰਦਵਾਜ ਤੇ ਸ਼੍ਰੀ ਗੁਲਸ਼ਨ ਗੋਮਬਰ ਵੀ ਮੌਜੂਦ ਸਨ।ਡਾ. ਜੋਤੀ ਨੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਦੇ ਮੁੱਖ ਕਾਰਨਾਂ, ਇਸ ਨਾਲ ਜੁੜੇ ਕਾਨੂੰਨੀ ਪ੍ਰਾਵਧਾਨਾਂ ਤੇ ਵਿਅਕਤੀ, ਪਰਵਾਰ ਤੇ ਸਮਾਜ 'ਤੇ ਪੈਣ ਵਾਲੇ ਗੰਭੀਰ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਵਿਅਕਤੀ ਦੀ ਸਿਹਤ ਹੀ ਨਹੀਂ, ਸਗੋਂ ਸਮਾਜਿਕ ਤੇ ਆਰਥਿਕ ਵਿਕਾਸ ਲਈ ਵੀ ਇੱਕ ਵੱਡੀ ਚੁਣੌਤੀ ਹੈ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਜਾਗਰੂਕਤਾ ਅਤੇ ਪੁਨਰਵਾਸ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਤੇ ਸਾਰੇ ਭਾਗੀਦਾਰਾਂ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਡਾ. ਸ਼ੀਨੂ ਗੁਲਿਆਨਾ ਨੇ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਲਤ ਸਮਾਜ ਲਈ ਇੱਕ ਗੰਭੀਰ ਜਨ ਸਿਹਤ ਚੁਣੌਤੀ ਹੈ।ਉਨ੍ਹਾਂ ਦੱਸਿਆ ਕਿ ਨਸ਼ੇ ਦੀ ਆਦਤ ਵਿਅਕਤੀ ਦੀ ਸਰੀਰਕ ਤੇ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰਨ ਦੇ ਨਾਲ-ਨਾਲ ਪਰਿਵਾਰ ਤੇ ਸਮਾਜ ਦੀ ਸਮਾਜਿਕ ਬਣਤਰ ਨੂੰ ਵੀ ਨੁਕਸਾਨ ਪਚਾਉਂਦੀ ਹੈ।ਨਿਯਮਤ ਨਸ਼ੇ ਦੀ ਵਰਤੋਂ ਮਾਨਸਿਕ ਬਿਮਾਰੀਆਂ, ਦਿਲ ਦੇ ਰੋਗਾਂ, ਸੜਕ ਹਾਦਸਿਆਂ, ਹਿੰਸਾ ਤੇ ਆਤਮਹੱਤਿਆ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦੀ ਹੈ।

ਸ਼੍ਰੀ ਅਰੁਣ ਭਾਰਦਵਾਜ, ਵਾਈਸ ਪ੍ਰੈਜ਼ੀਡੈਂਟ ਓਪਰੇਸ਼ਨਲ ਐਕਸੀਲੈਂਸ ਨੇ ਇੱਕ ਵਿਹਾਰਕ ਉਦਾਹਰਨ ਰਾਹੀਂ ਸਮਝਾਇਆ ਕਿ ਹਰ ਵਿਅਕਤੀ ਦਾ ਵਿਹਾਰ ਤੇ ਹਰ ਫ਼ੈਸਲਾ ਸਿੱਧੇ ਤੌਰ 'ਤੇ ਸੁਰੱਖਿਆ ਨਾਲ ਜੁੜਿਆ ਹੁੰਦਾ ਹੈ।ਉਨ੍ਹਾਂ ਕਿਹਾ ਕਿ ਐਚਐਮਈਐਲ ਵਿੱਚ ਸੁਰੱਖਿਆ ਸਭ ਤੋਂ ਉੱਚੀ ਤਰਜੀਹ ਹੈ ਅਤੇ ਨਸ਼ਾ-ਮੁਕਤ ਕਾਰਜਸਥਲ ਹੀ ਸੁਰੱਖਿਅਤ ਤੇ ਉੱਤਮ ਸੰਚਾਲਨ ਦੀ ਮਜ਼ਬੂਤ ਨੀਂਹ ਹੈ।ਉਨ੍ਹਾਂ ਸਾਰਿਆਂ ਨੂੰ ਜ਼ਿੰਮੇਵਾਰ ਵਿਹਾਰ ਅਪਣਾਉਣ ਤੇ ਸੁਰੱਖਿਆ ਸੰਸਕ੍ਰਿਤੀ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।ਪ੍ਰੋਗਰਾਮ ਦਾ ਸਮਾਪਨ ਸ਼੍ਰੀ ਗੁਲਸ਼ਨ ਗੋਮਬਰ ਵੱਲੋਂ ਧੰਨਵਾਦ ਪ੍ਰਗਟਾਵੇ ਨਾਲ ਹੋਇਆ।


## ਪਬਲਿਕ ਨੋਟਿਸ

**ICICI Bank** Registered Office: ICICI Bank Tower, Near Chakli Circle, Old Padra Road, Vadodara- 390007
Corporate Office: ICICI Bank Towers, Bandra-Kurla Complex Mumbai – 400051.

**ਸੋਨਾ ਨਿਲਾਮੀ ਅਤੇ ਸੱਦਾ ਨੋਟਿਸ**

ਹੇਠਾਂ ਦਸਰਾਏ ਕਰਜ਼ਦਾਰਾਂ ਨੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ ਤੋਂ ਸੋਨੇ ਦੇ ਗਹਿਣਿਆਂ ਬਦਲੇ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ, ਜਿਨ੍ਹਾਂ ਨੂੰ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਸੀ।
ਬਕਾਇਆ ਰਕਮ ਦਾ ਭੁਗਤਾਨ ਨਾ ਕਰਨ 'ਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ 27 ਜੁਲਾਈ 2026 ਨੂੰ ਹੋਵੇਗੀ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੇ ਨਿਯਮ ਅਤੇ ਸ਼ਰਤਾਂ ਉਨ੍ਹਾਂ ਦੇ ਸੰਬੰਧਤ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ | ਨਿਲਾਮੀ ਸ਼ਾਖਾ ਦਾ ਪਤਾ |
|---|---|---|
| ਬਰਾਂਚ ਦਾ ਨਾਂਅ : ਅਜਨਾਲਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮੇਨ ਚੌਕ, ਅੰਮ੍ਰਿਤਸਰ ਰੋਡ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ - 143102 |
| 108362008496 | ਬਲਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਅਮਰਗੜ੍ਹ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮਾਲੇਰਕੋਟਲਾ ਰੋਡ, ਨੇੜੇ ਮਿੰਨੀ ਸਕੱਤਰੇਤ, ਅਮਰਗੜ੍ਹ, ਸੰਗਰੂਰ, ਪੰਜਾਬ - 148022 |
| 381162002041 | ਮਨਪ੍ਰੀਤ ਸਿੰਘ | |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਤਰਨ ਤਾਰਨ ਰੋਡ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਪਲਾਟ ਨੰ. 1040/619, ਅਲਕਾਜ਼ਾਰ ਟੀ.ਜੇ. ਪੈਲੇਸ, ਟੋਰਾਂਟੋ ਰੋਡ, ਅੰਮ੍ਰਿਤਸਰ, ਪੰਜਾਬ - 143001 |
| 443457000061 | ਗੁਰਵੀਨ ਸਿੰਘ ਅਰੋੜਾ | |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਵੱਲ੍ਹਾ ਮੰਡੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਨੇੜੇ ਵਾਲੀਆ ਸਬਜ਼ੀ ਮੰਡੀ, ਮਹਿਤਾ ਰੋਡ, ਅੰਮ੍ਰਿਤਸਰ, ਪੰਜਾਬ - 143001 |
| 360657000015 | ਨਰਿੰਦਰ ਸਿੰਘ | |
| ਬਰਾਂਚ ਦਾ ਨਾਂਅ : ਭਾਦਸੋਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., 400-412, ਉੱਤਮ ਵੈਲੀ, ਕੈਥਲ ਰੋਡ, ਚੀਕਾ, ਤਹਿਸੀਲ ਗੁਹਲਾ, ਜ਼ਿਲ੍ਹਾ ਕੈਥਲ, ਹਰਿਆਣਾ - 136203 |
| 400562001437 | ਅਵਤਾਰ ਸਿੰਘ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 29 | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 53, ਸੈਕਟਰ 20ਸੀ, ਚੰਡੀਗੜ੍ਹ - 160020 |
| 546405000088 | ਬਰਮਜੀਤ ਸਿੰਘ ਬਰਮ | |
| 546405000087 | ਦੀਪਕ ਕੁਮਾਰ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਮਨੀਮਾਜਰਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 45, ਪਾਕੇਟ 1, ਐੱਨ.ਏ.ਸੀ., ਮਨੀਮਾਜਰਾ, ਚੰਡੀਗੜ੍ਹ - 160101 |
| 036257000050 | ਰਮਾ ਸੂਦ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 43-ਬੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 118-120, ਸੈਕਟਰ 43ਬੀ, ਚੰਡੀਗੜ੍ਹ - 160022 |
| 583105000079 | ਦਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 28 ਡੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 145, ਸੈਕਟਰ 38 ਡੀ, ਚੰਡੀਗੜ੍ਹ, ਪੰਜਾਬ - 160036 |
| 096405001767 | ਸੁਮਨ ਲਤਾ | |
| 096405001772 | ਅੰਕਿਤਾ ਰਾਓ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 34 ਏ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸੈਕਟਰ 34ਏ, ਚੰਡੀਗੜ੍ਹ |
| 134157000044 | ਅਭੀਸ਼ੇਕ ਸਿੰਘ ਰਾਠੌਰ | |
| 134105001708 | ਹਰਜਿੰਦਰ ਕੌਰ ਗਿੱਲ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 38-ਡੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 335, ਸੈਕਟਰ 35 ਡੀ, ਚੰਡੀਗੜ੍ਹ - 160022 |
| 078205001914 | ਮੀਨਾ ਕੁਮਾਰੀ | |
| ਬਰਾਂਚ ਦਾ ਨਾਂਅ : ਚੁਗਾਵਾਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਵੀ.ਪੀ.ਓ. ਚੋਗਾਵਾਂ, ਅੰਮ੍ਰਿਤਸਰ ਰੋਡ, ਨੇੜੇ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ - 143110 |
| 380262002937 | ਬਲਜੀਤ ਕੌਰ | |
| ਬਰਾਂਚ ਦਾ ਨਾਂਅ : ਦਸੂਹਾ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਵਾਰਡ ਨੰ. 7, ਜੀ.ਟੀ. ਰੋਡ, ਨੇੜੇ ਐੱਲ.ਆਈ.ਸੀ. ਦਫ਼ਤਰ, ਦਸੂਹਾ - 144205 |
| 357505002129 | ਸੰਦੀਪ ਸਿੰਘ | |
| ਬਰਾਂਚ ਦਾ ਨਾਂਅ : ਧਲੇਵਾਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਵੀ.ਪੀ.ਓ. ਧਲੇਵਾਂ, ਜ਼ਿਲ੍ਹਾ ਮਾਨਸਾ, ਪੰਜਾਬ - 151502 |
| 767162000564 | ਜਗਤਾਰ ਸਿੰਘ | |
| ਬਰਾਂਚ ਦਾ ਨਾਂਅ : ਧਾਰੀਵਾਲ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਵਾਰਡ ਨੰ. 7, ਜੀ.ਟੀ. ਰੋਡ, ਗਾਂਧੀ ਗਰਾਊਂਡ ਦੇ ਸਾਹਮਣੇ, ਬਟਾਲਾ, ਗੁਰਦਾਸਪੁਰ, ਪੰਜਾਬ - 143505 |
| 356062001274 | ਹਰਵਿੰਦਰ ਕੌਰ | |
| 356057000053 | ਗੁਰਜੀਤ ਸਿੰਘ | |
| ਬਰਾਂਚ ਦਾ ਨਾਂਅ : ਦੀਨਾਨਗਰ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਪਠਾਨਕੋਟ ਰੋਡ, ਦਿਨਾਨਗਰ - 143531 |
| 355962002685 | ਭੁਪਿੰਦਰ ਸਿੰਘ | |
| 355962002336 | ਮਨਦੀਪ ਕੌਰ | |
| 355957000035 | ਨੀਰਜ ਕੁਮਾਰ | |
| ਬਰਾਂਚ ਦਾ ਨਾਂਅ : ਫਤਿਹਗੜ੍ਹ ਚੂੜੀਆਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਅਜਨਾਲਾ ਰੋਡ, ਫ਼ਤਹਿਗੜ੍ਹ ਚੂੜੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ - 143513 |
| 283005003573 | ਅਮਨਦੀਪ ਸਿੰਘ | |
| ਬਰਾਂਚ ਦਾ ਨਾਂਅ : ਫਿਰੋਜ਼ਪੁਰ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਬੀ.ਟੀ.-701-224502, 22-20/25, ਗਰਾਊਂਡ ਫਲੋਰ, ਖਸਰਾ ਨੰ. 200/52-59, ਨੇੜੇ ਲਾਲਾ ਲਾਜਪਤ ਰਾਏ ਚੌਂਕ, ਮੱਲਵਾਲ ਰੋਡ, ਫ਼ਿਰੋਜ਼ਪੁਰ ਸ਼ਹਿਰ, ਪੰਜਾਬ - 152002 |
| 044862004335 | ਪ੍ਰੀਤਮ ਕੌਰ | |
| ਬਰਾਂਚ ਦਾ ਨਾਂਅ : ਗੜ੍ਹਸ਼ੰਕਰ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., 335/21, ਗੀਤਾ ਭਵਨ ਦੇ ਸਾਹਮਣੇ, ਕੋਰਟ ਰੋਡ, ਗੜ੍ਹਸ਼ੰਕਰ, ਹੁਸ਼ਿਆਰਪੁਰ, ਪੰਜਾਬ - 144527 |
| 150962001714 | ਲਵਲੀ ਕੁਮਾਰ | |
| ਬਰਾਂਚ ਦਾ ਨਾਂਅ : ਗੁਰਦਾਸਪੁਰ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਜੇਲ੍ਹ ਰੋਡ, ਪੈਟਰੋਲ ਪੰਪ ਦੇ ਸਾਹਮਣੇ, ਗੁਰਦਾਸਪੁਰ, ਪੰਜਾਬ - 143521 |
| 050157000105 | ਪਲਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਗੁਰੂਹਰਸਹਾਏ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਹਾਊਸ ਨੰ. 8, ਸਮਾਰਟ ਨੰ. 3, ਕ੍ਰਿਸ਼ਨਾ ਮੰਡੀ, ਨੇੜੇ ਬੱਸ ਸਟੈਂਡ, ਗੁਰਦਾਸਪੁਰ, ਪੰਜਾਬ - 143521 |
| 199362008959 | ਜਸਪਾਲ ਸਿੰਘ | |
| ਬਰਾਂਚ ਦਾ ਨਾਂਅ : ਜਗਰਾਉਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਕਪੂਰ ਬਿਲਡਿੰਗ, ਕੋਰਟ ਰੋਡ, ਓਲਡ ਜੀ.ਟੀ. ਰੋਡ, ਜਗਰਾਉਂ - 142026 |
| 087962002651 | ਪ੍ਰੀਤਮ ਸਿੰਘ | |
| 087962002884 | ਗੁਰਪ੍ਰੀਤ ਸਿੰਘ | |
| 087957000198 | ਗਗਨਦੀਪ ਸਿੰਘ | |
| ਬਰਾਂਚ ਦਾ ਨਾਂਅ : ਜਗਰਾਉ, ਨਿਊ ਗਰੇਨ ਮਾਰਕਿਟ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸ਼ਾਪ ਨੰ. 72, ਨਿਊ ਗ੍ਰੇਨ ਮਾਰਕੀਟ, ਜ਼ਿਲ੍ਹਾ ਲੁਧਿਆਣਾ, ਜਗਰਾਉਂ, ਪੰਜਾਬ - 142026 |
| 378957000042 | ਸੁਖਦੀਪ ਸਿੰਘ ਵਿਰਕ | |
| ਬਰਾਂਚ ਦਾ ਨਾਂਅ : ਜਲੰਧਰ-ਅਰਬਨ ਅਸਟੇਟ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., 431-44, ਅਰਬਨ ਐਸਟੇਟ, ਫੇਜ਼ 2, ਜਲੰਧਰ - 144022 |
| 361205000897 | ਪੁਨੀਸ ਅਹੂਜਾ | |
| ਬਰਾਂਚ ਦਾ ਨਾਂਅ : ਜਲੰਧਰ-ਚੋਹਕਾਂ, ਰਾਮਮੰਡੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਜੀ.ਟੀ. ਰੋਡ, ਰਾਮਾ ਮੰਡੀ ਰੋਡ, ਨੇੜੇ ਰੇਲਵੇ ਕਰਾਸਿੰਗ, ਜਲੰਧਰ ਕੈਂਟ, ਪੰਜਾਬ - 144005 |
| 593057000008 | ਰਾਜੇਸ਼ ਕੁਮਾਰ ਯਾਦਵ | |
| ਬਰਾਂਚ ਦਾ ਨਾਂਅ : ਜੰਡਿਆਲਾ ਗੁਰੂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਜਯੋਤੀ ਕਲੋਨੀ, ਤਰਨਤਾਰਨ ਰੋਡ, ਖਹਿਰਾ ਪੈਲੇਸ ਦੇ ਸਾਹਮਣੇ, ਜੰਡਿਆਲਾ ਗੁਰੂ, ਪੰਜਾਬ - 143115 |
| 202162002649 | ਬਲਜਿੰਦਰ ਸਿੰਘ | |
| ਬਰਾਂਚ ਦਾ ਨਾਂਅ : ਕੋਟ ਈਸੇ ਖਾਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮੋਗਾ ਰੋਡ, ਕੋਟਕਪੂਰਾ, ਫ਼ਰੀਦਕੋਟ, ਪੰਜਾਬ - 151204 |
| 382257000159 | ਅਮਨ ਸਚਦੇਵਾ | |
| ਬਰਾਂਚ ਦਾ ਨਾਂਅ : ਲੁਧਿਆਣਾ-ਸ਼ਿੰਗਾਰ ਸਿਨੇਮਾ ਰੋਡ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਬਾਬਾ ਥਾਨ ਸਿੰਘ ਚੌਂਕ, ਅੰਬੇਡਕਰ ਨਗਰ, ਵੀ.ਪੀ.ਓ. ਸਮਰਾਲਾ, ਲੁਧਿਆਣਾ, ਪੰਜਾਬ - 141108 |
| 366057000061 | ਪ੍ਰਦੀਪ ਕੁਮਾਰ | |
| ਬਰਾਂਚ ਦਾ ਨਾਂਅ : ਮਲੌਦ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਪਾਇਲ ਰੋਡ, ਮਲੌਦ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ, ਪੰਜਾਬ - 141119 |
| 397957000165 | ਨਵਰੀਤ ਕੌਰ ਥਿੰਦ | |
| ਬਰਾਂਚ ਦਾ ਨਾਂਅ : ਮਮਦੋਟ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸਤੀਸ਼ ਵੈਲੀ, ਮੇਨ ਰੋਡ, ਮੰਡੀ, ਜ਼ਿਲ੍ਹਾ ਫ਼ਿਰੋਜ਼ਪੁਰ - 152023 |
| 382162004952 | ਅਰਸ਼ਦੀਪ ਸਿੰਘ | |
| ਬਰਾਂਚ ਦਾ ਨਾਂਅ : ਮੰਡੀ ਗੋਬਿੰਦਗੜ੍ਹ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸ਼ਾਪ ਨੰ. 140-148, ਸਾਹਮਣੇ ਸ਼ਨੀ ਮੰਦਰ, ਜੀ.ਟੀ. ਰੋਡ, ਮੰਡੀ ਗੋਬਿੰਦਗੜ੍ਹ - 147301 |
| 045057000035 | ਪਿਯੂਸ਼ ਚੰਨੀ | |
| 045057000047 | ਪਿਯੂਸ਼ ਚੰਨੀ | |
| ਬਰਾਂਚ ਦਾ ਨਾਂਅ : ਮੋਹਾਲੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 20-21, ਫੇਜ਼ 6, ਐੱਸ.ਏ.ਐੱਸ. ਨਗਰ, ਮੋਹਾਲੀ - 160055 |
| 005857000274 | ਸ਼ੁਸ਼ਮਾ ਚੌਧਰੀ | |
| ਬਰਾਂਚ ਦਾ ਨਾਂਅ : ਮੋਹਾਲੀ- ਫੇਜ਼-x | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 535, ਫੇਜ਼ 10, ਮੋਹਾਲੀ, ਜ਼ਿਲ੍ਹਾ ਮੋਹਾਲੀ, ਪੰਜਾਬ - 160062 |
| 152557000020 | ਪਰਵੀਨ ਕੌਰ ਸ਼ਾਮ | |
| 152505002145 | ਚਾਣਕਿਆ ਮਿੱਤਰ | |
| ਬਰਾਂਚ ਦਾ ਨਾਂਅ : ਮੋਹਾਲੀ- ਸੈਕਟਰ70 | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 222-223, ਗਰਾਊਂਡ ਫਲੋਰ ਅਤੇ ਪਹਿਲੀ ਮੰਜ਼ਲ, ਸੈਕਟਰ-70, ਐੱਸ.ਏ.ਐੱਸ. ਨਗਰ (ਮੋਹਾਲੀ), ਪੰਜਾਬ - 160071 |
| 167557000028 | ਦਲਜੀਤ ਕੌਰ | |
| ਬਰਾਂਚ ਦਾ ਨਾਂਅ : ਮੁਕੇਰੀਆਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਅਬੋਹਰ ਰੋਡ, ਮੁਕਤਸਰ - 152026 |
| 087762003108 | ਬਵਿਸ਼ਨ ਕੁਮਾਰ | |
| 087757000463 | ਗੁਲਫਾਮ ਗੁਲਫਾਮ | |
| ਬਰਾਂਚ ਦਾ ਨਾਂਅ : ਮੁਕਤਸਰ ਮੰਡੀ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 13, ਨਿਊ ਗ੍ਰੇਨ ਮਾਰਕੀਟ, ਮੁਕਤਸਰ, ਪੰਜਾਬ - 152026 |
| 355705002142 | ਬਲਰਾਜ | |
| ਬਰਾਂਚ ਦਾ ਨਾਂਅ : ਮੁੱਲਾਂਪੁਰ ਦਾਖਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮੇਨ ਚੌਂਕ, ਹਮਾਯੂਪੁਰ ਰੋਡ, ਮੁੱਲਾਂਪੁਰ ਦਾਖਾ, ਜ਼ਿਲ੍ਹਾ ਲੁਧਿਆਣਾ, ਪੰਜਾਬ - 141101 |
| 151662003538 | ਹਰਜੀਤ ਸਿੰਘ | |
| 151662003543 | ਹਰਜੀਤ ਸਿੰਘ | |
| ਬਰਾਂਚ ਦਾ ਨਾਂਅ : ਮੁੱਲਾਂਪੁਰ ਗਰੀਬਦਾਸ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮੇਨ ਰੋਡ, ਮੁੱਲਾਂਪੁਰ ਗਰੀਬਦਾਸ, ਮੋਹਾਲੀ, ਪੰਜਾਬ - 140901 |
| 173157000037 | ਸੁਨੀਸ਼ ਕੁਮਾਰ | |
| ਬਰਾਂਚ ਦਾ ਨਾਂਅ : ਨਾਭਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਖਸਰਾ ਨੰ. 4443/3112, ਪਟਿਆਲਾ ਰੋਡ, ਜ਼ਿਲ੍ਹਾ ਪਟਿਆਲਾ, ਨਾਭਾ - 147201, ਪੰਜਾਬ |
| 078962001276 | ਹਰਦੀਪ ਕੌਰ | |
| 078962004962 | ਹਰਵਿੰਦਰ ਸਿੰਘ | |
| 078962004974 | ਹਰਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਨਿਊ ਅੰਮ੍ਰਿਤਸਰ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 43, 240 ਏਕੜ, ਨਿਊ ਅੰਮ੍ਰਿਤਸਰ, ਅੰਮ੍ਰਿਤਸਰ - 143001, ਪੰਜਾਬ |
| 733557000015 | ਸੁਰਿੰਦਰ ਸਿੰਘ | |
| ਬਰਾਂਚ ਦਾ ਨਾਂਅ : ਨਿਹਾਲ ਸਿੰਘ ਵਾਲਾ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਬਾਘਾਪੁਰਾਣਾ ਰੋਡ, ਨੇੜੇ ਸਿਵਲ ਹਸਪਤਾਲ, ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ, ਪੰਜਾਬ - 142055 |
| 357362001153 | ਪਰਮਜੀਤ ਕੌਰ | |
| 357362001211 | ਮਨਜੀਤ ਸਿੰਘ | |
| ਬਰਾਂਚ ਦਾ ਨਾਂਅ : ਪਠਾਨਕੋਟ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਦੂਜੀ ਮੰਜ਼ਲ, ਆਰ.ਐੱਮ. ਕੰਪਲੈਕਸ, ਡਲਹੌਜ਼ੀ ਰੋਡ, ਪਠਾਨਕੋਟ, ਪੰਜਾਬ - 145001 |
| 027157000027 | ਵਰੁਣ ਸ਼ਰਮਾ | |
| ਬਰਾਂਚ ਦਾ ਨਾਂਅ : ਕਾਦੀਆਂ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਖਸਰਾ ਨੰ. 423, ਗੁਰਦਾਸਪੁਰ ਰੋਡ, ਪਠਾਨਕੋਟ, ਪੰਜਾਬ - 145001 |
| 411862001271 | ਤਾਹੀਰ ਆਹਿਮਦ ਮੁਨੀਰ | |
| ਬਰਾਂਚ ਦਾ ਨਾਂਅ : ਰਾਮਪੁਰਾ ਫੂਲ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਵਾਰਡ ਨੰ. 4/31, ਮੇਨ ਬਾਜ਼ਾਰ, ਰਾਮਪੁਰਾ ਫੂਲ, ਤਹਿਸੀਲ ਫੂਲ, ਬਠਿੰਡਾ, ਪੰਜਾਬ - 151103 |
| 355562001692 | ਸੁਖਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸ਼ੇਖੋਂ ਲਾਲ ਕੰਪਲੈਕਸ, ਬੇਲਾ ਰੋਡ, ਰੋਪੜ, ਜ਼ਿਲ੍ਹਾ ਰੂਪਨਗਰ, ਪੰਜਾਬ - 140001 |
| 357162003322 | ਰਾਮ ਸਿੰਘ | |
| 357162004851 | ਸਰਬਜੀਤ ਸਿੰਘ | |
| 357162005503 | ਹਰਮੰਦਰ ਸਿੰਘ | |
| 357162006722 | ਮਨਪ੍ਰੀਤ ਸਿੰਘ | |
| ਬਰਾਂਚ ਦਾ ਨਾਂਅ : ਸਮਾਣਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸੋਢੀ ਕੰਪਲੈਕਸ, ਮੇਨ ਰੋਡ, ਸਮਾਣਾ, ਪਟਿਆਲਾ - 147101 |
| 152105007178 | ਧਰੁਵ ਧੰਜਲ | |
| ਬਰਾਂਚ ਦਾ ਨਾਂਅ : ਸੰਗਤ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਸਿੱਧੂ ਡੈਂਟਲ ਕਲੀਨਿਕ, ਮੇਨ ਰੋਡ, ਸੰਗਤ ਮੰਡੀ, ਜ਼ਿਲ੍ਹਾ ਬਠਿੰਡਾ, ਪੰਜਾਬ - 151401 |
| 383562003078 | ਸੁਖਜੀਤ ਕੌਰ | |
| ਬਰਾਂਚ ਦਾ ਨਾਂਅ : ਸ਼ਾਹਕੋਟ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮੋਗਾ ਰੋਡ, ਨਿਊ ਗ੍ਰੇਨ ਮਾਰਕੀਟ, ਸ਼ਾਹਕੋਟ, ਜਲੰਧਰ, ਪੰਜਾਬ - 144702 |
| 216605001767 | ਰੋਬਿਨ ਸ਼ਰਮਾ | |
| ਬਰਾਂਚ ਦਾ ਨਾਂਅ : ਸੁਲਤਾਨਪੁਰ ਲੋਧੀ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., 311 ਕੋਰਟ ਰੋਡ, ਪੁਰਾਣੇ ਬੱਸ ਸਟੈਂਡ ਦੇ ਸਾਹਮਣੇ, ਸੁਲਤਾਨਪੁਰ ਲੋਧੀ, ਕਪੂਰਥਲਾ, ਪੰਜਾਬ - 144626 |
| 272462000692 | ਮਨਦੀਪ ਸਿੰਘ | |
| ਬਰਾਂਚ ਦਾ ਨਾਂਅ : ਤਲਵੰਡੀ ਸਾਬੋ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਮੇਨ ਰੋਡ, ਨੇੜੇ ਸਬਜ਼ੀ ਮੰਡੀ, ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ, ਪੰਜਾਬ - 151302 |
| 150762006618 | ਗੁਰਤੇਜ ਸਿੰਘ | |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਨਿਊ ਰੇਲਵੇ ਲਿੰਕ ਰੋਡ, ਤਰਨ ਤਾਰਨ, ਪੰਜਾਬ - 143401 |
| 087805003487 | ਬਿਕਰਮ ਸਿੰਘ | |
| ਬਰਾਂਚ ਦਾ ਨਾਂਅ : ਤਪਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਬਠਿੰਡਾ ਰੋਡ, ਤਪਾ ਮੰਡੀ, ਜ਼ਿਲ੍ਹਾ ਬਰਨਾਲਾ, ਪੰਜਾਬ - 148108 |
| 417457000216 | ਗੁਰਪ੍ਰੀਤ ਸਿੰਘ ਭੁੱਲਰ | |
| ਬਰਾਂਚ ਦਾ ਨਾਂਅ : ਜ਼ੀਰਾ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਨਿਊ ਤਲਵੰਡੀ ਰੋਡ, ਨੇੜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜ਼ੀਰਾ, ਫ਼ਿਰੋਜ਼ਪੁਰ, ਪੰਜਾਬ - 142047 |
| 199762004232 | ਮਨਪ੍ਰੀਤ ਸਿੰਘ | |
| 199762004320 | ਮਨਪ੍ਰੀਤ ਸਿੰਘ | |
| 199762004496 | ਮਨੀ ਮੋਂਗਾ | |
| ਬਰਾਂਚ ਦਾ ਨਾਂਅ : ਜ਼ੀਰਕਪੁਰ | | ਆਈ.ਸੀ.ਆਈ.ਸੀ.ਆਈ. ਬੈਂਕ ਲਿਮ., ਨੇੜੇ ਟੈਸਕੋ ਸ਼ੋਅਰੂਮ, ਅੰਬਾਲਾ-ਚੰਡੀਗੜ੍ਹ ਹਾਈਵੇਅ, ਜ਼ੀਰਕਪੁਰ, ਪੰਜਾਬ - 140603 |
| 050757000248 | ਪਿੰਕੀ ਤਨਵਾਰ | |
| ਬਰਾਂਚ ਦਾ ਨਾਂਅ : ਪੰਚਕੂਲਾ-ਸੈਕਟਰ-7 | | ਆਈ. ਸੀ. ਆਈ.ਸੀ.ਆਈ. ਬੈਂਕ ਲਿਮ., ਐੱਸ.ਸੀ.ਓ. 73, ਸੈਕਟਰ 7, ਪੰਚਕੂਲਾ - 134109 |
| 341457000021 | ਕਲਪਨਾ ਨਾਥ | |
| 341405000623 | ਰੂਪਾ ਸੂਦ | |
| ਬਰਾਂਚ ਦਾ ਨਾਂਅ : ਸਾਊਂਦਾ | | ਆਈ. ਸੀ. ਆਈ. ਸੀ. ਆਈ. ਬੈਂਕ ਲਿਮ., ਜਾਖਲ ਰੋਡ, ਸੁਨਾਮ, ਸੰਗਰੂਰ, ਪੰਜਾਬ - 148028 |
| 294405000260 | ਗੁਰਪ੍ਰੀਤ ਸਿੰਘ | |

ਨਿਲਾਮੀ ਉਕਤ ਦਰਸਾਈ ਸਾਰਣੀ 'ਚ ਪਤੇ ਅਤੇ ਮਿਤੀ ਨੂੰ ਹੋਵੇਗੀ। ਸਮਾਂ 3.00 ਵਜੇ ਤੋਂ ਬਾਅਦ ਦੁਪਹਿਰ 6.00 ਵਜੇ ਸ਼ਾਮ ਤੱਕ ਹੈ।
ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਆਈ ਸੀ ਆਈ ਸੀ ਆਈ ਬੈਂਕ ਨੂੰ ਮਿਲਾਮੀ ਮਿਤੀ/ਸਥਾਨ, ਨਿਲਾਮੀ ਦਾ ਢੰਗ ਬਿਨਾਂ ਅਗਾਊਂ ਨੋਟਿਸ ਦਿੱਤਿਆਂ ਬਦਲਣ ਦਾ ਅਧਿਕਾਰ ਹੈ।
ਚਾਹਵਾਨ ਪਾਰਟੀਆਂ ਨਿਯਮ ਅਤੇ ਸ਼ਰਤਾਂ ਦੇ ਵੇਰਵਿਆਂ ਲਈ ਉਕਤ ਦਰਸਾਈਆਂ ਸ਼ਾਖਾਵਾਂ 'ਤੇ ਪਧਾਰਨ।

ਮਿਤੀ : 27.06.2026
ਸਥਾਨ : ਚੰਡੀਗੜ੍ਹ , ਲੁਧਿਆਣਾ, ਮਾਨਸਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਅੰਮ੍ਰਿਤਸਰ, ਬਠਿੰਡਾ, ਫਤਹਿਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮੁਕਤਸਰ, ਬਰਨਾਲਾ, ਫਰੀਦਕੋਟ, ਮੋਗਾ, ਮਾਲੇਰਕੋਟਲਾ, ਫਿਰੋਜ਼ਪੁਰ, ਪਠਾਨਕੋਟ, ਪਟਿਆਲਾ, ਐੱਸ ਏ ਐੱਸ ਨਗਰ, ਮੋਹਾਲੀ, ਜ਼ੀਰਕਪੁਰ

ਸ਼ੁੱਭਚਿੰਤਕ ਸਹੀ/- ਅਧਿਕਾਰਤ ਅਫਸਰ,
ਵਾਸਤੇ ਆਈ ਸੀ ਆਈ ਸੀ ਆਈ ਬੈਂਕ, ਲਿਮ:

# ਪੰਜਾਬੀ ਨੌਜਵਾਨ ਦੀ ਇਟਲੀ ਜੇਲ੍ਹ 'ਚ ਭੇਦਭਰੇ ਹਾਲਾਤਾ 'ਚ ਮੌਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਬੰਧਿਤ ਕਸਬਾ ਮਿਆਣੀ ਤੋਂ ਇੱਕ ਪੰਜਾਬੀ ਨੌਜਵਾਨ ਜੋ ਬੀਤੇ ਪੰਜ ਸਾਲ ਤੋਂ ਇਟਲੀ ਵਿੱਚ ਰਹਿ ਰਿਹਾ ਸੀ, ਦੇ ਹਵਾਲਾਤ ਵਿੱਚ ਭੇਦ ਭਰੇ ਹਾਲਾਤਾਂ 'ਚ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਪ੍ਰਾਪਤ ਜਾਣਕਾਰੀ ਮੁਤਾਬਿਕ ਪਿੰਡ ਮਿਆਣੀ ਨਿਵਾਸੀ ਸੁਖਵਿੰਦਰ ਸਿੰਘ ਸੋਨੂ(23 ਸਾਲਾਂ) ਪੁੱਤਰ ਗਰਮੀਤ ਸਿੰਘ,ਜੋ ਕਿ ਇਟਲੀ ਦੇ ਬਰੇਸ਼ੀਆ ਵਿਖੇ ਰਹਿ ਰਿਹਾ ਸੀ ਨੇ ਸਾਫ ਸੁਥਰੇ ਗੈਰ ਅਪਰਾਧਕ ਰਿਕਾਰਡ ਸਦਕਾ ਰਾਜਨੀਤਿਕ ਸ਼ਰਨ ਲਈ ਮੰਗ ਕੀਤੀ ਹੋਈ ਸੀ।ਇਟਲੀ ਦੀਆਂ ਮੀਡੀਆ ਰਿਪੋਰਟਾਂ ਮੁਤਾਬਕ ਸੁਖਵਿੰਦਰ ਸਿੰਘ ਜੋ ਕਿ ਐਤਵਾਰ ਕੇਨਸੇਸਿਓ ਦੇ ਟਿਬਿਡਾਬੋ ਵਾਟਰ ਪਾਰਕ ਵਿਖੇ ਗਿਆ ਸੀ।ਪਾਰਕ ਦੇ ਡਾਇਰੈਕਟਰ ਨੇ ਸਵੀਵਿੰਗ ਪੂਲ ਵਿੱਚ ਹੋਈ ਇੱਕ ਘਟਨਾ ਤੋਂ ਬਾਅਦ ਪੁਲਿਸ ਨੂੰ ਸੂਚਿਤ ਕੀਤਾ ਸੀ ਕਿ ਉਕਤ ਲੜਕੇ ਨੇ ਸਵਿਮਿੰਗ ਪੂਲ ਵਿੱਚ ਚਾਰ ਲੜਕੀਆਂ ਜੋ 13 ਸਾਲ ਦੀਆਂ ਨਾਬਾਲਗ ਸਨ,ਉਹਨਾਂ ਦੇ ਮਾਪਿਆਂ ਦੀ ਗੈਰ ਹਾਜਰੀ ਵਿੱਚ ਉਹਨਾਂ ਨੂੰ ਛੋਹਿਆ ਸੀ।ਜਿਸ ਤੋਂ ਬਾਅਦ ਪ੍ਰੋਸੀਕਿਊਟਰ ਦੇ ਦਫਤਰ ਦੁਆਰਾ ਕਵਰ ਹੇਠ ਇੰਟਰਵਿਊ ਕੀਤੇ ਉਕਤ ਚਾਰ ਨਾਬਾਲਗਾ ਨੇ ਘਟਨਾ ਦੀ ਪੁਸ਼ਟੀ ਕਰਨ ਤੋਂ ਬਾਅਦ ਇੱਕ ਜਿਨਸੀ ਮਾਮਲੇ ਵਿੱਚ ਪੁਲਿਸ ਨੇ ਗ੍ਰਿਫਤਾਰ ਕੀਤਾ ਸੀ।



ਬਰੇਸ਼ੀਆ ਪਰੋਸੀ ਕਿਊਟਰ ਦੇ ਦਫਤਰ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜਨ ਅਤੇ ਇਸ ਘਟਨਾ ਦੀ ਜਾਂਚ ਦੇ ਆਦੇਸ਼ ਦਿੱਤੇ ਹਨ ਕਿ ਉਕਤ ਨੌਜਵਾਨ ਦੀ ਮੌਤ ਕਿਸ ਤਰ੍ਹਾਂ ਹੋਈ।ਦੂਜੇ ਪਾਸੇ ਮ੍ਰਿਤਕ ਸੁਖਵਿੰਦਰ ਜੋ ਕਿ ਦੋ ਭੈਣਾਂ ਅਮਨਦੀਪ ਕੌਰ ਅਤੇ ਪਰਮਜੀਤ ਕੌਰ ਪਲਵੀ ਦਾ ਇਕਲੌਤਾ ਭਰਾ ਸੀ,ਜਿਸ ਦੀ ਮਾਤਾ ਦਾ ਵੀ ਦੇਹਾਂਤ ਹੋ ਗਿਆ ਸੀ,ਦੇ ਪਿਤਾ ਨੇ ਦੱਸਿਆ ਕਿ ਪੰਜ ਸਾਲ ਪਹਿਲਾਂ ਕਰਜ਼ਾ ਚੁੱਕ ਕੇ ਉਸ ਨੂੰ ਇਟਲੀ ਭੇਜਿਆ ਸੀ। ਸਾਨੂੰ ਨਹੀਂ ਪਤਾ ਕਿ ਉਸ ਦੀ ਮੌਤ ਕਿੰਨਾਂ ਹਾਲਾਤਾਂ ਵਿੱਚ ਹੋਈ ਪਰ ਸੋਨੂ ਵਧੀਆ ਚਰਿੱਤਰ ਦਾ ਲੜਕਾ ਸੀ ਜੋ ਇਸ ਤਰ੍ਹਾਂ ਦੀ ਹਰਕਤ ਨਹੀਂ ਕਰ ਸਕਦਾ ਸੀ। ਉਹਨਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਮੁੱਖ ਮੰਤਰੀ ਪੰਜਾਬ ਭਗਵਤ ਸਿੰਘ ਮਾਨ ਤੋਂ ਮੰਗ ਕੀਤੀ ਹੈ ਕਿ ਉਹਨਾਂ ਨੂੰ ਇਨਸਾਫ ਦਵਾਇਆ ਜਾਵੇ ਅਤੇ ਉਸ ਦੇ ਬੇਟੇ ਦੀ ਮ੍ਰਿਤਕ ਦੇਹ ਨੂੰ ਇੱਥੇ ਭਾਰਤ ਲਿਆਉਣ ਵਿੱਚ ਉਹਨਾਂ ਦੀ ਮਦਦ ਕੀਤੀ ਜਾਵੇ।

# ਹੈਲਥ ਵਰਕਰਾਂ ਨੇ ਡੇਂਗੂ ਮੱਛਰ ਲਾਰਵੇ ਦੀ ਕੀਤੀ ਜਾਂਚ



**ਮਾਹਿਲਪੁਰ (ਸ.ਫਰੀ)**- ਪੀ ਐਚ ਯੂ ਪਾਲਦੀ ਮਾਹਿਲਪੁਰ ਦੇ ਮਲਟੀ ਪਰਪਜ਼ ਹੈਲਥ ਵਰਕਰਾਂ ਵੱਲੋਂ ਸ਼ਹਿਰ ਦੇ ਵੱਖ ਵੱਖ ਘਰ੍ਹ ਵਿੱਚ ਜਾ ਕੇ ਡੇਂਗੂ ਮੱਛਰ ਲਾਰਵੇ ਦੀ ਜਾਂਚ ਕੀਤੀ ਗਈ । ਇਸ ਦੌਰਾਨ ਲੋਕਾਂ ਨੂੰ ਡੇਂਗੂ ਦੇ ਲੱਛਣ, ਬਚਾਅ ਅਤੇ ਰੋਕਥਾਮ ਸਬੰਧੀ ਜਾਕਰੂਕ ਕੀਤਾ ਗਿਆ।ਹੈਲਥ ਟੀਮ ਵੱਲੋ ਲੋਕਾਂ ਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਖੜ੍ਹਾ ਪਾਣੀ ਇਕੱਠਾ ਨਾ ਹੋਣ ਦੇਣਸ ਕੂਲਰਾਂ ਅਤੇ ਪਾਣੀ ਵਾਲੇ ਭਾਂਡਿਆਂ ਨੂੰ ਨਿਯਮਿਤ ਤੌਰ ਤੇ ਸਾਊਫ ਕਰਨ ਅਤੇ ਬੁਖਾਰ ਆਉਣ ਤੇ ਤਰੁੰਤ ਸਿਹਤ ਕੇਂਦਰਾਂ ਨਾਲ ਸਪੰਰਕ ਕਰਨ ਲਈ ਸਪੰਰਕ ਕਰਨ ਲਈ ਪ੍ਰੇਰਿਤ ਕੀਤਾ।

# ਗੁਰੂ ਨਾਨਕਪੁਰਾ ਫਲਾਈਓਵਰ ਮਾਮਲੇ 'ਤੇ ਰਜਿੰਦਰ ਬੇਰੀ ਲੋਕਾਂ ਨੂੰ ਗੁੰਮਰਾਹ ਕਰ ਰਹੇ : ਅਸ਼ੋਕ ਸਰੀਨ ਹਿੱਕੀ

**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਭਾਜਪਾ ਦੇ ਮਹਾਮੰਤਰੀ ਅਸ਼ੋਕ ਸਰੀਨ ਹਿੱਕੀ ਨੇ ਗੁਰੂ ਨਾਨਕ ਪੁਰਾ ਇਲਾਕੇ ਦੇ ਮੰਡਲ ਪ੍ਰਧਾਨ ਸੰਦੀਪ ਕੁਮਾਰ, ਭਾਜਪਾ ਬੁਲਾਰੇ ਸਨੀ ਸ਼ਰਮਾ, ਡਿੰਪੀ ਲੁਭਾਣਾ, ਬ੍ਰਿਜੇਸ਼ ਸ਼ਰਮਾ ਅਤੇ ਹਿਮਾਂਸ਼ੂ ਸ਼ਰਮਾ ਨਾਲ ਮਿਲ ਕੇ ਜਲੰਧਰ ਕਾਂਗਰਸ ਦੇ ਪ੍ਰਧਾਨ ਅਤੇ



ਕੇਂਦਰੀ ਵਿਧਾਨ ਸਭਾ ਹਲਕੇ ਤੋਂ ਸਾਬਕਾ ਵਿਧਾਇਕ ਰਾਜਿੰਦਰ ਬੇਰੀ 'ਤੇ ਤਿੱਖਾ ਹਮਲਾ ਕਰਦੇ ਹੋਏ, ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਹਿੱਕੀ ਕਿਹਾ ਕਿ ਗੁਰੂ ਨਾਨਕ ਪੁਰਾ ਫਲਾਈਓਵਰ ਦੇ ਮੁੱਦੇ 'ਤੇ ਬੇਰੀ ਆਪਣੀ ਪੁਰਾਣੀ ਰਾਜਨੀਤਿਕ ਨਾਕਾਮੀ ਨੂੰ ਉਪਲਬਧੀ ਵਜੋਂ ਪੇਸ਼ ਕਰਨ ਦਾ ਬੇਬੁਨਿਆਦ ਤੇ ਲੋਕਾਂ ਨੂੰ ਗੁੰਮਰਾਹ ਕਰਨ ਵਾਲਾ ਯਤਨ ਕਰ ਰਹੇ ਹਨ।ਹਿੱਕੀ ਨੇ ਕਿਹਾ ਕਿ ਸੱਚਾਈ ਇਹ ਹੈ ਕਿ ਇਸ ਫਲਾਈਓਵਰ ਦਾ ਪ੍ਰਸਤਾਵ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਵੱਲੋਂ ਭੇਜਿਆ ਗਿਆ ਸੀ ਅਤੇ ਇਸ ਨੂੰ ਕੇਂਦਰ ਸਰਕਾਰ ਦੇ ਰੇਲ ਮੰਤਰਾਲੇ ਵੱਲੋਂ ਮਨਜ਼ੂਰੀ ਵੀ ਮਿਲ ਚੁੱਕੀ ਸੀ। ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਕਾਂਗਰਸ ਦੇ ਆਗੂਆਂ ਨੂੰ ਦੱਸਣਾ ਚਾਹੀਦਾ ਹੈ ਕਿ ਜਦੋਂ ਫਾਈਲਾਂ ਮਨਜ਼ੂਰ ਹੋ ਚੁੱਕੀਆਂ ਸਨ ਤਾਂ ਅੱਠ ਸਾਲਾਂ ਤੱਕ ਨਗਰ ਨਿਗਮ ਨੇ ਇਸ ਪ੍ਰੋਜੈਕਟ ਨੂੰ ਕਿਉਂ ਲਟਕਾ ਕੇ ਰੱਖਿਆ? ਹਿੱਕੀ ਨੇ ਕਿਹਾ ਕਿ ਹੁਣ ਹਾਲਾਤ ਇਹ ਹਨ ਕਿ ਇਨ੍ਹਾਂ ਫਲਾਈਓਵਰਾਂ ਦਾ ਪੂਰਾ ਖਰਚਾ ਕੇਂਦਰ ਸਰਕਾਰ ਅਤੇ ਰੇਲ ਮੰਤਰਾਲਾ ਉਠਾਏਗਾ, ਕਿਉਂਕਿ ਨਗਰ ਨਿਗਮ ਆਪਣੇ ਹਿੱਸੇ ਦੀ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲ ਰਹੇ ਹਨ। ਦੂਜੇ ਪਾਸੇ ਕਾਂਗਰਸ ਦੀ ਪੰਜਾਬ ਅਤੇ ਕੇਂਦਰ ਵਿੱਚ ਲੰਬੇ ਸਮੇਂ ਤੱਕ ਸਰਕਾਰ ਰਹੀ, ਪਰ ਜਲੰਧਰ ਦੇ ਲੋਕਾਂ ਨੂੰ ਰਾਹਤ ਦੇਣ ਲਈ ਨਾ ਇਨ੍ਹਾਂ ਨੇ ਕੋਈ ਵਿਜ਼ਨ ਦਿੱਤਾ, ਨਾ ਇੱਛਾ ਸ਼ਕਤੀ ਦਿਖਾਈ ਅਤੇ ਨਾ ਹੀ ਕੋਈ ਠੋਸ ਕੰਮ ਕੀਤਾ। ਕਾਂਗਰਸ ਨੇ ਸਿਰਫ਼ ਵੋਟ ਬੈਂਕ ਦੀ ਰਾਜਨੀਤੀ ਕੀਤੀ।



ਪਦਮ ਸ੍ਰੀ ਐਵਾਰਡ ਨਾਲ ਸਨਮਾਨਿਤ ਸੰਤ ਨਿਰੰਜਨ ਦਾਸ ਬੱਲਾਂ ਵਾਲਿਆਂ ਦਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਸਿਵਲ ਏਅਰਪੋਟ ਆਦਮਪੁਰ ਪਹੁੰਚਣ ਤੇ ਸਿਵਲ ਏਅਰਪੋਰਟ ਦੇ ਡਾਇਰੈਕਟਰ ਪੁਸ਼ਪਿੰਦਰ ਕੁਮਾਰ ਨਿਰਾਲਾ ਐਸ ਡੀ ਐਮ ਲਾਲ ਵਿਸ਼ਵਾਸ ਬੈਂਸ ਆਦਮਪੁਰ ਤੇ ਏਅਰਪੋਰਟ ਪਰਵਾਰ ਵਲੋਂ ਉਨਾਂ ਦਾ ਫੁੱਲਾਂ ਦੇ ਬੁੱਕੇ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦਾ ਸਵਾਗਤ ਕਰਨ ਲਈ ਧਾਰਮਿਕ ਰਾਜਸੀ ਆਗੂ, ਸੰਤ ਪ੍ਰਦੀਪ ਦਾਸ ਕਠਾਰ, ਵਿਜੇ ਸਾਂਪਲਾ, ਅਮਿਤ ਕੁਮਾਰ ਸਹਾਇਕ ਮਹਾਂਪ੍ਰੰਧਕ ਸਿਵਲ, ਸੂਰਜ ਯਾਦਵ, ਸੂਰਜ ਪ੍ਰਤਾਪ ਸਿੰਘ ਤੇ ਪੰਜਾਬ ਪੁਲਿਸ ਵੱਲੋਂ ਜਸਵੰਤ ਕੋਰ ਮੁੱਖ ਸੁਰੱਖਿਆ ਅਧਿਕਾਰੀ ਵੀ ਮੋਜੂਦ ਸਨ। **(ਫੋਟੋ ਅਤੇ ਵੇਰਵਾ : ਪਰਮਜੀਤ ਸਿੰਘ, ਆਦਮਪੁਰ)**

# ਨਿਰਜਲਾ ਇਕਾਦਸ਼ੀ ਮੌਕੇ ਲਗਾਈ ਠੰਢੇ ਮਿੱਠੇ ਜਲ ਦੀ ਛਬੀਲ

**ਫਗਵਾੜਾ (ਜਸਵਿੰਦਰ ਢੱਡਾ)**- ਪ੍ਰਾਚੀਨ ਸ੍ਰੀ ਖਾਟੂ ਸ਼ਿਆਮ ਮੰਦਿਰ ਫਰੈਂਡਜ਼ ਕਲੋਨੀ, ਗਰੀਨ ਮਾਡਲ ਟਾਊਨ, ਫਗਵਾੜਾ ਵਿਖੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਦੀ ਸੇਵਾ ਅਤੇ ਵਿਸ਼ਾਲ ਕੀਰਤਨ ਸਮਾਗਮ ਮੰਦਰ ਦੇ ਮੁੱਖ ਸੇਵਾਦਾਰ ਪੰਡਿਤ ਜੁਗਲ ਕਿਸ਼ੋਰ ਦੀ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਸ੍ਰੀ ਖਾਟੂ ਸ਼ਿਆਮ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੌਰਾਨ ਸ੍ਰੀ ਖਾਟੂ ਸ਼ਿਆਮ ਨੂੰ 56 ਭੋਗ ਅਰਪਿਤ ਕੀਤੇ ਗਏ ਅਤੇ ਔਰਤਾਂ ਵੱਲੋਂ ਭਜਨਾਂ ਰਾਹੀਂ ਸ੍ਰੀ ਖਾਟੂ ਸ਼ਿਆਮ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਉਪਰੰਤ ਸਮੂਹਿਕ ਆਰਤੀ ਦੇ ਨਾਲ ਸਮਾਗਮ ਦੀ ਸਮਾਪਤੀ ਹੋਈ। ਇਸ ਮੌਕੇ ਸੁਨੀਤਾ, ਪ੍ਰੀਆ, ਯੋਗੇਸ਼, ਮੋਹਿਤ, ਤਾਰਾ ਰਾਣੀ, ਸ਼ੋਭਾ ਰਾਣੀ, ਨਿਸ਼ਾ ਸ਼ਰਮਾ, ਸੋਨੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਅਲਾਵਲਪੁਰ (ਮਦਨ ਬੰਗੜ)**- ਪਿੰਡ ਧੋਗੜੀ ਵਿਖੇ ਲੱਗੇ ਸਲਾਨਾ ਜੋੜ ਮੇਲੇ ਦੇ ਮੌਕੇ 'ਤੇ ਸੰਗਤਾਂ ਦੀ ਸੇਵਾ ਲਈ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਰਾਹਗੀਰਾਂ ਨੇ ਛਬੀਲ ਦਾ ਆਨੰਦ ਮਾਣਿਆ । ਇਸ ਸੇਵਾ ਕਾਰਜ ਵਿੱਚ ਦਰਬਾਰ ਹਜ਼ਰਤ ਸਾਈ ਫੱਜੇ ਸ਼ਾਹ ਅਤੇ ਇੱਛਾਧਾਰੀ ਸ਼ਿਵ ਮੰਦਰ ਸਿਕੰਦਰਪੁਰ ਦੇ ਗੱਦੀਨਸ਼ੀਨ ਗੁਰਪਿੰਦਰ ਸਿੰਘ ਸੂਸ, ਅਵਤਾਰ ਸਿੰਘ ਸਿੰਘ ਸੂਸ, ਡਾ. ਰਕੇਸ਼ ਧੋਗੜੀ, ਬੂਟਾ ਧੋਗੜੀ, ਰੋਹਿਤ ਮੜੀਆ, ਗਗਨ, ਹਰਪ੍ਰੀਤ ਬੱਧਣ ਅਤੇ ਸ਼ੇਰਾ ਸਮੇਤ ਹੋਰ ਸੇਵਾਦਾਰਾਂ ਨੇ ਸਰਗਰਮ ਭੂਮਿਕਾ ਨਿਭਾਈ।ਇਸ ਦੌਰਾਨ ਸਮੂਹ ਪ੍ਰਬੰਧਕ ਕਮੇਟੀ ਸਿਕੰਦਰਪੁਰ ਅਤੇ ਧੋਗੜੀ ਦੇ ਸੇਵਾਦਾਰਾਂ ਆਏ ਹੋਏ ਸ਼ਰਧਾਲੂਆਂ ਦੀ ਸੇਵਾ ਕੀਤੀ ਗਈ।



# ਅਧਿਆਪਕਾਂ 'ਤੇ ਗੈਰ-ਅਕਾਦਮਿਕ ਡਿਊਟੀਆਂ ਦਾ ਵਧਦਾ ਬੋਝ ਬੱਚਿਆਂ ਦੀ ਪੜ੍ਹਾਈ ਲਈ ਘਾਤਕ : ਪ੍ਰਿਤਪਾਲ ਸਿੰਘ

**ਜਲੰਧਰ (ਰਾਜੇਸ਼ ਥਾਪਾ)**- ਬਹੁਜਨ ਸਮਾਜ ਪਾਰਟੀ ਦੇ ਹਲਕਾ ਇੰਚਾਰਜ ਜਲੰਧਰ ਵੈਸਟ ਐਡਵੋਕੇਟ ਪ੍ਰਿਤਪਾਲ ਸਿੰਘ ਨੇ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਲਗਾਤਾਰ ਗੈਰ-ਅਕਾਦਮਿਕ ਡਿਊਟੀਆਂ ਵਿੱਚ ਲਗਾਏ ਜਾਣ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਮਈ ਮਹੀਨੇ ਤੋਂ ਸਰਕਾਰੀ ਸਕੂਲਾਂ ਦੇ ਅਧਿਆਪਕ ਐਸ ਆਈ ਆਰ ਤੇ ਜਨਗਣਨਾ ਸੰਬੰਧੀ ਡਿਊਟੀਆਂ ਨਿਭਾਉਂਦੇ ਰਹੇ ਹਨ, ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਦਾ ਕਾਫੀ ਨੁਕਸਾਨ ਹੋਇਆ ਹੈ। ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਰਹਿ ਕੇ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣੀਆਂ ਪਈਆਂ ਅਤੇ ਉਨ੍ਹਾਂ ਦੀਆਂ ਗਰਮੀਆਂ ਦੀਆਂ ਛੁੱਟੀਆਂ ਵੀ ਇਨ੍ਹਾਂ ਡਿਊਟੀਆਂ ਵਿੱਚ ਹੀ ਬੀਤ ਗਈਆਂ।ਹੁਣ ਸਰਕਾਰ ਵੱਲੋਂ ਡਰੱਗ ਸੈਂਸਸ ਦੇ ਕੰਮ ਲਈ ਵੀ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ, ਜਿਸ ਨਾਲ ਉਨ੍ਹਾਂ ਉੱਤੇ ਹੋਰ ਵਾਧੂ ਬੋਝ ਪੈ ਗਿਆ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਅਧਿਆਪਕਾਂ ਨੂੰ ਸਿਰਫ਼ ਸਿੱਖਿਆ ਨਾਲ ਸੰਬੰਧਿਤ ਕੰਮਾਂ ਤੱਕ ਹੀ ਸੀਮਿਤ ਰੱਖਿਆ ਜਾਵੇ ਅਤੇ ਡਰੱਗ ਸੈਂਸਸ ਜਾਂ ਹੋਰ ਸਰਵੇਖਣਾਂ ਲਈ ਬੇਰੋਜ਼ਗਾਰ ਨੌਜਵਾਨਾਂ ਦੀਆਂ ਸੇਵਾਵਾਂ ਲਈਆਂ ਜਾਣ।



# 'ਪਰਵਾਜ਼' ਨੇ ਸਟਾਫ ਨੂੰ ਆਪਣੀ ਸਮਰੱਥਾ ਪਛਾਣਨ ਲਈ ਕੀਤਾ ਪ੍ਰੇਰਿਤ

**ਜਲੰਧਰ (ਸ਼ੈਲੀ ਐਲਬਰਟ)**- ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸਾਊਥ ਕੈਂਪਸ, ਸ਼ਾਹਪੁਰ ਵਿੱਚ ਫੈਕਲਟੀ ਮੈਂਬਰਾਂ ਅਤੇ ਸਟਾਫ ਲਈ ਪਰਵਾਜ਼ - ਲਿਵਿੰਗ ਯੋਰ ਸੋਲਜ਼ ਫੁੱਲ ਪੋਟੈਂਸ਼ਲ ਵਿਸ਼ੇ 'ਤੇ ਇੱਕ ਪ੍ਰੇਰਣਾਦਾਇਕ ਅਤੇ ਰੂਪਾਂਤਰਕ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਮੁੱਖ ਉਦੇਸ਼ ਆਤਮ-ਮੰਥਨ ਨੂੰ ਉਤਸ਼ਾਹਿਤ ਕਰਨਾ, ਨਿੱਜੀ ਵਿਕਾਸ ਨੂੰ ਮਜ਼ਬੂਤ ਕਰਨਾ ਅਤੇ ਜੀਵਨ ਦੇ ਅਸਲ ਮਕਸਦ ਨੂੰ ਸਮਝਣ ਲਈ ਪ੍ਰੇਰਿਤ ਕਰਨਾ ਸੀ, ਤਾਂ ਜੋ ਭਾਗੀਦਾਰ ਆਪਣੀ ਜ਼ਿੰਦਗੀ ਨੂੰ ਹੋਰ ਅਰਥਪੂਰਨ ਅਤੇ ਪ੍ਰਭਾਵਸ਼ਾਲੀ ਬਣਾ ਸਕਣ। ਇਹ ਸੈਸ਼ਨ ਪ੍ਰਸਿੱਧ ਲੇਖਿਕਾ, ਲਾਈਫ ਕੋਚ ਅਤੇ ਪ੍ਰੇਰਕ ਵਕਤਾ ਸ਼੍ਰੀਮਤੀ ਪ੍ਰੀਤੀ ਓਹਰੀ ਵੱਲੋਂ ਕਰਵਾਇਆ ਗਿਆ। ਉਨ੍ਹਾਂ ਨੇ ਆਪਣੇ ਤਜਰਬਿਆਂ, ਪ੍ਰੇਰਕ ਕਹਾਣੀਆਂ ਅਤੇ ਜੀਵਨ ਨਾਲ ਜੁੜੀਆਂ ਸਿਖਲਾਈਆਂ ਰਾਹੀਂ ਹਾਜ਼ਰ ਸਾਰੇ ਮੈਂਬਰਾਂ ਨੂੰ ਆਪਣੀ ਅੰਦਰੂਨੀ ਤਾਕਤ ਨਾਲ ਜੁੜਨ, ਸਕਾਰਾਤਮਕ ਸੋਚ ਵਿਕਸਿਤ ਕਰਨ ਅਤੇ ਆਪਣੀ ਲੁਕਵੀਂ ਸਮਰੱਥਾ ਨੂੰ ਉਭਾਰਨ ਲਈ ਪ੍ਰੇਰਿਤ ਕੀਤਾ। ਓਹਰੀ ਨੇ ਤੇਜ਼ੀ ਨਾਲ ਬਦਲ ਰਹੇ ਸਮੇਂ ਵਿੱਚ ਆਤਮ-ਜਾਗਰੂਕਤਾ, ਭਾਵਨਾਤਮਕ ਸੰਤੁਲਨ ਅਤੇ ਲਗਾਤਾਰ ਸਿੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਭਾਗੀਦਾਰਾਂ ਨੂੰ ਆਪਣੀਆਂ ਸੀਮਾਵਾਂ ਤੋਂ ਪਰੇ ਜਾ ਕੇ, ਆਤਮਵਿਸ਼ਵਾਸ ਅਤੇ ਸਪਸ਼ਟਤਾ ਨਾਲ ਆਪਣੇ ਲਕਸ਼ਾਂ ਵੱਲ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ 'ਤੇ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. (ਡਾ.) ਮਨਬੀਰ ਸਿੰਘ ਨੇ ਸੰਸਥਾ ਦੀ ਸਮੁੱਗਰੀਕ ਵਿਕਾਸ ਪ੍ਰਤੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਕਿਹਾ, ਅਸਲ ਵਿਕਾਸ ਅੰਦਰੋਂ ਸ਼ੁਰੂ ਹੁੰਦਾ ਹੈ। 'ਪਰਵਾਜ਼' ਵਰਗੇ ਸੈਸ਼ਨ ਸਾਨੂੰ ਆਪਣੇ ਆਪ ਨੂੰ ਸਮਝਣ, ਨਵੀਂ ਊਰਜਾ ਪ੍ਰਾਪਤ ਕਰਨ ਅਤੇ ਆਪਣੀਆਂ ਸਮਰੱਥਾਵਾਂ ਨੂੰ ਦੁਬਾਰਾ ਪਛਾਣਨ ਦਾ ਮੌਕਾ ਦਿੰਦੇ ਹਨ, ਜਿਸ ਨਾਲ ਅਸੀਂ ਸਮਾਜ ਅਤੇ ਸੰਸਥਾ ਲਈ ਅਹਿਮ ਯੋਗਦਾਨ ਪਾ ਸਕੀਏ।




# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸੈਨੀਟੇਸ਼ਨ ਤੇ ਕੂੜਾ ਪ੍ਰਬੰਧਨ ਪ੍ਰਾਜੈਕਟਾਂ ਦੀ ਸਮੀਖਿਆ

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਜਲ ਅਤੇ ਸੈਨੀਟੇਸ਼ਨ ਮਿਸ਼ਨ (ਡੀ ਡਬਲਿਊ ਐੱਸ ਐੱਮ) ਦੀ ਹੋਈ ਮੀਟਿੰਗ ਦੌਰਾਨ ਜ਼ਿਲ੍ਹੇ ਦੇ ਪਿੰਡਾਂ ਵਿੱਚ ਚੱਲ ਰਹੇ ਸੈਨੀਟੇਸ਼ਨ ਅਤੇ ਕੂੜਾ ਪ੍ਰਬੰਧਨ ਪ੍ਰਾਜੈਕਟਾਂ ਦੀ ਸਮੀਖਿਆ ਕੀਤੀ ਗਈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਨੂੰ ਠੋਸ ਕੂੜਾ ਪ੍ਰਬੰਧਨ ਪਹਿਲਕਦਮੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਰਗਰਮ ਅਤੇ ਤਾਲਮੇਲ ਵਾਲੀ ਪਹੁੰਚ ਅਪਨਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ ਵਿੱਚ ਸਵੱਛਤਾ ਅਤੇ ਟਿਕਾਊ ਕੂੜਾ ਪ੍ਰਬੰਧਨ ਨੂੰ ਹੋਰ ਮਜ਼ਬੂਤ ਕਰਨ ਲਈ ਵਿਭਾਗ ਬਿਹਤਰ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸੈਨੀਟੇਸ਼ਨ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਅਤੇ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਹਦਾਇਤ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਵਿਭਾਗਾਂ ਨੂੰ ਮਾਣਯੋਗ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਠੋਸ ਕੂੜਾ ਪ੍ਰਬੰਧਨ ਨਿਯਮ, 2026 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਹਦਾਇਤ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਬਲਕ ਵਿੱਚ ਕੂੜਾ ਪੈਦਾ ਕਰਨ ਵਾਲੇ ਅਦਾਰਿਆਂ ਦੀ ਪਛਾਣ ਕਰਨ ਦੇ ਨਿਰਦੇਸ਼ ਵੀ ਦਿੱਤੇ। ਵਧੀਕ ਡਿਪਟੀ ਕਮਿਸ਼ਨਰ ਨੇ ਵਿਗਿਆਨਕ ਢੰਗ ਨਾਲ ਕੂੜਾ ਪ੍ਰਬੰਧਨ, ਸਰੋਤ ਪੱਧਰ 'ਤੇ ਕੂੜੇ ਨੂੰ ਵੱਖ-ਵੱਖ ਕਰਨ, ਕੂੜੇ ਦੀ ਢੁੱਕਵੀਂ ਪ੍ਰੋਸੈਸਿੰਗ ਤੇ ਨਿਪਟਾਰੇ ਤੋਂ ਇਲਾਵਾ ਵਾਤਾਵਰਣ ਸੁਰੱਖਿਆ ਅਤੇ ਜਨਤਕ ਸਿਹਤ ਨੂੰ ਯਕੀਨੀ ਬਣਾਉਣ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਮੀਟਿੰਗ ਦੌਰਾਨ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਚੱਲ ਰਹੀਆਂ ਸਫਾਈ ਪਹਿਲਕਦਮੀਆਂ ਦੀ ਪ੍ਰਗਤੀ ਬਾਰੇ ਵੀ ਜਾਣਕਾਰੀ ਹਾਸਲ ਦਿੱਤੀ। ਮੀਟਿੰਗ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਡੇਂਗੂ ਸੰਬੰਧੀ ਕੀਤਾ ਜਾਗਰੂਕ

**ਅੱਡਾ ਸਰਾਂ (ਜਸਵੀਰ ਕਾਜਲ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਸੀ.ਐੱਚ.ਸੀ ਭੂੰਗਾ ਦੀ ਯੋਗ ਅਗਵਾਈ ਹੇਠ ਡੇਂਗੂ ਮੁਕਤ ਪੰਜਾਬ ਤਹਿਤ ਨੂਰਪੁਰ ਵਿਖੇ ਡੇਂਗੂ ਸੰਬੰਧੀ ਜਾਗਰੂਕ ਕੀਤਾ। ਇਸ ਮੌਕੇ ਸਿਹਤ ਕਰਮਚਾਰੀ ਹਰਵਿੰਦਰ ਪਾਲ ਨੇ ਦੱਸਿਆ ਕਿ ਡੇਂਗੂ ਬੁਖਾਰ ਅਜ਼ੈਪਟੀ ਨਾਂ4 ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਅਤੇ ਡੇਂਗੂ ਦਾ ਮੱਛਰ ਸਾਫ ਅਤੇ ਖੜ੍ਹੇ ਪਾਣੀ 'ਚ ਪੈਦਾ ਹੁੰਦਾ ਹੈ। ਇਸ ਦੇ ਨਾਲ-ਨਾਲ ਗਰਮੀ ਅਤੇ ਬਰਸਾਤ ਦੇ ਮੌਸਮ ਦੇ ਸ਼ੁਰੂ ਹੋਣ ਦੇ ਨਾਲ-ਨਾਲ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਜਨਮ ਲੈਂਦੀਆਂ ਹਨ ਜਿਸ ਤੋਂ ਬਚਾਅ ਰੋਕਥਾਮ ਤੇ ਇਸ ਦੇ ਲੱਛਣਾਂ ਬਾਰੇ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ ਤਾਂ ਜੋ ਡੇਂਗੂ ਤੋਂ ਬਚਿਆ ਜਾ ਸਕੇ। ਬੁਖਾਰ ਦੇ ਲੱਛਣ ਜਿਵੇਂ ਤੇਜ਼ ਬੁਖਾਰ, ਸਿਰਦਰਦ ਮਾਸ ਪੇਸ਼ੀਆਂ 'ਚ ਦਰਦ, ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਅਤੇ ਨੱਕ 'ਚੋਂ ਖੂਨ ਦਾ ਵਗਣਾ ਆਦਿ ਹੋ ਸਕਦੇ ਹਨ।



# ਪ੍ਰਣਵ ਕ੍ਰਿਪਾਲ ਨੂੰ ਜਨਰਲ ਸਕੱਤਰ ਨਿਯੁਕਤ ਕਰਨ 'ਤੇ ਕੀਤਾ ਖੁਸ਼ੀ ਦਾ ਪ੍ਰਗਟਾਵਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪ੍ਰਣਵ ਕ੍ਰਿਪਾਲ ਦੇ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦਾ ਜਨਰਲ ਸਕੱਤਰ ਚੁਣੇ ਜਾਣ ਤੇ ਗੜ੍ਹਸ਼ੰਕਰ ਵਿਖੇ ਵਿਧਾਨ ਸਭਾ ਹਲਕੇ ਦੇ ਵੱਖ ਵੱਖ ਪਿੰਡਾਂ ਦੇ ਪੰਚਾਂ, ਸਰਪੰਚਾਂ ਅਤੇ ਉੱਘੇ ਕਾਂਗਰਸੀ ਆਗੂਆਂ ਵਲੋਂ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਯੂਥ ਕਾਂਗਰਸ ਵਿੱਚ ਚੋਣਾਂ ਸ਼ੁਰੂ ਕੀਤੀਆਂ, ਜਿਸ ਕਾਰਨ ਮੈਨੂੰ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦਾ ਜਨਰਲ ਸਕੱਤਰ ਬਨਣ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੇਸ਼ ਵਿੱਚ ਨੌਜਵਾਨਾਂ ਨੂੰ ਅੱਗੇ ਵਧਣ ਦਾ ਮੌਕਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੀਟ ਪੇਪਰ ਲੀਕ ਦੇ ਮੁੱਦੇ ਤੇ ਦੇਸ਼ ਭਰ ਵਿੱਚ ਨੌਜਵਾਨਾਂ ਦੀ ਲੜਾਈ ਲੜ ਰਹੇ ਹਨ। ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਯੂਥ ਕਾਂਗਰਸ ਰਾਹੁਲ ਗਾਂਧੀ ਦੀ ਸੋਚ ਤੇ ਡਟ ਕੇ ਪਹਿਰਾ ਦੇਵੇਗੀ। ਇਸ ਮੌਕੇ ਐਡਵੋਕੇਟ ਪੰਕਜ ਕ੍ਰਿਪਾਲ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ, ਹਰਵੇਲ ਸਿੰਘ ਸੈਣੀ ਸਾਬਕਾ ਪ੍ਰਧਾਨ ਨਗਰ ਕੌਂਸਲ ਗੜ੍ਹਸ਼ੰਕਰ, ਲੇਖ ਰਾਜ ਨਗਰ ਕੌਂਸਲਰ, ਵਿਨੋਦ ਸੈਣੀ ਨਗਰ ਕੌਂਸਲਰ, ਬਲਦੇਵ ਰਾਜ ਖੇਪੜ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਗੜ੍ਹਸ਼ੰਕਰ, ਜੈਲਦਾਰ ਦਵਿੰਦਰ ਸਿੰਘ ਡਾਇਰੈਕਟਰ ਲੈਂਡ ਮਾਰਟਗੇਜ ਬੈਂਕ ਮਾਹਿਲਪੁਰ, ਚੌਧਰੀ ਬਲਵਿੰਦਰ ਸਿੰਘ ਬਿੱਟੂ ਪ੍ਰਧਾਨ ਜਿਲਾ ਕਾਂਗਰਸ ਐਸ. ਸੀ ਡਿਪਾਰਟਮੈਂਟ ਹੁਸ਼ਿਆਰਪੁਰ, ਜਗਤਾਰ ਸਿੰਘ ਪ੍ਰਧਾਨ ਬਲਾਕ ਕਾਂਗਰਸ ਐਸ ਸੀ ਡਿਪਾਰਟਮੈਂਟ ਗੜ੍ਹਸ਼ੰਕਰ, ਰਾਜ ਕੁਮਾਰ ਪ੍ਰਧਾਨ ਬਲਾਕ ਕਾਂਗਰਸ ਐਸ ਸੀ ਡਿਪਾਰਟਮੈਂਟ ਮਾਹਿਲਪੁਰ, ਬਲਦੇਵ ਸਿੰਘ ਸਰਪੰਚ, ਰੋਜੀ ਰਾਣਾ ਸਾਬਕਾ ਸਰਪੰਚ, ਧਰਮਪਾਲ ਸਾਬਕਾ ਸਰਪੰਚ, ਅਜੀਤ ਸਿੰਘ ਸਾਬਕਾ ਸਰਪੰਚ, ਮਲਕੀਤ ਸਿੰਘ ਲੰਬੜਦਾਰ, ਹਰਭਜਨ ਸਿੰਘ ਲੰਬੜਦਾਰ, ਰਜਿੰਦਰ ਸੋਨੀ ਚੇਅਰਮੈਨ ਲੈਂਡ ਮਾਰਟਗੇਜ ਬੈਂਕ ਗੜ੍ਹਸ਼ੰਕਰ, ਸੋਡੀ ਰਾਮ ਜਨਰਲ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ ਐਸ ਸੀ ਡਿਪਾਰਟਮੈਂਟ, ਹਰਮੇਸ਼ਵਰ ਸਿੰਘ ਸਾਬਕਾ ਮੈਂਬਰ ਜਿਲਾ ਪਰਿਸ਼ਦ, ਸੁਰਿੰਦਰ ਰਾਣਾ, ਰਵੀ ਮਹਿਤਾ, ਗੁਰਦੀਪ ਨਮੋਲੀਆਂ, ਲੰਬੜਦਾਰ ਨਮੋਲੀਆਂ ਆਦਿ ਹਾਜ਼ਰ ਹੋਏ। ਇਸ ਮੌਕੇ ਰੋਹਿਤ ਪੋਸੀ ਨੂੰ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਯੂਥ ਕਾਂਗਰਸ ਦਾ ਸੀਨੀਅਰ ਮੀਤ ਪ੍ਰਧਾਨ, ਮਨਜਿੰਦਰ ਸਿੰਘ ਨੂੰ ਬਲਾਕ ਯੂਥ ਕਾਂਗਰਸ ਗੜ੍ਹਸ਼ੰਕਰ ਦਾ ਸੀਨੀਅਰ ਮੀਤ ਪ੍ਰਧਾਨ ਅਤੇ ਸਨਾਵਰ ਘਈ ਨੂੰ ਬਲਾਕ ਯੂਥ ਕਾਂਗਰਸ ਮਾਹਿਲਪੁਰ ਦਾ ਸੀਨੀਅਰ ਮੀਤ ਪ੍ਰਧਾਨ ਚੁਣੇ ਜਾਣ ਤੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ ਗਿਆ।



# ਸਰਬ ਨੌਜਵਾਨ ਸਭਾ ਨੇ ਮਨਾਇਆ ਅੰਤਰ-ਰਾਸ਼ਟਰੀ ਨਸ਼ਾਖੋਰੀ ਦਿਵਸ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਦੁਆਬੇ ਦੀ ਮੋਹਰੀ ਸਮਾਜ ਸੇਵੀ ਜੱਥੇਬੰਦੀ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਯੁਵਕ ਸੇਵਾਵਾਂ ਕਲੱਬ ਭੁੱਲਾਰਾਈ ਵੱਲੋਂ ਮਾਈ ਭਾਰਤ ਕਪੂਰਥਲਾ ਦੇ ਸਹਿਯੋਗ ਨਾਲ ਨਸ਼ਾਖੋਰੀ ਵਿਰੁੱਧ ਵਿਸ਼ਵ ਦਿਹਾੜਾ ਸੋਸਵਾ ਪੰਜਾਬ ਵੱਲੋਂ ਚਲਾਏ ਜਾ ਰਹੇ ਵੋਕੇਸ਼ਨਲ ਟਰੇਨਿੰਗ ਸੈਂਟਰ, ਸਕੀਮ ਨੰਬਰ-3 ਹੁਸ਼ਿਆਰਪੁਰ ਰੋਡ, ਵਿਖੇ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਆਮ ਆਦਮੀ ਪਾਰਟੀ ਜਿਲ੍ਹਾ ਕਪੂਰਥਲਾ ਦੇ ਸਕੱਤਰ ਸੰਤੋਸ਼ ਕੁਮਾਰ ਗੋਗੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਲਈ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਰਕਾਰ, ਪ੍ਰਸ਼ਾਸਨ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜ ਕੇ ਹੀ ਨਸ਼ਿਆਂ ਦੇ ਵਧਦੇ ਰੁਝਾਨ ਨੂੰ ਰੋਕਿਆ ਜਾ ਸਕਦਾ ਹੈ। ਪ੍ਰਿੰਸੀਪਲ ਗੁਰਮੀਤ ਪਲਾਹੀ ਨੇ ਕਿਹਾ ਕਿ ਨਸ਼ੇ ਦੀ ਲਤ ਦਾ ਸ਼ਿਕਾਰ ਵਿਅਕਤੀਆਂ ਨੂੰ ਤਿਰਸਕਾਰ ਦੀ ਬਜਾਏ ਸਹਿਯੋਗ ਅਤੇ ਸਹੀ ਮਾਰਗਦਰਸ਼ਨ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪਰਵਾਰ ਅਤੇ ਸਮਾਜ ਦੀ ਹੌਸਲਾ-ਅਫਜ਼ਾਈ ਨਾਲ ਅਜਿਹੇ ਲੋਕ ਮੁੜ ਸਧਾਰਨ ਜੀਵਨ ਵੱਲ ਪਰਤ ਸਕਦੇ ਹਨ। ਨਵਜੋਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਿਆਂ ਦੇ ਵਧ ਰਹੇ ਪ੍ਰਭਾਵ ਨੂੰ ਰੋਕਣ ਲਈ ਜਾਗਰੂਕਤਾ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹੈ। ਉਨ੍ਹਾਂ ਨੌਜਵਾਨਾਂ ਨੂੰ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਅਤੇ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਦਾ ਸੱਦਾ ਦਿੱਤਾ। ਮੰਚ ਦਾ ਸੰਚਾਲਨ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ ਵਲੋਂ ਬਾਖੂਬੀ ਕੀਤਾ ਗਿਆ। ਇਸ ਮੌਕੇ ਸਭਾ ਵੱਲੋਂ ਮਹਿਮਾਨਾਂ ਅਤੇ ਸਮਾਜਿਕ ਖੇਤਰ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਅਖੀਰ ਵਿੱਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸਾਰੇ ਮਹਿਮਾਨਾਂ, ਮਾਈ ਭਾਰਤ ਕਪੂਰਥਲਾ ਅਤੇ ਸਹਿਯੋਗੀ ਸੰਸਥਾਵਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਰਬ ਨੌਜਵਾਨ ਸਭਾ ਭਵਿੱਖ ਵਿੱਚ ਵੀ ਸਮਾਜਿਕ ਜਾਗਰੂਕਤਾ ਨਾਲ ਸਬੰਧਤ ਅਜਿਹੇ ਪ੍ਰੋਗਰਾਮ ਕਰਵਾਉਂਦੀ ਰਹੇਗੀ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ, ਰਣਜੀਤ ਸਿੰਘ ਬੇਦੀ, ਗੁਲਸ਼ਨ ਕਪੂਰ, ਜਗਜੀਤ ਸੇਠ, ਆਸ਼ੂ ਬੱਗਾ, ਸੁਖਪ੍ਰੀਤ ਕੌਰ, ਗੁਰਜੀਤ ਕੌਰ, ਖੁਸ਼ੀ ਰਾਣਾ, ਨਵਜੋਤ ਕੌਰ, ਗੁਰਜੀਤ ਕੌਰ ਅਤੇ ਵੋਕੇਸ਼ਨਲ ਟਰੇਨਿੰਗ ਸੈਂਟਰ ਦੀਆਂ ਸਿੱਖਿਆਰਥਣਾਂ ਸਮੇਤ ਹੋਰ ਪਤਵੰਤੇ ਹਾਜ਼ਰ ਸਨ।



# ਪਲਸ ਪੋਲੀਓ ਮੁਹਿੰਮ ਭਲਕ

**ਫਿਲੌਰ, (ਨਿਰਮਲ)**- ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਸਿੰਘ ਦੀ ਅਗਵਾਈ ਵਿੱਚ 28, 29 ਅਤੇ 30 ਜੂਨ ਨੂੰ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਚਲਾਈ ਜਾਵੇਗੀ। ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਸਿੰਘ ਨੇ ਦੱਸਿਆ ਕਿ 28 ਜੂਨ ਨੂੰ ਬੂਥ ਦਿਵਸ ਮਨਾਇਆ ਜਾਵੇਗਾ, ਜਿਸ ਦੌਰਾਨ ਸਾਰੇ ਪੋਲੀਓ ਬੂਥਾਂ 'ਤੇ 0 ਤੋਂ 5 ਸਾਲ ਤੱਕ ਦੇ ਹਰ ਬੱਚੇ ਨੂੰ ਪੋਲੀਓ ਦੀਆਂ ਦੋ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਉਪਰੰਤ 29 ਅਤੇ 30 ਜੂਨ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਘਰ-ਘਰ ਜਾ ਕੇ ਉਨ੍ਹਾਂ ਬੱਚਿਆਂ ਨੂੰ ਵੀ ਪੋਲੀਓ ਦੀਆਂ ਬੂੰਦਾਂ ਪਿਲਾਉਣਗੀਆਂ ਜੋ ਕਿਸੇ ਕਾਰਨ ਕਰਕੇ ਬੂਥਾਂ 'ਤੇ ਨਹੀਂ ਪਹੁੰਚ ਸਕੇ।ਉਨ੍ਹਾਂ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ 0 ਤੋਂ 5 ਸਾਲ ਤੱਕ ਦੇ ਹਰ ਬੱਚੇ ਨੂੰ ਲਾਜ਼ਮੀ ਤੌਰ 'ਤੇ ਪੋਲੀਓ ਦੀਆਂ ਬੂੰਦਾਂ ਪਿਲਾਉਣ।



# ਵੱਖ-ਵੱਖ ਪਿੰਡਾਂ ਨੂੰ ਜੋੜਨ ਵਾਲੀ ਸੜਕ ਦੇ ਪੁਨਰ-ਨਿਰਮਾਣ ਦਾ ਕੰਮ ਤੇਜ਼

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਇਲਾਕੇ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੇ ਯਤਨਾਂ ਸਦਕਾ ਮਾਊਂਟ ਕਾਰਮਲ ਸਕੂਲ ਦੇ ਨਜ਼ਦੀਕ ਤੋਂ ਪਿੰਡ ਕੱਕੋਂ ਨੂੰ ਵੱਖ-ਵੱਖ ਪਿੰਡਾਂ ਨਾਲ ਜੋੜਨ ਵਾਲੀ ਮਹੱਤਵਪੂਰਨ ਸੜਕ ਦੇ ਪੁਨਰਨਿਰਮਾਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਇਸ ਸੜਕ ਦਾ ਨਿਰਮਾਣ ਕਾਂਕਰੀਟ (ਸੀਸੀ) ਤਕਨੀਕ ਨਾਲ ਕੀਤਾ ਜਾ ਰਿਹਾ ਹੈ, ਜਿਸ ਨਾਲ ਇਹ ਸੜਕ ਹੋਰ ਮਜ਼ਬੂਤ, ਟਿਕਾਊ ਅਤੇ ਲੰਬੇ ਸਮੇਂ ਤੱਕ ਲੋਕਾਂ ਲਈ ਲਾਭਦਾਇਕ ਸਾਬਤ ਹੋਵੇਗੀ। ਨਿਰਮਾਣ ਕਾਰਜ ਦਾ ਜਾਇਜ਼ਾ ਮੈਂਬਰ ਪੰਚਾਇਤ ਕਮੇਟੀ ਗੁਰਦਾਸ ਰਾਮ ਬੰਟੂ, ਚੰਚਲ ਸਿੰਘ ਅਤੇ ਸਤਨਾਮ ਸਿੰਘ ਵੱਲੋਂ ਲਿਆ ਗਿਆ। ਇਸ ਦੌਰਾਨ ਉਨ੍ਹਾਂ ਨੇ ਕੰਮ ਦੀ ਗੁਣਵੱਤਾ ਦੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਅਤੇ ਠੇਕੇਦਾਰ ਨੂੰ ਨਿਰਧਾਰਤ ਮਾਪਦੰਡਾਂ ਅਨੁਸਾਰ ਕੰਮ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਗੁਰਦਾਸ ਰਾਮ ਬੰਟੂ ਨੇ ਕਿਹਾ ਕਿ ਇਹ ਸੜਕ ਇਲਾਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ। ਗੁਰਦਾਸ ਰਾਮ ਬੰਟੂ ਨੇ ਕਿਹਾ ਕਿ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਲਗਾਤਾਰ ਇਲਾਕੇ ਦੇ ਵਿਕਾਸ ਲਈ ਵਚਨਬੱਧ ਹੋ ਕੇ ਕੰਮ ਕਰ ਰਹੇ ਹਨ।ਪਿੰਡ ਵਾਸੀਆਂ ਨੇ ਵੀ ਸੜਕ ਨਿਰਮਾਣ ਦੇ ਕੰਮ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਉਮੀਦ ਜਤਾਈ ਕਿ ਇਸ ਦੇ ਮੁਕੰਮਲ ਹੋਣ ਨਾਲ ਇਲਾਕੇ ਦੀ ਆਵਾਜਾਈ ਪ੍ਰਣਾਲੀ ਵਿੱਚ ਵੱਡਾ ਸੁਧਾਰ ਆਵੇਗਾ ਅਤੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।



# ਡਿਪਟੀ ਕਮਿਸ਼ਨਰ ਨੇ ਐੱਸ ਆਈ ਆਰ ਤਹਿਤ ਚੱਲ ਰਹੇ ਸਰਵੇਖਣ ਦਾ ਲਿਆ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ, ਲਖਵਿੰਦਰ ਸਿੰਘ ਆਧੀ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਵੋਟਰ ਸੂਚੀਆਂ ਦੀ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਤਹਿਤ ਸ਼ੁਰੂ ਹੋਏ ਇਕ ਮਹੀਨਾ ਚੱਲਣ ਵਾਲੇ ਘਰ-ਘਰ ਸਰਵੇਖਣ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਇਲਾਕਿਆਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ. ਜਲੰਧਰ-1 ਸ਼ੁਭੀ ਆਂਗਰਾ ਵੀ ਮੌਜੂਦ ਸਨ।ਆਪਣੇ ਦੌਰੇ ਦੌਰਾਨ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਵਾਲੀਆ ਨੇ ਉਨ੍ਹਾਂ ਨੂੰ ਐੱਸ ਆਈ ਆਰ ਦੇ ਉਦੇਸ਼ ਅਤੇ ਪ੍ਰਕਿਰਿਆ ਤੋਂ ਜਾਣੂ ਕਰਵਾਇਆ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਐੱਸ ਆਈ ਆਰ ਦਾ ਉਦੇਸ਼ ਵੋਟਰ ਸੂਚੀਆਂ ਨੂੰ ਸਹੀ, ਪਾਰਦਰਸ਼ੀ ਅਤੇ ਅੱਪਡੇਟ ਬਣਾਉਣਾ ਹੈ। ਉਨ੍ਹਾਂ ਵੋਟਰਾਂ ਨੂੰ ਦੱਸਿਆ ਕਿ ਬੀ ਐਲ ਓਜ਼. ਵੱਲੋਂ ਪਹਿਲਾਂ ਤੋਂ ਛਪੇ ਹੋਏ ਗਣਨਾ ਫਾਰਮ ਦਿੱਤੇ ਜਾਣਗੇ, ਜਿਨ੍ਹਾਂ ਨੂੰ ਭਰ ਕੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਜਮ੍ਹਾ ਕਰਵਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਫਾਰਮ ਦੀ ਦਸਤਖ਼ਤ ਕੀਤੀ ਇਕ ਕਾਪੀ ਬੀ ਐਲ ਓ. ਵੱਲੋਂ ਪ੍ਰਾਪਤ ਕੀਤੀ ਜਾਵੇਗੀ, ਜਦਕਿ ਦੂਜੀ ਕਾਪੀ 'ਤੇ ਬੀ ਐੱਲ ਓ ਦੇ ਦਸਤਖ਼ਤ ਹੋਣਗੇ ਤੇ ਵੋਟਰ ਨੂੰ ਉਸ ਨੂੰ ਰਸੀਦ ਵਜੋਂ ਰੱਖ ਸਕਣਗੇ। ਫਾਰਮ ਨੂੰ ਵੋਟਰ ਜਾਂ ਘਰ ਦੇ ਕਿਸੇ ਵੀ ਬਾਲਗ ਮੈਂਬਰ ਵੱਲੋਂ ਭਰਿਆ ਅਤੇ ਜਮ੍ਹਾ ਕੀਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਕਿਸੇ ਘਰ ਨੂੰ ਤਾਲਾ ਲੱਗਿਆ ਹੋਵੇਗਾ ਜਾਂ ਵੋਟਰ ਘਰ ਉਪਲਬਧ ਨਹੀਂ ਹੋਣਗੇ ਤਾਂ ਬੀ ਐੱਲ ਓ ਉਸ ਘਰ ਘੱਟੋ-ਘੱਟ ਤਿੰਨ ਵਾਰ ਦੌਰਾ ਕਰਨਗੇ। ਡਿਪਟੀ ਕਮਿਸ਼ਨਰ ਨੇ ਸਰਵੇਖਣ ਵਿੱਚ ਲੱਗੇ ਬੀ.ਐਲ.ਓਜ਼ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਨੂੰ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਘਰ-ਘਰ ਸਰਵੇਖਣ 25 ਜੂਨ ਤੋਂ 24 ਜੁਲਾਈ 2026 ਤੱਕ ਜਾਰੀ ਰਹੇਗਾ। ਜਿਨ੍ਹਾਂ ਵੋਟਰਾਂ ਦੇ ਗਣਨਾ ਫਾਰਮ ਪ੍ਰਾਪਤ ਹੋ ਜਾਣਗੇ, ਉਨ੍ਹਾਂ ਦੇ ਨਾਮ 3 ਅਗਸਤ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਡ੍ਰਾਫ਼ਟ ਵੋਟਰ ਸੂਚੀ ਵਿੱਚ ਸ਼ਾਮਲ ਕੀਤੇ ਜਾਣਗੇ। ਡ੍ਰਾਫ਼ਟ ਵੋਟਰ ਸੂਚੀ 'ਤੇ ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਣਗੇ ਜਦਕਿ ਨੋਟਿਸ ਪੜਾਅ/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 1 ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।



# ਪ੍ਰਕਾਸ਼ ਉਤਸਵ ਦੇ ਮੌਕੇ ਜਲੰਧਰ 'ਚ ਸਥਾਨਕ ਛੁੱਟੀ ਕੀਤੀ ਜਾਵੇ : ਕੌਮੀ

**ਜਲੰਧਰ**- ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਚਰਨਾਂ ਦੀ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਛੇਵੀਂ ਪਾਤਸ਼ਾਹੀ ਬਸਤੀ ਸ਼ੇਖ ਜਲੰਧਰ ਵਿਖੇ ਹਰ ਸਾਲ ਗੁਰੂ ਸਾਹਿਬ ਦੇ ਪ੍ਰਕਾਸ਼ ਉਤਸਵ 'ਤੇ ਹਫ਼ਤਾ ਭਰ ਦਿਨ ਰਾਤ ਦੀਵਾਨ ਸਜਦੇ ਹਨ। ਇਸ ਮੌਕੇ ਮਿੱਸਾ ਲੰਗਰ ਅਤੁੱਟ ਚਲਦਾ ਹੈ। ਪ੍ਰਕਾਸ਼ ਉਤਸਵ ਮੌਕੇ ਸ਼ਹਿਰ ਵਿੱਚ ਵਿਸ਼ਾਲ ਨਗਰ ਕੀਰਤਨ ਨਿਕਲਦਾ ਹੈ। ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਦੇਸ਼ ਵਿਦੇਸ਼ ਤੋਂ ਪਹੁੰਚਕੇ ਇਸ ਪਵਿੱਤਰ ਅਸਥਾਨ ਤੇ ਨਮਸਤਕ ਹੁੰਦੀਆਂ ਹਨ।ਸ੍ਰੀ ਗੁਰੂ ਹਰਗੋਬਿੰਦ ਸਾਹਿਬ ਕੀਰਤਪੁਰ ਵਿੱਚ ਮੁਗਲਾਂ ਨਾਲ ਜੰਗ ਲੜਨ ਤੋਂ ਬਾਅਦ ਇਸ ਇਤਿਹਾਸਕ ਅਸਥਾਨ 'ਤੇ 3 ਦਿਨ ਠਹਿਰੇ ਸਨ ਜਿੱਥੇ ਗੁਰੂ ਜੀ ਨੇ ਸੂਫ਼ੀ ਸੰਤ ਸ਼ੇਖ ਦਰਵੇਸ਼ ਨਾਲ ਅਧਿਆਤਮਿਕ ਵਿਚਾਰ ਸਾਂਝੇ ਕੀਤੇ ਸਨ।ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਨਾਮਵਰ ਸੀਨੀਅਰ ਵਕੀਲ ਏ ਐੱਸ ਕੌਮੀ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪ੍ਰਕਾਸ਼ ਉਤਸਵ ਦੇ ਮੌਕੇ 'ਤੇ 30 ਜੂਨ ਨੂੰ ਜਲੰਧਰ ਵਿੱਚ ਸਥਾਨਕ ਛੁੱਟੀ ਕੀਤੀ ਜਾਵੇ ਤਾਂ ਜੋ ਸੰਗਤਾਂ ਆਪਣੀ ਸ਼ਰਧਾ ਅਨੁਸਾਰ ਪ੍ਰਕਾਸ਼ ਉਤਸਵ ਵਿੱਚ ਸ਼ਾਮਲ ਹੋ ਸੱਕਣ ।

# ਸਾਲਾਨਾ ਜੋੜ ਮੇਲਾ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਦਰਗਾਹ ਪੀਰ ਬਾਬਾ ਮਲੰਗ ਸ਼ਾਹ ਖ਼ਾਕੀ ਨਡਾਲੀ ਨੂਰਪੁਰ ਵਿਖੇ ਸਲਾਨਾ ਜੋੜ ਮੇਲਾ ਗੱਦੀ ਨਸ਼ੀਨ ਮਾਤਾ ਗੁਰਮੇਲ ਕੌਰ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਕਰਵਾਇਆ ਗਿਆ । ਇਸ ਸੰਬੰਧੀ ਸੇਵਾਦਾਰ ਸੋਨੂ ਸ਼ਾਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਦਰਗਾਹ ਤੇ ਚਾਦਰ, ਝੰਡਾ ਚੜਾਉਣ ਅਤੇ ਚਿਰਾਗ ਰੋਸ਼ਨ ਕਰਨ ਉਪਰੰਤ ਧਾਰਮਿਕ ਮਹਿਫ਼ਲ ਏ ਕਵਾਲ ਸਜਾਈ ਗਈ ਜਿਸ ਵਿਚ ਪੰਜਾਬ ਦੇ ਮਸ਼ਹੂਰ ਫਨਕਾਰ ਕਵਾਲ ਅਤੇ ਨਕਾਲ ਪਾਰਟੀ ਨੇ ਪਹੁੰਚ ਕੇ ਆਪਣੇ ਫਨ ਦਾ ਮੁਜਾਹਰਾ ਕੀਤਾ ਜਿਸ ਵਿੱਚ ਕਲਾਕਾਰ ਇਸ਼ਰਤ ਗੁਲਾਮ ਅਲੀ, ਰੋਹਿਤ ਜੈਸਵਾਲ, ਕਰਾਮਤ ਅਲੀ, ਕਵਾਲ ਪਾਰਟੀ, ਲਵਿਸ਼ ਚੌਹਾਨ, ਰਣਜੋਧ ਸੂਫੀ ਗਾਇਕ, ਕੁਮਾਰ ਰੋਕੀ ਸਟੇਜ ਸੈਕਟਰੀ ਅਤੇ ਪਿੰਕੀ ਨਕਾਲ ਪਾਰਟੀ ਆਪਣੇ ਫਨ ਦਾ ਮੁਜ਼ਾਰਾ ਕਰ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਵੱਖ ਵੱਖ ਦਰਬਾਰਾ ਤੋਂ ਮਹਾਂਪੁਰਸ਼ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ ਅਤੇ ਇਸ ਉਪਰੰਤ ਚਾਹ ਪਕੌੜੇ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਅਤੁੱਟ ਲੰਗਰ ਵੀ ਵਰਤਾਇਆ ਗਿਆ



# ਔਰਤਾਂ ਨੂੰ ਮੁਫ਼ਤ ਸੈਨੀਟਰੀ ਪੈਡ ਵੰਡੇ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਟੇਟ ਏਡਜ਼ ਕੰਟਰੋਲ ਬੋਰਡ ਹੁਸ਼ਿਆਰਪੁਰ ਵੱਲੋ ਔਰਤਾਂ ਨੂੰ ਮੁਫ਼ਤ ਸੈਨੀਟਰੀ ਪੈਡ ਵੰਡੇ ਗਏ, ਮੁਫ਼ਤ ਐਚ ਆਈ ਵੀ ਟੈਸਟ ਅਤੇ ਮੁਫ਼ਤ ਬਲੱਡ ਪ੍ਰੈਸ਼ਰ ਚੈੱਕ ਕੀਤੇ ਗਏ । ਪ੍ਰੀਤ ਨਗਰ ਅੱਜੋਵਾਲ ਦੇ ਗੁਰਦੁਆਰਾ ਭਾਈ ਬਚਿੱਤਰ ਸਿੰਘ ਵਿਖੇ ਆਯੋਜਿਤ ਇਸ ਸਮਾਰੋਹ ਵਿੱਚ ਪ੍ਰੋਜੈਕਟ ਮੈਨੇਜਰ ਸ਼ਿਖਾ ਡੋਗਰਾ, ਕੌਂਸਲਰ ਰਾਜਬੀਰ ਕੌਰ, ਸਟਾਫ ਸ਼ਸ਼ੀ ਬਾਲਾ, ਨੇਹਾ ਦੇਵੀ, ਸ਼ਿਲਪਾ ਨੇ ਅਹਿਮ ਯੋਗਦਾਨ ਪਾਇਆ। ਹੋਮ ਫਾਰ ਹੋਮਲੈਸ ਦੇ ਸੰਸਥਾਪਕ ਵਰਿੰਦਰ ਸਿੰਘ ਪਰਹਾਰ, ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ ਦੇ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਨੇ ਮਰਦਾਂ,ਔਰਤਾ ਨੂੰ ਪ੍ਰੇਰਿਤ ਕਰਕੇ ਕੈਂਪ ਵਿੱਚ ਲਿਆਉਣ ਵਿੱਚ ਯੋਗਦਾਨ ਪਾਇਆ। ਇਲਾਕੇ ਵਿੱਚ ਲੋਕਾਂ ਵੱਲੋ ਅਜਿਹੇ ਕੈਂਪ ਹੋਰ ਆਯੋਜਿਤ ਕਰਨ ਕਿਹਾ ਗਿਆ ਹੈ।





# ਵਧੀਕ ਡਿਪਟੀ ਕਮਿਸ਼ਨਰ ਨੇ ਪਲਸ ਪੋਲੀਓ ਮੁਹਿੰਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ.ਪੀ. ਨੇ 28 ਜੂਨ ਤੋਂ ਸ਼ੁਰੂ ਹੋਣ ਵਾਲੀ ਤਿੰਨ ਦਿਨਾ ਇਮਿਊਨਾਈਜ਼ੇਸ਼ਨ ਪਲਸ ਪੋਲੀਓ ਮੁਹਿੰਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਮੁਹਿੰਮ ਅਧੀਨ ਹਰੇਕ ਬੱਚੇ ਨੂੰ ਕਵਰ ਕਰਨ ਲਈ ਠੋਸ ਉਪਰਾਲੇ ਕੀਤੇ ਜਾਣ ਤਾਂ ਜੋ ਕੋਈ ਵੀ ਬੱਚਾ ਪੋਲੀਓ ਰੋਧਕ ਬੂੰਦਾਂ ਪੀਣ ਤੋਂ ਵਾਂਝਾ ਨਾ ਰਹੇ। ਇਸ ਸਬੰਧੀ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਵਲ ਸਰਜਨ ਡਾ. ਰਾਜੇਸ਼ ਗਰਗ ਸਮੇਤ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਸਿਹਤ ਸਟਾਫ਼ ਨੂੰ ਪੂਰੀ ਤਨਦੇਹੀ ਨਾਲ ਕੰਮ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜਨਮ ਤੋਂ ਲੈ ਕੇ 5 ਸਾਲ ਦੀ ਉਮਰ ਤੱਕ ਦਾ ਕੋਈ ਵੀ ਬੱਚਾ ਪੋਲੀਓ ਦੀ ਖੁਰਾਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਹਾਈ ਰਿਸਕ ਖੇਤਰਾਂ, ਸਲੱਮ ਏਰੀਆ, ਝੁੱਗੀਆਂ ਝੌਂਪੜੀਆਂ, ਇੰਡਸਟਰੀਅਲ ਏਰੀਆ, ਇੱਟਾਂ ਦੇ ਭੱਠੇ ਆਦਿ ਥਾਵਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ 5 ਸਾਲ ਦੀ ਉਮਰ ਤੱਕ ਦੇ ਹਰ ਬੱਚੇ ਨੂੰ ਇਸ ਰਾਊਂਡ ਤਹਿਤ ਕਵਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਲੋਕ 28 ਜੂਨ ਨੂੰ ਆਪਣੇ ਨੇੜੇ ਦੇ ਬੂਥ 'ਤੇ ਜਾ ਕੇ 5 ਸਾਲ ਤੱਕ ਦੀ ਉਮਰ ਦੇ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾ ਪਿਲਾ ਸਕਦੇ ਹਨ। ਜੇਕਰ ਕਿਸੇ ਕਾਰਨ ਕੋਈ ਬੱਚਾ ਪੋਲੀਓ ਬੂੰਦਾਂ ਪੀਣ ਤੋਂ ਵਾਂਝਾ ਰਹਿ ਜਾਂਦਾ ਹੈ ਤਾਂ ਉਨ੍ਹਾਂ ਨੂੰ 29 ਅਤੇ 30 ਜੂਨ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ-ਘਰ ਜਾ ਕੇ ਪੋਲੀਓ ਬੂੰਦਾ ਪਿਲਾਈਆਂ ਜਾਣਗੀਆਂ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਦਾ ਸਹਿਯੋਗ ਕਰਦੇ ਹੋਏ ਆਪਣੇ 0 ਤੋਂ 5 ਸਾਲ ਤੱਕ ਦੀ ਉਮਰ ਦੇ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾ ਕੇ ਉਨ੍ਹਾਂ ਨੂੰ ਪੋਲੀਓ ਤੋਂ ਸੁਰੱਖਿਅਤ ਕਰਨ ਦੀ ਅਪੀਲ ਕੀਤੀ।

# ਸਿਸੂ ਤੇ ਜਿਸਪਾ ਦੇ ਕੁਦਰਤੀ ਨਜ਼ਾਰਿਆਂ ਦਾ ਮਾਣਿਆ ਆਨੰਦ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਆਰਟ ਆਫ ਲਿਵਿੰਗ ਹੈਪੀਨੈਸ ਸੈਂਟਰ ਹੁਸ਼ਿਆਰਪੁਰ ਵੱਲੋਂ ਸਤਿਕਾਰਯੋਗ ਮੈਡਮ ਵੰਦਨਾ ਦੀ ਯੋਗ ਅਗਵਾਈ ਹੇਠ ਦੇਚੇਨ ਚੋਖੋਰ ਮੱਠ ( ਮਨਿਸਟਰੀ ) ਕੁੱਲੂ ਵਿਖੇ ਲਗਾਏ ਗਏ ਸਹਿਜ ਧਿਆਨ ਯੋਗ ਅਤੇ ਹੈਪੀਨੈਸ ਸ਼ਿਵਰ ਦੀ ਸਮਾਪਤੀ ਉਪਰੰਤ ਕੈਂਪ ਵਿੱਚ ਸ਼ਾਮਿਲ ਹੋਏ ਸਾਥੀਆਂ ਨੇ ਆਪਣੀਆਂ ਖੁਸ਼ੀਆਂ ਵਿੱਚ ਹੋਰ ਵਾਧਾ ਕਰਦੇ ਹੋਏ ਕੁੱਲੂ-ਮਨਾਲੀ ਦੀਆਂ ਹਸੀਨ ਵਾਦੀਆਂ ਅਤੇ ਲਾਹੌਲ ਸਪੀਤੀ ਜ਼ਿਲੇ ਵਿੱਚ ਪੈਂਦੇ ਸਿਸੂ ਅਤੇ ਜਿਸਪਾ ਦੇ ਕੁਦਰਤੀ ਨਜ਼ਾਰਿਆਂ ਦਾ ਆਨੰਦ ਮਾਣਿਆ। ਕੁੱਲੂ ਤੋਂ ਚੱਲ ਕੇ ਸਾਰੇ ਸਾਥੀ ਮਨਾਲੀ ਤੋਂ ਅਟੱਲ ਸੁਰੰਗ ਰਾਹੀਂ ਲਗਭਗ 40 ਕਿਲੋਮੀਟਰ ਦੇ ਕਰੀਬ ਪੈਂਦੇ ਸਿਸੂ ਪੁਆਇੰਟ ਤੇ ਪਹੁੰਚੇ। ਸਾਰੇ ਹੀ ਸਾਥੀਆਂ ਨੇ ਠੰਡੀਆਂ ਹਵਾਵਾਂ ਵਿੱਚ ਲੇਕ, ਵਾਟਰਫਾਲ, ਟਰੈਕਿੰਗ, ਕੈਂਪਿੰਗ, ਜਿੰਪ ਲਾਈਨ, ਏ.ਟੀ.ਵੀ. ਰਾਈਡ ਅਤੇ ਨੇਚਰ ਵਾਕ ਦਾ ਆਨੰਦ ਮਾਣਿਆ। ਸਿਸੂ ਦੇ ਨਾਲ ਵਹਿੰਦਾ ਚੰਦਰਾ ਰਿਵਰ ਜੋ ਕਿ ਅੱਗੇ ਜਾ ਕੇ ਝਨਾਵ ਕਹਿਲਾਉਂਦਾ ਹੈ। ਉਸ ਦੇ ਕੰਢੇ ਤੇ ਬਰਫੀਲੇ ਪਾਣੀ ਦਾ ਆਨੰਦ ਲੈਂਦੇ ਹੋਏ ਸਾਰੇ ਹੀ ਸਾਥੀਆਂ ਨੇ ਯਾਦਗਿਰੀ ਫੋਟੋਆਂ ਖਿੱਚੀਆਂ। ਇਸ ਤੋਂ ਬਾਅਦ ਕੁਦਰਤੀ ਨਜ਼ਾਰਿਆਂ ਦਾ ਆਨੰਦ ਮਾਣਦੇ ਹੋਏ ਸਾਰੇ ਹੀ ਸਾਥੀ ਸਿਸੂ ਤੋਂ 60 ਕੁ ਕਿਲੋਮੀਟਰ ਦੀ ਦੂਰੀ ਤੇ ਪੈਂਦੇ ਜਿਸਪਾ ਵਿਖੇ ਪਹੁੰਚੇ। ਜਿਸਪਾ ਲਾਹੌਲ ਸਪੀਤੀ ਜ਼ਿਲੇ ਵਿੱਚ ਭਾਗਾ ਦਰਿਆ ਦੇ ਕੰਢੇ ਮਨਾਲੀ ਹਾਈਵੇ ਤੇ ਵਸਿਆ ਇਕ ਪਿੰਡ ਹੈ। ਸਮੁੰਦਰੀ ਤੱਲ ਤੋਂ ਦਸ ਕੁ ਹਜਾਰ ਫੁੱਟ ਦੀ ਉਚਾਈ ਤੇ ਵਸਦੇ ਜਿਸਪਾ ਵਿਖੇ ਅਗਲੀ ਸਵੇਰ ਸਾਰੇ ਹੀ ਸਾਥੀਆਂ ਨੇ ਭਾਗਾਂ ਨਦੀ ਦੇ ਕਿਨਾਰੇ ਬਰਫ ਨਾਲ ਢਕੇ ਪਹਾੜਾਂ ਦੇ ਦ੍ਰਿਸ਼ਾਂ ਦੀਆਂ ਤਸਵੀਰਾਂ ਖਿੱਚੀਆਂ ਅਤੇ ਸਵੇਰ ਦੀ ਸੈਰ ਕਰਕੇ ਮਾਨਸਿਕ ਅਤੇ ਸਰੀਰਕ ਸਕੂਨ ਦੀ ਪ੍ਰਾਪਤੀ ਕੀਤੀ।ਇਸ ਟਰਿਪ ਵਿੱਚ ਰਾਘਵੀ, ਭਵਿਆ, ਅਦੀਸ਼ਾ, ਕੁਲਦੀਪ, ਪਰਮਜੀਤ, ਡਾਕਟਰ ਸਵਿਤਾ, ਮਧੂ, ਅਜੇ, ਕਸ਼ਿਸ਼, ਡਾਕਟਰ ਕਵਿਤਾ ਆਦੀ ਸ਼ਾਮਿਲ ਸਨ।



# ਸੁਵਿਧਾ ਸੈਂਟਰ 'ਚ ਕੰਮ ਨਾ ਹੋਣ 'ਤੇ ਲੋਕ ਪਰੇਸ਼ਾਨ

**ਫਗਵਾੜਾ (ਜਸਵਿੰਦਰ ਢੱਡਾ)** ਐਡਵੋਕੇਟ ਰੋਹਿਤ ਸ਼ਰਮਾ ਉਪ-ਪ੍ਰਧਾਨ ਬਾਰ ਐਸੋਸੀਏਸ਼ਨ ਫਗਵਾੜਾ ਨੇ ਇੱਥੇ ਇੱਕ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਸੁਵਿਧਾ ਸੈਂਟਰ ਤੋਂ ਆਮ ਲੋਕਾਂ ਨੂੰ ਪਿਛਲੇ 10-12 ਦਿਨਾਂ ਤੋਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸਾਈਟ ਬੰਦ ਹੋਣ ਕਾਰਨ, ਵਿਆਹ ਸਰਟੀਫਿਕੇਟ, ਰਿਹਾਇਸ਼ੀ ਸਰਟੀਫਿਕੇਟ, ਈ ਡਬਲਯੂ ਐਸ ਸਰਟੀਫਿਕੇਟ, ਐਸਸੀ ਸਰਟੀਫਿਕੇਟ, ਸੇਲ ਡੀਡ, ਪਾਵਰ ਆਫ਼ ਅਟਾਰਨੀ ਆਦਿ ਦੀ ਪ੍ਰਮਾਣਿਤ ਕਾਪੀ ਪ੍ਰਾਪਤ ਕਰਨ ਵਰਗੀ ਕੋਈ ਸੇਵਾ ਕੰਮ ਨਹੀਂ ਕਰ ਰਹੀ ਹੈ। ਇੱਥੇ ਪ੍ਰੈਸ ਕਾਨਫਰੰਸ ਵਿੱਚ, ਉਨ੍ਹਾਂ ਦੱਸਿਆ ਕਿ 23 ਜੂਨ 2026 ਨੂੰ, ਉਨ੍ਹਾਂ ਨੇ ਪੰਜਾਬ ਦੀਆਂ ਧੀਆਂ, ਜਿਨ੍ਹਾਂ ਦੀ ਉਮਰ ਲਗਭਗ 18 ਸਾਲ ਹੋਣੀ ਚਾਹੀਦੀ ਹੈ, ਉਨ੍ਹਾਂ ਦੇ ਜ਼ਰੂਰੀ ਦਸਤਾਵੇਜ਼ ਤਹਿਸੀਲਦਾਰ ਫਗਵਾੜਾ ਦੁਆਰਾ ਤਸਦੀਕ ਕਰਵਾਉਣੇ ਜ਼ਰੂਰੀ ਹਨ, ਜੋ ਨਹੀਂ ਆ ਸਕੀਆਂ ਅਤੇ ਪਿਛਲੇ ਇੱਕ ਹਫ਼ਤੇ ਤੋਂ ਪੂਰਾ ਦਿਨ ਲਗਾਤਾਰ ਕੰਮ ਕਰਨ ਦੇ ਬਾਵਜੂਦ, ਉਨ੍ਹਾਂ ਦਾ ਕੰਮ ਨਹੀਂ ਹੋਇਆ ਅਤੇ ਇਨ੍ਹਾਂ ਦਸਤਾਵੇਜ਼ਾਂ ਨੂੰ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ, 23 ਜੂਨ 2026 ਵੀ ਲੰਘ ਗਈ ਸੀ। ਇਸ ਤਰਜ਼ 'ਤੇ, ਹੋਰ ਆਮ ਲੋਕਾਂ ਦਾ ਵੀ ਤੇਜ਼ ਗਰਮੀ ਵਿੱਚ ਵੀ ਸੁਵਿਧਾ ਕੇਂਦਰ ਵਿੱਚ ਬੁਰਾ ਹਾਲ ਸੀ, ਜਿਸ ਨੂੰ ਵੇਖਦਿਆਂ ਐਡਵੋਕੇਟ ਰੋਹਿਤ ਸ਼ਰਮਾ ਨੇ ਪਟਿਆਲਾ ਰੇਂਜ ਦੇ ਡਿਵੀਜ਼ਨਲ ਕਮਿਸ਼ਨਰ, ਵਿਨੈ ਬੁਬਲਾਨੀ ਜੀ, ਜੋ ਕਿ ਡਿਵੀਜ਼ਨਲ ਕਮਿਸ਼ਨਰ ਜਲੰਧਰ ਦਾ ਵਾਧੂ ਚਾਰਜ ਦੇਖ ਰਹੇ ਹਨ, ਤੇ ਵਿਸ਼ੇਸ਼ ਸਾਰੰਗਲ, ਵਿਸ਼ੇਸ਼ ਸਕੱਤਰ ਅਤੇ ਡਾਇਰੈਕਟਰ, ਸੁਸ਼ਾਸਨ ਅਤੇ ਸੂਚਨਾ ਤਕਨਾਲੋਜੀ ਵਿਭਾਗ, ਪੰਜਾਬ ਨੂੰ ਇਸ ਪੂਰੇ ਮਾਮਲੇ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੇ ਭਰੋਸਾ ਦਿੱਤਾ ਕਿ ਇੱਕ ਹਫ਼ਤੇ ਦੇ ਅੰਦਰ-ਅੰਦਰ ਈ-ਸੇਵਾ ਪੋਰਟਲ ਨੂੰ ਬਦਲ ਦਿੱਤਾ ਜਾਵੇਗਾ ਤਾਂ ਜੋ ਹਰ ਤਰ੍ਹਾਂ ਦੀਆਂ ਜਨਹਿੱਤ ਸੇਵਾਵਾਂ ਸੁਚਾਰੂ ਢੰਗ ਨਾਲ ਚੱਲ ਸਕਣ।

# ਪਲਸ ਪੋਲੀਓ ਮੁਹਿੰਮ 'ਚ ਹਰ ਬੱਚੇ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਉਣ ਦੀ ਅਪੀਲ

**ਗੁਰਾਇਆ (ਬਿੰਦਰ ਸੁਮਨ)**- ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਸਿੰਘ ਦੀ ਅਗਵਾਈ ਵਿੱਚ 28, 29 ਅਤੇ 30 ਜੂਨ ਨੂੰ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਚਲਾਈ ਜਾਵੇਗੀ। ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਸਿੰਘ ਨੇ ਦੱਸਿਆ ਕਿ 28 ਜੂਨ ਨੂੰ ਬੂਥ ਦਿਵਸ ਮਨਾਇਆ ਜਾਵੇਗਾ, ਜਿਸ ਦੌਰਾਨ ਸਾਰੇ ਪੋਲੀਓ ਬੂਥਾਂ 'ਤੇ 0 ਤੋਂ 5 ਸਾਲ ਤੱਕ ਦੇ ਹਰ ਬੱਚੇ ਨੂੰ ਪੋਲੀਓ ਦੀਆਂ ਦੋ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਉਪਰੰਤ 29 ਅਤੇ 30 ਜੂਨ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਘਰ-ਘਰ ਜਾ ਕੇ ਉਨ੍ਹਾਂ ਬੱਚਿਆਂ ਨੂੰ ਵੀ ਪੋਲੀਓ ਦੀਆਂ ਬੂੰਦਾਂ ਪਿਲਾਉਣਗੀਆਂ ਜੋ ਕਿਸੇ ਕਾਰਨ ਕਰਕੇ ਬੂਥਾਂ 'ਤੇ ਨਹੀਂ ਪਹੁੰਚ ਸਕੇ। ਉਨ੍ਹਾਂ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ 0 ਤੋਂ 5 ਸਾਲ ਤੱਕ ਦੇ ਹਰ ਬੱਚੇ ਨੂੰ ਲਾਜ਼ਮੀ ਤੌਰ ਤੇ ਪੋਲੀਓ ਦੀਆਂ ਬੂੰਦਾਂ ਪਿਲਾਉਣ।



# ਦੇਸ਼-ਵਿਰੋਧੀ ਗਤੀਵਿਧੀਆਂ 'ਚ ਸ਼ਾਮਲ, 3 ਗ੍ਰਿਫ਼ਤਾਰ



**ਜਲੰਧਰ (ਲਖਵਿੰਦਰ ਸਿੰਘ ਆਧੀ, ਸ਼ੈਲੀ ਐਲਬਰਟ)**- ਕਮਿਸ਼ਨਰ ਪੁਲਿਸ ਜਲੰਧਰ ਸਤਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸ੍ਰੀ ਮਨਪ੍ਰੀਤ ਸਿੰਘ, ਪੀ.ਪੀ. ਐਸ./ਡੀ.ਸੀ.ਪੀ. ਇਨਵੈਸਟੀਗੇਸ਼ਨ, ਜੈਅੰਤ ਪੁਰੀ, ਆਈ.ਪੀ.ਐਸ. / ਏ.ਡੀ. ਸੀ.ਪੀ. ਇਨਵੈਸਟੀਗੇਸ਼ਨ, ਅਤੇ ਅਕਰਸ਼ੀ ਜੈਨ, ਆਈ.ਪੀ.ਐਸ./ ਏ.ਡੀ.ਸੀ.ਪੀ.-1 ਦੀ ਅਗਵਾਈ ਹੇਠ, ਜਲੰਧਰ ਸ਼ਹਿਰ ਅੰਦਰ ਗੈਰ-ਕਾਨੂੰਨੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਅਨਸਰਾਂ ਖ਼ਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਇਹ ਸਫ਼ਲਤਾ ਪ੍ਰਾਪਤ ਹੋਈ ਹੈ। ਏ ਸੀ ਪੀ ਸੈਂਟਰਲ ਜਲੰਧਰ ਦੀ ਅਗਵਾਈ ਵਿੱਚ 25 ਜੂਨ ਨੂੰ ਸਪੈਸ਼ਲ ਸੈੱਲ ਦੀ ਟੀਮ ਅਤੇ ਥਾਣਾ ਰਾਮਾ ਮੰਡੀ ਦੀ ਪੁਲਿਸ ਨੇ ਇੱਕ ਸਾਂਝੀ ਕਾਰਵਾਈ ਕਰਦਿਆਂ, ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ 3 ਵਿਅਕਤੀਆਂ ਨੂੰ ਸ੍ਰੀ ਪਲੈਟਸ ਜਲੰਧਰ ਤੋਂ ਕਾਬੂ ਕੀਤਾ ਹੈ। ਇਹ ਮੁਲਜ਼ਮ ਗੈਰ-ਕਾਨੂੰਨੀ ਅਤੇ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਸਨ ਅਤੇ ਸ਼ਹਿਜ਼ਾਦ ਭੱਟੀ ਦੇ ਇਸ਼ਾਰੇ 'ਤੇ ਸਰਕਾਰੀ ਅਦਾਰਿਆਂ ਅਤੇ ਹੋਰ ਸੰਵੇਦਨਸ਼ੀਲ ਜਾਣਕਾਰੀਆਂ ਨੂੰ ਸੋਸ਼ਲ ਮੀਡੀਆ/ਵੱਖ-ਵੱਖ ਐਪਸ ਰਾਹੀਂ ਪਾਕਿਸਤਾਨ/ਵਿਦੇਸ਼ ਵਿੱਚ ਸ਼ਹਿਜ਼ਾਦ ਭੱਟੀ ਅਤੇ ਹਮਾਸ ਗੁੱਜਰ ਨੂੰ ਭੇਜਦੇ ਸਨ। ਕਾਬੂ ਕੀਤੇ ਗਏ ਮੁਲਜ਼ਮ ਦਾ ਨਾਂਅ ਸਚਿਨ ਕੋਸਲਾ ਪੁੱਤਰ ਨਰਿੰਦਰ ਕੁਮਾਰ, ਵਾਸੀ ਮਕਾਨ ਨੰਬਰ 82, ਗੁਰੂ ਨਾਨਕਪੁਰਾ ਵੈਸਟ, ਚੁਗਿੱਟੀ, ਜਲੰਧਰ ਤੇ ਭਰਤ ਵਰਮਾ ਉਰਫ਼ ਸੰਨੀ ਪੁੱਤਰ ਰਵਿੰਦਰ ਵਰਮਾ, ਵਾਸੀ ਮਕਾਨ ਨੰਬਰ 96, ਗੁਰੂ ਨਾਨਕਪੁਰਾ ਵੈਸਟ, ਚੁਗਿੱਟੀ, ਜਲੰਧਰ, ਪ੍ਰਦੀਪ ਸਿੰਘ ਪੁੱਤਰ ਹਰਦੇਵ ਸਿੰਘ, ਵਾਸੀ ਮਕਾਨ ਨੰਬਰ 25, ਕਮਲ ਵਿਹਾਰ, ਰਾਮਾ ਮੰਡੀ, ਜਲੰਧਰ ਹੈ।ਉਕਤ ਮੁਲਜ਼ਮਾਂ ਖ਼ਿਲਾਫ਼ ਥਾਣਾ ਰਾਮਾ ਮੰਡੀ, ਕਮਿਸ਼ਨਰੇਟ ਜਲੰਧਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਦੀ ਤਫਤੀਸ਼ ਏ ਸੀ ਪੀ ਸੈਂਟਰਲ ਵੱਲੋਂ ਕੀਤੀ ਜਾ ਰਹੀ ਹੈ। ਮੁਲਜ਼ਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ, ਜਿਸ ਤੋਂ ਹੋਰ ਅਹਿਮ ਜਾਣਕਾਰੀ ਮਿਲਣ ਦੀ ਸੰਭਾਵਨਾ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ (ਰਜਿ. 295) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਇੱਕ ਅਹਿਮ ਮਾਸਕ (ਮਹੀਨਾਵਾਰ) ਮੀਟਿੰਗ ਸਥਾਨਕ ਲਿਵਾਸਾ ਹਸਪਤਾਲ ਵਿਖੇ ਜ਼ਿਲ੍ਹਾ ਪ੍ਰਧਾਨ ਡਾ. ਕਸ਼ਮੀਰ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਮੀਟਿੰਗ ਦੀ ਸ਼ੁਰੂਆਤ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਡਾ. ਧਰਮਜੀਤ ਨੇ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ ਦਾ ਵੇਰਵਾ ਸਾਂਝਾ ਕੀਤਾ।ਇਸ ਮੀਟਿੰਗ ਵਿੱਚ ਜ਼ਿਲ੍ਹੇ ਭਰ ਦੇ ਸਾਰੇ ਬਲਾਕਾਂ ਦੇ ਨੁਮਾਇੰਦਿਆਂ ਤੇ ਮੈਡੀਕਲ ਪ੍ਰੈਕਟੀਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਐਸੋਸੀਏਸ਼ਨ ਵੱਲੋਂ ਬਲਾਚੌਰ ਵਿਖੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਲੈਨਿੰਗ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੂੰ ਆਪਣੀਆਂ ਹੱਕੀ ਮੰਗਾਂ ਸਬੰਧੀ ਇੱਕ ਮੰਗ ਪੱਤਰ ਸੌਂਪਿਆ ਗਿਆ ਸੀ। ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਚੇਅਰਮੈਨ ਜਲਾਲਪੁਰ ਨੇ ਇਹ ਮੰਗ ਪੱਤਰ ਪੰਜਾਬ ਦੇ ਖ਼ਜ਼ਾਨਾ (ਵਿੱਤ) ਮੰਤਰੀ ਹਰਪਾਲ ਸਿੰਘ ਚੀਮਾ ਨੂੰ ਖੁਦ ਸੌਂਪਿਆ। ਉਨ੍ਹਾਂ ਨੇ ਵਿੱਤ ਮੰਤਰੀ ਨੂੰ ਪੰਜਾਬ ਭਰ ਵਿੱਚ ਸਵੈ-ਰੁਜ਼ਗਾਰ ਕਰ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵਿਸਥਾਰਪੂਰਵਕ ਜਾਣੂ ਕਰਵਾਇਆ। ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਆਵਾਜ਼ ਨੂੰ ਸਰਕਾਰ ਦੇ ਉੱਚ ਪੱਧਰ ਤੱਕ ਪਹੁੰਚਾਉਣ ਲਈ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਸਮੂਹ ਮੈਂਬਰਾਂ ਨੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਟੇਟ ਮੀਤ ਪ੍ਰਧਾਨ ਡਾ. ਦਿਲਦਾਰ ਚਾਹਲ, ਜ਼ਿਲ੍ਹਾ ਵਿੱਤ ਸਕੱਤਰ ਡਾ. ਰਾਮਜੀ ਦਾਸ, ਜ਼ਿਲ੍ਹਾ ਚੇਅਰਮੈਨ ਡਾ. ਟੇਕ ਚੰਦ ਸੈਣੀ, ਬਲਾਚੌਰ ਬਲਾਕ ਦੇ ਪ੍ਰਧਾਨ ਡਾ. ਤਜਿੰਦਰ ਸਿੰਘ ਜੋਤ, ਡਾ. ਸੰਦੀਪ ਜੋਸ਼ੀ, ਡਾ. ਕੁਲਬੀਰ ਸਿੰਘ, ਡਾ. ਕਸ਼ਮੀਰ, ਡਾ. ਪਰਸ਼ੋਤਮ, ਡਾ. ਮਨਜੀਤ ਲੱਧੜ, ਡਾ. ਦਿਲਬਾਗ, ਡਾ. ਵਿਜੇ ਡੇਵਿਡ, ਡਾ. ਅਸ਼ੋਕ ਸ਼ਰਮਾ, ਡਾ. ਦੇਸ ਰਾਜ, ਡਾ. ਬਲਬੀਰ ਸਿੰਘ, ਡਾ. ਸੁਖਜ਼ਾਦ ਸਿੰਘ, ਡਾ. ਗਿਆਨ ਸਿੰਘ ਮੰਡੇਰ, ਡਾ. ਸੱਤਪਾਲ ਸਿੰਘ, ਡਾ. ਤਰਸੇਮ, ਡਾ. ਬਿਮਲ ਕੈਂਥ, ਡਾ. ਕੁਲਵਿੰਦਰ ਸਿੰਘ ਡਾ ਨਾਮਦੇਵ ਅਤੇ ਡਾ. ਅਵਤਾਰ ਮੱਲ ਸਮੇਤ ਭਾਰੀ ਗਿਣਤੀ ਵਿੱਚ ਮੈਡੀਕਲ ਪ੍ਰੈਕਟੀਸ਼ਨਰ ਹਾਜ਼ਰ ਸਨ।

# ਚੱਬੇਵਾਲ ਨੇ ਬੱਸ ਸਟੈਂਡ ਦਾ ਨਾਂਅ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਂਅ 'ਤੇ ਰੱਖਣ ਦਾ ਦਿੱਤਾ ਭਰੋਸਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਮੁਕੇਰੀਆਂ ਖੇਤਰ ਦੀ ਇਤਿਹਾਸਕ ਵਿਰਾਸਤ ਅਤੇ ਜਨਤਕ ਭਾਵਨਾਵਾਂ ਨਾਲ ਸੰਬੰਧਤ ਮੰਗਾਂ ਨੂੰ ਤਰਜੀਹ ਦਿੰਦੇ ਹੋਏ ਭਰੋਸਾ ਦਿੱਤਾ ਹੈ ਕਿ ਮੁਕੇਰੀਆਂ ਦੇ ਮਹਾਰਾਣਾ ਪ੍ਰਤਾਪ ਚੌਕ 'ਤੇ ਬੁੱਤ ਲਗਾਉਣ ਅਤੇ ਮੁਕੇਰੀਆਂ ਬੱਸ ਸਟੈਂਡ ਦਾ ਨਾਮ ਮਹਾਨ ਯੋਧਾ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ 'ਤੇ ਰੱਖਣ ਦੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਇਸ ਸੰਬੰਧ ਵਿੱਚ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਰਾਜਪੂਤ ਭਾਈਚਾਰੇ ਦੇ ਪ੍ਰਮੁੱਖ ਪ੍ਰਤੀਨਿਧੀਆਂ ਅਤੇ ਪਤਵੰਤਿਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।

ਮੀਟਿੰਗ ਵਿੱਚ ਰਾਜਪੂਤ ਸਭਾ ਮੁਕੇਰੀਆਂ ਦੇ ਕਾਰਜਕਾਰੀ ਪ੍ਰਧਾਨ ਠਾਕੁਰ ਬੇਨੀ ਮਨਹਾਸ ਦੀ ਅਗਵਾਈ ਵਿੱਚ ਇੱਕ ਵਫ਼ਦ ਸ਼ਾਮਲ ਹੋਇਆ। ਵਫ਼ਦ ਵਿੱਚ ਪ੍ਰਮੁੱਖ ਤੌਰ 'ਤੇ ਕੁਲਵੰਤ ਠਾਕੁਰ (ਹਾਜੀਪੁਰ ਰਾਈਸ ਮਿੱਲਰ), ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜੀਤ ਸਿੰਘ ਸਹੋਤਾ ਅਤੇ ਹੋਰ ਰਾਜਪੂਤ ਭਾਈਚਾਰੇ ਦੇ ਨੁਮਾਇੰਦੇ ਸ਼ਾਮਲ ਸਨ।ਡਾ. ਰਾਜ ਕੁਮਾਰ ਚੱਬੇਵਾਲ ਨੇ ਭਰੋਸਾ ਦਿੱਤਾ ਕਿ ਮੁਕੇਰੀਆਂ ਬੱਸ ਸਟੈਂਡ ਦਾ ਨਾਂਅ ਮਹਾਨ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਨਾਂਅ 'ਤੇ ਰੱਖਣ ਲਈ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ, ਅਤੇ ਲੋੜੀਂਦੀਆਂ ਪ੍ਰਸ਼ਾਸਕੀ ਪ੍ਰਵਾਨਗੀਆਂ ਪ੍ਰਾਪਤ ਕਰਨ ਤੋਂ ਬਾਅਦ ਇਹ ਪ੍ਰਕਿਰਿਆ ਜਲਦੀ ਹੀ ਲਾਗੂ ਕੀਤੀ ਜਾਵੇਗੀ।

# ਮਈ ਮਹੀਨੇ 'ਚ ਐੱਨ ਡੀ ਪੀ ਐੱਸ ਦੇ 95 ਮਾਮਲੇ ਦਰਜ, 123 ਗ੍ਰਿਫ਼ਤਾਰ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਜ਼ਿਲ੍ਹੇ ਵਿਚ ਨੈਸ਼ਨਲ ਨਾਰਕੋਟਿਕਸ ਕੁਆਰਡੀਨੇਸ਼ਨ ਪੋਰਟਲ (ਐਨਕਾਰਡ) ਤਹਿਤ ਜ਼ਿਲ੍ਹਾ ਪੁਲਸ ਵਲੋਂ ਨਸ਼ਿਆਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੀ ਕਾਰਗੁਜਾਰੀ ਦੀ ਇੱਥੇ ਸਮੀਖਿਆ ਦੌਰਾਨ ਦੱਸਿਆ ਗਿਆ ਕਿ ਮਈ ਮਹੀਨੇ ਦੌਰਾਨ 95 ਕੇਸ ਦਰਜ ਕਰਕੇ 123 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਐਸ.ਡੀ.ਐਮ. ਪਰਮਪ੍ਰੀਤ ਸਿੰਘ, ਐਸ.ਪੀ. (ਪੀ.ਬੀ.ਆਈ) ਮੇਜਰ ਸਿੰਘ ਅਤੇ ਸਹਾਇਕ ਕਮਿਸ਼ਨਰ ਸੁਮਿਤ ਮੁਧ ਦੀ ਅਗਵਾਈ ਵਿਚ ਇੱਥੇ ਐਨਕਾਰਡ ਸਮੀਖਿਆ ਮੀਟਿੰਗ ਵਿਚ ਪੁਲਸ ਵਲੋਂ ਨਸ਼ਿਆਂ ਦੀ ਰੋਕਥਾਮ, ਨਸ਼ਿਆਂ ਦੀ ਗ੍ਰਿਫ਼ਤ ਵਿਚ ਆਏ ਲੋਕਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਭਰਤੀ ਕਰਵਾਉਣ, ਨਸ਼ਿਆਂ ਵਿਰੁੱਧ ਜਾਗਰੂਕਤਾ ਸਰਗਰਮੀਆਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ।ਐੱਸ ਪੀ ਮੇਜਰ ਸਿੰਘ ਨੇ ਦੱਸਿਆ ਕਿ ਮਈ ਮਹੀਨੇ ਦੌਰਾਨ ਜ਼ਿਲ੍ਹਾ ਪੁਲਸ ਵਲੋਂ 878 ਗ੍ਰਾਮ ਹੈਰੋਇਨ, 26 ਕਿਲੋ ਤੋਂ ਵੱਧ ਚੂਰਾ ਪੋਸਤ, ਇਕ ਹਜ਼ਾਰ ਤੋਂ ਵੱਧ ਨਸ਼ੀਲੇ ਕੈਪਸੂਲ ਅਤੇ 15100 ਦੀ ਡਰੱਗ ਮਨੀ ਬਰਾਮਦ ਕੀਤੀ ਗਈ।

# ਸਿਵਲ ਹਸਪਤਾਲ 'ਚ ਤਿੰਨ ਅਲਟਰਾਸਾਊਂਡ ਮਸ਼ੀਨਾਂ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ ਅਤੇ ਇਸ ਸਬੰਧੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਮੱਦੇਨਜਰ ਹੀ ਸਿਵਲ ਹਸਪਤਾਲ ਜਲੰਧਰ ਨੂੰ ਆਧੁਨਿਕ ਸੁਵਿਧਾਵਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਅਤੇ ਐਮ ਸੀ ਐਚ ਸੈਂਟਰ ਸਿਵਲ ਹਸਪਤਾਲ ਨੂੰ ਤਿੰਨ ਨਵੀਆਂ ਕਲਰ ਡੋਪਲਰ ਅਲਟਰਾਸਾਊਂਡ ਮਸ਼ੀਨਾਂ ਨਾਲ ਲੈਸ ਕੀਤਾ ਗਿਆ ਹੈ। ਐਮ ਸੀ ਐਚ ਸੈਂਟਰ ਸਿਵਲ ਹਸਪਤਾਲ ਵਿਖੇ ਸ਼ੁੱਕਰਵਾਰ ਨੂੰ ਇਨ੍ਹਾਂ ਮਸ਼ੀਨਾ ਦਾ ਰਸਮੀ ਉਦਘਾਟਨ ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਅਤੇ ਮੈਡੀਕਲ ਸੁਪਰਡੈਂਟ ਡਾ. ਨਮਿਤਾ ਘਈ ਵੱਲੋਂ ਕੀਤਾ ਗਿਆ।ਸਿਵਲ ਸਰਜਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਿਵਲ ਹਸਪਤਾਲ ਵਿੱਚ ਇਨ੍ਹਾਂ ਆਧੁਨਿਕ ਕਲਰ ਡੋਪਲਰ ਮਸ਼ੀਨਾਂ ਰਾਹੀਂ ਖਾਸ ਕਰਕੇ ਗਰਭਵਤੀ ਮਹਿਲਾਵਾਂ ਅਤੇ ਹੋਰ ਮਹਿਲਾ ਮਰੀਜਾਂ ਨੂੰ ਵੱਡਾ ਫਾਇਦਾ ਹੋਵੇਗਾ, ਜਿਨ੍ਹਾਂ ਨੂੰ ਪਹਿਲਾਂ ਅਲਟਰਾਸਾਊਂਡ ਕਲਰ ਡੋਪਲਰ ਜਾਂਚ ਲਈ ਨਿੱਜੀ ਕੇਂਦਰਾਂ ਦਾ ਸਹਾਰਾ ਲੈਣਾ ਪੈਂਦਾ ਸੀ। ਨਵੀਆਂ ਮਸ਼ੀਨਾਂ ਲੱਗਣ ਨਾਲ ਪੂਰੇ ਖੇਤਰ ਦੇ ਲੋਕਾਂ ਨੂੰ ਬਿਹਤਰ ਸਸਤੀ ਅਤੇ ਸੁਵਿਧਾਜਨਕ ਸਿਹਤ ਸੇਵਾਵਾਂ ਪ੍ਰਾਪਤ ਹੋਣਗੀਆਂ।ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਵਨਿੰਦਰ ਰਿਆੜ ਨੇ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਆਧੁਨਿਕ ਕਲਰ ਡੋਪਲਰ ਮਸ਼ੀਨਾਂ ਗਰਭਵਤੀ ਮਹਿਲਾਵਾਂ ਅਤੇ ਨਵਜੰਮੇ ਬੱਚਿਆਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮੀਲ ਪੱਥਰ ਸਾਬਤ ਹੋਣਗੀਆਂ। ਮਾਤਰੀ ਅਤੇ ਸ਼ਿਸ਼ੂ ਸਿਹਤ ਸੇਵਾਵਾਂ ਵਿੱਚ ਹੋਏ ਇਸ ਸੁਧਾਰ ਨਾਲ ਜਿੱਥੇ ਆਮ ਲੋਕਾਂ 'ਤੇ ਆਰਥਿਕ ਬੋਝ ਘਟੇਗਾ, ਉੱਥੇ ਹੀ ਪਰਵਾਰ ਭਲਾਈ ਸਕੀਮਾਂ ਤਹਿਤ ਗਰਭਵਤੀ ਮਹਿਲਾਵਾਂ ਨੂੰ ਸਮੇਂ ਸਿਰ ਅਤੇ ਉੱਚ-ਪੱਧਰੀ ਡਾਕਟਰੀ ਜਾਂਚ ਦੀ ਸਹੂਲਤ ਹਸਪਤਾਲ ਵਿੱਚ ਹੀ ਮਿਲ ਸਕੇਗੀ।ਸਿਵਲ ਸਰਜਨ ਨੇ ਦੱਸਿਆ ਕਿ ਆਧੁਨਿਕ ਕਲਰ ਡੋਪਲਰ ਮਸ਼ੀਨਾਂ ਮਹਿਲਾਵਾਂ ਨਾਲ ਸਬੰਧਤ ਵੱਖ-ਵੱਖ ਬਿਮਾਰੀਆਂ, ਗਰਭ ਅਵਸਥਾ ਦੌਰਾਨ ਪੈਦਾ ਹੋਣ ਵਾਲੀਆਂ ਜਟਿਲਤਾਵਾਂ ਅਤੇ ਹੋਰ ਸਿਹਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਅਤੇ ਸਹੀ ਜਾਂਚ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਵਨਿੰਦਰ ਰਿਆੜ, ਡਾ. ਮਹਿੰਦਰ ਪ੍ਰਤਾਪ ਸਿੰਘ, ਡਾ. ਗੋਰਵ ਸੇਠੀ, ਡਿਪਟੀ ਐਮਈਆਈਓ ਅਸੀਮ ਸ਼ਰਮਾ, ਡਿਪਟੀ ਐਮਈਆਈਓ ਗੁਰਜੀਤ ਕੌਰ ਮੌਜੂਦ ਸਨ।



# ਬੱਬਰ ਅਕਾਲੀ ਲਹਿਰ ਸ਼ਹਾਦਤਾਂ ਦੀ ਸ਼ਤਾਬਦੀ ਸੰਬੰਧੀ ਵਿਸ਼ੇਸ਼ ਮਿਲਣੀ ਅੱਜ

**ਜਲੰਧਰ (ਕੇਸਰ)** ਆਜ਼ਾਦੀ ਸੰਗਰਾਮ ਵਿੱਚ ਲਾਮਿਸਾਲ ਕੁਰਬਾਨੀਆਂ ਕਰਨ ਵਾਲੀ ਗ਼ਦਰ ਲਹਿਰ ਦੀ ਅਗਲੀ ਕੜੀ ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ (1926-2026) ਦੇ ਮੌਕੇ ਏਸ ਵਾਰ ਮੇਲਾ ਗ਼ਦਰੀ ਬਾਬਿਆਂ ਦਾ ਬੱਬਰ ਅਕਾਲੀ ਲਹਿਰ ਨੂੰ ਸਮਰਪਤ ਕੀਤਾ ਜਾ ਰਿਹਾ ਹੈ। ਇਸ ਸਿਲਸਿਲੇ 'ਚ ਸਮੂਹ ਬੱਬਰਾਂ ਦੇ ਪਿੰਡਾਂ, ਇਲਾਕਿਆਂ ਦੀਆਂ ਕਮੇਟੀਆਂ ਦੇ ਨੁਮਾਇੰਦਿਆਂ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਜਾ ਰਹੀ ਹੈ। ਇਸ ਸਬੰਧੀ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ 27 ਜੂਨ ਸਵੇਰੇ ਠੀਕ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਬੱਬਰ ਅਕਾਲੀ ਲਹਿਰ ਸ਼ਹਾਦਤਾਂ ਦੀ ਸ਼ਤਾਬਦੀ ਮੁਹਿੰਮ ਅਤੇ ਇਸ ਸ਼ਤਾਬਦੀ ਨੂੰ ਸਮਰਪਤ ਪਹਿਲੀ ਨਵੰਬਰ ਨੂੰ ਹੋ ਰਹੇ ਮੇਲਾ ਗ਼ਦਰੀ ਬਾਬਿਆਂ ਦਾ, ਨੂੰ ਹਰ ਪੱਖੋਂ ਸਹਿਯੋਗ ਦੇਣ ਅਤੇ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਹੋ ਰਹੀ ਮਿਲਣੀ ਪ੍ਰਤੀ ਭਰਵਾਂ ਉਤਸ਼ਾਹ ਪਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਬੱਬਰਾਂ, ਗ਼ਦਰੀਆਂ ਅਤੇ ਇਨਕਲਾਬੀ ਕੌਮੀ ਆਜ਼ਾਦੀ ਦੇ ਤਵਾਰੀਖ਼ ਨਾਲ ਜੁੜੀਆਂ ਕਮੇਟੀਆਂ ਅਤੇ ਲੋਕ-ਪੱਖੀ ਸੰਸਥਾਵਾਂ ਇਸ ਮੁਹਿੰਮ ਨਾਲ ਜੁੜ ਰਹੀਆਂ ਹਨ।

# ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਪੰਚਮ ਪਾਤਸ਼ਾਹ ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸੰਬੰਧ ਵਿਚ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਸਹਿਜ ਪਾਠ ਦੇ ਭੋਗ ਪਾਏ ਗਏ ਅਤੇ ਉਸ ਉਪਰੰਤ ਕਾਲਜ ਦੇ ਗੇਟ ਉਪਰ ਸੰਗਤਾਂ ਨੂੰ ਸੇਵਾਦਾਰਾਂ ਵੱਲੋਂ ਸਤਿਕਾਰ ਨਾਲ ਠੰਢੇ ਮਿੱਠੇ ਜਲ ਦੀ ਛਬੀਲ ਵਰਤਾਈ ਗਈ। ਇਸ ਦੇ ਨਾਲ ਹੀ ਛੋਲਿਆਂ ਅਤੇ ਕੜਾਹ ਪ੍ਰਸ਼ਾਦਿ ਦਾ ਲੰਗਰ ਵਰਤਾਇਆ ਗਿਆ। ਸਮੂਹ ਕਾਲਜ ਵਲੋਂ ਪੰਚਮ ਪਾਤਸ਼ਾਹ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਸਮੇਂ ਕਾਲਜ ਦੇ ਪ੍ਰਧਾਨ ਸਰਦਾਰਨੀ ਬਲਬੀਰ ਕੌਰ ਜੀ, ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਬਹੁਤ ਸ਼ਰਧਾ ਨਾਲ ਸੇਵਾ ਨਿਭਾਈ। ਪ੍ਰਧਾਨ ਗਵਰਨਿੰਗ ਕੌਂਸਲ ਬਲਬੀਰ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਸਮਾਜ ਵਿਚ ਸੇਵਾ ਅਤੇ ਕੁਰਬਾਨੀ ਵਰਗੀਆਂ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਦੀਆਂ ਹਨ ਅਤੇ ਇਹ ਹਰ ਸਮੇਂ ਪ੍ਰਸੰਗਿਕ ਹਨ। ਇਸ ਮੌਕੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਕਾਲਜ ਆਪਣੀਆਂ ਰਿਵਾਇਤਾਂ ਨੂੰ ਕਾਇਮ ਰੱਖਦੇ ਹੋਏ ਨੌਜਵਾਨਾਂ ਨੂੰ ਸਿੱਖ ਧਰਮ ਦੀ ਰਹਿਤ ਮਰਿਆਦਾ, ਸੇਵਾ ਭਾਵ ਨਾਲ ਜੋੜਣ ਅਤੇ ਗੁਰੂਆਂ ਦੀਆਂ ਲਾਸਾਨੀ ਕੁਰਬਾਨੀਆਂ ਤੋਂ ਜਾਣੂ ਕਰਵਾਉਣ ਦੇ ਉਪਰਾਲੇ ਵਜੋਂ ਅਜਿਹੇ ਸਮਾਗਮ ਉਲੀਕਦਾ ਰਿਹਾ ਹੈ ਅਤੇ ਭੱਵਿਖ ਵਿਚ ਵੀ ਉਲੀਕਦਾ ਰਹੇਗਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ, ਪ੍ਰਿੰਸੀਪਲ, ਅਧਿਆਪਕ ਸਾਹਿਬਨ, ਨਾਨ-ਟੀਚਿੰਗ ਸਟਾਫ ਅਤੇ ਵਿਦਿਆਰਥੀਆਂ ਨੇ ਮਿਲ ਕੇ ਹਾਜ਼ਰੀ ਭਰੀ ਅਤੇ ਸ਼ਰਧਾ ਭਾਵ ਨਾਲ ਸੇਵਾ ਕੀਤੀ।



## ਨੰਬਰਦਾਰਾਂ ਨਾਲ ਕੀਤਾ ਵਾਅਦਾ ਸਰਕਾਰ ਪੂਰਾ ਕਰੇ : ਮੁੰਧ, ਹੇਅਰ

**ਨਕੋਦਰ (ਮਨਜੀਤ ਮਾਨ)**- ਪੰਜਾਬ ਨੰਬਰਦਾਰ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੰਧ ਪੰਜਾਬ ਨੇ ਪ੍ਰੈਸ ਨਾਲ ਜਾਣਕਾਰੀ ਸਾਂਝਾ ਕਰਦਿਆਂ ਬਿਆਨ ਜਾਰੀ ਕੀਤਾ ਕਿ ਆਮ ਆਦਮੀ ਪਾਰਟੀ ਨੇ ਆਪਣੇ ਮੈਨੀਫੈਸਟੋ ਵਿੱਚ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਤੇ ਨੰਬਰਦਾਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ ਅਤੇ ਨੰਬਰਦਾਰੀ ਜੱਦੀ ਪੁਸ਼ਤੀ ਕੀਤੀ ਜਾਵੇਗੀ ਪਰ 4 ਸਾਲ ਬੀਤਣ ਦੇ ਬਾਅਦ ਵੀ ਇਹ ਵਾਅਦਾ ਪੂਰਾ ਨਹੀਂ ਹੋਇਆ । ਨੰਬਰਦਾਰ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੀ ਅਗਵਾਈ ਵਿੱਚ ਬਹੁਤ ਵਾਰ ਮੁੱਖ ਮੰਤਰੀ ਨਾਲ ਹਰਪਾਲ ਸਿੰਘ ਚੀਮਾ ਨਾਲ ਮੀਟਿੰਗਾਂ ਵੀ ਹੋਈਆਂ। ਮੁੱਖ ਮੰਤਰੀ ਵੱਲੋਂ ਸਰਪੰਚਾਂ ਦਾ ਮਾਣ ਭੱਤਾ 10000 ਰੁਪਏ ਮਾਸਿਕ ਦੇਣ ਦਾ ਐਲਾਨ ਕੀਤਾ ਗਿਆ ਹੈ,ਅਸੀਂ ਇਸ ਦਾ ਧੰਨਵਾਦ ਕਰਦੇ ਹਾਂ, ਪਰ ਨੰਬਰਦਾਰਾਂ ਨਾਲ ਕੀਤਾ ਵਾਅਦਾ ਵੀ ਪੂਰਾ ਕੀਤਾ ਜਾਵੇ । ਇਸ ਲਈ ਮੰਗ ਕਰਦੇ ਹਾਂ ਕਿ ਆਪ ਸਾਡੇ ਨਾਲ ਕੀਤਾ ਵਾਅਦਾ ਪੂਰਾ ਕਰੋ । ਇਸ ਮੌਕੇ ਤੇ ਰਾਜ ਕੁਮਾਰ ਮਹਿਮੀ ਜ਼ਿਲ੍ਹਾ ਸਕੱਤਰ ਨਕੋਦਰ ਅਤੇ ਹੋਰ ਸਾਥੀ ਵੀ ਮੌਜੂਦ ਸਨ।



# ਹਸਪਤਾਲ ਨੂੰ ਐਂਬੂਲੈਂਸ ਕੀਤੀ ਭੇਟ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**- ਟਾਂਡਾ ਇਲਾਕੇ ਵਿੱਚ ਮਰੀਜ਼ਾਂ ਦੀ ਹਰ ਪੱਖੋਂ ਸੇਵਾ ਕਰਕੇ ਨਾਮਣਾ ਖੱਟ ਰਹੇ ਬਾਬਾ ਬਲਵੰਤ ਸਿੰਘ ਮੈਮੋਰੀਅਲ ਚੈਰੀਟੇਬਲ ਹਸਪਤਾਲ ਦਾਰਾਪੁਰ ਟਾਂਡਾ ਨੂੰ ਭੇਟ ਕੀਤੀ ਜਾ ਰਹੀ ਐਂਬੂਲੈਂਸ ਸਬੰਧੀ ਹਸਪਤਾਲ ਮੈਨੇਜਮੈਂਟ ਕਮੇਟੀ ਵੱਲੋਂ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸੰਤ ਬਾਬਾ ਗੁਰਦਿਆਲ ਸਿੰਘ ਜੀ ਨੇ ਲੋੜਵੰਦ ਗਰੀਬਾਂ ਦੀ ਸਹਾਇਤਾ ਲਈ ਹਸਪਤਾਲ ਨੂੰ ਇੱਕ ਆਧੁਨਿਕ ਐਂਬੂਲੈਂਸ ਭੇਟ ਕੀਤੀ। ਸਮਾਰੋਹ ਚ ਸ਼ਾਮਲ ਰੋਟਰੀ ਕਲੱਬ ਅਤੇ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ, ਮਨਪ੍ਰੀਤ ਕੌਰ, ਹਰਮੇਸ਼ ਪ੍ਰਕਾਸ਼ ਸਿੰਘ, ਬਿਕਰਮਜੀਤ ਸਿੰਘ ਲਾਲੀ, ਡਾਕਟਰ ਦਵਿੰਦਰ ਸਿੰਘ, ਡਾਕਟਰ ਵਿਨੋਦ ਸਰੀਨ ਡਾਕਟਰ ਨਛੱਤਰ ਸਿੰਘ ਡਾਕਟਰ ਸਤਪਾਲ ਸਿੰਘ, ਸਤਬੀਰ ਸਿੰਘ ਅਸ਼ਵਨੀ ਕੁਮਾਰ, ਬਲਜੀਤ ਸਿੰਘ, ਜੋਰਾਵਰ ਸਿੰਘ, ਡਾਕਟਰ ਸੋਢੀ, ਪ੍ਰਧਾਨ ਤਰਸੇਮ ਲਾਲ ਤੋਂ ਇਲਾਵਾ ਹੋਰ ਵੱਖ ਵੱਖ ਧਾਰਮਿਕ ਸਮਾਜਿਕ ਅਤੇ ਸਵੈ ਸਵੀ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸਮੂਹ ਹਸਪਤਾਲ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਐਂਬੂਲੈਂਸ ਭੇਟ ਕਰਨ ਤੇ ਸੰਤ ਬਾਬਾ ਗੁਰਦਿਆਲ ਸਿੰਘ ਜੀ ਦਾ ਤਹਿਦਿਲੋਂ ਧੰਨਵਾਦ ਕਰਦੇ ਹੋਏ ਉਹਨਾਂ ਨੂੰ ਸਨਮਾਨਤ ਕੀਤਾ। ਸਮਾਰੋਹ ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੰਤ ਬਾਬਾ ਗੁਰਦਿਆਲ ਸਿੰਘ ਜੀ ਨੇ ਕਿਹਾ ਕਿ ਦੁਨੀਆਂ ਦੇ ਹਰ ਧਰਮ ਦੇ ਸੰਤ ਮਹਾਂਪੁਰਸ਼ ਸਤਿਸੰਗਾਂ ਵਿੱਚ ਸੰਗਤ ਨੂੰ ਆਪਣੇ ਆਪਣੇ ਪ੍ਰਵਚਨਾਂ ਰਾਹੀਂ ਨਾਮ ਸਿਮਰਨ ਕਰਕੇ ਅਕਾਲ ਪੁਰਖ ਦੀ ਸ਼ਰਨ ਲੱਗਣ ਤੋਂ ਇਲਾਵਾ ਮਨੁੱਖਤਾ ਦੇ ਭਲੇ ਲਈ ਨਿਸਵਾਰਥ ਕਰਮ ਕਰਨ ਸਬੰਧੀ ਉਪਦੇਸ਼ ਦਿੰਦੇ ਹਨ।ਸਮਾਰੋਹ ਦੌਰਾਨ ਸੰਤ ਬਾਬਾ ਗੁਰਦਿਆਲ ਸਿੰਘ ਜੀ ਨੇ ਹਸਪਤਾਲ ਸਟਾਫ ਨਾਲ ਵੱਖ-ਵੱਖ ਵਾਰਡਾਂ ਚ ਦਾਖਲ ਮਰੀਜ਼ਾਂ ਨਾਲ ਮੁਲਾਕਾਤ ਕਰਕੇ ਉਹਨਾਂ ਦੀ ਸਿਹਤ ਸਬੰਧੀ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਤੇ ਉਨਾਂ ਨੇ ਇੱਕ ਮਰੀਜ਼ ਨੂੰ ਹਸਪਤਾਲ ਲਿਆਉਣ ਲਈ ਹਰੀ ਝੰਡੀ ਵਿਖਾ ਕੇ ਐਂਬੂਲੈਂਸ ਰਵਾਨਾ ਕੀਤੀ।



## ਨਾਮਜ਼ਦਗੀਆਂ ਦੇ ਆਖਰੀ ਦਿਨ 217 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਕੀਤੇ ਦਾਖ਼ਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਦੱਸਿਆ ਕਿ ਨਗਰ ਨਿਗਮ ਹੁਸ਼ਿਆਰਪੁਰ ਦੀਆਂ ਆਮ ਚੋਣਾਂ-2026 ਲਈ ਨਾਮਜ਼ਦਗੀਆਂ ਦੇ ਆਖਰੀ ਦਿਨ 217 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕੁੱਲ 286 ਨਾਮਜ਼ਦਗੀ ਪੱਤਰ ਪ੍ਰਾਪਤ ਹੋਏ ਹਨ।

ਉਨ੍ਹਾਂ ਦੱਸਿਆ ਕਿ 26 ਜੂਨ ਨੂੰ ਸੰਬੰਧਤ ਰਿਟਰਨਿੰਗ ਅਫ਼ਸਰਾਂ ਵੱਲੋਂ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ, ਜਦਕਿ 27 ਜੂਨ ਨੂੰ ਨਾਮਜ਼ਦਗੀਆਂ ਵਾਪਸ ਲੈਣ ਦੀ ਪ੍ਰਕਿਰਿਆ ਪੂਰੀ ਹੋਣ ਉਪਰੰਤ ਚੋਣ ਮੈਦਾਨ ਵਿੱਚ ਰਹਿਣ ਵਾਲੇ ਯੋਗ ਉਮੀਦਵਾਰਾਂ ਦੀ ਅੰਤਿਮ ਸੂਚੀ ਜਾਰੀ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ 5 ਜੁਲਾਈ 2026 (ਐਤਵਾਰ) ਨੂੰ ਨਗਰ ਨਿਗਮ ਦੇ 50 ਵਾਰਡਾਂ ਵਿੱਚ ਵੋਟਾਂ ਪੈਣਗੀਆਂ।

# ਤਨਖਾਹ ਜਾਰੀ ਨਾ ਹੋਣ 'ਤੇ ਅਧਿਆਪਕਾਂ 'ਚ ਰੋਸ, ਯੂਨੀਅਨ ਵੱਲੋਂ ਸੰਘਰਸ਼ ਦਾ ਐਲਾਨ

**ਮਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਦੇ ਏਡਿਡ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਅਤੇ ਹੋਰ ਮੁਲਾਜ਼ਮਾਂ ਦੀਆਂ ਤਨਖਾਹਾਂ ਲੰਬੇ ਸਮੇਂ ਤੋਂ ਜਾਰੀ ਨਾ ਹੋਣ ਕਾਰਨ ਰੋਸ ਵਧਦਾ ਜਾ ਰਿਹਾ ਹੈ। ਏਡਿਡ ਸਕੂਲ ਕਰਮਚਾਰੀ ਯੂਨੀਅਨ ਨੇ ਦੋਸ਼ ਲਗਾਇਆ ਹੈ ਕਿ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਪਿਛਲੇ ਦਿਨੀ ਹੋਈ ਮੀਟਿੰਗ ਵਿੱਚ ਤਨਖਾਹਾਂ ਤੁਰੰਤ ਜਾਰੀ ਕਰਨ ਦੇ ਆਦੇਸ਼ ਦਿੱਤੇ ਜਾਣ ਦੇ ਬਾਵਜੂਦ ਅਜੇ ਤੱਕ ਕਿਸੇ ਵੀ ਜ਼ਿਲ੍ਹੇ ਦੇ ਅਧਿਆਪਕਾਂ ਦੀ ਤਨਖਾਹ ਜਾਰੀ ਨਹੀਂ ਕੀਤੀ ਗਈ। ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਨੇ ਕਿਹਾ ਕਿ ਜਥੇਬੰਦੀ ਦੇ ਆਗੂਆਂ ਵੱਲੋਂ ਮੁਹਾਲੀ ਵਿਖੇ ਸਿੱਖਿਆ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ।ਮੁੱਖ ਦਫ਼ਤਰ ਵਲੋਂ ਕਿਸੀ ਵੀ ਜ਼ਿਲ੍ਹੇ ਦੀ ਤਨਖਾਹ ਗਰਾਂਟ ਜਾਰੀ ਨਹੀਂ ਕੀਤੀ ਗਈ ।ਉਹਨਾਂ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਹੋਰ ਕਰਮਚਾਰੀ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਦੌਰਾਨ ਤਨਖਾਹਾਂ ਜਲਦ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਸਿੱਖਿਆ ਵਿਭਾਗ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਤਨਖਾਹਾਂ ਤੁਰੰਤ ਜਾਰੀ ਨਾ ਕੀਤੀਆਂ ਗਈਆਂ ਤਾਂ ਯੂਨੀਅਨ ਵੱਲੋਂ ਜਲਦ ਹੀ ਸੂਬਾ ਪੱਧਰੀ ਮੀਟਿੰਗ ਕਰਕੇ ਡੀ ਪੀ ਆਈ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕੀਤਾ ਜਾਵੇਗਾ।ਇਸ ਮੌਕੇ ਮਹੇਸ਼ ਗੌਤਮ, ਗੁਰਦੀਪ ਸਿੰਘ, ਬਲਵੰਤ ਕੌਰ ਤੇ ਹੋਰ ਵੀ ਹਾਜ਼ਰ ਸਨ ।



## ਸਾਲਾਨਾ ਭੰਡਾਰਾ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਬਾਬਾ ਬ੍ਰਹਮਤਾਲ ਜੀ ਦੇ ਦਰਬਾਰ ਤੇ ਸਾਲਾਨਾ ਭੰਡਾਰਾ ਅਤੇ ਜੋੜ ਮੇਲਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਸੰਗਤ ਅਤੇ ਐਨਆਰਆਈ ਸੰਗਤ ਦੇ ਸਹਿਯੋਗ ਨਾਲ ਪਿੰਡ ਕੰਧਾਲਾ ਜੱਟਾਂ ਜ਼ਿਲਾ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਪ੍ਰਬੰਧਕ ਸੁਰਿੰਦਰ ਸਿੰਘ ਸ਼ਿੰਦਾ, ਪ੍ਰਦੀਪ ਕੁਮਾਰ, ਰਾਮਾ, ਹਰਮੇਸ਼ ਲਾਲ, ਅਮਰੀਕ ਸਿੰਘ ਅਤੇ ਜਸਵੀਰ ਸਿੰਘ ਨੇ ਦੱਸਿਆ ਕਿ ਇਸ ਭੰਡਾਰੇ ਵਿੱਚ ਚਿਰਾਗ ਰੋਸ਼ਨ ਅਤੇ ਝੰਡਾ ਚੜ੍ਹਾਉਣ ਦੀ ਰਸਮ ਤੋਂ ਬਾਅਦ ਬਾਬਾ ਬ੍ਰਹਮਤਾਲ ਪ੍ਰਬੰਧਕ ਕਮੇਟੀ ਵੱਲੋਂ ਚਾਦਰ ਚੜ੍ਹਾਉਣ ਦੀ ਰਸਮ ਕੀਤੀ ਗਈ। ਉਪਰੰਤ ਪਿੰਡ ਬੈਚਾਂ ਦੀ ਮਸ਼ਹੂਰ ਕੱਵਾਲ ਪਾਰਟੀ ਵੱਲੋਂ ਬਾਬਾ ਜੀ ਦੇ ਭਜਨ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਸੁੱਖੀ ਨਕਾਲ ਪਾਰਟੀ ਘੋੜੇਵਾਹਾ ਨੇ ਸੰਗਤਾਂ ਦਾ ਭਰਪੂਰ ਮਨੋਰੰਜਨ ਕੀਤਾ।ਇਸ ਮੌਕੇ ਪਹੁੰਚੀਆਂ ਸੰਗਤਾਂ ਲਈ ਬਾਬਾ ਜੀ ਦਾ ਲੰਗਰ ਅਤੁੱਟ ਵਰਤਾਰਿਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਸਾਬਕਾ ਸਰਪੰਚ ਜੋਗਿੰਦਰ ਸਿੰਘ ਹੀਰ ਸਾਬਕਾ ਸੰਮਤੀ ਮੈਂਬਰ ਰਾਜ ਕੁਮਾਰੀ, ਗੁਰਮੇਲ ਸਿੰਘ, ਪੰਡਿਤ ਨਰੇਸ਼ ਕੁਮਾਰ, ਤਰਸੇਮ ਸਿੰਘ ਪੰਚ ਆਦਿ ਨੇ ਸ਼ਿਰਕਤ ਕੀਤੀ। ਇਸ ਮੌਕੇ ਬਾਬਾ ਬ੍ਰਹਮਤਾਲ ਪ੍ਰਬੰਧਕ ਕਮੇਟੀ ਮੈਂਬਰ ਬਾਬਾ ਕਸ਼ਮੀਰ ਸਿੰਘ, ਲੱਕੀ, ਬਾਬਾ ਮੋਹਣ ਸਿੰਘ, ਬਾਬਾ ਹਰਭਜਨ ਦਾਸ, ਸਤਪਾਲ ਸਿੰਘ, ਮਲਕੀਤ ਸਿੰਘ, ਮਾਲ ਕੁਮਾਰ, ਮੁਹੰਮਦ ਸਦੀਕ, ਗੁਰਮੀਤ ਸਿੰਘ, ਗੁਰਨਾਮ ਸਿੰਘ ਧਾਲੀਵਾਲ, ਲਖਵਿੰਦਰ ਸਿੰਘ, ਮਾਸਟਰ ਮੋਹਨ,ਚੌਧਰੀ, ਜਸਵੀਰ ਸਿੰਘ, ਨਰਿੰਦਰ ਸਿੰਘ ਅਮਨਦੀਪ ਸਿੰਘ, ਦੇਵ ਕਾਲਾ ਤੇ ਤਰਸੇਮ ਲਾਲ ਹਾਜ਼ਰ ਸਨ।



# ਨਾਮਜ਼ਦਗੀਆਂ ਦੇ ਆਖਰੀ ਦਿਨ ਬਸਪਾ ਦੇ 11 ਉਮੀਦਵਾਰਾਂ ਨੇ ਕਾਗਜ਼ ਦਾਖਲ ਕੀਤੇ



**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐੱਸ ਸੈਣੀ)**- 5 ਜੁਲਾਈ ਨੂੰ ਨਗਰ ਨਿਗਮ ਹੁਸ਼ਿਆਰਪੁਰ ਦੀਆਂ ਚੋਣਾਂ ਲਈ ਬਹੁਜਨ ਸਮਾਜ ਪਾਰਟੀ ਵਲੋਂ ਸਰਗਰਮੀਆਂ ਤੇਜ ਕਰ ਦਿੱਤੀਆਂ ਗਈਆਂ। ਇਥੇ ਬਸਪਾ ਦੇ ਵੱਖ ਵੱਖ ਵਾਰਡਾਂ ਤੋਂ ਨਾਮਜ਼ਦਗੀਆਂ ਦੇ ਆਖਰੀ ਦਿਨ ਬਸਪਾ ਦੇ 11 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਕਾਗਜ ਦਾਖਲ ਕੀਤੇ। ਇਸ ਮੌਕੇ ਹਾਜਰ ਬਸਪਾ ਪੰਜਾਬ ਦੇ ਜਨਰਲ ਸਕੱਤਰ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ ਨੇ ਦੱਸਿਆ ਕਿ ਹਰਜੀਤ ਕੁਮਾਰ ਲਾਡੀ ਵਾਰਡ ਨੰਬਰ 8 ਤੋਂ, ਵਾਰਡ ਨੰਬਰ 50 ਤੋਂ ਨੀਤਾ ਰਾਣੀ ਵਾਰਡ ਨੰਬਰ 9 ਤੋਂ ਜਸਵਿੰਦਰ ਕੌਰ, ਵਾਰਡ ਨੰਬਰ 10 ਤੋਂ ਰਮਨ ਕੁਮਾਰ, ਵਾਰਡ ਨੰਬਰ 12 ਤੋਂ ਰਣਜੀਤ ਕੁਮਾਰ, ਵਾਰਡ ਨੰਬਰ 16 ਤੋਂ ਰਮੇਸ਼ ਕੁਮਾਰ ਪਟਵਾਰੀ,ਵਾਰਡ ਨੰਬਰ 18 ਤੋਂ ਸੋਹਣ ਲਾਲ, ਵਾਰਡ ਨੰਬਰ 22 ਤੋਂ ਜਸਪਾਲ ਕੁਮਾਰ, ਵਾਰਡ ਨੰਬਰ 23 ਤੋਂ ਰਣਜੀਤ ਕੌਰ, ਵਾਰਡ ਨੰਬਰ 29 ਤੋਂ ਪ੍ਰਿਆ ਅਤੇ ਵਾਰਡ ਨੰਬਰ 42 ਤੋਂ ਦਲਜੀਤ ਕੌਰ ਨੇ ਆਪਣੇ ਆਪਣੇ ਨਾਮਜ਼ਦਗੀ ਕਾਗਜ਼ ਚੋਣ ਰਿਟਰਨਿੰਗ ਅਫਸਰ ਪਾਸ ਦਾਖਲ ਕਰਾਏ। ਠੇਕੇਦਾਰ ਭਗਵਾਨ ਦਾਸ ਸਿੱਧੂ ਤੇ ਐਡਵੋਕੇਟ ਪਲਵਿੰਦਰ ਮਾਨਾ ਨੇ ਬਸਪਾ ਉਮੀਦਵਾਰਾਂ ਨੂੰ ਘਰ ਘਰ ਜਾ ਕੇ ਵੋਟਰਾਂ ਨਾਲ ਰਾਬਤਾ ਕਾਇਮ ਕਰਨ ਦੇ ਦਿਸ਼ਾ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਬਸਪਾ ਦੇ ਸਾਰੇ ਉਮੀਦਵਾਰ ਮਿਹਨਤੀ ਹਨ ਜਿਹੜੇ ਹਰ ਸਮੇਂ ਲੋਕਾਂ ਦੇ ਦੁੱਖ ਸੁੱਖ ਵਿੱਚ ਸ਼ਾਮਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਾਸੀ ਬਸਪਾ ਦੇ ਮਿਹਨਤੀ ,ਇਮਾਨਦਾਰ ਅਤੇ ਸ਼ਹਿਰ ਦੇ ਵਿਕਾਸ ਨੂੰ ਤਰਜੀਹ ਦੇਣ ਵਾਲੇ ਉਮੀਦਵਾਰਾਂ ਨੂੰ ਜਿਤਾਉਣਗੇ। ਇਸ ਮੌਕੇ ਸੋਮ ਨਾਥ ਬੈਂਸ,ਮਦਨ ਸਿੰਘ ਬੈਂਸ ਇੰਚਾਰਜ ਹੁਸ਼ਿਆਰਪੁਰ, ਡਾ. ਰਤਨ ਚੰਦ ਤੇ ਭਾਰੀ ਗਿਣਤੀ ਵਿੱਚ ਬਸਪਾ ਵਰਕਰ ਹਾਜ਼ਰ ਸਨ।

# 1,96,657 ਬੱਚਿਆਂ ਨੂੰ ਪਿਲਾਈਆਂ ਜਾਣਗੀਆਂ ਪੋਲੀਓ ਰੋਧਕ ਬੂੰਦਾਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- 28 ਜੂਨ ਤੋਂ ਸ਼ੁਰੂ ਹੋ ਰਹੀ ਕੌਮੀ ਪੱਲਸ ਪੋਲੀਓ ਮੁਹਿੰਮ ਸਬੰਧੀ ਜਨ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਸਿਵਲ ਸਰਜਨ ਡਾ. ਰਾਜੇਸ਼ ਗਰਗ ਵਲੋਂ ਦਫਤਰ ਸਿਵਲ ਸਰਜਨ ਜਲੰਧਰ ਤੋਂ ਸ਼ੁੱਕਰਵਾਰ ਨੂੰ ਰਿਕਸ਼ਾ ਮਾਈਕਿੰਗ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਜਿਲ੍ਹਾ ਟੀਕਾਕਰਨ ਅਫਸਰ ਡਾ. ਸਿਮਰਨਜੀਤ ਕੌਰ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਵਨਿੰਦਰ ਰਿਆੜ, ਏਐਮਓ ਡਾ. ਦੇਵ, ਏ ਐੱਮ ਓ ਡਾ. ਮੋਨੀਕਾ, ਡਿਪਟੀ ਐਮਈਆਈਓ ਅਸੀਮ ਸ਼ਰਮਾ, ਡਿਪਟੀ ਐਮਈਆਈਓ ਗੁਰਜੀਤ ਕੌਰ ਅਤੇ ਸਿਹਤ ਵਿਭਾਗ ਦੇ ਹੋਰ ਕਰਮਚਾਰੀ ਹਾਜਰ ਸਨ।ਸਿਵਲ ਸਰਜਨ ਡਾ. ਰਾਜੇਸ਼ ਗਰਗ ਵੱਲੋਂ ਦੱਸਿਆ ਗਿਆ ਕਿ ਕੌਮੀ ਪਲਸ ਪੋਲਿਓ ਮੁਹਿੰਮ 28 ਜੂਨ ਤੋਂ 30 ਜੂਨ ਤੱਕ ਚੱਲੇਗੀ। ਜਿਸ ਤਹਿਤ ਸਲੱਮ ਏਰੀਆ, ਭੱਠੇ, ਉਸਾਰੀ ਅਧੀਨ ਇਮਾਰਤਾਂ, ਵਿਹੜੇ ਅਤੇ ਹੋਰ ਮਾਈਗ੍ਰੇਟਰੀ ਸਾਈਟਾਂ ਉੱਤੇ 0 ਤੋਂ 5 ਸਾਲ ਤੱਕ ਦੀ ਉਮਰ ਦੇ ਸਾਰੇ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਮੁਹਿੰਮ ਵਿੱਚ ਕੰਮ ਕਰ ਰਹੀਆਂ ਸਾਰੀਆਂ ਸਿਹਤ ਟੀਮਾਂ ਨੂੰ ਸਿਵਲ ਸਰਜਨ ਵਲੋਂ ਹਦਾਇਤ ਕੀਤੀ ਗਈ ਕਿ ਮੁਹਿੰਮ ਦੌਰਾਨ ਕੋਈ ਵੀ ਬੱਚਾ ਪੋਲੀਓ ਦੀ ਖੁਰਾਕ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।ਸਿਵਲ ਸਰਜਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮੁਹਿੰਮ ਦੀ ਸਫਲਤਾ ਲਈ ਜਿਲ੍ਹੇ ਵਿੱਚ ਕੁੱਲ 2203 ਟੀਮਾਂ ਦਾ ਗਠਨ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 2107 ਹਾਊਸ-ਟੂ-ਹਾਊਸ ਟੀਮਾਂ, 66 ਮੋਬਾਈਲ ਟੀਮਾਂ ਅਤੇ 30 ਟ੍ਰਾਂਜਿਟ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਇਨ੍ਹਾਂ ਟੀਮਾਂ ਵੱਲੋਂ ਜਿਲ੍ਹੇ ਭਰ ਵਿੱਚ ਪੇਂਡੂ ਅਤੇ ਸ਼ਹਿਰੀ ਖੇਤਰ ਦੇ 5,41,258 ਘਰਾਂ ਨੂੰ ਕਵਰ ਕਰਦੇ ਹੋਏ 0 ਤੋਂ 5 ਸਾਲ ਤੱਕ ਦੀ ਉਮਰ ਦੇ 1,96,657 ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾਈਆਂ ਜਾਣਗੀਆਂ।



## ਸਰਕਾਰੀ ਕਾਲਜ ਤੇ ਨੇਤਰਦਾਨ ਐਸੋਸੀਏਸ਼ਨ ਵਿਚਕਾਰ ਐੱਮ ਓ ਯੂ 'ਤੇ ਹਸਤਾਖਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਕਾਲਜ ਹੁਸ਼ਿਆਰਪੁਰ ਅਤੇ ਨੇਤਰਦਾਨ ਐਸੋਸੀਏਸ਼ਨ, ਹੁਸ਼ਿਆਰਪੁਰ ਵਿਚਕਾਰ ਕਾਲਜ ਦੇ ਕਮਿਊਨਿਟੀ ਐਂਗੇਜਮੈਂਟ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਇੱਕ ਮੈਮੋਰੈਂਡਮ ਆਫ ਅੰਡਰਸਟੈਂਡਿੰਗ) ਐੱਮ ਓ ਯੂ) ਤੇ ਹਸਤਾਖਰ ਕੀਤੇ ਗਏ। ਇਸ ਭਾਈਵਾਲੀ ਦਾ ਉਦੇਸ਼ ਵਿਦਿਆਰਥੀਆਂ ਨੂੰ ਨੇਤਰਦਾਨ ਜਾਗਰੂਕਤਾ, ਅੰਗਦਾਨ ਅਤੇ ਵੱਖ-ਵੱਖ ਸਮਾਜ ਸੇਵਾ ਗਤੀਵਿਧੀਆਂ ਨਾਲ ਜੋੜ ਕੇ ਨੌਜਵਾਨਾਂ ਇਨ੍ਹਾਂ ਸੇਵਾਵਾਂ ਦਾ ਸੰਦੇਸ਼ ਫੈਲਾਉਣਾ ਹੈ। ਐੱਮ ਓ ਯੂ ਅਧੀਨ ਕਾਲਜ ਦੇ ਵਿਦਿਆਰਥੀ ਨੇਤਰਦਾਨ ਜਾਗਰੂਕਤਾ ਮੁਹਿੰਮਾਂ, ਕਮਿਊਨਿਟੀ ਸਰਵੇਖਣਾਂ, ਪਿੰਡ ਪੱਧਰੀ ਜਾਗਰੂਕਤਾ ਪ੍ਰੋਗਰਾਮਾਂ, ਸੋਸ਼ਲ ਮੀਡੀਆ ਮੁਹਿੰਮਾਂ, ਸੈਮੀਨਾਰਾਂ ਅਤੇ ਹੋਰ ਸਮਾਜ ਸੇਵਾ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਕਰਨਗੇ। ਇਸ ਸਹਿਯੋਗ ਦਾ ਮਕਸਦ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਮਨੁੱਖਤਾ ਅਤੇ ਸਮਾਜ ਸੇਵਾ ਦੇ ਕਾਰਜਾਂ ਨਾਲ ਜੋੜਨਾ ਹੈ।

## ਬਾਣੀ ਵਿਚਾਰ ਚੇਤਨਾ ਮੰਚ ਵੱਲੋਂ ਸੈਮੀਨਾਰ ਭਲਕੇ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਬਾਣੀ ਵਿਚਾਰ ਚੇਤਨਾ ਮੰਚ ਰਜਿ. ਪੰਜਾਬ ਵੱਲੋਂ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਚੱਲ ਰਹੀ ਸੈਮੀਨਾਰਾਂ ਦੀ ਲੜੀ ਤਹਿਤ ਪੰਜਵਾਂ ਸੈਮੀਨਾਰ ਚੰਡੀਗੜ੍ਹ ਵਿਚ ਸੈਕਟਰ 30 ਏ ਦੇ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਵਿਚ 28 ਜੂਨ ਨੂੰ ਸਵੇਰੇ 10 ਵਜੇ ਤੋਂ 2 ਵਜੇ ਤੱਕ ਹੋਵੇਗਾ। ਇਸ ਸਬੰਧੀ ਇਸ ਸੈਮੀਨਾਰ ਦੇ ਕੋਆਰਡੀਨੇਟਰ ਤੇ ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਦੇ ਸੀ. ਮੀਤ ਪ੍ਰਧਾਨ ਫਤਿਹਜੰਗ ਸਿੰਘ ਨੇ ਕਿਹਾ ਹੈ ਕਿ ਇਸ ਸੈਮੀਨਾਰ ਵਿਚ ਗੁਰੂ ਰਵਿਦਾਸ ਜੀ ਨਾਲ ਸਬੰਧਿਤ ਯੂਨੀਵਰਸਿਟੀਆਂ ਅਤੇ ਹੋਰ ਸੰਸਥਾਵਾਂ ਵਿਚ ਹੋਈਆਂ ਖੋਜਾਂ ਦੇ ਅਧਾਰਿਤ ਪ੍ਰਬੁੱਧ ਵਿਦਵਾਨ ਪੇਪਰ ਪੜ੍ਹ ਰਹੇ ਹਨ। ਇੱਥੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਫਤਿਹਜੰਗ ਸਿੰਘ ਤੇ ਸੈਮੀਨਾਰ ਦੇ ਪ੍ਰਬੰਧਕ ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਓ ਪੀ ਚੋਪੜਾ ਨੇ ਕਿਹਾ ਕਿ ਇਹ ਪੰਜਵਾਂ ਸੈਮੀਨਾਰ ਟਰਾਈ ਸਿਟੀ ਦੇ ਜਿਗਿਆਸੂਆਂ ਲਈ ਬਾਣੀ ਵਿਚਾਰ ਚੇਤਨਾ ਮੰਚ ਤੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਅਕੀਦਾ, ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ, ਸੀ. ਮੀਤ ਪ੍ਰਧਾਨ ਡਾ. ਗੁਰਮੀਤ ਕੱਲਰਮਾਜਰੀ ਦੀ ਰਹਿਨੁਮਾਈ ਵਿਚ ਕਰਵਾਇਆ ਜਾ ਰਿਹਾ ਹੈ। ਫਤਿਹਜੰਗ ਸਿੰਘ ਨੇ ਦੱਸਿਆ ਕਿ ਇਸ ਸੈਮੀਨਾਰ ਵਿਚ ਸਾਬਕਾ ਆਈ ਪੀ ਐਸ ਅਤੇ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਬਤੌਰ ਮੁੱਖ ਮਹਿਮਾਨ ਪੁੱਜਣਗੇ। ਜਦ ਕਿ ਕੁੰਜੀਵਤ ਭਾਸ਼ਣ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ.ਸਰਬਜੀਤ ਸਿੰਘ ਦੇਣਗੇ। ਸੈਮੀਨਾਰ ਵਿਚ ਗੁਰੂ ਰਵਿਦਾਸ ਤੇ ਸ਼੍ਰੋਮਣੀ ਸੰਤ ਕਬੀਰ ਦੇ ਸਮਕਾਲ ਵਿਚ ਇਨ੍ਹਾਂ ਦੇ ਸਰੋਕਾਰਾਂ ਤੇ ਪੇਪਰ ਕਰਨਲ ਪ੍ਰਿਥਵੀ ਰਾਜ ਕੁਮਾਰ ਪੜ੍ਹਨਗੇ। ਸੈਮੀਨਾਰ ਵਿਚ ਵਿਸ਼ੇਸ਼ ਤੌਰ ਤੇ ਡਾ. ਰੌਣਕੀ ਰਾਮ ਤੋਂ ਇਲਾਵਾ ਬਾਣੀ ਵਿਚਾਰ ਚੇਤਨਾ ਮੰਚ ਤੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਅਕੀਦਾ, ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ, ਸੀ. ਮੀਤ ਪ੍ਰਧਾਨ ਡਾ. ਗੁਰਮੀਤ ਕੱਲਰਮਾਜਰੀ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਾਉਣਗੇ। ਫਤਿਹਜੰਗ ਸਿੰਘ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਲੁਧਿਆਣਾ, ਜਲੰਧਰ, ਪਟਿਆਲਾ ਤੇ ਫ਼ਤਿਹਗੜ੍ਹ ਸਾਹਿਬ ਵਿਚ ਸੈਮੀਨਾਰ ਕਰਵਾਏ ਜਾ ਚੁੱਕੇ ਹਨ।

## ਜਨਮ ਦਿਨ ਮੁਬਾਰਕ



ਕਮਲ ਅਤੇ ਕੋਮਲ



ਦਿਕਸ਼ਾ ਕੌਰ

# ਸੁਪਰੀਮ ਕੋਰਟ 'ਚ ਨਵੇਂ ਜੱਜਾਂ ਦੀ ਨਿਯੁਕਤੀ

**ਕੀ ਜਸਟਿਸ ਸੰਧਾਵਾਲੀਆ ਦਾ ਨਾਂਅ ਦੋਬਾਰਾ ਵਿਚਾਰਿਆ ਜਾਵੇਗਾ ?**

**ਜਲੰਧਰ**- ਸੁਪਰੀਮ ਕੋਰਟ ਵਿੱਚ ਨਵੇਂ ਜੱਜਾਂ ਦੀ ਨਿਯੁਕਤੀ ਸਮੇਂ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦਾ ਨਾਂਅ ਨਾ ਵਿਚਾਰਿਆ ਜਾਣਾ ਇਸ ਸਮੇਂ ਨਿਆਂਪਾਲਿਕਾ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਇਹ ਗੱਲ ਸਾਹਮਣੇ ਆਈ ਹੈ ਕਿ ਜਸਟਿਸ ਸੰਧਾਵਾਲੀਆ ਤੋਂ ਸੀਨੀਆਰਤਾ 'ਚ ਜੂਨੀਅਰ ਜੱਜ ਤਰੱਕੀ ਦੇ ਕੇ ਸੁਪਰੀਮ ਕੋਰਟ ਦੇ ਜੱਜ ਬਣਾ ਦਿੱਤੇ ਗਏ ਹਨ। ਸੁਪਰੀਮ ਕੋਰਟ ਕਲੇਜੀਅਮ ਵਲੋਂ ਜਸਟਿਸ ਸੰਧਾਵਾਲੀਆ ਦਾ ਨਾਂਅ ਨਾ ਵਿਚਾਰੇ ਜਾਣ ਦਾ ਕੋਈ ਕਾਰਣ ਨਹੀਂ ਦੱਸਿਆ ਗਿਆ। ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਇਸ ਸਮੇਂ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਹਨ। ਇਸ ਤੋਂ ਪਹਿਲਾਂ ਉਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਐਕਟਿੰਗ ਚੀਫ਼ ਜਸਟਿਸ ਰਹੇ ਹਨ। ਇਹ ਵਰਨਣ ਹੈ ਕਿ 2017 ਤੋਂ ਬਾਅਦ ਸੁਪਰੀਮ ਕੋਰਟ ਵਿੱਚ ਕੋਈ ਸਿੱਖ ਜੱਜ ਨਹੀਂ ਹੈ । ਜਸਟਿਸ ਸੰਧਾਵਾਲੀਆ ਇੱਕ ਇਮਾਨਦਾਰ, ਇਨਸਾਫ਼ ਪਸੰਦ ਅਕਸ ਰੱਖਣ ਵਾਲੇ ਜੱਜ ਹਨ ਜੋ ਜਸਟਿਸ ਯਸ਼ਵੰਤ ਵਰਮਾ ਵਿਰੁੱਧ ਲੱਗੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਲਈ ਬਣੀ 3 ਮੈਂਬਰੀ ਕਮੇਟੀ ਦੇ ਅਹਿਮ ਮੈਂਬਰ ਵੀ ਰਹੇ ਹਨ। ਇੱਕ ਸੀਨੀਅਰ ਜੱਜ ਦੇ ਨਾਂਅ ਨੂੰ ਤਰੱਕੀ ਸਮੇਂ ਨਾ ਵਿਚਾਰੇ ਜਾਣ ਕਰਕੇ ਨਿਆਪਾਲਿਕਾ ਦੀ ਪਾਰਦਰਸ਼ਤਾ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ। ਜਸਟਿਸ ਸੰਧਾਵਾਲੀਆ ਦੇ ਨਾਂਅ ਨੂੰ ਨਾ ਵਿਚਾਰੇ ਜਾਣ ਦੇ ਘਟਨਾਕ੍ਰਮ ਤੇ ਆਪਣੀ ਪ੍ਰਤੀਕਿਰਿਆ ਜਾਹਿਰ ਕਰਦਿਆ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਨਾਮਵਰ ਵਕੀਲ ਏ ਐੱਸ ਕੌਮੀ ਨੇ ਕਿਹਾ ਕਿ ਜਸਟਿਸ ਸੰਧਾਵਾਲੀਆ ਦੇ ਨਾਂਅ ਤੇ ਮੁੜ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਜਿਸ ਤਰ੍ਹਾਂ ਦੋ ਸਿੱਖ ਵਕੀਲ ਦੋਬਾਰਾ ਨਾਮ ਵਿਚਾਰਨ ਉਪਰੰਤ ਹਾਈਕੋਰਟ ਦੇ ਜੱਜ ਬਣੇ ਹਨ। ਇਸ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਜਸਟਿਸ ਸੰਧਾਵਾਲੀਆ ਦਾ ਨਾਂਅ ਸੁਪਰੀਮ ਕੋਰਟ ਦੇ ਜੱਜ ਵਜੋਂ ਦੋਬਾਰਾ ਵਿਚਾਰਿਆ ਜਾਵੇਗਾ।

# ਪੰਜ ਪਿੰਡਾਂ ਨੂੰ ਮਿਲੇ ਵਾਟਰ ਟੈਂਕਰ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਬੀ ਡੀ ਪੀ ਓ ਦਫ਼ਤਰ ਡੇਰਾਬੱਸੀ ਵਿਖੇ ਚੇਅਰਮੈਨ ਪ੍ਰਦੀਪ ਸਚਦੇਵਾ ਦੀ ਮੌਜੂਦਗੀ ਵਿੱਚ ਪੰਚਾਇਤ ਸੰਮਤੀ ਦੀ ਮੀਟਿੰਗ ਵਿੱਚ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਪਿੰਡਾਂ ਦੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਮੀਟਿੰਗ ਉਪਰੰਤ ਪੰਚਾਇਤ ਸੰਮਤੀ ਫੰਡ ਵਿੱਚੋਂ ਪਿੰਡ ਸਮਗੋਲੀ, ਭਗਵਾਸੀ, ਅਮਲਾਲਾ, ਜੰਡਲੀ ਅਤੇ ਹੰਡੇਸਰਾ ਦੇ ਸਰਪੰਚਾਂ ਨੂੰ ਪੰਜ ਵਾਟਰ ਟੈਂਕਰ ਸਮਰਪਿਤ ਕੀਤੇ ਗਏ, ਤਾਂ ਜੋ ਪਿੰਡ ਵਾਸੀਆਂ ਨੂੰ ਪਾਣੀ ਸਪਲਾਈ ਨਾਲ ਸਬੰਧਤ ਸਹੂਲਤਾਂ ਹੋਰ ਬਿਹਤਰ ਢੰਗ ਨਾਲ ਮੁਹੱਈਆ ਕਰਵਾਈਆਂ ਜਾ ਸਕਣ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਲੋੜੀਂਦੇ ਪ੍ਰੋਜੈਕਟਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਇਆ ਜਾਵੇਗਾ।ਇਸ ਮੌਕੇ ਪੰਚਾਇਤ ਸੰਮਤੀ ਦੇ ਸਮੂਹ ਮੈਂਬਰ, ਬੀ ਡੀ ਪੀ ਓ ਡੇਰਾਬੱਸੀ, ਵੱਖ-ਵੱਖ ਵਿਭਾਗਾਂ ਦੇ ਸੈਕਟਰੀ ਅਤੇ ਸਟਾਫ ਮੈਂਬਰ ਮੌਜੂਦ ਰਹੇ।



# ਬੀਬੀ ਜੋਗਿੰਦਰ ਕੌਰ ਨੂੰ ਸ਼ਰਧਾਂਜਲੀਆਂ ਭੇਟ

**ਬੰਗਾ (ਅਵਤਾਰ ਕਲੇਰ)**- ਸਮਾਜ ਸੇਵਕ ਅਤੇ ਕਾਂਗਰਸ ਪਾਰਟੀ ਬਲਾਕ ਬੰਗਾ ਦੇ ਪ੍ਰਧਾਨ ਕੁਲਵਰਨ ਸਿੰਘ ਥਾਂਦੀਆਂ ਦੇ ਮਾਤਾ ਬੀਬੀ ਜੋਗਿੰਦਰ ਕੌਰ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ। ਉਹਨਾਂ ਦਾ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਾਹਿਬ ਥਾਂਦੀਆਂ ਵਿਖੇ ਕਰਵਾਇਆ ਗਿਆ। ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ। ਕੀਰਤਨੀ ਜਥੇ ਵਲੋਂ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ ਅਤੇ ਬਾਣੀ ਨਾਲ ਜੋੜਿਆ। ਉਪਰੰਤ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ, ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਪ੍ਰਧਾਨ, ਸਤਵੀਰ ਸਿੰਘ ਪੱਲੀ ਝਿੱਕੀ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਗੁਰਚਰਨ ਸਿੰਘ ਚਾਹਲ, ਰਜਿੰਦਰ ਸ਼ਰਮਾ ਵਲੋਂ ਸੰਬੋਧਨ ਕਰਦਿਆਂ ਕਿਹਾ ਕਿ ਬੀਬੀ ਜੋਗਿੰਦਰ ਕੌਰ ਅਕਸਰ ਹੀ ਸਮਾਜ ਦੇ ਸਾਂਝੇ ਕੰਮਾਂ 'ਚ ਹਿੱਸਾ ਪਾਉਂਦੇ ਸਨ ਅਤੇ ਲੋੜਵੰਦਾ ਦੀ ਮਦਦ ਕਰਦੇ ਸਨ। ਉਹਨਾਂ ਕਿਹਾ ਕਿ ਸਵਰਗੀ ਮਾਸਟਰ ਕੇਹਰ ਸਿੰਘ ਤੇ ਬੀਬੀ ਜੋਗਿੰਦਰ ਕੌਰ ਦਾ ਸਾਰੇ ਪਿੰਡ ਵਾਲੇ ਸਤਿਕਾਰ ਕਰਦੇ ਸਨ। ਇਹਨਾਂ ਦੇ ਬੇਟੇ ਕੁਲਵਰਨ ਸਿੰਘ ਥਾਂਦੀਆਂ ਅਤੇ ਬਲਵੰਤ ਸਿੰਘ ਵੀ ਆਪਣੇ ਮਾਂ ਬਾਪ ਦੇ ਨਕਸ਼ੇ ਕਦਮਾਂ ਤੇ ਚੱਲ ਰਹੇ ਹਨ। ਅੰਤ ਵਿੱਚ ਕੁਲਵਰਨ ਸਿੰਘ ਥਾਂਦੀਆਂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਬੀਬੀ ਮੀਨਾ ਸੂੰਦ, ਕਮਲਜੀਤ ਬੰਗਾ, ਅਮਰਜੀਤ ਕਲਸੀ,ਦਰਵਜੀਤ ਸਿੰਘ ਪੂਨੀਆ, ਪ੍ਰਿੰਸੀਪਲ ਦਲਜੀਤ ਸਿੰਘ, ਡਾ. ਗੁਰਮੀਤ ਸਿੰਘ, ਪ੍ਰਿੰਸੀਪਲ ਰਾਜਵਿੰਦਰ ਸਿੰਘ ਵਾਲੀਆ,ਪ੍ਰੋ. ਪਰਗਟ ਸਿੰਘ, ਮਲਕੀਤ ਸਿੰਘ, ਪਿਆਰਾ ਸਿੰਘ ਸਰਪੰਚ ਹੀਉਂ, ਡਾ ਨਰੰਜਣ ਦਾਸ, ਸਤਨਾਮ ਸਿੰਘ ਲਾਦੀਆਂ, ਪ੍ਰਿੰਸੀਪਲ ਸੁਭਾਸ਼ ਚੰਦਰ, ਐਡਵੋਕੇਟ ਅਮਨਦੀਪ ਗੁਰੂ, ਪ੍ਰਦੀਪ ਰਟੈਂਡਾ, ਪ੍ਰਿੰਸੀਪਲ ਐਨ ਐਨ ਸੈਣੀ, ਅਮ੍ਰਿਤ ਭੋਸਲੇ, ਹੁਸਨ ਲਾਲ ਘੁੰਮਣ, ਰੇਸ਼ਮ ਸਿੰਘ ਘੁੰਮਣ ਆਦਿ ਹਾਜ਼ਰ ਸਨ।



# ਪੰਜਾਬ ਦਾ ਕਿਸਾਨ ਅਜੇ ਵੀ ਹੱਕਾਂ ਲਈ ਸੰਘਰਸ਼ ਕਰ ਰਿਹੈ : ਕੁਲਵਿੰਦਰ ਸਿੰਘ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਨੂੰ ਮੁੜ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਲਈ ਵਿਕਾਸ, ਸੁਸ਼ਾਸਨ ਤੇ ਰਾਸ਼ਟਰ ਹਿੱਤ ਨੂੰ ਕੇਂਦਰ ਵਿੱਚ ਰੱਖ ਕੇ ਰਾਜਨੀਤੀ ਕਰਨ ਦੀ ਲੋੜ ਹੈ।ਇਨ੍ਹਾਂ ਸ਼ਬਦਾਂ ਦਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕੁਲਵਿੰਦਰ ਸਿੰਘ ਭੱਟੀਵਾਲ ਕਲਾਂ ਨੇ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਕੋਲ ਖੇਤੀਬਾੜੀ, ਉਦਯੋਗ, ਸਿੱਖਿਆ ਤੇ ਮਾਨਵੀ ਸੰਸਾਧਨਾਂ ਦੇ ਖੇਤਰ ਵਿੱਚ ਬੇਅੰਤ ਸੰਭਾਵਨਾਵਾਂ ਹਨ, ਪਰ ਸਹੀ ਨੀਤੀਆਂ ਤੇ ਦੂਰਅੰਦੇਸ਼ੀ ਦੀ ਕਮੀ ਕਾਰਨ ਸੂਬਾ ਆਪਣੀ ਪੁਰਾਣੀ ਸ਼ਾਨ ਤੋਂ ਦੂਰ ਹੋ ਗਿਆ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਵਿਕਾਸ ਦੀ ਰਾਹ 'ਤੇ ਅੱਗੇ ਵਧਾਉਣ ਲਈ ਲੋਕਾਂ ਨੂੰ ਸਹੀ ਤੇ ਦੂਰਗਾਮੀ ਸੋਚ ਵਾਲਾ ਫੈਸਲਾ ਲੈਣਾ ਹੋਵੇਗਾ।ਕਿਸਾਨੀ ਮੁੱਦਿਆਂ 'ਤੇ ਗੱਲ ਕਰਦਿਆਂ ਭੱਟੀਵਾਲ ਕਲਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ 24 ਫਸਲਾਂ ਦੀ ਖਰੀਦ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) 'ਤੇ ਕੀਤੀ ਜਾ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ 11 ਸੀਜ਼ਨਾਂ ਦੌਰਾਨ ਲੱਖਾਂ ਕਿਸਾਨਾਂ ਤੋਂ ਐੱਮ.ਐੱਸ.ਪੀ. 'ਤੇ ਫਸਲਾਂ ਦੀ ਖਰੀਦ ਕਰਕੇ ਕਰੋੜਾਂ ਰੁਪਏ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜੇ ਗਏ ਹਨ।ਉਨ੍ਹਾਂ ਕਿਹਾ ਕਿ ਇਸ ਦੇ ਉਲਟ ਪੰਜਾਬ ਦਾ ਕਿਸਾਨ ਅੱਜ ਵੀ ਆਪਣੇ ਹੱਕਾਂ ਤੇ ਚੋਣਾਂ ਦੌਰਾਨ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਕਰ ਰਿਹਾ ਹੈ।

# ਹਰਵਿੰਦਰ ਸਿੰਘ ਸਰਬਸੰਮਤੀ ਨਾਲ ਜਮਾਲਪੁਰ ਕੋਆਪ੍ਰੇਟਿਵ ਸੁਸਾਇਟੀ ਦੇ ਪ੍ਰਧਾਨ ਬਣੇ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਇਲਾਕੇ ਦੀ ਪ੍ਰਮੁੱਖ ਜਮਾਲਪੁਰ ਕੋਆਪ੍ਰੇਟਿਵ ਸੁਸਾਇਟੀ ਦੀ ਚੋਣ ਸਰਬਸੰਮਤੀ ਨਾਲ ਸੰਪੰਨ ਹੋਈ।ਇਹ ਸੁਸਾਇਟੀ ਪਿੰਡ ਜਮਾਲਪੁਰ, ਫਤਿਹਪੁਰ ਤੇ ਕਾਕੜਾ ਦੇ ਕਿਸਾਨਾਂ ਤੇ ਮੈਂਬਰਾਂ ਨੂੰ ਸੇਵਾਵਾਂ ਪ੍ਰਦਾਨ ਕਰਦੀ ਹੈ।ਚੋਣ ਉਪਰੰਤ ਹਰਵਿੰਦਰ ਸਿੰਘ ਗਿੱਲ ਕਾਕੜਾ ਨੂੰ ਸੁਸਾਇਟੀ ਦਾ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਗੁਲਾਬ ਸਿੰਘ ਤੇ ਅਮਰਜੀਤ ਸਿੰਘ ਨੂੰ ਮੀਤ ਪ੍ਰਧਾਨ ਬਣਾਇਆ ਗਿਆ।ਨਵੀਂ ਕਮੇਟੀ ਵਿੱਚ ਸੋਨੂੰ, ਕਸ਼ਮੀਰ ਸਿੰਘ, ਗੁਰਜੰਟ ਸਿੰਘ, ਅਮਰਜੀਤ ਕੌਰ, ਹਰਮਿੰਦਰ ਸਿੰਘ ਤੇ ਹੋਰ ਮੈਂਬਰ ਸ਼ਾਮਲ ਕੀਤੇ ਗਏ।ਨਵ-ਨਿਯੁਕਤ ਪ੍ਰਧਾਨ ਹਰਵਿੰਦਰ ਸਿੰਘ ਗਿੱਲ ਨੇ ਸਮੂਹ ਮੈਂਬਰਾਂ ਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸੁਸਾਇਟੀ ਦੇ ਮੈਂਬਰਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ, ਕਿਸਾਨਾਂ ਨੂੰ ਸਮੇਂ ਸਿਰ ਖਾਦ, ਬੀਜ ਅਤੇ ਕਰਜ਼ਾ ਸਹੂਲਤਾਂ ਉਪਲਬਧ ਕਰਵਾਉਣ ਅਤੇ ਸੁਸਾਇਟੀ ਦੀ ਆਰਥਿਕ ਸਥਿਤੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਯਤਨ ਕੀਤੇ ਜਾਣਗੇ।ਚੋਣ ਉਪਰੰਤ ਸਮੂਹ ਪਿੰਡ ਵਾਸੀਆਂ, ਕਿਸਾਨਾਂ ਤੇ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਨਵੀਂ ਚੁਣੀ ਟੀਮ ਨੂੰ ਵਧਾਈ ਦਿੱਤੀ ਗਈ ਤੇ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

# ਯੂਥ ਕਾਂਗਰਸ ਪ੍ਰਧਾਨ ਸ਼ੁਭਮ ਸ਼ਰਮਾ ਨੇ ਮੋਹਿਤ ਮਹਿੰਦਰਾ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਯੂਥ ਕਾਂਗਰਸ ਦੇ ਨਵੇਂ ਨਿਯੁਕਤ ਸੂਬਾ ਪ੍ਰਧਾਨ ਸ਼ੁਭਮ ਸ਼ਰਮਾ ਸ਼ੁਭੀ ਬੀਤੇ ਦਿਨ ਪਟਿਆਲਾ ਵਿਖੇ ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਮੋਹਿਤ ਮਹਿੰਦਰਾ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਪੰਜਾਬ ਯੂਥ ਕਾਂਗਰਸ ਨੂੰ ਹੋਰ ਮਜ਼ਬੂਤ ਬਣਾਉਣ, ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਤੇ ਆਉਣ ਵਾਲੇ ਸਮੇਂ ਵਿੱਚ ਲੋਕਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੋਹਿਤ ਮਹਿੰਦਰਾ ਨੇ ਨਵੇਂ ਬਣੇ ਪੰਜਾਬ ਯੂਥ ਕਾਂਗਰਸ ਪ੍ਰਧਾਨ ਸ਼ੁਭਮ ਸ਼ਰਮਾ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ ਤੇ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਬੇਰੁਜ਼ਗਾਰੀ, ਨਸ਼ਿਆਂ, ਸਿੱਖਿਆ, ਖੇਡਾਂ ਤੇ ਰੋਜ਼ਗਾਰ ਦੇ ਮੌਕਿਆਂ ਵਰਗੇ ਕਈ ਗੰਭੀਰ ਮੁੱਦਿਆਂ ਨਾਲ ਜੂਝ ਰਿਹਾ ਹੈ।ਇਨ੍ਹਾਂ ਮੁੱਦਿਆਂ ਨੂੰ ਲੈ ਕੇ ਯੂਥ ਕਾਂਗਰਸ ਨੂੰ ਪਿੰਡ ਪੱਧਰ ਤੋਂ ਲੈ ਕੇ ਸ਼ਹਿਰੀ ਵਾਰਡਾਂ ਤੱਕ ਸਰਗਰਮ ਭੂਮਿਕਾ ਨਿਭਾਉਣੀ ਹੋਵੇਗੀ। ਉਨ੍ਹਾਂ ਭਰੋਸਾ ਜਤਾਇਆ ਕਿ ਸ਼ੁਭਮ ਸ਼ਰਮਾ ਦੀ ਅਗਵਾਈ ਹੇਠ ਪੰਜਾਬ ਯੂਥ ਕਾਂਗਰਸ ਹੋਰ ਮਜ਼ਬੂਤ ਹੋਵੇਗੀ ਤੇ ਨੌਜਵਾਨ ਵਰਗ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ।ਨਵੇਂ ਸੂਬਾ ਪ੍ਰਧਾਨ ਸ਼ੁਭਮ ਸ਼ਰਮਾ ਨੇ ਮੋਹਿਤ ਮਹਿੰਦਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਤਜਰਬੇ ਤੇ ਮਾਰਗਦਰਸ਼ਨ ਨਾਲ ਯੂਥ ਕਾਂਗਰਸ ਨੂੰ ਨਵੀਂ ਦਿਸ਼ਾ ਮਿਲੇਗੀ।ਉਨ੍ਹਾਂ ਕਿਹਾ ਕਿ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਕੇ ਹਰ ਨੌਜਵਾਨ ਤੱਕ ਪਹੁੰਚ ਬਣਾਈ ਜਾਵੇਗੀ ਤੇ ਪੰਜਾਬ ਦੇ ਹੱਕਾਂ ਲਈ ਡੱਟ ਕੇ ਸੰਘਰਸ਼ ਕੀਤਾ ਜਾਵੇਗਾ।ਇਸ ਮੌਕੇ ਪਟਿਆਲਾ ਸ਼ਹਿਰੀ ਤੋਂ ਪੰਜਾਬ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਜੋਗੇਸ਼ ਗੁਪਤਾ ਜਿੰਮੀ, ਸੈਕਟਰੀ ਵਿਕਾਸ ਗਿੱਲ, ਵਾਈਸ ਪ੍ਰਧਾਨ ਮੋਹਿਤ ਸ਼ਰਮਾ, ਜਨਰਲ ਸਕੱਤਰ ਵਰੁਣ ਗਰਗ ਤੇ ਬਲਾਕ ਪ੍ਰਧਾਨ ਸਲੂਜਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਮੂੰਮ ਵਿਖੇ ਸੰਤ ਪ੍ਰਕਾਸ਼ ਮੁਨੀ ਦੀ ਯਾਦ 'ਚ ਧਾਰਮਿਕ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਾਬਾ ਪ੍ਰਕਾਸ਼ ਮੁਨੀ ਦੀ ਯਾਦ ਨੂੰ ਸਮਰਪਤ ਸਾਲਾਨਾ ਧਾਰਮਿਕ ਸਮਾਗਮ ਡੇਰਾ ਮੁਕਤਸਰ, ਪਿੰਡ ਮੂੰਮ ਵਿਖੇ ਸ਼ਰਧਾ, ਸਤਿਕਾਰ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ।ਇਸ ਮੌਕੇ ਪੰਜਾਬ ਪ੍ਰਦੇਸ਼ ਕਾਂਗਰਸ ਐੱਸ.ਸੀ. ਡਿਪਾਰਟਮੈਂਟ ਦੇ ਸੂਬਾ ਚੇਅਰਮੈਨ ਗੁਰਪ੍ਰੀਤ ਸਿੰਘ ਲੱਕੀ, ਸੂਬਾ ਸਕੱਤਰ ਜਸਮੇਲ ਸਿੰਘ ਡੇਅਰੀਵਾਲਾ, ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਸਮੂਹ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਆਪਸੀ ਪਿਆਰ, ਭਾਈਚਾਰਕ ਸਾਂਝ ਤੇ ਸਮਾਜਕ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਮੁੱਖ ਸੇਵਾਦਾਰ ਬਾਬਾ ਦਲੌਰ ਮੁਨੀ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ ਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਪ੍ਰਮੁੱਖ ਸ਼ਖਸੀਅਤਾਂ, ਸੰਤ ਮਹਾਂਪੁਰਸ਼ਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਢਾਡੀ ਰਾਜ ਕ੍ਰਿਸ਼ਨ ਸਿੰਘ ਤੂਫ਼ਾਨ ਬੀਹਲਾ, ਢਾਡੀ ਕਸ਼ਮੀਰ ਸਿੰਘ ਸੰਘੇੜਾ, ਕਵੀਸ਼ਰ ਕੇਸਰ ਸਿੰਘ ਮੂੰਮ, ਕਵੀਸ਼ਰ ਸੁਖਮੰਦਰ ਸਿੰਘ, ਕਵੀਸ਼ਰ ਦਲਵੀਰ ਸਿੰਘ ਬਡਬਰ ਦੇ ਜਥਿਆਂ ਨੇ ਗੁਰਇਤਿਹਾਸ ਸੁਣਾਇਆ।ਇਸ ਮੌਕੇ ਸਰਪੰਚ ਲਖਬੀਰ ਸਿੰਘ ਮੂੰਮ, ਸਤਨਾਮ ਸਿੰਘ ਸੇਖੋਂ, ਜਸਪਾਲ ਸਿੰਘ ਸੇਖੋਂ, ਸਾਬਕਾ ਸਰਪੰਚ ਦਰਸ਼ਨ ਸਿੰਘ ਲੱਖਾ, ਗੁਰਮੀਤ ਸਿੰਘ ਮੂੰਮ, ਅਜੈਬ ਸਿੰਘ ਲੱਖਾ, ਕਲੱਬ ਦੇ ਪ੍ਰਧਾਨ ਨਿਰਭੈ ਸਿੰਘ, ਗੁਰਪ੍ਰੀਤ ਸਿੰਘ ਢਿੱਲੋਂ, ਗੁਰਜੀਤ ਸਿੰਘ, ਸਤਨਾਮ ਸਿੰਘ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

# ਪਾਵਰਕਾਮ ਪੈਨਸ਼ਨਰ ਯੂਨੀਅਨ ਹੱਕ ਲੈਣ ਲਈ ਭਲਕੇ ਸੰਗਰੂਰ ਦੀਆਂ ਸੜਕਾਂ 'ਤੇ ਉੱਤਰੇਗੀ : ਰਾਧੇ, ਬਲ, ਬਰਮੀਂ



**ਚੌਕੀ ਮਾਨ (ਬਲਬੀਰ ਸਿੰਘ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨ ਯੂਨੀਅਨ ਪੰਜਾਬ ਸਬੰਧਤ ਏਟਕ 28 ਜੂਨ 2026 ਨੂੰ ਪਾਵਰਕਾਮ ਦੀਆਂ ਪ੍ਰਮੁੱਖ ਜਥੇਬੰਦੀਆਂ ਜੁਆਇੰਟ ਫ਼ੋਰਮ, ਏਕਤਾ ਮੰਚ ਤੇ ਹੋਰ ਮੁਲਾਜ਼ਮ ਜਥੇਬੰਦੀਆਂ ਸਮੇਤ ਪੰਜਾਬ ਦੇ ਮੁੱਖ ਮੰਤਰੀ ਦੀ ਰਿਹਾਇਸ਼ ਸੰਗਰੂਰ ਵਿਖੇ ਵਿਸ਼ਾਲ ਰੋਸ ਰੈਲੀ ਕਰੇਗਾ। ਪਾਵਰਕਾਮ ਦੀ ਮੈਨੇਜਮੈਂਟ ਪਿੱਛੇ ਸਮੇਂ ਦੌਰਾਨ ਹੋਈਆਂ ਮੀਟਿੰਗਾਂ ਦੌਰਾਨ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਹੋਈਆਂ ਸਹਿਮਤੀਆਂ ਲਾਗੂ ਕਰਨ ਤੋਂ ਇਨਕਾਰੀ ਹੈ।ਪੈਨਸ਼ਨਰਾਂ ਦੀਆਂ ਮੁੱਖ ਮੰਗਾਂ, ਜਿਸ ਵਿੱਚ 1.1.2016 ਤੋਂ ਪਹਿਲਾਂ ਰਿਟਾਇਰ ਪੈਨਸ਼ਨਰਾਂ ਨੂੰ 2.59 ਦਾ ਪੈਨਸ਼ਨ ਸੁਧਾਈ ਫੈਕਟਰ, 23 ਸਾਲਾ ਇੰਕਰੀਮੈਂਟ, ਐੱਚ ਆਰ ਡਾਟਾ ਠੀਕ ਕਰਕੇ ਬੁਢਾਪਾ ਭੱਤਾ, ਐੱਲ ਟੀ ਸੀ ਮੈਡੀਕਲ ਸਮੇਤ 1.1.2016 ਤੋਂ 30.06.2021 ਤੱਕ ਦੇ ਬਕਾਇਆ, 200 ਰੁਪਏ ਜਜ਼ੀਆ ਟੈਕਸ, ਈ ਪੀ ਐੱਫ ਕਟੌਤੀ ਵਿੱਚ ਫੈਮਿਲੀ ਪੈਨਸ਼ਨ ਦਾ ਹਿੱਸਾ ਜਾਂ ਫੈਮਿਲੀ ਪੈਨਸ਼ਨ ਲਾਉਣਾ, ਪੈਨਸ਼ਨਰਾਂ ਲਈ ਕੈਸ਼ਲੈੱਸ ਮੈਡੀਕਲ ਸਕੀਮ ਲਾਗੂ ਕਰਵਾਉਣ ਲਈ ਸਮੁੱਚੇ ਪੰਜਾਬ ਦੀ ਸਾਰੀ ਲੀਡਰਸ਼ਿਪ ਤੇ ਸਮੂਹ ਸਾਥੀਆਂ ਨੂੰ ਪੂਰੇ ਜੋਸ਼ ਨਾਲ ਵੱਡੀ ਗਿਣਤੀ ਵਿੱਚ 28 ਜੂਨ ਐਤਵਾਰ ਸਵੇਰੇ 11 ਵਜੇ ਮੁੱਖ ਮੰਤਰੀ ਦੀ ਰਿਹਾਇਸ਼ ਸੰਗਰੂਰ ਵਿਖੇ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਪ੍ਰਧਾਨ ਰਾਧੇ ਸਿਆਮ, ਵਰਕਿੰਗ ਪ੍ਰਧਾਨ ਚਮਕੌਰ ਸਿੰਘ ਬਰਮੀ, ਵਰਕਿੰਗ ਜਨਰਲ ਸਕੱਤਰ ਨਰਿੰਦਰ ਕੁਮਾਰ ਬੱਲ, ਸੁਰਿੰਦਰ ਪਾਲ ਸਿੰਘ ਭੁਮੱਦੀ, ਬਲਬੀਰ ਸਿੰਘ ਮਾਨ ਆਦਿ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਾਡੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਆਉਣ ਵਾਲੇ ਸਮੇਂ ਅੰਦਰ ਮੌਕੇ ਦੀ ਸਰਕਾਰ ਨੂੰ ਚੱਲਦਾ ਕਰਕੇ ਕਿਸੇ ਹੋਰ ਚੌਥੇ ਬਦਲ ਵੱਲ ਵਧਿਆ ਜਾਵੇਗਾ।



**ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਭੀਖੀ ਨੂੰ ਕਾ. ਹਰਭਗਵਾਨ ਭੀਖੀ ਵੱਲੋਂ ਆਪਣੇ ਪਿਤਾ ਹੇਮ ਰਾਜ ਦੀ ਬਰਸੀ ਮੌਕੇ ਦੋ ਦਰਜਨ ਕਿਤਾਬਾਂ ਤੇ ਗੁਰੂ ਰਵਿਦਾਸ ਜੀ ਤੇ ਸ਼ਹੀਦ ਭਗਤ ਸਿੰਘ ਦੇ ਚਿੱਤਰ ਵੀ ਭੇਟ ਕੀਤੇ ਗਏ।ਇਸ ਮੌਕੇ ਮੰਚ ਦੇ ਸਰਪ੍ਰਸਤ ਸ਼ਾਇਰ ਸਤਪਾਲ ਭੀਖੀ, ਮੰਚ ਦੇ ਪ੍ਰਧਾਨ ਕਹਾਣੀਕਾਰ ਭੁਪਿੰਦਰ ਫ਼ੌਜੀ, ਸਕੱਤਰ ਮਾ. ਅਮਰੀਕ ਭੀਖੀ, ਅਵਤਾਰ ਸਿੰਘ ਡਿਜੀਟਲ, ਮਾ. ਬੂਟਾ ਸਿੰਘ ਆਦਿ ਹਾਜ਼ਰ ਸਨ।** (ਤਸਵੀਰ ਤੇ ਵੇਰਵਾ : ਗੁਰਿੰਦਰ ਸਿੰਘ ਔਲਖ, ਭੀਖੀ)

# 'ਮੁੱਖ ਮੰਤਰੀ ਸਿਹਤ ਯੋਜਨਾ' ਨਾਲ ਬਦਲ ਰਹੀ ਪੰਜਾਬ ਦੇ ਸਿਹਤ ਢਾਂਚੇ ਦੀ ਤਸਵੀਰ : ਡਾ. ਬਲਬੀਰ ਸਿੰਘ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਦੇ ਸਿਹਤ ਖੇਤਰ ਦੀ ਤਸਵੀਰ ਬਦਲ ਰਹੀ ਹੈ।ਸਟੇਟ ਹੈਲਥ ਏਜੰਸੀ (ਐੱਸ ਐੱਚ ਏ) ਪੰਜਾਬ ਅਨੁਸਾਰ ਪਟਿਆਲਾ ਜ਼ਿਲ੍ਹਾ ਇਸ ਯੋਜਨਾ ਨੂੰ ਅਪਣਾਉਣ ਤੇ ਇਸ ਦੀ ਵਰਤੋਂ ਵਿੱਚ ਸਭ ਤੋਂ ਅੱਗੇ ਹੈ ਅਤੇ ਪ੍ਰੋਗਰਾਮ ਅਧੀਨ ਰਾਜ ਵਿੱਚ ਸਭ ਤੋਂ ਵੱਧ ਮਰੀਜ਼ਾਂ ਤੇ ਖਰਚ ਦੇ ਮਾਮਲੇ ਵਿੱਚ ਸਿਖ਼ਰ 'ਤੇ ਹੈ।ਪੂਰੇ ਪੰਜਾਬ ਵਿੱਚ 4,43,906 ਤੋਂ ਵੱਧ ਮਰੀਜ਼ ਲਾਭ ਲੈ ਚੁੱਕੇ ਹਨ ਤੇ ਜਿਸ ਦੇ ਕੁੱਲ 782.79 ਕਰੋੜ ਤੋਂ ਵੱਧ ਦਾ ਖਰਚ ਹੋਇਆ ਹੈ।ਸਰਕਾਰੀ ਤੇ ਸੂਚੀਬੱਧ ਕੀਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਉਣ ਲਈ ਡਿਜ਼ਾਈਨ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਦੀਆਂ ਸਭ ਤੋਂ ਵਧੀਆ ਲੋਕ ਭਲਾਈ ਯੋਜਨਾਵਾਂ ਵਿੱਚੋਂ ਇੱਕ ਬਣ ਚੁੱਕੀ ਹੈ।ਐੱਸ.ਐੱਚ.ਏ. ਪੰਜਾਬ ਦੇ ਤਾਜ਼ਾ ਅੰਕੜਿਆਂ ਮੁਤਾਬਿਕ (23 ਜੂਨ ਤੱਕ) ਇਸ ਯੋਜਨਾ ਨੇ ਵੱਡੇ ਪੱਧਰ 'ਤੇ ਤਬਦੀਲੀ ਲਿਆਂਦੀ ਹੈ।ਪਟਿਆਲਾ ਜ਼ਿਲ੍ਹਾ ਇਸ ਯੋਜਨਾ ਦਾ ਲਾਭ ਲੈਣ ਵਿੱਚ ਸਭ ਤੋਂ ਅੱਗੇ ਹੈ, ਜਿੱਥੇ 52,672 ਮਰੀਜ਼ਾਂ ਦੇ ਇਲਾਜ ਉੱਪਰ ਲਗਭਗ 79.15 ਕਰੋੜ ਰੁਪਏ ਖਰਚੇ ਗਏ ਹਨ।ਇਸ ਤੋਂ ਬਾਅਦ ਬਠਿੰਡਾ ਹੈ ਜਿੱਥੇ 30,813 ਮਰੀਜ਼ਾਂ ਉੱਤੇ 76.81 ਕਰੋੜ ਰੁਪਿਆ

**■ ਪਟਿਆਲਾ ਦੇ 52,672 ਮਰੀਜ਼ਾਂ ਨੇ ਲਿਆ ਯੋਜਨਾ ਦਾ ਲਾਭ**



ਖਰਚਿਆ ਗਿਆ ਹੈ, ਜਦਕਿ ਲੁਧਿਆਣਾ ਵਿੱਚ 44,227 ਮਰੀਜ਼ਾਂ ਉੱਤੇ 60.54 ਕਰੋੜ ਰੁਪਏ ਦਾ ਖਰਚਾ ਦਰਜ ਕੀਤਾ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਹ ਲੋਕਾਂ ਨੂੰ ਉਨ੍ਹਾਂ ਦੀ ਜੇਬ 'ਚੋਂ ਹੋਣ ਵਾਲੇ ਵੱਡੇ ਸਿਹਤ ਖਰਚਿਆਂ ਤੋਂ ਰਾਹਤ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਸਿਰਫ਼ ਕਾਗਜ਼ 'ਤੇ ਅਧਾਰਤ ਨੀਤੀ ਨਹੀਂ, ਸਗੋਂ ਉਨ੍ਹਾਂ ਪਰਵਾਰਾਂ ਲਈ ਜੀਵਨ ਰੇਖਾ ਹੈ, ਜਿਨ੍ਹਾਂ ਨੂੰ ਕਿਸੇ ਵੇਲੇ ਹਸਪਤਾਲ ਦੇ ਬਿਲ ਬੀਮਾਰੀ ਤੋਂ ਵੀ ਵੱਧ ਡਰਾਉਂਦੇ ਸਨ।ਐੱਸ.ਐੱਚ.ਏ. ਦੇ ਅੰਕੜਿਆਂ ਅਨੁਸਾਰ ਰਾਜ ਭਰ ਵਿੱਚ 4,43,906 ਮਰੀਜ਼ਾਂ ਨੇ ਲਾਭ ਉਠਾਇਆ ਹੈ ਤੇ ਜਿਸ 'ਤੇ ਕੁੱਲ ਖਰਚ 782.79 ਕਰੋੜ ਹੋਇਆ। ਡਾ. ਬਲਬੀਰ ਸਿੰਘ ਨੇ ਜ਼ੋਰ ਦਿੰਦਿਆਂ ਕਿਹਾ ਕਿ ਸਾਡਾ ਉਦੇਸ਼ ਬਹੁਤ ਸਧਾਰਨ ਹੈ, ਪੰਜਾਬ ਵਿੱਚ ਕੋਈ ਵੀ ਪਰਿਵਾਰ ਬੀਮਾਰੀ ਕਾਰਨ ਕਰਜ਼ਈ ਨਾ ਹੋਵੇ।ਮਾਨਸਾ ਦੇ 62 ਸਾਲਾ ਕਿਸਾਨ ਗੁਰਮੀਤ ਸਿੰਘ ਨੇ ਕਿਹਾ ਕਿ ਜੇ ਇਹ ਯੋਜਨਾ ਨਾ ਹੁੰਦੀ ਤਾਂ ਇਲਾਜ ਲਈ ਮੈਨੂੰ ਆਪਣੀ ਜ਼ਮੀਨ ਵੇਚਣੀ ਪੈਂਦੀ।

ਅਜਿਹੇ ਤਜਰਬੇ ਸੰਗਰੂਰ, ਹੁਸ਼ਿਆਰਪੁਰ ਤੇ ਫਿਰੋਜ਼ਪੁਰ ਆਦਿ ਜ਼ਿਲ੍ਹਿਆਂ ਵਿੱਚ ਵੀ ਸਾਹਮਣੇ ਆ ਰਹੇ ਹਨ, ਜਿੱਥੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਸਪਤਾਲਾਂ ਵਿੱਚ ਦਾਖ਼ਲ ਹੋਣ ਵਾਲੇ ਮਰੀਜ਼ਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ।ਗੁਰਦਾਸਪੁਰ ਤੇ ਰੂਪਨਗਰ ਵਰਗੇ ਜ਼ਿਲ੍ਹਿਆਂ ਵਿੱਚ ਵੀ ਔਸਤਨ ਅੰਕੜੇ ਹੋਣ ਦੇ ਬਾਵਜੂਦ ਯੋਜਨਾ ਦੀ ਲਗਾਤਾਰ ਵਧਦੀ ਵਰਤੋਂ ਇਸ ਗੱਲ ਵੱਲ ਇਸ਼ਾਰਾ ਕਰਦੀ ਹੈ ਕਿ ਲੋਕਾਂ ਵਿੱਚ ਜਾਗਰੂਕਤਾ ਵਧ ਰਹੀ ਹੈ ਤੇ ਸੂਚੀਬੱਧ ਹਸਪਤਾਲਾਂ ਦੇ ਨੈੱਟਵਰਕ ਦਾ ਵੀ ਲਗਾਤਾਰ ਵਿਸਤਾਰ ਹੋ ਰਿਹਾ ਹੈ।

# ਝੋਨੇ 'ਚ ਬੌਣਾ ਰੋਗ ਦੀ ਪੜਤਾਲ ਲਈ ਖੇਤੀਬਾੜੀ ਵਿਭਾਗ ਤੇ ਕੇਂਦਰੀ ਟੀਮ ਦਾ ਵਿਸ਼ੇਸ਼ ਦੌਰਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**



ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਕੇਂਦਰੀ ਏਕੀਕ੍ਰਿਤ ਨਾਸ਼ਕਜੀਵ ਪ੍ਰਬੰਧਨ ਕੇਂਦਰ ਜਲੰਧਰ ਦੀ ਸਾਂਝੀ ਟੀਮ ਵੱਲੋਂ ਪਿੰਡ ਸ਼ੇਰਗੜ੍ਹ ਖੁਰਦ ਅਤੇ ਬਹਿਰ ਜੱਛ ਦੇ ਉਨ੍ਹਾਂ ਖੇਤਾਂ ਦਾ ਵਿਸ਼ੇਸ਼ ਪੜਤਾਲ ਕੀਤੀ, ਜਿੱਥੇ ਝੋਨੇ ਦੀ ਫ਼ਸਲ ਵਿੱਚ ਸਦਰਨ ਬਲੈਕ ਰਾਈਸ ਸਟ੍ਰੀਕ ਡਵਾਰਫ ਵਾਇਰਸ ਦੇ ਹਮਲੇ ਦਾ ਖ਼ਦਸ਼ਾ ਪ੍ਰਗਟ ਕੀਤਾ ਗਿਆ ਸੀ। ਸਾਂਝੀ ਨਿਰੀਖਣ ਟੀਮ ਦੀ ਅਗਵਾਈ ਖੇਤੀਬਾੜੀ ਵਿਕਾਸ ਅਫ਼ਸਰ ਏਡੀਓ ਵਿਜੇ ਕੁਮਾਰ ਅਤੇ ਕੇਂਦਰੀ ਟੀਮ ਵੱਲੋਂ ਸਹਾਇਕ ਪੌਦਾ ਸੁਰੱਖਿਆ ਅਫ਼ਸਰ ਏ ਪੀ ਪੀ ਓ ਡਾ ਚੰਦਰ ਭਾਨ ਨੇ ਕੀਤੀ। ਇਸ ਮੌਕੇ ਜਤਿੰਦਰ ਸਿੰਘ ਏਐੱਸਆਈ ਅਤੇ ਟੀਮ ਦੇ ਹੋਰ ਮੈਂਬਰ ਵੀ ਹਾਜ਼ਰ ਸਨ।ਖੇਤੀ ਵਿਗਿਆਨੀ ਡਾ ਚੰਦਰ ਭਾਨ ਅਤੇ ਏਡੀਓ ਵਿਜੇ ਕੁਮਾਰ ਨੇ ਦੱਸਿਆ ਕਿ ਇਹ ਵਾਇਰਸ ਮੁੱਖ ਤੌਰ 'ਤੇ ਚਿੱਟੀ ਪਿੱਠ ਵਾਲੇ ਟਿੱਡੇ ਰਾਹੀਂ ਫੈਲਦਾ ਹੈ। ਰੋਕਥਾਮ ਨਾ ਕੀਤੀ ਜਾਵੇ, ਤਾਂ ਫ਼ਸਲ ਦਾ ਵਿਕਾਸ ਰੁਕ ਜਾਂਦਾ ਹੈ, ਬੂਟੇ ਬੌਣੇ ਰਹਿ ਜਾਂਦੇ ਹਨ ਅਤੇ ਪੱਤੇ ਗੂੜ੍ਹੇ ਹਰੇ ਰੰਗ ਦੇ ਹੋ ਜਾਂਦੇ ਹਨ। ਬਚਾਅ ਸਬੰਧੀ ਉਨ੍ਹਾਂ ਕਿਸਾਨਾਂ ਨੂੰ ਖੇਤਾਂ ਦਾ ਨਿਯਮਿਤ ਨਿਰੀਖਣ ਕਰਨ ਅਤੇ ਬੂਟਿਆਂ ਦੇ ਮੁੱਢਾਂ ਨੇੜੇ ਚਿੱਟੀ ਪਿੱਠ ਵਾਲੇ ਟਿੱਡੇ ਦੀ ਮੌਜੂਦਗੀ 'ਤੇ ਖ਼ਾਸ ਨਜ਼ਰ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਝੋਨਾ ਲਾਉਂਦੇ ਸਮੇਂ ਹਰ 2-3 ਮੀਟਰ ਬਾਅਦ ਕਰੀਬ ਅੱਧਾ ਫੁੱਟ ਜਗ੍ਹਾ ਖਾਲੀ ਛੱਡੀ ਜਾਵੇ, ਤਾਂ ਜੋ ਖੇਤ ਵਿੱਚ ਹਵਾ ਅਤੇ ਰੌਸ਼ਨੀ ਦੀ ਆਵਾਜਾਈ ਬਣੀ ਰਹੇ ਅਤੇ ਟਿੱਡੇ ਦਾ ਹਮਲਾ ਘੱਟ ਹੋਵੇ। ਕਿਸਾਨ ਲੋੜ ਤੋਂ ਵੱਧ ਨਾਈਟ੍ਰੋਜਨ (ਯੂਰੀਆ) ਦੀ ਵਰਤੋਂ ਨਾ ਕਰਨ। ਜਿਸ ਕਾਰਨ ਟਿੱਡੇ ਦਾ ਹਮਲਾ ਵੱਧ ਸਕਦਾ ਹੈ। ਖੇਤਾਂ ਵਿੱਚ ਲਗਾਤਾਰ ਪਾਣੀ ਖੜ੍ਹਾ ਨਾ ਰੱਖਿਆ ਜਾਵੇ। ਸੁਕਾ-ਸੁਕਾ ਕੇ ਪਾਣੀ ਦੇਣ ਦੀ ਪ੍ਰਣਾਲੀ ਅਪਣਾਈ ਜਾਵੇ, ਤਾਂ ਜੋ ਟਿੱਡੇ ਦੇ ਪਨਪਣ ਲਈ ਅਨੁਕੂਲ ਮਾਹੌਲ ਨਾ ਬਣੇ।ਮਾਹਰਾਂ ਨੇ ਸਪੱਸ਼ਟ ਕੀਤਾ ਕਿ ਵਾਇਰਸ ਦੀ ਕੋਈ ਸਿੱਧੀ ਦਵਾਈ ਨਹੀਂ ਹੈ। ਇਸ ਲਈ ਇਸ ਨੂੰ ਫੈਲਾਉਣ ਵਾਲੇ ਟਿੱਡੇ ਨੂੰ ਕਾਬੂ ਕਰਨਾ ਹੀ ਸਭ ਤੋਂ ਪ੍ਰਭਾਵਸ਼ਾਲੀ ਉਪਾਅ ਹੈ।ਜੇਕਰ ਖੇਤ ਵਿੱਚ ਟਿੱਡੇ ਦੀ ਮੌਜੂਦਗੀ ਨਜ਼ਰ ਆਵੇ ਤਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਦਵਾਈਆਂ ਵਿੱਚੋਂ ਕਿਸੇ ਇੱਕ ਦਾ ਛਿੜਕਾਅ ਕੀਤਾ ਜਾਵੇ। ਦਵਾਈ ਦਾ ਛਿੜਕਾਅ ਹਮੇਸ਼ਾ ਬੂਟਿਆਂ ਦੇ ਮੁੱਢਾਂ ਵੱਲ ਕੀਤਾ ਜਾਵੇ, ਕਿਉਂਕਿ ਇਹ ਟਿੱਡਾ ਪਾਣੀ ਦੀ ਸਤ੍ਹਾ ਦੇ ਨੇੜੇ ਬੂਟੇ ਦੇ ਹੇਠਲੇ ਹਿੱਸੇ 'ਤੇ ਰਹਿੰਦਾ ਹੈ। ਖੇਤੀਬਾੜੀ ਵਿਭਾਗ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਜਾਂ ਘਬਰਾਹਟ ਵਿੱਚ ਨਾ ਆਉਣ ਅਤੇ ਕਿਸੇ ਵੀ ਸਮੱਸਿਆ ਦੀ ਸਥਿਤੀ ਵਿੱਚ ਤੁਰੰਤ ਆਪਣੇ ਨੇੜਲੇ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰਨ।

# ਜਸ਼ਨਦੀਪ ਭਾਖਰ ਯੂਥ ਕਾਂਗਰਸ ਦੇ ਜ਼ਿਲ੍ਹਾ ਜਨਰਲ ਸਕੱਤਰ ਬਣੇ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸੀਨੀਅਰ ਯੂਥ ਆਗੂ ਜਸ਼ਨਦੀਪ ਸਿੰਘ ਭਾਖਰ ਨੂੰ ਯੂਥ ਕਾਂਗਰਸ ਦੀਆਂ ਚੋਣਾਂ ਦੇ ਨਤੀਜੇ ਐਲਾਨੇ ਜਾਣ ਤੋਂ ਬਾਅਦ ਜ਼ਿਲ੍ਹਾ ਪਟਿਆਲਾ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਜਿੱਤ ਤੋਂ ਬਾਅਦ ਹਲਕਾ ਸਨੌਰ ਦੇ ਯੂਥ ਵਰਕਰਾਂ ਤੇ ਕਾਂਗਰਸੀ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਜਸ਼ਨਦੀਪ ਸਿੰਘ ਭਾਖਰ ਲੰਬੇ ਸਮੇਂ ਤੋਂ ਯੂਥ ਕਾਂਗਰਸ ਨਾਲ ਜੁੜੇ ਹੋਏ ਹਨ ਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਰਗਰਮ ਭੂਮਿਕਾ ਨਿਭਾ ਰਹੇ ਹਨ।ਜਿੱਤ ਤੋਂ ਬਾਅਦ ਜਸ਼ਨਦੀਪ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਨੌਜਵਾਨਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਤੇ ਯੂਥ ਕਾਂਗਰਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਦੀ ਨਿਯੁਕਤੀ 'ਤੇ ਕਈ ਸਮਾਜਿਕ ਤੇ ਰਾਜਨੀਤਕ ਆਗੂਆਂ ਨੇ ਵਧਾਈ ਦਿੱਤੀ ਹੈ।

# ਨਿੱਤ ਦਿਨ ਦੇ ਬਿਜਲੀ ਕੱਟਾਂ ਤੋਂ ਲੋਕ ਡਾਢੇ ਪ੍ਰੇਸ਼ਾਨ

**ਮਾਨਸਾ (ਆਤਮਾ ਸਿੰਘ ਪਮਾਰ)**-ਬਿਜਲੀ ਕੱਟਾਂ ਤੋਂ ਤੰਗ ਪ੍ਰੇਸ਼ਾਨ ਮਾਨਸਾ ਦੇ ਲੋਕਾਂ 'ਚ ਹਾਹਾਕਾਰ ਮੱਚੀ ਹੋਈ ਹੈ, ਜਿਸ ਕਾਰਨ ਉਨ੍ਹਾਂ ਬਿਜਲੀ ਸਪਲਾਈ 'ਚ ਸੁਧਾਰ ਕਰਨ ਲਈ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ।ਮਾਨਸਾ ਵਾਸੀ ਸੁੱਖੀ ਵੈਲਡਿੰਗ ਵਾਲਾ, ਸੁਰੇਸ਼ ਬਾਂਸਲ, ਦਰਸ਼ਨ ਕੁਮਾਰ ਆਦਿ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਮਾਨਸਾ ਦੇ ਏਰੀਆ ਗ੍ਰੀਨ ਵੈਲੀ, ਸੰਤ ਸਵੀਟਸ, ਭਾਈ ਗੁਰਦਾਸ ਕਲੋਨੀ, ਜਗਦੰਬੇ ਰੋਡ ਤੇ ਜਵਾਹਰਕੇ ਚੁੰਗੀ ਏਰੀਏ 'ਚ ਬਿਜਲੀ ਸਪਲਾਈ ਰੋਜ਼ਾਨਾ ਹੀ ਬੰਦ ਰਹਿੰਦੀ ਹੈ। ਉਨ੍ਹਾਂ ਦੱਸਿਆ ਕਿ ਇਸ ਏਰੀਏ 'ਚ ਹਫਤੇ 'ਚ 3 ਤੋਂ 4 ਪੂਰੇ ਦਿਨ ਲਈ ਕੱਟ ਲਗਾਏ ਜਾ ਰਹੇ ਹਨ, ਜਿਸ ਕਾਰਨ ਲੋਕਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ।ਉਨ੍ਹਾਂ ਪੀ ਐੱਸ ਪੀ ਸੀ ਐੱਲ ਦੇ ਉੱਚ ਅਧਿਕਾਰੀਆਂ ਤੋਂ ਬਿਜਲੀ ਸਪਲਾਈ 'ਚ ਤੁਰੰਤ ਸੁਧਾਰ ਦੀ ਮੰਗ ਕੀਤੀ ਹੈ ਤਾਂ ਜੋ ਲੋਕਾਂ ਨੂੰ ਗਰਮੀ ਦੇ ਮੌਸਮ 'ਚ ਕੁੱਝ ਹੱਦ ਤੱਕ ਰਾਹਤ ਮਿਲ ਸਕੇ।

# ਖਾਲੀ ਪਲਾਟਾਂ 'ਚ ਕੂੜਾ-ਕਰਕਟ, ਪਾਣੀ ਇਕੱਠਾ ਹੋਣ 'ਤੇ ਮਾਲਕ ਨੂੰ ਹੋਵੇਗਾ ਜੁਰਮਾਨਾ : ਨਵਜੋਤ ਕੌਰ

**ਮਾਨਸਾ (ਆਤਮਾ ਸਿੰਘ ਪਮਾਰ)**



ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਨਵਜੋਤ ਕੌਰ ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮਾਨਸਾ ਦੀ ਹਦੂਦ ਅੰਦਰ ਨਿੱਜੀ ਕਬਜ਼ੇ/ਮਾਲਕੀ ਵਾਲੇ ਖਾਲੀ ਪਏ ਪਲਾਟਾਂ 'ਚ ਕੂੜੇ ਕਰਕਟ, ਗੰਦਗੀ ਤੇ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੇ ਬਚਾਅ ਲਈ ਅਗਾਊਂ ਢੁੱਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਵਿਸ਼ੇਸ਼ ਹੁਕਮ ਜਾਰੀ ਕੀਤੇ ਹਨ।ਹੁਕਮ ਵਿੱਚ ਕਿਹਾ ਗਿਆ ਹੈ ਕਿ ਸ਼ਹਿਰ ਵਿੱਚ ਖਾਲੀ ਪਏ ਪਲਾਟਾਂ ਦੇ ਮਾਲਕ/ਕਾਬਜ਼ ਆਪਣੇ ਖਾਲੀ ਪਲਾਟਾਂ ਵਿੱਚ ਲੱਗੇ ਕੂੜੇ ਕਰਕਟ ਦੇ ਢੇਰ, ਗੰਦਗੀ ਤੇ ਮੀਂਹ ਦੇ ਰੁਕੇ ਹੋਏ ਗੰਦੇ ਪਾਣੀ ਦੀ ਤੁਰੰਤ ਸਾਫ ਸਫਾਈ ਆਪਣੇ ਪੱਧਰ 'ਤੇ ਕਰਵਾਉਣੀ ਯਕੀਨੀ ਬਣਾਉਣਗੇ।ਆਪਣੀ ਮਾਲਕੀ/ਕਬਜ਼ੇ ਵਾਲੇ ਖਾਲੀ ਪਲਾਟ ਦੇ ਆਲੇ ਦੁਆਲੇ ਪੱਕੀ ਚਾਰਦੀਵਾਰੀ ਜਾਂ ਫੈਂਸਿੰਗ ਕਰਵਾਉਣੀ ਯਕੀਨੀ ਬਣਾਈ ਜਾਵੇ ਜਾਂ ਪਲਾਟ ਵਿੱਚ ਕੂੜਾ ਕਰਕਟ ਇਕੱਠਾ ਹੋਣ ਤੋਂ ਰੋਕਿਆ ਜਾਵੇ।ਹੁਕਮ ਵਿੱਚ ਕਿਹਾ ਗਿਆ ਹੈ ਕਿ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਮਾਨਸਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਰਾਹੀਂ ਜਾਰੀ ਇਨ੍ਹਾਂ ਹੁਕਮਾਂ ਦੀ ਪਾਲਣਾ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ, 1976, ਵਾਤਾਵਰਣ (ਸੁਰੱਖਿਆ) ਐਕਟ, 1986 ਅਤੇ ਮਿਊਂਸਪਲ ਸੌਲਿਡ ਵੇਸਟ (ਮੈਨੇਜਮੈਂਟ ਅਤੇ ਹੈਂਡਲਿੰਗ) ਨਿਯਮ, 2016 ਅਧੀਨ ਕਰਵਾਉਣੀ ਯਕੀਨੀ ਬਣਾਉਣਗੇ।ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ/ਅਦਾਰਿਆਂ ਵਿਰੁੱਧ ਜਨਤਕ ਸਿਹਤ ਨੂੰ ਨੁਕਸਾਨ ਪਹੁੰਚਾਉਣ ਦੇ ਸਿੱਟੇ ਵਜੋਂ ਉਕਤ ਨਿਯਮਾਂ ਤਹਿਤ ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਕਰਦੇ ਹੋਏ ਮਾਮਲੇ ਦਰਜ ਕੀਤੇ ਜਾਣ।ਇਸ ਤੋਂ ਇਲਾਵਾ ਜੇਕਰ ਪਲਾਟ ਦੀ ਸਾਫ ਸਫਾਈ ਦਾ ਕੰਮ ਨਗਰ ਕੌਂਸਲ ਜਾਂ ਨਗਰ ਪੰਚਾਇਤ ਵੱਲੋਂ ਕਰਵਾਇਆ ਜਾਂਦਾ ਹੈ ਤਾਂ ਸਾਫ ਸਫਾਈ 'ਤੇ ਹੋਣ ਵਾਲੇ ਖਰਚ ਦੀ ਰਿਕਵਰੀ ਪਲਾਟ ਦੇ ਕਾਬਜ/ਮਾਲਕ ਪਾਸੋਂ ਕੀਤੀ ਜਾਵੇ।ਇਹ ਹੁਕਮ 31 ਜੁਲਾਈ 2026 ਤੱਕ ਲਾਗੂ ਰਹੇਗਾ।

# ਡਾਇਰੈਕਟਰ ਵੱਲੋਂ ਮੈਰੀਟੋਰੀਅਸ ਸਕੂਲ ਵਿਖੇ ਜੇਈਈ/ਨੀਟ ਬੂਟ ਕੈਂਪ ਦਾ ਨਿਰੀਖਣ

**ਬਠਿੰਡਾ (ਪਰਵਿੰਦਰ ਜੀਤ ਸਿੰਘ)**



ਡਾਇਰੈਕਟਰ ਸਕੂਲ ਸਿੱਖਿਆ ਪੰਜਾਬ ਸ੍ਰੀ ਸਕੱਤਰ ਸਿੰਘ ਬੱਲ ਪੀ.ਸੀ.ਐੱਸ. ਨੇ ਮੈਰੀਟੋਰੀਅਸ ਸਕੂਲ ਬਠਿੰਡਾ ਦਾ ਦੌਰਾ ਕਰਕੇ ਇੱਥੇ ਚੱਲ ਰਹੇ ਜੇਈਈ/ਨੀਟ ਬੂਟ ਕੈਂਪ ਦਾ ਨਿਰੀਖਣ ਕੀਤਾ।ਉਨ੍ਹਾਂ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਕੋਚਿੰਗ, ਕਲਾਸਾਂ ਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ।ਡਾਇਰੈਕਟਰ ਸਕੂਲ ਸਿੱਖਿਆ ਨੇ ਖੁਦ ਕਲਾਸਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਤੋਂ ਇਸ ਬੂਟ ਕੈਂਪ ਵਿੱਚ ਦਿੱਤੀ ਜਾ ਰਹੀ ਕੋਚਿੰਗ ਤੇ ਸਕੂਲ ਸਿੱਖਿਆ ਦੌਰਾਨ ਮਿਲ ਰਹੀ ਪੜ੍ਹਾਈ ਵਿੱਚ ਅੰਤਰ ਬਾਰੇ ਜਾਣਕਾਰੀ ਹਾਸਲ ਕੀਤੀ। ਵਿਦਿਆਰਥੀਆਂ ਨੇ ਬੂਟ ਕੈਂਪ ਵਿੱਚ ਮਿਲ ਰਹੀ ਵਿਸ਼ੇਸ਼ ਕੋਚਿੰਗ ਤੇ ਮਾਰਗਦਰਸ਼ਨ ਪ੍ਰਤੀ ਸੰਤੁਸ਼ਟੀ ਪ੍ਰਗਟਾਈ।ਮੈਰੀਟੋਰੀਅਸ ਸਕੂਲ ਬਠਿੰਡਾ ਵਿਖੇ ਚੱਲ ਰਿਹਾ ਇਹ ਜੇਈਈ/ਨੀਟ ਬੂਟ ਕੈਂਪ 5 ਜੂਨ ਤੋਂ 28 ਜੂਨ ਤੱਕ ਚੱਲ ਰਿਹਾ ਹੈ, ਜਿਸ ਵਿੱਚ ਪੰਜਾਬ ਦੇ ਸੱਤ ਜ਼ਿਲ੍ਹਿਆਂ ਦੇ ਕੁੱਲ 635 ਵਿਦਿਆਰਥੀ ਭਾਗ ਲੈ ਰਹੇ ਹਨ।ਇਸ ਕੈਂਪ ਵਿੱਚ ਮੈਰੀਟੋਰੀਅਸ ਸਕੂਲਾਂ, ਸਕੂਲਜ਼ ਆਫ਼ ਐਮੀਨੈਂਸ ਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸ਼ਾਮਲ ਕੀਤਾ ਗਿਆ ਹੈ।ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਲਈ ਬਿਹਤਰ ਤਿਆਰੀ ਕਰਵਾਉਣ ਦੇ ਉਦੇਸ਼ ਨਾਲ ਇਸ ਕੈਂਪ ਵਿੱਚ ਮਾਹਰ ਅਧਿਆਪਕਾਂ ਵੱਲੋਂ ਵਿਸ਼ੇਸ਼ ਕੋਚਿੰਗ ਦਿੱਤੀ ਜਾ ਰਹੀ ਹੈ।ਫਿਜ਼ਿਕਸ ਵਾਲਾਹ ਦੇ 15 ਅਧਿਆਪਕ ਤੇ ਅਵੰਤੀ ਫੈਲੋਜ਼ ਦੇ 7 ਅਧਿਆਪਕ ਵਿਦਿਆਰਥੀਆਂ ਨੂੰ ਜੇਈਈ ਤੇ ਨੀਟ ਪ੍ਰੀਖਿਆਵਾਂ ਲਈ ਮਾਰਗਦਰਸ਼ਨ ਦੇ ਰਹੇ ਹਨ।ਇਸ ਤੋਂ ਇਲਾਵਾ ਸ੍ਰੀ ਸਕੱਤਰ ਸਿੰਘ ਬੱਲ ਨੇ ਵਿਦਿਆਰਥੀਆਂ ਲਈ ਮੁਹੱਈਆ ਕਰਵਾਏ ਜਾ ਰਹੇ ਖਾਣ-ਪੀਣ ਤੇ ਰਹਿਣ-ਸਹਿਣ ਦੇ ਪ੍ਰਬੰਧਾਂ ਦੀ ਵੀ ਜਾਂਚ ਕੀਤੀ ਤੇ ਸਾਰੇ ਪ੍ਰਬੰਧਾਂ 'ਤੇ ਸੰਤੁਸ਼ਟੀ ਪ੍ਰਗਟਾਈ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਬਠਿੰਡਾ ਸ੍ਰੀਮਤੀ ਮਮਤਾ ਖੁਰਾਣਾ ਸੇਠੀ, ਸਕੂਲ ਪ੍ਰਿੰਸੀਪਲ ਡਾ. ਗੁਰਦੀਪ ਸਿੰਘ ਸਿੱਧੂ, ਕੈਂਪ ਕੋਆਰਡੀਨੇਟਰ ਡਾ. ਜਸਬੀਰ ਸਿੰਘ ਢਿੱਲੋਂ ਤੋਂ ਇਲਾਵਾ ਪ੍ਰਿੰਸੀਪਲ ਅੰਮ੍ਰਿਤਪਾਲ ਸਿੰਘ ਭੱਟੀ, ਮਹਿੰਦਰਪਾਲ ਸਿੰਘ ਮੀਡੀਆ ਕੋਆਰਡੀਨੇਟਰ, ਸੂਬੇਦਾਰ ਮੇਜਰ ਸ੍ਰੀ ਕੁਲਦੀਪ ਸਿੰਘ ਰਜਿਸਟਰਾਰ, ਸ੍ਰੀਮਤੀ ਧਰਮਜੀਤ ਕੌਰ ਲੇਡੀ ਵਾਰਡਨ, ਡਾ. ਮਨਜੀਤ ਕੌਰ ਡੀ.ਈ.ਪੀ. ਤੇ ਮੈਰੀਟੋਰੀਅਸ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਪੰਜਾਬ 'ਚ ਬਿਜਲੀ ਦੀ ਮੰਗ ਨੇ ਤੋੜਿਆ ਰਿਕਾਰਡ !

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗਰਮੀ ਦੇ ਚਲਦਿਆਂ ਬਿਜਲੀ ਦੀ ਮੰਗ ਨੇ ਪੰਜਾਬ ਵਿੱਚ ਰਿਕਾਰਡ ਤੋੜ ਦਿੱਤੇ ਹਨ।ਸੂਬੇ ਵਿੱਚ ਕੱਲ੍ਹ ਦੁਪਹਿਰ ਸਮੇਂ ਬਿਜਲੀ ਦੀ ਮੰਗ 16335 ਮੈਗਾਵਾਟ 'ਤੇ ਪਹੁੰਚ ਗਈ ਹੈ, ਜਦੋਂਕਿ ਬਿਜਲੀ ਦੀ ਮੰਗ ਹੋਰ ਵਧਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ।ਪਿਛਲੇ ਸਾਲ ਦੇ ਇਸੇ ਦਿਨ ਦੇ ਮੁਕਾਬਲੇ 1638 ਮੈਗਾਵਾਟ ਬਿਜਲੀ ਦੀ ਮੰਗ ਵਧ ਸੀ।ਸਾਲ 2025 ਵਿੱਚ ਅੱਜ ਦੇ ਦਿਨ ਸੂਬੇ ਵਿੱਚ ਬਿਜਲੀ ਦੀ ਮੰਗ 14697 ਮੈਗਾਵਾਟ ਤੇ ਸਾਲ 2024 ਵਿੱਚ 15345 ਮੈਗਾਵਾਟ ਦਰਜ ਕੀਤੀ ਗਈ ਸੀ।ਪੰਜਾਬ ਵਿੱਚ ਨਿੱਜੀ ਤੇ ਸਰਕਾਰੀ ਖੇਤਰ ਦੇ 5 ਥਰਮਲ ਪਲਾਂਟਾਂ ਦੇ 15 ਵਿੱਚੋਂ ਸਿਰਫ਼ 12 ਯੂਨਿਟ ਹੀ ਚਾਲੂ ਹਨ ਤੇ ਤਿੰਨ ਬੰਦ ਹਨ।ਦੂਜੇ ਪਾਸੇ ਮੌਸਮ ਵਿਭਾਗ ਵੱਲੋਂ ਸੂਬੇ ਦੇ ਕਈ ਇਲਾਕਿਆਂ ਵਿੱਚ ਅਗਲੇ ਤਿੰਨ-ਚਾਰ ਦਿਨ ਟੁੱਟਵਾਂ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਹੈ।ਮੌਸਮ ਵਿਭਾਗ ਅਨੁਸਾਰ 26, 27, 29 ਤੇ 30 ਜੂਨ ਨੂੰ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਰੋਜ਼ਾਨਾ ਟੁੱਟਵਾਂ ਮੀਂਹ ਪੈ ਸਕਦਾ ਹੈ, ਜਦੋਂਕਿ ਪੰਜਾਬ ਦੇ ਬਾਕੀ ਹਿੱਸਿਆਂ ਵਿੱਚ ਗਰਮੀ ਦਾ ਕਹਿਰ ਜਾਰੀ ਰਹੇਗਾ।

# ਨੌਜਵਾਨਾਂ ਦੇ ਸੁਨਹਿਰੇ ਭਵਿੱਖ ਦਾ ਰਾਹ-ਦਸੇਰਾ ਬਣ ਰਿਹੈ ਨੈਸ਼ਨਲ ਕਾਲਜ ਭੀਖੀ

**■ ਕਾਲਜ ਦੇ ਸੈਂਕੜੇ ਵਿਦਿਆਰਥੀ ਖੇਡਾਂ 'ਚ ਵੀ ਮਾਰ ਰਹੇ ਨੇ ਮੱਲਾਂ**



**ਭੀਖੀ (ਧਰਮਵੀਰ ਸ਼ਰਮਾ)**-ਸਿੱਖਿਆ ਮਨੁੱਖੀ ਜੀਵਨ ਦਾ ਉਹ ਅਨਮੋਲ ਧਨ ਹੈ, ਜੋ ਨਾ ਸਿਰਫ਼ ਵਿਅਕਤੀ ਦੇ ਜੀਵਨ ਨੂੰ ਰੌਸ਼ਨ ਕਰਦਾ ਹੈ, ਸਗੋਂ ਸਮਾਜ ਤੇ ਦੇਸ਼ ਦੀ ਤਰੱਕੀ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ। ਅੱਜ ਦੇ ਸਮੇਂ ਵਿੱਚ ਉਹ ਸਿੱਖਿਆ ਸੰਸਥਾਵਾਂ ਵਧੇਰੇ ਮਹੱਤਵਪੂਰਨ ਬਣ ਜਾਂਦੀਆਂ ਹਨ, ਜੋ ਵਿਦਿਆਰਥੀਆਂ ਨੂੰ ਕੇਵਲ ਕਿਤਾਬੀ ਗਿਆਨ ਹੀ ਨਹੀਂ ਦਿੰਦੀਆਂ, ਸਗੋਂ ਉਨ੍ਹਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਲਈ ਵੀ ਕੰਮ ਕਰਦੀਆਂ ਹਨ। ਇਸੇ ਤਰ੍ਹਾਂ ਸਿੱਖਿਆ ਤੇ ਖੇਡਾਂ ਦੇ ਖੇਤਰ ਵਿੱਚ ਆਪਣਾ ਵਿਲੱਖਣ ਸਥਾਨ ਬਣਾਉਣ ਵਾਲਾ ਨੈਸ਼ਨਲ ਕਾਲਜ ਭੀਖੀ ਅੱਜ ਇਲਾਕੇ ਦੇ ਹਜ਼ਾਰਾਂ ਨੌਜਵਾਨਾਂ ਦੇ ਸੁਨਹਿਰੇ ਭਵਿੱਖ ਦਾ ਰਾਹ ਦਸੇਰਾ ਬਣ ਕੇ ਉੱਭਰਿਆ ਹੈ।

ਨੈਸ਼ਨਲ ਕਾਲਜ ਭੀਖੀ ਨੇ ਚਾਰ ਦਹਾਕਿਆਂ ਤੋਂ ਆਪਣੇ ਉੱਚ ਮਿਆਰੀ ਸਿੱਖਿਆ ਪ੍ਰਬੰਧ, ਅਨੁਸ਼ਾਸਤ ਮਾਹੌਲ ਤੇ ਵਿਦਿਆਰਥੀਆਂ ਦੀ ਬਿਹਤਰੀ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਸਦਕਾ ਲੋਕਾਂ ਦੇ ਦਿਲਾਂ ਵਿੱਚ ਖ਼ਾਸ ਥਾਂ ਬਣਾਈ ਹੈ। ਕਾਲਜ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਡਿਗਰੀਆਂ ਪ੍ਰਦਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਜ਼ਿੰਮੇਵਾਰ, ਨੈਤਿਕ ਤੇ ਸਮਾਜ ਪ੍ਰਤੀ ਜਾਗਰੂਕ ਨਾਗਰਿਕ ਬਣਾਉਣਾ ਹੈ। ਇਥੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ-ਨਾਲ ਚੰਗੇ ਸੰਸਕਾਰ ਤੇ ਜੀਵਨ ਦੀਆਂ ਕਦਰਾਂ-ਕੀਮਤਾਂ ਨਾਲ ਵੀ ਜੋੜਿਆ ਜਾਂਦਾ ਹੈ। ਅੱਜ ਦੇ ਮੁਕਾਬਲੇ ਵਾਲੇ ਯੁੱਗ ਵਿੱਚ ਸਿੱਖਿਆ ਦੇ ਨਾਲ ਖੇਡਾਂ ਦਾ ਮਹੱਤਵ ਵੀ ਬੇਹੱਦ ਵਧ ਗਿਆ ਹੈ। ਖੇਡਾਂ ਨਾ ਕੇਵਲ ਸਰੀਰਕ ਤੰਦਰੁਸਤੀ ਪ੍ਰਦਾਨ ਕਰਦੀਆਂ ਹਨ, ਸਗੋਂ ਟੀਮ ਭਾਵਨਾ, ਅਨੁਸ਼ਾਸਨ, ਆਤਮ ਵਿਸ਼ਵਾਸ ਤੇ ਲੀਡਰਸ਼ਿਪ ਵਰਗੇ ਗੁਣ ਵੀ ਵਿਕਸਿਤ ਕਰਦੀਆਂ ਹਨ। ਇਸ ਗੱਲ ਨੂੰ ਸਮਝਦਿਆਂ ਨੈਸ਼ਨਲ ਕਾਲਜ ਭੀਖੀ ਵੱਲੋਂ ਖੇਡਾਂ ਨੂੰ ਵੀ ਸਿੱਖਿਆ ਦੇ ਬਰਾਬਰ ਮਹੱਤਵ ਦਿੱਤਾ ਜਾ ਰਿਹਾ ਹੈ।

ਕਾਲਜ ਦੇ ਵਿਦਿਆਰਥੀ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੇ ਹਨ। ਚਾਹੇ ਐਥਲੈਟਿਕਸ ਹੋਵੇ, ਕਬੱਡੀ, ਵਾਲੀਬਾਲ, ਕੁਸ਼ਤੀ ਜਾਂ ਹੋਰ ਖੇਡਾਂ, ਕਾਲਜ ਦੇ ਖਿਡਾਰੀ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ। ਇਨ੍ਹਾਂ ਉਪਲਬਧੀਆਂ ਪਿੱਛੇ ਕਲਾਜ ਦੇ ਪ੍ਰਧਾਨ ਹਰਬੰਸ ਦਾਸ ਬਾਵਾ, ਕਾਲਜ ਦੇ ਪ੍ਰਿੰਸੀਪਲ ਡਾ. ਐੱਮ. ਕੇ. ਮਿਸ਼ਰਾ, ਪ੍ਰੋ. ਗੁਰਤੇਜ ਸਿੰਘ ਤੇਜੀ ਤੋਂ ਇਲਾਵਾ ਅਧਿਆਪਕ ਵਰਗ ਤੇ ਖੇਡ ਕੋਚਾਂ ਦੀ ਸਖ਼ਤ ਮਿਹਨਤ ਤੇ ਦੂਰਦਰਸ਼ੀ ਸੋਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਕਾਲਜ ਵਿੱਚ ਸਮੇਂ-ਸਮੇਂ ਵੱਖ-ਵੱਖ ਸੱਭਿਆਚਾਰਕ, ਵਿੱਦਿਅਕ ਤੇ ਖੇਡ ਗਤੀਵਿਧੀਆਂ ਵੀ ਕਰਵਾਈਆਂ ਜਾਂਦੀਆਂ ਹਨ। ਨੈਸ਼ਨਲ ਕਾਲਜ ਭੀਖੀ ਅੱਜ ਸਿਰਫ਼ ਇੱਕ ਸਿੱਖਿਆ ਸੰਸਥਾ ਨਹੀਂ, ਸਗੋਂ ਇੱਕ ਅਜਿਹਾ ਕੇਂਦਰ ਬਣ ਚੁੱਕਾ ਹੈ, ਜਿੱਥੇ ਗਿਆਨ, ਅਨੁਸ਼ਾਸਨ ਤੇ ਖੇਡ ਭਾਵਨਾ ਦਾ ਸੁੰਦਰ ਮੇਲ ਵੇਖਣ ਨੂੰ ਮਿਲਦਾ ਹੈ। ਆਉਣ ਵਾਲੇ ਸਮੇਂ ਵਿੱਚ ਵੀ ਉਮੀਦ ਕੀਤੀ ਜਾਂਦੀ ਹੈ ਕਿ ਨੈਸ਼ਨਲ ਕਾਲਜ ਭੀਖੀ ਇਸੇ ਤਰ੍ਹਾਂ ਸਿੱਖਿਆ ਤੇ ਖੇਡਾਂ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਦਾ ਰਹੇਗਾ ਅਤੇ ਦੇਸ਼ ਨੂੰ ਯੋਗ ਤੇ ਕਾਬਲ ਨੌਜਵਾਨ ਪ੍ਰਦਾਨ ਕਰਦਾ ਰਹੇਗਾ। ਇਹ ਕਾਲਜ ਸੱਚਮੁੱਚ ਵਿੱਦਿਆ ਦਾ ਇੱਕ ਅਜਿਹਾ ਚਾਨਣ ਮੁਨਾਰਾ ਹੈ, ਜੋ ਅਣਗਿਣਤ ਵਿਦਿਆਰਥੀਆਂ ਦੇ ਭਵਿੱਖ ਨੂੰ ਰੌਸ਼ਨ ਕਰ ਰਿਹਾ ਹੈ।

# ਮਾਣ-ਭੱਤੇ ਨੂੰ ਲੈ ਕੇ ਸਰਪੰਚਾਂ ਵੱਲੋਂ ਵਿਧਾਇਕ ਦਾ ਸਨਮਾਨ

## ਆਪ ਸਰਕਾਰ ਨੇ ਹਰ ਵਰਗ ਨੂੰ ਸਨਮਾਨ ਦਿੱਤਾ : ਕੁਲਵੰਤ ਸਿੰਘ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਰਪੰਚਾਂ ਨੂੰ ਦਸ ਹਜ਼ਾਰ ਰੁਪੈ ਪ੍ਰਤੀ ਮਹੀਨਾ ਮਾਣ ਭੱਤਾ ਦੇਣ ਦੇ ਕੀਤੇ ਗਏ ਐਲਾਨ ਨੂੰ ਲੈ ਕੇ ਪਿੰਡਾਂ ਦੇ ਸਰਪੰਚਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਦੇ ਚੱਲਦਿਆਂ ਬਲਾਕ ਪਾਤੜਾਂ ਅਧੀਨ ਆਉਂਦੇ ਪਿੰਡਾਂ ਦੀਆਂ ਪੰਚਾਇਤਾਂ ਦੇ ਸਰਪੰਚਾਂ ਵੱਲੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ, ਜਦੋਂ ਕਿ ਸਰਪੰਚਾਂ ਨੇ ਮਠਿਆਈਆਂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ।ਸਨਮਾਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸਰਪੰਚਾਂ ਦੇ ਮਾਣ ਭੱਤੇ ਵਿੱਚ ਪੰਜ ਗੁਣਾਂ ਵਾਧਾ ਕਰਕੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਤਿਹਾਸ ਰਚਿਆ ਹੈ, ਇਸ ਤੋਂ ਪਹਿਲਾਂ ਅਕਾਲੀ ਤੇ ਕਾਂਗਰਸੀ ਸਰਕਾਰਾਂ ਵੱਲੋਂ ਸਰਪੰਚਾਂ ਨੂੰ ਮਹਿਜ ਬਾਰਾਂ ਸੌ ਰੁਪੈ ਦਾ ਮਾਣ ਭੱਤਾ ਦੇ ਕੇ ਮਜ਼ਾਕ ਦਾ ਪਾਤਰ ਬਣਾਇਆ ਜਾਂਦਾ ਸੀ।ਉਨ੍ਹਾਂ ਕਿਹਾ ਕਿ ਸਰਪੰਚਾਂ ਨੂੰ ਪਿੰਡਾਂ ਦੇ ਵਿਕਾਸ ਕਾਰਜਾਂ ਤੇ ਹੋਰ ਪੰਚਾਇਤੀ ਕੰਮਾਂ ਲਈ ਆਉਣ-ਜਾਣ ਕਰਕੇ ਵੱਡੇ ਪੱਧਰ ਉੱਤੇ ਖਰਚਿਆਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਕਿਸੇ ਵੀ ਸਰਕਾਰ ਨੇ ਕਦੇ ਉਨ੍ਹਾਂ ਦੀ ਬਾਂਹ ਨਹੀਂ ਫੜੀ।ਇਸ ਦੌਰਾਨ ਹਾਜ਼ਰ ਸਰਪੰਚਾਂ ਨੇ ਮਾਣ ਭੱਤਾ ਦੇਣ ਦੇ ਚੁੱਕੇ ਗਏ ਕਦਮ ਲਈ ਸਰਕਾਰ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ ਡਰੌਲੀ, ਸਰਪੰਚ ਕਰਨੈਲ ਸਿੰਘ ਦੁਤਾਲ, ਸਰਪੰਚ ਚਰਨਜੀਤ ਸਿੰਘ ਸੰਧੂ ਮੌਲਵੀਵਾਲਾ, ਸਰਪੰਚ ਬਲਜਿੰਦਰ ਸਿੰਘ ਜੋਗੇਵਾਲਾ, ਸਾਬਕਾ ਸਰਪੰਚ ਜਸਵਿੰਦਰ ਸਿੰਘ ਸ਼ੇਰਗੜ੍ਹ, ਸਰਪੰਚ ਦੇਸਰਾਜ ਦੁਤਾਲ, ਸਰਪੰਚ ਜਸਕਰਨ ਸਿੰਘ ਡਰੋਲੀ ਤੇ ਸਰਪੰਚ ਸਤਨਾਮ ਸਿੰਘ ਅਰਨੋਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰਪੰਚ ਹਾਜ਼ਰ ਸਨ।

# ਅਕਾਲ ਅਕੈਡਮੀ ਢੀਂਡਸਾ 'ਚ ਨਸ਼ਾ ਵਿਰੋਧੀ ਸੈਮੀਨਾਰ



**ਸਮਰਾਲਾ (ਸੁਰਜੀਤ ਸਿੰਘ)**-ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਤੇ ਨੌਜਵਾਨ ਪੀੜ੍ਹੀ ਨੂੰ ਨਸ਼ਾ-ਮੁਕਤ ਜੀਵਨ ਵੱਲ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਅਕਾਲ ਅਕੈਡਮੀ ਢੀਂਡਸਾ ਵੱਲੋਂ 'ਅਸੀਂ ਨਸ਼ਾ ਮੁਕਤ ਹਾਂ' ਵਿਸ਼ੇ 'ਤੇ ਇੱਕ ਵਿਸ਼ੇਸ਼ ਮਨੁੱਖੀ ਸਰੂਪ ਗਤੀਵਿਧੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਤੇ ਅਨੁਸ਼ਾਸਨਮਈ ਢੰਗ ਨਾਲ ਭਾਗ ਲਿਆ।ਵਿਦਿਆਰਥੀਆਂ ਨੇ ਇਕੱਠੇ ਹੋ ਕੇ 'ਅਸੀਂ ਨਸ਼ਾ ਮੁਕਤ ਹਾਂ' ਦਾ ਮਨੁੱਖੀ ਸਰੂਪ ਤਿਆਰ ਕਰਦਿਆਂ ਸਮਾਜ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਡਾ. ਤਾਰਿਕਜੋਤ ਸਿੰਘ, ਸਾਬਕਾ ਡਿਪਟੀ ਡਾਇਰੈਕਟਰ, ਸਿਹਤ ਵਿਭਾਗ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਨਸ਼ਾ ਸਮਾਜ ਲਈ ਇੱਕ ਗੰਭੀਰ ਸਮਾਜਿਕ ਬੁਰਾਈ ਹੈ, ਜਿਸ ਦੇ ਖ਼ਾਤਮੇ ਲਈ ਨੌਜਵਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਵਾਰਾਂ ਤੇ ਸਮਾਜ ਨੂੰ ਵੀ ਇਸ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪਿੰਡ ਢੀਂਡਸਾ ਦੇ ਸਰਪੰਚ ਰਮਨਦੀਪ ਕੌਰ ਤੇ ਸਮੂਹ ਪੰਚਾਇਤ ਮੈਂਬਰਾਂ ਨੇ ਵੀ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦਾ ਹੌਸਲਾ ਵਧਾਇਆ।ਸਕੂਲ ਪ੍ਰਿੰਸੀਪਲ ਅਰਵਿੰਦਰਪਾਲ ਕੌਰ ਨੇ ਦੱਸਿਆ ਕਿ ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਤੇ ਉਨ੍ਹਾਂ ਨੂੰ ਸਿਹਤਮੰਦ, ਸੁਰੱਖਿਅਤ ਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਨਾ ਸੀ।ਉਨ੍ਹਾਂ ਕਿਹਾ ਕਿ ਇਸ ਗਤੀਵਿਧੀ ਦੌਰਾਨ ਵਿਦਿਆਰਥੀਆਂ ਨੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸੰਕਲਪ ਲਿਆ ਤੇ ਦੇਸ਼ ਨੂੰ ਨਸ਼ਾ-ਰਹਿਤ ਬਣਾਉਣ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਦਾ ਵਚਨ ਦਿੱਤਾ।

# ਮਾਨ ਸਰਕਾਰ ਨੇ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਅਸਲ ਕਦਰ ਕੀਤੀ : ਲਖਮੀਰਵਾਲਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਤੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਪੰਚਾਂ ਦਾ ਮਾਣ ਭੱਤਾ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕਰਨ ਦੇ ਐਲਾਨ ਦਾ ਸਰਪੰਚ ਯੂਨੀਅਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ ਤੇ ਸਰਪੰਚ ਭਾਈਚਾਰੇ ਨੇ ਭਰਵਾਂ ਸਵਾਗਤ ਕੀਤਾ ਹੈ।ਦੱਸਣਯੋਗ ਹੈ ਕਿ ਇਹ ਨਵਾਂ ਮਾਣ ਭੱਤਾ ਅਗਾਮੀ 15 ਅਗਸਤ ਤੋਂ ਲਾਗੂ ਹੋਵੇਗਾ। ਇਸ ਇਤਿਹਾਸਕ ਫੈਸਲੇ 'ਤੇ ਖੁਸ਼ੀ ਜ਼ਾਹਰ ਕਰਦਿਆਂ ਸਰਪੰਚ ਯੂਨੀਅਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਦਿਲੋਂ ਧੰਨਵਾਦ ਕੀਤਾ ਹੈ।ਮਨਿੰਦਰ ਸਿੰਘ ਲਖਮੀਰਵਾਲਾ ਨੇ ਕਿਹਾ ਕਿ ਸਰਪੰਚਾਂ ਦੀ ਇਹ ਮੰਗ ਲੰਮੇ ਸਮੇਂ ਤੋਂ ਲਟਕ ਰਹੀ ਸੀ, ਜਿਸ ਨੂੰ ਪ੍ਰਵਾਨ ਕਰਕੇ ਮਾਨ ਸਰਕਾਰ ਨੇ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਅਸਲ ਕਦਰ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਸਰਪੰਚਾਂ ਦਾ ਮਾਣ-ਸਨਮਾਨ ਵਧੇਗਾ ਤੇ ਉਹ ਹੋਰ ਵੀ ਉਤਸ਼ਾਹ ਨਾਲ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਚਾਇਤੀ ਰਾਜ ਸੰਸਥਾਵਾਂ ਨੂੰ ਮਜ਼ਬੂਤ ਕਰਨ ਲਈ ਲਏ ਜਾ ਰਹੇ ਫੈਸਲੇ ਪਿੰਡਾਂ ਦੇ ਵਿਕਾਸ ਵਿੱਚ ਮੀਲ ਪੱਥਰ ਸਾਬਿਤ ਹੋਣਗੇ।ਸਰਪੰਚ ਯੂਨੀਅਨ ਸੰਗਰੂਰ ਨੇ ਇਸ ਫੈਸਲੇ ਨੂੰ ਪਿੰਡਾਂ ਦੀ ਤਰੱਕੀ ਤੇ ਸਥਾਨਕ ਸਵੈ-ਸ਼ਾਸਨ ਨੂੰ ਮਜ਼ਬੂਤੀ ਦੇਣ ਵਾਲਾ ਕਦਮ ਕਰਾਰ ਦਿੱਤਾ ਹੈ।ਸਰਪੰਚ ਭਾਈਚਾਰੇ ਵਿੱਚ ਇਸ ਐਲਾਨ ਨੂੰ ਲੈ ਕੇ ਖੁਸ਼ੀ ਦੀ ਲਹਿਰ ਹੈ ਤੇ ਉਮੀਦ ਜਤਾਈ ਜਾ ਰਹੀ ਹੈ ਕਿ ਇਸ ਨਾਲ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ।

# ਜਸਵਿੰਦਰ ਬੱਬੂ ਨੇ ਗੈਰੀ ਵੜਿੰਗ ਨੂੰ ਪ੍ਰਧਾਨ ਬਣਨ 'ਤੇ ਦਿੱਤੀ ਵਧਾਈ



**ਕੋਟਕਪੂਰਾ (ਰਛਪਾਲ ਭੁੱਲਰ)**-ਬੀਤੇ ਦਿਨੀਂ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਤੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਵਿਸ਼ੇਸ਼ ਹਾਜ਼ਰੀ ਵਿੱਚ ਨਗਰ ਕੌਂਸਲ ਕੋਟਕਪੂਰਾ ਦੇ ਪ੍ਰਧਾਨ ਤੇ ਸੀਨੀਅਰ ਮੀਤ ਪ੍ਰਧਾਨ ਦੀ ਚੋਣ ਅਮਲ ਵਿੱਚ ਲਿਆਂਦੀ ਗਈ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਗੁਰਪ੍ਰੀਤ ਸਿੰਘ ਗੈਰੀ ਵੜਿੰਗ ਤੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਤੱਖੀ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ।ਇਸੇ ਦੌਰਾਨ ਕੋਟਕਪੂਰਾ ਹਲਕੇ ਦੇ ਵਾਈਸ ਕੋਆਰਡੀਨੇਟਰ ਸੋਸ਼ਲ ਮੀਡੀਆ ਜਸਵਿੰਦਰ ਸਿੰਘ ਬੱਬੂ ਨੇ ਦੋਵਾਂ ਆਗੂਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਯੋਗ ਅਗਵਾਈ ਹੇਠ ਸ਼ਹਿਰ ਨੂੰ ਇਹ ਨਵੀਂ ਤੇ ਮਜ਼ਬੂਤ ਲੀਡਰਸ਼ਿਪ ਮਿਲੀ ਹੈ।ਉਨ੍ਹਾਂ ਆਸ ਜਤਾਈ ਕਿ ਹੁਣ ਕੋਟਕਪੂਰਾ ਸ਼ਹਿਰ ਵਿਕਾਸ ਦੇ ਪੱਖੋਂ ਨਵੀਆਂ ਬੁਲੰਦੀਆਂ ਛੂਹੇਗਾ ਤੇ ਬਿਨਾਂ ਕਿਸੇ ਪੱਖਪਾਤ ਦੇ ਸ਼ਹਿਰ ਨੂੰ ਤਰੱਕੀ ਦੀ ਰਾਹ ਉੱਪਰ ਅੱਗੇ ਲਿਜਾਇਆ ਜਾਵੇਗਾ।

# ਆਪ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ : ਡਾ. ਲੱਖਾ, ਗੋਂਦਵਾਲ, ਜਗਜੀਤ



**ਜਗਰਾਉਂ/ਰਾਏਕੋਟ (ਨਛੱਤਰ ਸੰਧੂ)**-ਪੰਜਾਬ ਅੰਦਰ ਕਾਂਗਰਸ ਪਾਰਟੀ ਵੱਲੋਂ ਕੀਤੇ ਵਿਕਾਸ ਕਾਰਜਾਂ ਤੇ ਆਲ ਇੰਡੀਆ ਪਾਰਟੀ ਪ੍ਰਧਾਨ ਸ੍ਰੀ ਰਾਹੁਲ ਗਾਂਧੀ ਦੁਆਰਾ ਕੀਤੇ ਗਏ ਲੋਕ ਪੱਖੀ ਫੈਸਲਿਆਂ ਕਾਰਨ 2027 'ਚ ਪੰਜਾਬ ਦੇ ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਡਾ. ਬਲਜਿੰਦਰ ਸਿੰਘ ਲੱਖਾ, ਸਰਪੰਚ ਸੁਖਪਾਲ ਸਿੰਘ ਗੋਂਦਵਾਲ ਤੇ ਨੰਬਰਦਾਰ ਜਗਜੀਤ ਸਿੰਘ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਮਝ ਚੁੱਕੇ ਹਨ ਕਿ ਜੇਕਰ ਪੰਜਾਬ ਦਾ ਕੋਈ ਭਲਾ ਕਰ ਸਕਦਾ ਤਾਂ ਉਹ ਸਿਰਫ ਤੇ ਸਿਰਫ ਕਾਂਗਰਸ ਦੀ ਸਰਕਾਰ ਹੀ ਕਰ ਸਕਦੀ ਹੈ, ਕਿਉਂਕਿ ਪਾਰਟੀ ਨੇ ਹਮੇਸ਼ਾ ਹੀ ਲੋਕ ਹਿੱਤਾਂ ਨੂੰ ਅੱਗੇ ਰੱਖ ਕੇ ਰਾਜਨੀਤੀ ਕੀਤੀ ਹੈ, ਜਦਕਿ ਦੂਜੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਸਿਰਫ ਸੱਤਾ ਹਾਸਲ ਕਰਨ ਲਈ ਹੀ ਰਾਜਨੀਤੀ ਕਰਦੇ ਹਨ।ਉਨ੍ਹਾਂ ਕਿਹਾ ਕਿ ਝੂਠੇ ਲਾਰੇ ਲਾ ਕੇ ਪੰਜਾਬ ਦੀ ਵਾਗਡੋਰ ਸੰਭਾਲਣ ਲਈ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਧੋਖਾ ਕੀਤਾ ਹੈ, ਜਦਕਿ ਕਾਂਗਰਸ ਨੇ ਅਨੇਕਾਂ ਹੀ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਹੈ।ਉਕਤ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ।ਇਸ ਲਈ ਪੰਜਾਬ ਦੇ ਲੋਕ ਹੁਣ ਕਾਂਗਰਸ ਪਾਰਟੀ ਨੂੰ ਵੋਟਾਂ ਪਾ ਕੇ ਸੁਨਹਿਰੇ ਪੰਜਾਬ ਨੂੰ ਸਿਰਜਣ ਵਿੱਚ ਆਪਣਾ ਯੋਗਦਾਨ ਪਾਉਣਗੇ।

# ਗਿਆਨੀ ਗੁਰਜਿੰਦਰ ਸਿੰਘ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਨਿਯੁਕਤ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਧਾਰਮਿਕ ਗਤੀਵਿਧੀਆਂ ਤੇ ਮਰਯਾਦਾ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਲਈ ਗਿਆਨੀ ਗੁਰਜਿੰਦਰ ਸਿੰਘ ਨੂੰ ਨਵਾਂ ਹੈੱਡ ਗ੍ਰੰਥੀ ਨਿਯੁਕਤ ਕੀਤਾ ਗਿਆ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦੀਆਂ ਪੰਥਕ ਸੇਵਾਵਾਂ, ਗੁਰਮਤਿ ਦੀ ਡੂੰਘੀ ਸਮਝ ਤੇ ਧਾਰਮਿਕ ਯੋਗਤਾਵਾਂ ਨੂੰ ਮੁੱਖ ਰੱਖਦੇ ਹੋਏ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ?ਇਸ ਨਿਯੁਕਤੀ 'ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਧਾਰਮਿਕ ਜਥੇਬੰਦੀਆਂ ਤੇ ਸਥਾਨਕ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਹੈ।ਸੰਗਤਾਂ ਦਾ ਕਹਿਣਾ ਹੈ ਕਿ ਗਿਆਨੀ ਗੁਰਜਿੰਦਰ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਅੰਦਰ ਗੁਰਮਤਿ ਮਰਯਾਦਾ ਦਾ ਪ੍ਰਵਾਹ ਹੋਰ ਮਜ਼ਬੂਤੀ ਨਾਲ ਚੱਲੇਗਾ।ਆਪਣੀ ਇਸ ਨਵੀਂ ਨਿਯੁਕਤੀ 'ਤੇ ਸ਼ੁਕਰਾਨਾ ਪ੍ਰਗਟ ਕਰਦਿਆਂ ਗਿਆਨੀ ਗੁਰਜਿੰਦਰ ਸਿੰਘ ਨੇ ਕਿਹਾ ਕਿ ਉਹ ਗੁਰੂ ਘਰ ਦੀ ਮਰਯਾਦਾ ਤੇ ਸੰਗਤ ਦੀ ਸੇਵਾ ਪੂਰੀ ਤਨਦੇਹੀ, ਨਿਸ਼ਠਾ ਤੇ ਗੁਰਮਤਿ ਨਿਯਮਾਂ ਅਨੁਸਾਰ ਨਿਭਾਉਣਗੇ।

# ਸੇਰੋਂ ਖੰਡ ਮਿੱਲ ਮੁੜ ਚਾਲੂ ਕਰੋ : ਐੱਸ ਕੇ ਐੱਮ



ਝਬਾਲ (ਹਰਜਿੰਦਰ ਸਿੰਘ ਸੋਨੀ)- ਸੇਰੋਂ ਖੰਡ ਮਿੱਲ ਦੇ ਨੇੜੇ ਸ਼ੁੱਕਰਵਾਰ ਸਿੱਧੂ ਫ਼ਾਰਮ ਵਿੱਚ ਵਿੱਦਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਮੁਨੀਸ਼ ਸਿਸੋਦੀਆ ਇੱਕ ਸਮਾਗਮ ਕਰਨ ਪਹੁੰਚੇ ਤਾਂ ਸੰਯੁਕਤ ਕਿਸਾਨ ਮੋਰਚਾ ਵੱਲੋਂ ਸੇਰੋਂ ਖੰਡ ਮਿੱਲ ਮੁੜ ਚਾਲੂ ਕਰਾਉਣ ਲਈ ਚੱਲ ਰਹੇ ਪੱਕੇ ਮੋਰਚੇ ਦੇ ਕਿਸਾਨਾਂ ਵੱਲੋਂ ਮੰਤਰੀ ਨੂੰ ਖੰਡ ਮਿੱਲ ਮੁੜ ਚਾਲੂ ਕਰਨ ਦਾ ਵਾਅਦਾ ਪੂਰਾ ਕਰਨ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ, ਪਰ ਪ੍ਰਸ਼ਾਸਨ ਨੇ ਮੰਤਰੀ ਨੂੰ ਮਿਲਾਉਣ ਦਾ ਵਾਅਦਾ ਕਰਕੇ ਕਿਸਾਨਾਂ ਨੂੰ ਠਹਿਰਾਇਆ ਗਿਆ। ਜਦੋਂ ਕਿਸਾਨਾਂ ਨੂੰ ਸਮਝ ਪੈ ਗਈ ਕਿ ਇਹ ਸਿਰਫ਼ ਸਮਾਂ ਟਪਾਇਆ ਜਾ ਰਿਹਾ ਹੈ ਤਾਂ ਕਿਸਾਨ ਨਾਹਰੇ ਮਾਰਦਿਆਂ ਮੰਤਰੀ ਦੇ ਪ੍ਰੋਗਰਾਮ ਵੱਲ ਤੁਰ ਪਏ। ਨੈਸ਼ਨਲ ਹਾਈਵੇ 'ਤੇ ਚੜ੍ਹੇ ਕਿਸਾਨਾਂ ਨੂੰ ਰੋਕਣ ਲਈ ਪੁਲਸ ਨੇ ਕਾਫ਼ੀ ਕੋਸ਼ਿਸ਼ ਕੀਤੀ ਪਰ ਕਿਸਾਨ ਅੱਗੇ ਵਧਦੇ ਗਏ। ਹੋਰ ਪੁਲਸ ਫੋਰਸ ਦੇ ਆਉਣ ਨਾਲ ਪੁਲਸ ਦੀ ਨਾਕਾਬੰਦੀ ਨਾਲ ਕਿਸਾਨਾਂ ਦੀ ਕਾਫ਼ੀ ਖਿੱਚ ਧੂਹ ਹੋਈ।ਇਸ ਨਾਲ ਕੁੱਝ ਸਮੇਂ ਲਈ ਬਠਿੰਡਾ ਅੰਮ੍ਰਿਤਸਰ ਹਾਈਵੇ ਟ੍ਰੈਫਿਕ ਜਾਮ ਹੋ ਗਿਆ। ਕਿਸਾਨਾਂ ਨੇ ਇਸ ਨਾਕਾਬੰਦੀ 'ਤੇ ਮੰਤਰੀ ਹਰਜੋਤ ਸਿੰਘ ਬੈਂਸ ਤੇ ਸਿਸੋਦੀਆ ਦਾ ਪੁਤਲਾ ਫੂਕਿਆ। ਇਸ ਐਕਸ਼ਨ ਦੀ ਅਗਵਾਈ ਕਰਦਿਆਂ ਹਰਜਿੰਦਰ ਸਿੰਘ ਟਾਂਡਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਨਛੱਤਰ ਸਿੰਘ ਪੰਨੂ, ਦਲਜੀਤ ਸਿੰਘ ਦਿਆਲਪੁਰਾ, ਤਰਸੇਮ ਸਿੰਘ ਲੁਹਾਰ, ਮਲਕੀਅਤ ਸਿੰਘ ਬਘਿਆੜੀ, ਪਰਗਟ ਸਿੰਘ ਮਹਿਦੀਪੁਰ, ਇੰਦਰਜੀਤ ਸਿੰਘ ਮਰਹਾਨਾ ਨੇ ਕਿਹਾ ਕਿ ਸਰਕਾਰ ਇੰਨੀ ਤਾਨਾਸ਼ਾਹੀ ਵੱਲ ਵਧ ਰਹੀ ਹੈ ਕਿ ਹੱਕੀ ਮੰਗ ਪੱਤਰ ਵੀ ਲੈਣ ਲਈ ਇਸ ਦੇ ਮੰਤਰੀ ਤਿਆਰ ਨਹੀਂ ਹਨ। ਉਹਨਾਂ ਕਿਹਾ ਕਿ ਸ਼ੇਰੋਂ ਖੰਡ ਮਿੱਲ ਵਿੱਚ ਸੱਠ ਫੀਸਦੀ ਹਿੱਸਾ ਕਿਸਾਨਾਂ ਦਾ ਹੈ, ਪਰ ਸਰਕਾਰ ਨੇ ਮਿੱਲ ਦੀ ਜ਼ਮੀਨ ਹੋਰ ਵਿਭਾਗਾਂ ਨੂੰ ਤਬਦੀਲ ਕਰਨ ਸਮੇਂ ਕਿਸਾਨਾਂ ਨੂੰ ਪੁੱਛਿਆ ਵੀ ਨਹੀਂ। ਉਹਨਾਂ ਕਿਹਾ ਕਿ ਲੱਗਭਗ ਵੀਹ ਕਰੋੜ ਰੁਪਏ ਖੰਡ ਮਿੱਲ ਦੇ ਖਾਤੇ ਵਿੱਚ ਜਮ੍ਹਾਂ ਹਨ, ਜਿਸ ਨੂੰ ਖ਼ਰਚ ਕੇ ਸਰਕਾਰ ਇਸ ਮਿੱਲ ਬਿਨਾਂ ਕਿਸੇ ਖ਼ਰਚ ਦੇ ਮੁੜ ਚਾਲੂ ਕਰ ਸਕਦੀ ਹੈ। ਯਾਦ ਰਹੇ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਮਿੱਲ ਮੁੜ ਚਾਲੂ ਕਰਨ ਦਾ ਵਾਅਦਾ ਕੀਤਾ ਸੀ। ਪਰ ਹੁਣ ਇਸ ਮਿੱਲ ਦੀ ਲੱਗਭੱਗ ਸੌ ਏਕੜ ਜ਼ਮੀਨ ਖ਼ੁਰਦ ਬੁਰਦ ਕੀਤੀ ਜਾ ਰਹੀ ਹੈ । ਉਹਨਾਂ ਕਿਹਾ ਕਿ ਸਰਕਾਰ ਖੰਡ ਮਿੱਲ ਮੁੜ ਚਾਲੂ ਕਰਕੇ ਇਸ ਇਲਾਕੇ ਦੇ ਹਜ਼ਾਰਾਂ ਕਿਸਾਨਾਂ ਮਜ਼ਦੂਰਾਂ ਨੂੰ ਰੁਜ਼ਗਾਰ ਦੇ ਮੌਕੇ ਪੈਦਾ ਕਰੇ। ਮੋਰਚੇ ਦੇ 36ਵੇਂ ਦਿਨ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਬਲਕਾਰ ਸਿੰਘ ਵਲਟੋਹਾ, ਦਵਿੰਦਰ ਕੁਮਾਰ ਸੋਹਲ ਝਬਾਲ, ਮਨਜੀਤ ਸਿੰਘ ਬੱਗੂ, ਅੰਮ੍ਰਿਤ ਪਾਲ ਸਿੰਘ ਜੌੜਾ, ਹਰਜੀਤ ਸਿੰਘ ਸ਼ੀਤਾ, ਸੁਲੱਖਣ ਸਿੰਘ ਤੁੜ, ਸੁਖਬਾਜ ਸਿੰਘ ਸਿੱਧੂ, ਮੇਹਰ ਸਿੰਘ ਸਖੀਰਾ, ਮੁਖਤਾਰ ਸਿੰਘ ਮੱਲਾ, ਕਸ਼ਮੀਰ ਸਿੰਘ ਸ਼ੇਰੋਂ, ਅਮਰਜੀਤ ਸਿੰਘ ਸ਼ੇਰੋਂ ਸੁਖਚੈਨ ਸਿੰਘ ਸਰਹਾਲੀ,ਕੈਪਟਨ ਸਿੰਘ ਬਘਿਆੜੀ, ਜੱਸਾ ਸਿੰਘ ਕੱਦਗਿੱਲ ਸਮੇਤ ਕਈ ਆਗੂਆਂ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਖੰਡ ਮਿੱਲ ਮੁੜ ਚਾਲੂ ਕਰਨ ਦੀ ਮੰਗ ਕੀਤੀ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਮਨਾਇਆ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ

ਪਠਾਨਕੋਟ (ਦਵਿੰਦਰ ਸਿੰਘ)- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ ਚੇਅਰਮੈਨ ਕਮ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਨੀਸ਼ ਗਰਗ ਤੇ ਸੀ ਜੇ ਐਮ ਪ੍ਰਭਜੋਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਨਸ਼ਾ ਛੁਡਾਊ ਕੇਂਦਰ ਪਠਾਨਕੋਟ ਵਿਖੇ ਡਾ. ਰਮਨਦੀਪ ਕੌਰ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਪੈਨਲ ਐਡਵੋਕੇਟ ਰੋਮਿਕਾ ਅਤੇ ਪੀ ਐਲ ਵੀ ਵਿਨੋਦ ਕੁਮਾਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਇਸ ਮੌਕੇ ਬੁਲਾਰਿਆਂ ਵੱਲੋਂ ਨਸ਼ਾ ਛੁਡਾਊ ਕੇਂਦਰ ਵਿੱਚ ਮਰੀਜ਼ਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਉਨਾਂ ਨੂੰ ਮੂਵੀ ਦਿਖਾ ਕੇ ਨਸ਼ੇ ਦੇ ਮਾੜੇ ਅਸਰ ਬਾਰੇ ਵੀ ਜਾਣੂ ਕਰਵਾਇਆ ਗਿਆ। ਬੁਲਾਰਿਆਂ ਵੱਲੋਂ ਨਸ਼ਾ ਛੁਡਾਊ ਕੇਂਦਰ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਰੀਜ਼ਾਂ ਨੂੰ ਮੁਫਤ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਉਹਨਾਂ ਦੱਸਿਆ ਕਿ ਐਨ ਡੀ ਪੀ ਸੀ ਐਕਟ 27/61/85 ਤਹਿਤ ਜਿਹੜੇ ਵੀ ਮਰੀਜ਼ ਹੁੰਦੇ ਹਨ, ਉਹਨਾਂ ਨੂੰ ਅਥਾਰਟੀ ਵੱਲੋਂ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ। ਇਸ ਮੌਕੇ ਕੌਂਸਲਰ ਮਨਭਾਵਨ ਸਿੰਘ, ਕੁਸਮ ਮਲਪੋਤਰਾ, ਰੋਹਿਤ ਕੁਮਾਰ, ਜਸਬੀਰ ਸਿੰਘ, ਰਾਹੁਲ, ਅਜੇ ਕੁਮਾਰ, ਹਰਵਿੰਦਰ ਕੌਰ ਆਦਿ ਸ਼ਾਮਲ ਸਨ।

# 30 ਨੂੰ ਮੁੱਖ ਮੰਤਰੀ ਨੂੰ ਭੇਜਿਆ ਜਾਵੇਗਾ ਯਾਦ ਪੱਤਰ



ਬਟਾਲਾ/ਧਾਰੀਵਾਲ (ਤਰਲੋਕ ਬੱਗਾ/ਮਨਦੀਪ ਵਿੱਕੀ)-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਪੰਡੋਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਫ਼ੈਸਲਾ ਕੀਤਾ ਗਿਆ ਕਿ 30 ਜੂਨ ਨੂੰ ਗੁਰੂ ਨਾਨਕ ਪਾਰਕ ਇਕੱਠੇ ਹੋ ਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਂ ਯਾਦ ਪੱਤਰ ਦਿੱਤਾ ਜਾਵੇਗਾ।ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਸ਼ਮਸ਼ੇਰ ਸਿੰਘ ਬਟਾਲਾ ਸੂਬਾ ਵਿੱਤ ਸਕੱਤਰ ਦਿਹਾਤੀ ਮਜ਼ਦੂਰ ਸਭਾ, ਵਿਜੇ ਸੋਹਲ ਸੂਬਾ ਸਕੱਤਰ ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਬਲਬੀਰ ਸਿੰਘ ਮੱਲ੍ਹੀ ਜ਼ਿਲ੍ਹਾ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਮੇਜਰ ਸਿੰਘ ਕੋਟ ਟੋਡਰਮੱਲ ਸੂਬਾ ਆਗੂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਹੰਸਾ ਸਿੰਘ ਤੇ ਧੀਰ ਸਿੰਘ ਚਿਤੌੜਗੜ੍ਹ ਜ਼ਿਲ੍ਹਾ ਆਗੂ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਨੇ ਕਿਹਾ ਕਿ ਇਹਨਾਂ ਯਾਦ ਪੱਤਰਾਂ ਰਾਹੀਂ ਪੰਜਾਬ ਸਰਕਾਰ ਨੂੰ ਯਾਦ ਕਰਵਾਇਆ ਜਾਵੇਗਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ, ਪੱਕੇ ਰੁਜ਼ਗਾਰ ਲਈ, ਮਨਰੇਗਾ ਤਹਿਤ ਪੂਰੇ ਸਾਲ ਦੇ ਵਾਸਤੇ ਕੰਮ ਅਤੇ ਘੱਟੋ-ਘੱਟ ਦਿਹਾੜੀ 700 ਕਰਨ ਦੀ ਮੰਗ ਕਰ ਰਹੇ ਹਨ, ਚੋਣ ਗਰੰਟੀਆਂ ਪੂਰੀਆਂ ਕਰਨ ਅਤੇ ਔਰਤਾਂ ਦੇ ਖਾਤੇ ਵਿੱਚ ਬਕਾਏ ਸਮੇਤ ਪੈਸੇ ਪਾਉਣ, ਬੁੱਢਾਪਾ-ਵਿਧਵਾ, ਅੰਗਹੀਣ ਤੇ ਆਸ਼ਰਿਤ ਪੈਨਸ਼ਨ 5000 ਕਰਨ , ਕੇਂਦਰ ਸਰਕਾਰ ਵਲੋਂ ਲਾਗੂ ਕੀਤੇ ਜੀ ਰਾਮ ਜੀ ਕਾਨੂੰਨ ਅਤੇ ਕਿਰਤ ਕਾਨੂੰਨਾਂ ਦੀ ਥਾਂ ਬਣਾਏ ਚਾਰ ਲੇਬਰ ਕੋਡ ਰੱਦ ਕਰਨ, ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ, ਪੰਚਾਇਤੀ ਜ਼ਮੀਨ 'ਚੋਂ ਤੀਸਰੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਵਰਗੀਆਂ ਬੁਨਿਆਦੀ ਅਤੇ ਹੱਕੀ ਮੰਗਾਂ ਵਾਸਤੇ ਮਜ਼ਦੂਰ ਲਗਾਤਾਰ ਸੰਘਰਸ਼ ਕਰ ਰਹੇ ਹਨ ਪਰ ਬਦਲਾਅ ਦਾ ਨਾਹਰਾ ਦੇਣ ਵਾਲੀ ਆਪ ਸਰਕਾਰ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਕੇ ਮਜ਼ਦੂਰਾਂ ਨਾਲ ਵਿਤਕਰਾ ਕਰ ਰਹੀ ਹੈ। ਸਰਕਾਰ ਮਜ਼ਦੂਰ ਮੰਗਾਂ ਦੀ ਜਿੱਥੇ ਅਣਦੇਖੀ ਕਰ ਰਹੀ ਹੈ ਉੱਥੇ ਹੱਕ ਮੰਗਦੇ ਹਰ ਤਬਕੇ ਦੇ ਸੰਘਰਸ਼ ਨੂੰ ਡਾਂਗ ਦੇ ਜ਼ੋਰ ਦਬਾਇਆ ਜਾ ਰਿਹਾ ਹੈ। ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਪੈਟਰੋਲ ਡੀਜ਼ਲ, ਰਸੋਈ ਗੈਸ ਅਤੇ ਹੋਰ ਚੀਜ਼ਾਂ ਦੀਆਂ ਕੀਮਤਾਂ ਵਿੱਚ ਕੀਤੇ ਜਾ ਰਹੇ ਵਾਧੇ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਅਸਲ ਵਿਚ ਜੰਗੀ ਮਹੌਲ ਦੇ ਬਹਾਨੇ ਵੱਡੇ ਸਰਮਾਏਦਾਰਾਂ ਨੂੰ ਕਿਰਤੀ ਲੋਕਾਂ ਦੀ ਲੁੱਟ ਕਰਨ ਦੀ ਖੁੱਲ੍ਹ ਦੇ ਕੇ ਭਾਰਤੀ ਹਕੂਮਤ ਨੇ ਆਪਣਾ ਲੋਕ ਵਿਰੋਧੀ ਅਤੇ ਸਾਮਰਾਜ ਪੱਖੀ ਚਿਹਰਾ ਇਕ ਵਾਰ ਫਿਰ ਨੰਗਾ ਕਰ ਲਿਆ ਹੈ। ਮੀਟਿੰਗ ਵਿੱਚ ਸੁਪਰੀਮ ਕੋਰਟ ਵੱਲੋਂ ਅਨੁਸੂਚਿਤ ਜਾਤੀ ਅਤੇ ਜਨਜਾਤੀ ਉਪਰ ਜ਼ੁਲਮ ਰੋਕੂ ਐਕਟ 1989 ਨੂੰ ਸੋਧਾਂ ਰਾਹੀਂ ਕਮਜ਼ੋਰ ਕੀਤਾ ਜਾ ਰਿਹਾ ਹੈ। ਸੋਧਾਂ ਵਾਪਸ ਲੈਣ ਦੀ ਵੀ ਮੰਗ ਕੀਤੀ ਗਈ।ਆਗੂਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਚ ਮਜ਼ਦੂਰ ਮੰਗਾਂ ਮਨਵਾਉਣ ਅਤੇ ਮਹਿੰਗਾਈ ਵਿਰੁੱਧ ਪੰਜਾਬ ਅੰਦਰ ਵੱਡਾ ਮਜ਼ਦੂਰ ਅੰਦੋਲਨ ਖੜ੍ਹਾ ਕੀਤਾ ਜਾਵੇਗਾ। ਮੀਟਿੰਗ ਵਿੱਚ ਮਜ਼ਦੂਰ ਆਗੂ ਠਾਕਰ ਧਿਆਨ ਸਿੰਘ, ਗੁਲਜ਼ਾਰ ਸਿੰਘ ਭੁੰਬਲੀ ਆਦਿ ਹਾਜ਼ਰ ਸਨ।

## ਸ਼ਹੀਦ ਊਧਮ ਸਿੰਘ ਸਕਿੱਲ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਦਾ ਐਕਟ ਪਾਸ ਕਰਨ ਲਈ 31 ਜੁਲਾਈ ਨੂੰ ਵਿਸ਼ੇਸ਼ ਵਿਧਾਨ ਸਭਾ ਸੈਸ਼ਨ ਬੁਲਾਉਣ ਦੀ ਮੰਗ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਕੌਮੀ ਅਣਖ ਦੇ ਪ੍ਰਤੀਕ ਸ਼ਹੀਦ ਊਧਮ ਸਿੰਘ ਦੀ ਪਵਿੱਤਰ ਯਾਦ ਨੂੰ ਸਮਰਪਿਤ ਕੰਬੋਜ ਭਾਈਚਾਰੇ ਵੱਲੋਂ ਜ਼ਿਲ੍ਹਾ ਕਪੂਰਥਲਾ ਦੇ ਸੁਭਾਨਪੁਰ ਵਿਖੇ ਇੱਕ ਨਿਵੇਕਲੀ ਅਤੇ ਅੰਤਰਰਾਸ਼ਟਰੀ ਪੱਧਰ ਦੀ ਊਧਮ ਸਿੰਘ ਸ਼ਹੀਦ ਸਕਿੱਲ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਸਥਾਪਿਤ ਕੀਤੀ ਜਾ ਰਹੀ ਹੈ। ਇਸ ਮਹਾਨ ਪ੍ਰੋਜੈਕਟ ਨੂੰ ਕਾਨੂੰਨੀ ਅਮਲ ਵਿੱਚ ਲਿਆਉਣ ਅਤੇ ਯੂਨੀਵਰਸਿਟੀ ਐਕਟ 2026 ਪਾਸ ਕਰਨ ਲਈ ਸ਼ਹੀਦ ਦੇ ਸ਼ਹਾਦਤ ਦਿਵਸ (31 ਜੁਲਾਈ 2026) ਮੌਕੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸਦਨ ਬੁਲਾਉਣ ਦੀ ਮੰਗ ਕੀਤੀ ਗਈ ਹੈ।ਇਸ ਸਬੰਧ ਵਿੱਚ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਡਾ. ਮੰਗਲ ਸਿੰਘ ਕਿਸ਼ਨਪੁਰੀ ਦੀ ਅਗਵਾਈ ਹੇਠ ਇੱਕ ਉੱਚ ਪੱਧਰੀ ਵਫ਼ਦ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਇੱਕ ਵਿਸ਼ੇਸ਼ ਮੰਗ ਪੱਤਰ ਸੌਂਪਿਆ। ਇਹ ਅੰਤਰਰਾਸ਼ਟਰੀ ਪੱਧਰ ਦੀ ਯੂਨੀਵਰਸਿਟੀ ਫਾਊਂਡਰ ਚਾਂਸਲਰ ਡਾਕਟਰ ਸੰਦੀਪ ਸਿੰਘ ਕੌੜਾ ਦੀ ਯੋਗ ਅਤੇ ਕੁਸ਼ਲ ਅਗਵਾਈ ਹੇਠ ਆਪਣਾ ਪਹਿਲਾ ਵਿਦਿਅਕ ਵਰ੍ਹਾ ਸ਼ੁਰੂ ਕਰਨ ਜਾ ਰਹੀ ਹੈ। ਇਹ ਯੂਨੀਵਰਸਿਟੀ ਇਲਾਕੇ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਅਤੇ ਉਦਯੋਗਿਕ ਖੇਤਰ ਵਿੱਚ ਨਵੇਂ ਰਾਹ ਖੋਲ੍ਹਣ ਲਈ ਮੀਲ ਦਾ ਪੱਥਰ ਸਾਬਤ ਹੋਵੇਗੀ।ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵਫ਼ਦ ਵੱਲੋਂ ਲਿਆਂਦੇ ਇਸ ਨਿਵੇਕਲੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਬੜੀ ਖ਼ੁਸ਼ੀ ਨਾਲ ਮੰਗ ਪੱਤਰ ਪ੍ਰਾਪਤ ਕੀਤਾ। ਉਨ੍ਹਾਂ ਭਾਈਚਾਰੇ ਨੂੰ ਇਸ ਨੇਕ ਕਾਰਜ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਮਾਮਲੇ ਦੀ ਅਹਿਮੀਅਤ ਨੂੰ ਦੇਖਦਿਆਂ ਤੁਰੰਤ ਇਸ ਮੰਗ ਪੱਤਰ ਨੂੰ ਮੁੱਖ ਮੰਤਰੀ ਪੰਜਾਬ ਵੱਲ ਰੈਫ਼ਰ ਕਰ ਦਿੱਤਾ।ਇਸ ਮੁਲਾਕਾਤ ਦੌਰਾਨ ਵਫ਼ਦ ਵਿੱਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ ਜਿਨ੍ਹਾਂ ਵਿੱਚ ਸਵਿੰਦਰ ਸਿੰਘ ਚਾਂਦੀ, ਐਮ.ਸੀ. ਮਨਦੀਪ ਸਿੰਘ ਧੋਤ, ਅਮਰ ਸਿੰਘ, ਜੁਆਇੰਟ ਕੈਸ਼ੀਅਰ ਅਰਸ਼ਦੀਪ ਸਿੰਘ ਸਮੇਤ ਕੰਬੋਜ ਫਾਊਂਡੇਸ਼ਨ ਦੇ ਹੋਰ ਕਈ ਸੀਨੀਅਰ ਆਗੂ ਅਤੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮਾਵਾਂ ਧੀਆਂ ਸਤਿਕਾਰ ਸਕੀਮ ਤਹਿਤ ਔਰਤਾਂ ਨੂੰ 1000 ਰੁਪਏ ਪਹਿਲੀ ਤੋਂ ਮਿਲਣਗੇ: ਗਿੱਲ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੀਆਂ ਪੰਚਾਇਤਾਂ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਪਿੰਡਾਂ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਣ ਲਈ 15 ਅਗਸਤ ਤੋਂ ਪੰਜਾਬ ਦੇ ਸਾਰੇ ਸਰਪੰਚਾਂ ਨੂੰ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਦਿੱਤਾ ਜਾ ਰਿਹਾ ਹੈ ਜਿਸ ਨਾਲ ਸਰਪੰਚਾਂ ਵਿੱਚ ਨਵਾਂ ਜੋਸ਼ ਆਵੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਬਲਬੀਰ ਸਿੰਘ ਗਿੱਲ ਵੱਲੋਂ ਸ਼ੁੱਕਰਵਾਰ ਪਿੰਡ ਸਾਧਪੁਰ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ ਕਰਨ ਨੂੰ ਮੌਕੇ ਸੰਬੋਧਨ ਕਰਦਿਆਂ ਕੀਤਾ। ਪਿੰਡ ਵਾਸੀਆਂ ਦੇ ਹਿਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਪੂਰਾ ਕਰਨਾ ਸਰਪੰਚਾਂ ਦਾ ਮੁਢਲਾ ਫ਼ਰਜ਼ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਿੰਡ ਦੇ ਵਿਕਾਸ ਕਾਰਜਾਂ ਲਈ ਪੰਚਾਇਤ ਨੂੰ ਸਹਿਯੋਗ ਕਰਨ ਤਾਂ ਜੋ ਸਰਕਾਰ ਵਲੋਂ ਵਿਕਾਸ ਕਾਰਜਾਂ ਲਈ ਜਾਰੀ ਕੀਤੀਆਂ ਗ੍ਰਾਂਟਾਂ ਦੀ ਸਹੀ ਢੰਗ ਨਾਲ ਵਰਤੋਂ ਕੀਤੀ ਜਾ ਸਕੇ। ਉਨ੍ਹਾਂ ਨਸ਼ਾ ਮੁਕਤੀ ਮੁਹਿੰਮ ਵਿਚ ਪੰਚਾਇਤ ਨੂੰ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਮਾਰ ਤੋਂ ਬਚਾਉਣ ਲਈ ਪਿੰਡ ਪੱਧਰ 'ਤੇ ਹੋਰ ਯਤਨ ਤੇਜ਼ ਕਰਨ ਦੀ ਲੋੜ ਹੈ। ਭਗਵੰਤ ਮਾਨ ਦੀ ਵਿਵਾਦਤ ਵੀਡੀਓ ਤੇ ਬੋਲਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਮਾਨ ਵੱਲੋਂ ਬੇਅਦਬੀ ਕਾਨੂੰਨ ਹੋਂਦ ਵਿੱਚ ਲਿਆਂਦਾ ਗਿਆ ਹੈ, ਉਸ ਤੋਂ ਵਿਰੋਧੀ ਬੁਖਲਾਏ ਹੋਏ ਹਨ। ਇਸ ਲਈ ਉਹ ਇਹੋ ਜਿਹੀਆਂ ਜਾਅਲੀ ਵੀਡੀਓ ਬਣਾ ਕੇ ਲੋਕਾਂ ਨੂੰ ਗੁਮਰਾਹ ਕਰਨ ਦਾ ਯਤਨ ਕਰ ਰਹੇ ਹਨ। ਮੁੱਖ ਮੰਤਰੀ ਵੱਲੋਂ ਮਾਵਾਂ ਧੀਆਂ ਦੇ ਸਤਿਕਾਰ ਵਜੋਂ ਸ਼ੁਰੂ ਕੀਤੀ ਸਕੀਮ ਤਹਿਤ ਇਕ ਤਰੀਕ ਤੋਂ ਬੀਬੀਆਂ ਦੇ ਖਾਤੇ ਵਿੱਚ 1000 ਅਤੇ 1500 ਆਉਣਾ ਸ਼ੁਰੂ ਹੋ ਜਾਵੇਗਾ। ਅਖੀਰ ਵਿੱਚ ਉਹਨਾਂ ਪਿੰਡ ਦੀ ਪੰਚਾਇਤ ਨੂੰ ਛੱਪੜ ਦੇ ਵਿਕਾਸ ਲਈ 15 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ ।

## ਵਿਸ਼ੇਸ਼ ਵੋਟਰ ਸੂਚੀ ਪੁਨਰ-ਸੋਧ ਸਬੰਧੀ ਸ਼ਿਕਾਇਤਾਂ ਲਈ ਹੈਲਪਡੈਸਕ 7 ਦਿਨ ਰਹੇਗਾ ਖੁੱਲ੍ਹਾ: ਡੀ ਸੀ



ਪਠਾਨਕੋਟ (ਦਵਿੰਦਰ ਸਿੰਘ) ਡਾ. ਪਲਵੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਪਠਾਨਕੋਟ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ ਆਈ ਆਰ ਤਹਿਤ ਬੀ.ਐਲ.ਓਜ਼ ਵੱਲੋਂ 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾ ਕੇ ਵੋਟਰਾਂ ਦੀ ਤਸਦੀਕ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਆਮ ਜਨਤਾ ਅਤੇ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਚੋਣ ਦਫ਼ਤਰ, ਪਠਾਨਕੋਟ ਵਿਖੇ ਸਥਾਪਤ ਕੀਤਾ ਗਿਆ ਹੈ, ਜੋ ਹਫ਼ਤੇ ਦੇ ਸਾਰੇ ਸੱਤ ਦਿਨ ਸਵੇਰੇ 8:00 ਵਜੇ ਤੋਂ ਸ਼ਾਮ 8:00 ਵਜੇ ਤੱਕ ਖੁੱਲ੍ਹਾ ਰਹੇਗਾ। ਐਸ ਆਈ ਆਰ ਨਾਲ ਸੰਬੰਧਤ ਕਿਸੇ ਵੀ ਜਾਣਕਾਰੀ, ਸੁਝਾਅ, ਸ਼ਿਕਾਇਤ ਜਾਂ ਹੋਰ ਚੋਣ ਸੰਬੰਧੀ ਜਾਣਕਾਰੀ ਲਈ ਹੈਲਪਲਾਈਨ ਨੰਬਰ 1950, 0186-1950, 0186-2345078 ਜਾਂ ਈ-ਮੇਲ 'ਤੇ ਸੰਪਰਕ ਕੀਤਾ ਜਾ ਸਕਦਾ ਹੈ।ਜ਼ਿਲ੍ਹਾ ਪੱਧਰ 'ਤੇ ਐਸ ਆਈ ਆਰ ਸਬੰਧੀ ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਪਠਾਨਕੋਟ ਨੂੰ ਜ਼ਿਲ੍ਹਾ ਸ਼ਿਕਾਇਤ ਨਿਵਾਰਨ ਅਫ਼ਸਰ ਅਤੇ ਮੁੱਖ ਖੇਤੀਬਾੜੀ ਅਫ਼ਸਰ, ਪਠਾਨਕੋਟ ਨੂੰ ਸਹਾਇਕ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ।

# ਬੁੱਧਿਸਟ ਸੁਸਾਇਟੀ ਗੁਰਦਾਸਪੁਰ ਇਕਾਈ ਵੱਲੋਂ ਭੁੱਖ ਹੜਤਾਲ ਤੇ ਧਰਨਾ ਪ੍ਰਦਰਸ਼ਨ



ਗੁਰਦਾਸਪੁਰ (ਦਿਨੇਸ਼ ਕੁਮਾਰ)- ਬੁੱਧਿਸ਼ਟ ਸੋਸਾਇਟੀ ਆਫ ਇੰਡੀਆ ਦੀ ਗੁਰਦਾਸਪੁਰ ਇਕਾਈ ਵੱਲੋਂ ਪਿਛਲੇ ਦੋ ਸਾਲ ਤੋਂ ਚੱਲ ਰਹੇ ਬੋਧ ਗਯਾ ਮੁਕਤੀ ਅੰਦੋਲਨ ਤਹਿਤ ਦੇਸ਼ ਵਿਆਪੀ ਇੱਕ ਰੋਜ਼ਾ ਭੁੱਖ ਹੜਤਾਲ ਅਤੇ ਧਰਨਾ ਪ੍ਰਦਰਸ਼ਨ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਕੀਤਾ ਗਿਆ। ਜਿਸ ਵਿੱਚ ਐਡਵੋਕੇਟ ਸੁਰਿੰਦਰ ਚੌਧਰੀ, ਜਨਰਲ ਸਕੱਤਰ (ਨਾਰਥ ਇੰਡੀਆ) ਬੁੱਧਿਸ਼ਟ ਸੋਸਾਇਟੀ ਆਫ ਇੰਡੀਆ ਨੇ ਦੱਸਿਆ ਕਿ ਬੋਧ ਗਯਾ ਮੰਦਰ ਜੋ ਬਿਹਾਰ ਰਾਜ ਦੇ ਗਯਾ ਸ਼ਹਿਰ ਸਥਿਤ ਹੈ ਤੇ ਤਥਾਗਤ ਸਿਧਾਰਥ ਗੌਤਮ ਬੁੱਧ ਦੀ ਗਿਆਨ ਪ੍ਰਾਪਤੀ ਦਾ ਸਥਾਨ ਹੈ ਜੋ ਵਿਸ਼ਵ ਭਰ ਦੇ ਬੋਧੀਆਂ ਲਈ ਸਰਬਉੱਚ ਧਾਰਮਿਕ ਪਵਿੱਤਰ ਸਥਾਨ ਹੈ ।

ਪੰਜਾਬ ਪ੍ਰਧਾਨ ਮੇਜਰ ਸੋਮ ਨਾਥ ਨੇ ਦੱਸਿਆ ਕਿ ਬਿਹਾਰ ਦੇ ਮੰਦਰਾਂ ਦੇ ਪ੍ਰਬੰਧਨ ਲਈ ਬੋਧ ਗਯਾ ਟੈਂਪਲ ਐਕਟ 1949 ਬਣਾਇਆ ਗਿਆ ਸੀ ਤੇ ਬੋਧੀਆਂ ਦਾ ਸਰਬਉੱਚ ਧਾਰਮਿਕ ਕੇਂਦਰ ਬੋਧ ਗਯਾ ਮੰਦਰ ਵੀ ਇਸ ਐਕਟ ਅਧੀਨ ਲਿਆਂਦਾ ਗਿਆ ਅਤੇ ਮੰਦਰ ਦਾ ਪ੍ਰਬੰਧਨ 9 ਮੈਂਬਰੀ ਕਮੇਟੀ ਦੁਆਰਾ ਕੀਤਾ ਜਾਂਦਾ ਹੈ ਜਿਸ ਵਿਚ 4 ਮੈਂਬਰ ਹਿੰਦੂ ਅਤੇ 4 ਮੈਂਬਰ ਬੋਧੀ ਲਏ ਜਾਂਦੇ ਹਨ ਤੇ 1 ਮੈਂਬਰ ਜੋ ਕਮੇਟੀ ਦਾ ਡੀ-ਫੈਕਟੋ ਚੇਅਰਮੈਨ ਹੈ ਉਹ ਜਿਲ੍ਹੇ ਦਾ ਡਿਪਟੀ ਕਮਿਸ਼ਨਰ ਰਹਿੰਦਾ ਹੈ ਜੋ ਕਿ ਸਰਾਸਰ ਧੱਕੇਸ਼ਾਹੀ ਹੈ ਤੇ ਦੂਜੇ ਧਰਮ ਦੁਆਰਾ ਬੋਧ ਧਰਮ ਵਿੱਚ ਨਾਜਾਇਜ਼ ਦਖਲ ਹੈ ਜੋ ਬੋਧੀਆਂ ਲਈ ਨਾ ਕਾਬਿਲੇ ਬਰਦਾਸ਼ਤ ਹੈ। ਇਸ ਮੌਕੇ ਸਟੇਟ ਵਾਈਸ ਪ੍ਰਧਾਨ ਨੰਦ ਲਾਲ ਕਲਿਆਣਪੁਰੀ ਨੇ ਦੱਸਿਆ ਕਿ ਬੋਧੀ ਭਾਈਚਾਰੇ ਦੇ ਲੋਕ ਪਿਛਲੇ ਦੋ ਸਾਲ ਤੋਂ ਮੰਗ ਕਰ ਰਹੇ ਹਨ ਕਿ ਬੋਧ ਗਯਾ ਸਾਡਾ ਪਵਿੱਤਰ ਕੇਂਦਰੀ ਧੰਮ ਸਥਲ ਹੈ ਜਿਸ ਦੇ ਪ੍ਰਬੰਧਨ ਦਾ ਅਧਿਕਾਰ ਸਿਰਫ ਤੇ ਸਿਰਫ ਬੋਧੀਆਂ ਕੋਲ ਹੋਣਾ ਚਾਹੀਦਾ ਹੈ । ਬੁਲਾਰਿਆ ਨੇ ਮੰਗ ਕੀਤੀ ਕਿ ਬਿਹਾਰ ਸਰਕਾਰ ਅਤੇ ਭਾਰਤ ਸਰਕਾਰ ਵਿਸ਼ੇ ਦੀ ਗੰਭੀਰਤਾ ਨੂੰ ਸਮਝਦੇ ਹੋਏ ਆਪਣੇ ਪੱਖਪਾਤੀ ਰਵੱਈਏ ਨੂੰ ਤਿਆਗ ਕੇ ਬੋਧ ਗਯਾ ਟੈਂਪਲ ਐਕਟ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰੇ ਅਤੇ ਬੋਧ ਗਯਾ-ਧੰਮ ਸਥੱਲ ਦਾ ਪ੍ਰਬੰਧਨ ਬੋਧੀਆਂ ਨੂੰ ਵਾਪਸ ਕਰੇ । ਇਸ ਮੌਕੇ ਕਸਤੂਰੀ ਲਾਲ, ਕੇਵਲ ਕ੍ਰਿਸ਼ਨ ਸਰੰਗਲ, ਮਦਨ ਗੋਪਾਲ, ਭੈਣ ਮੋਨਿਕਾ ਬੋਧ, ਭੈਣ ਕਮਲੇਸ਼ ਬੋਧ, ਸੁਮਨ ਕੁਮਾਰੀ, ਰਕੇਸ਼ ਗੋਰੀ, ਰਾਜ ਪਾਲ, ਤਰਸੇਮ ਲਾਲ, ਮੋਹਨ ਲਾਲ, ਹਰਜੀਤ ਸਿੰਘ, ਜੰਗ ਬਹਾਦੁਰ, ਤਜਿੰਦਰ ਭਗਤ, ਡਾ.ਰਤਨ ਚੰਦ ਲੇਹਲ, ਐਡਵੋਕੇਟ ਸੁਮਨ ਕਤਰੂ ਵੀ ਹਾਜ਼ਰ ਸਨ ।

## ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਨਸ਼ਾ ਮੁਕਤ ਸਮਾਜ ਦਾ ਸੰਕਲਪ




ਧਾਰੀਵਾਲ (ਮਨਦੀਪ ਵਿੱਕੀ)-ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ ਅਕਾਲ ਅਕੈਡਮੀ ਤਿੱਬੜ (ਜ਼ਿਲ੍ਹਾ ਗੁਰਦਾਸਪੁਰ) ਵਿਖੇ ਅਸੀਂ ਨਸ਼ਾ ਮੁਕਤ ਹਾਂ ਵਿਸ਼ਵ ਰਿਕਾਰਡ ਮੁਹਿੰਮ ਅਧੀਨ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਰਬਸ਼ਕਤੀਮਾਨ ਪਰਮਾਤਮਾ ਦੀ ਕਿਰਪਾ ਅਤੇ ਕਲਗੀਧਰ ਟਰੱਸਟ ਦੀ ਰਹਿਨੁਮਾਈ ਹੇਠ ਅਕਾਲ ਅਕੈਡਮੀ ਤਿੱਬੜ ਦੇ ਕੈਂਪਸ ਵਿੱਚ ਸਵੇਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇੱਕੋ ਸਮੇਂ ਨਸ਼ਾ-ਮੁਕਤ, ਸਿਹਤਮੰਦ ਅਤੇ ਨੈਤਿਕ ਕਦਰਾਂ-ਕੀਮਤਾਂ ਵਾਲੇ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕੀ। ਇਸ ਮੌਕੇ ਅਕਾਲ ਅਕੈਡਮੀ ਤਿੱਬੜ ਦੇ ਪ੍ਰਿੰਸੀਪਲ ਗੁਰਵਿੰਦਰ ਕੌਰ, ਵਿਦਿਆਰਥੀਆਂ, ਅਧਿਆਪਕਾਂ ਅਤੇ ਪੂਰੇ ਸਟਾਫ਼ ਨੇ ਪੂਰੇ ਉਤਸ਼ਾਹ ਨਾਲ ਇਸ ਮੁਹਿੰਮ ਵਿੱਚ ਹਿੱਸਾ ਲੈਂਦਿਆਂ ਨਸ਼ਾ-ਮੁਕਤ ਪੰਜਾਬ ਅਤੇ ਨਸ਼ਾ-ਮੁਕਤ ਭਾਰਤ ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਪ੍ਰਗਟਾਈ। ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਕਿ ਇਸ ਇਤਿਹਾਸਕ ਪਹਿਲ ਕਦਮੀ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾਉਣਾ ਹੈ। ਉਹਨਾਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਅਤੇ ਚੰਗੇ ਨਾਗਰਿਕ ਬਣਨ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਇਸ ਵਿਸ਼ਵ ਰਿਕਾਰਡ ਪਹਿਲ ਨੂੰ ਸਫਲ ਬਣਾਉਣ ਲਈ ਸਾਰਿਆਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ।ਇਸ ਮੌਕੇ ਡਾ. ਰਮਿੰਦਰਪਾਲ ਸਿੰਘ ਕਾਹਲੋਂ, ਓਂਕਾਰ ਸਿੰਘ ਕੁਆਰਡੀਨੇਟਰ, ਐਸ.ਐਮ. ਕਾਲਜ ਫ਼ਾਰ ਵੂਮੈਨ, ਕਾਹਨੂੰਵਾਨ ਵਿਸ਼ੇਸ਼ ਮਹਿਮਾਨਾਂ ਦੇ ਤੌਰ 'ਤੇ ਹਾਜ਼ਰ ਹੋਏ ਅਤੇ ਇਸ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕੀਤੀ।

## ਚੰਗੇ ਨੰਬਰ ਪ੍ਰਾਪਤ ਕਰਨ 'ਤੇ ਐੱਲ ਐੱਲ ਬੀ ਵਿਦਿਆਰਥੀ ਸਨਮਾਨਤ



ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )-ਐਲ ਐਲ ਬੀ ਦੇ ਫਾਈਨਲ ਨਤੀਜਿਆਂ ਵਿੱਚ ਅਮਰਪ੍ਰੀਤ ਕੌਰ ਪੁੱਤਰੀ ਬਲਵੀਰ ਸਿੰਘ ਮੱਲ੍ਹੀ ਵੱਲੋਂ ਚੰਗੇ ਨੰਬਰਾਂ ਵਿੱਚ ਪਾਸ ਕਰਨ 'ਤੇ ਗੁਰਦੁਆਰਾ ਟਾਲੀ ਸਾਹਿਬ ਗਾਹਲੜੀ ਵਿਖੇ ਪਰਵਾਰਕ ਮੈਂਬਰਾਂ ਸਮੇਤ ਨਤਮਸਤਕ ਹੋ ਕੇ ਸ਼ੁਕਰਾਨਾ ਕੀਤਾ ਗਿਆ ਅਤੇ ਅਗਲੇ ਕਾਰਜ ਖੇਤਰ ਲਈ ਹੱਕ ਸੱਚ ਤੇ ਇਨਸਾਫ ਲਈ ਗੁਰੂ ਗ੍ਰੰਥ ਸਾਹਿਬ ਦੇ ਸਨਮੁਖ ਹੁੰਦਿਆਂ ਗੁਰੂ ਸਾਹਿਬ ਦੇ ਆਸ਼ੇ ਅਨੁਸਾਰ ਚੱਲਣ ਲਈ ਅਰਦਾਸ ਬੇਨਤੀ ਕੀਤੀ ਗਈ।

ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਗਿਆਨੀ ਹਰਜੀਤ ਸਿੰਘ ਵੱਲੋਂ ਅਮਨਪ੍ਰੀਤ ਕੌਰ ਨੂੰ ਸਿਰੋਪਾਓ ਤੇ ਬਾਬਾ ਸ੍ਰੀ ਚੰਦ ਜੀ ਦੀ ਯਾਦਗਾਰੀ ਤਸਵੀਰ ਦੇ ਕੇ ਸਨਮਾਨਤ ਕੀਤਾ ਗਿਆ। ਉਹਨਾਂ ਕਿਹਾ ਕਿ ਵਿਦਿਆਰਥੀਆਂ ਵੱਲੋਂ ਕੀਤੀਆਂ ਪ੍ਰਾਪਤੀਆਂ ਦੇ ਨਾਲ ਨਾਲ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਯਤਨ ਕਰਦਿਆਂ ਜਿੱਥੇ ਵਿਦਿਆਰਥੀ ਆਪਣੇ ਧਰਮ ਪ੍ਰਤੀ ਜਾਗਰੂਕ ਵੀ ਹੁੰਦੇ ਹਨ ਉਥੇ ਇੱਕ ਚੰਗੇ ਸਮਾਜ ਦੀ ਸਿਰਜਣਾ ਲਈ ਵਧੀਆ ਯੋਗਦਾਨ ਵੀ ਪਾਉਂਦੇ ਹਨ ਅਜਿਹੇ ਹੋਣਹਾਰ ਵਿਦਿਆਰਥੀ ਨਵੇਂ ਵਿਦਿਆਰਥੀਆਂ ਦਾ ਮਾਰਗ ਦਰਸ਼ਕ ਵੀ ਬਣਦੇ ਹਨ ਜਿਸ ਤੋਂ ਸੇਧ ਲੈ ਕੇ ਨਵੇਂ ਵਿਦਿਆਰਥੀਆਂ ਵਿੱਚ ਬੁਲੰਦੀਆਂ ਨੂੰ ਛੋਹਣ ਇਹ ਦਾ ਹੌਸਲਾ ਵੀ ਬਣਦਾ ਹੈ ਜਿਸ ਨਾਲ ਵਿਦਿਆਰਥੀ ਆਪਣੇ ਰੁਜ਼ਗਾਰ ਦੇ ਨਾਲ ਨਾਲ ਕੌਮ ਦੇ ਭਵਿੱਖ ਸੰਵਾਰਨ ਵਿੱਚ ਅਹਿਮ ਯੋਗਦਾਨ ਵੀ ਪਾਉਂਦੇ ਹਨ।

## ਨਈਅਰ ਦੇ ਜ਼ਮੀਨੀ ਵਿਵਾਦ 'ਚ ਜਥੇਬੰਦੀ ਉਨ੍ਹਾਂ ਨਾਲ : ਮਨਜੀਤ ਰਾਜ



ਬਟਾਲਾ (ਤਰਲੋਕ ਬੱਗਾ)- ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਵੱਲੋਂ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਮਾਝਾ ਜ਼ੋਨ ਦੇ ਸਕੱਤਰ ਕਾਮਰੇਡ ਮਨਜੀਤ ਰਾਜ ਬਟਾਲਾ ਨੇ ਕਿਹਾ ਕਿ ਜੋ ਸ਼ਿਵ ਸੈਨਾ ਬਾਲ ਠਾਕਰੇ ਦੇ ਮੀਤ ਪ੍ਰਧਾਨ ਰਮੇਸ਼ ਨਈਅਰ ਦਾ ਜ਼ਮੀਨੀ ਵਿਵਾਦ ਚੱਲ ਰਿਹਾ ਹੈ, ਉਸ ਵਿੱਚ ਜਥੇਬੰਦੀ ਉਹਨਾਂ ਦੇ ਨਾਲ ਹੈ। ਜੇ ਪੁਲਸ ਨੇ ਇਹ ਜ਼ਮੀਨੀ ਵਿਵਾਦ ਜਲਦੀ ਨਾ ਸੁਲਝਾਇਆ ਅਤੇ ਰਮੇਸ਼ ਨਈਅਰ ਦੀ ਜਗ੍ਹਾ 'ਤੇ ਕੀਤਾ ਗਿਆ ਨਜਾਇਜ਼ ਕਬਜ਼ਾ ਨਾ ਛੁਡਾਇਆ ਤਾਂ ਜਿਵੇਂ ਸ਼ਿਵ ਸੈਨਾ ਬਾਲ ਠਾਕੁਰੇ ਪਾਰਟੀ ਦੇ ਪੰਜਾਬ ਪ੍ਰਧਾਨ ਯੋਗਰਾਜ ਸ਼ਰਮਾ ਐਕਸ਼ਨ ਲੈਣਗੇ, ਉਸ ਦੇ ਨਾਲ ਅਸੀਂ ਐਸ ਐਸ ਪੀ ਬਟਾਲਾ ਜਾਂ ਕਿਤੇ ਵੀ ਜੋ ਵੀ ਧਰਨਾ ਦਿੱਤਾ ਜਾਏਗਾ, ਉਸ ਵਿੱਚ ਪਹਿਲ ਕਦਮੀ ਕਰਦੇ ਨਾਲ ਅੱਗੇ ਹੋ ਕੇ ਉਹਨਾਂ ਦੀ ਲੜਾਈ ਵਿੱਚ ਜਥੇਬੰਦੀ ਦਾ ਸਾਥ ਦੇਵਾਂਗੇ। ਇਸ ਸਮੇਂ ਜ਼ਿਲ੍ਹਾ ਸੈਕਟਰੀ ਰਾਕੇਸ਼ ਕੁਮਾਰ ਗੋਪੀ, ਜ਼ਿਲ੍ਹਾ ਮੀਤ ਪ੍ਰਧਾਨ ਸਰੂਪ ਸਿੰਘ ਚਹਿਲ ਕਲਾਂ, ਸੂਬਾ ਆਗੂ ਦਲਬੀਰ ਸਿੰਘ ਭੱਟੀ, ਸਿਮਰਨਜੀਤ ਹੀਰਾ, ਬਲਕਾਰ ਸਿੰਘ ਆਦਿ ਮੈਂਬਰਾਂ ਹਾਜ਼ਰ ਸਨ।

## ਸ਼ੈਰੀ ਕਲਸੀ ਦੀ ਅਗਵਾਈ ਹੇਠ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਵਾਰਡ ਨੰਬਰ 43 'ਚ ਫਾਰਮ ਭਰੇ



ਬਟਾਲਾ (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਵਿਖੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰਵਾਏ ਜਾ ਰਹੇ ਹਨ ਤਾਂ ਜੋ ਪੰਜਾਬ ਸਰਕਾਰ ਵਲੋਂ ਲਾਗੂ ਕੀਤੀ ਗਈ ਯੋਜਨਾ ਦਾ ਮਾਵਾਂ ਧੀਆਂ ਤੱਕ ਵੱਧ ਤੋਂ ਵੱਧ ਲਾਭ ਪੁਜਦਾ ਕੀਤਾ ਜਾ ਸਕੇ। ਇਸ ਸਬੰਧੀ ਗੱਲ ਕਰਦਿਆਂ ਸਤੀਸ਼ ਕੁਮਾਰ ਨੇ ਦੱਸਿਆ ਕਿ ਵਾਰਡ ਨੰਬਰ 43 ਵਿੱਚ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਅਨੁਸੂਚਿਤ ਜਾਤੀ (ਐੱਸ.ਸੀ) ਵਰਗ ਦੀਆਂ ਯੋਗ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਹੋਰ ਯੋਗ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਦੇ ਨਾਲ ਹੀ ਯੋਜਨਾ ਦਾ ਲਾਭ ਵੱਧ ਤੋਂ ਵੱਧ ਯੋਗ ਮਹਿਲਾਵਾਂ ਤੱਕ ਪਹੁੰਚਾਉਣ ਲਈ ਜਾਗਰੂਕਤਾ ਗਤੀਵਿਧੀਆਂ ਵੀ ਕਰਵਾਈਆਂ ਜਾ ਰਹੀਆਂ ਹਨ। ਬਟਾਲਾ ਵਿਧਾਨ ਸਭਾ ਹਲਕੇ ਸਮੇਤ ਸਮੁੱਚੇ ਜ਼ਿਲ੍ਹੇ ਅੰਦਰ ਇਸ ਯੋਜਨਾ ਤਹਿਤ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਸਫਲਤਾਪੂਰਵਕ ਚੱਲ ਰਹੀ ਹੈ।

## ਠੰਢੇ ਮਿੱਠੇ ਜਲ ਦੀ ਛਬੀਲ ਤੇ ਲੰਗਰ ਲਗਾਏ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸੰਤ ਬਾਬਾ ਸੱਜਣ ਸਿੰਘ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੀ ਅਗਵਾਈ ਹੇਠ ਪਿੰਡ ਭੋਏ ਦੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਅੱਡਾ ਭੋਏ ਵਿਖੇ ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ, ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪਵਿੱਤਰ ਪਾਵਨ ਸ਼ਹੀਦੀ ਦਿਹਾੜੇ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਸਾਹਿਬ ਜੀ ਦੇ ਲੰਗਰ ਲਗਾਏ ਗਏ । ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਵਿਖੇ ਸਮੂਹ ਸੰਗਤਾਂ ਵਲੋਂ ਪਵਿੱਤਰ ਪਾਵਨ ਗੁਰਬਾਣੀ ਦੇ ਜਾਪੁ ਕੀਤੇ ਗਏ। ਉਪਰੰਤ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਾਰੀ ਦਿਹਾੜੀ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਸਾਹਿਬ ਜੀ ਦੇ ਲੰਗਰ ਲਗਾਏ ਗਏ ਅਤੇ ਸਮੂਹ ਸੰਗਤਾਂ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਨਰਿੰਦਰ ਸਿੰਘ ਬਾਠ, ਸਾਬਕਾ ਸਰਪੰਚ ਕੁਲਵੰਤ ਸਿੰਘ, ਠੇਕੇਦਾਰ ਬਲਬੀਰ ਸਿੰਘ, ਮਹਿੰਗਾ ਸਿੰਘ, ਕੈਸ਼ੀਅਰ ਬਲਜੀਤ ਸਿੰਘ, ਬਘੇਲ ਸਿੰਘ, ਕੈਪਟਨ ਜਗੀਰ ਸਿੰਘ, ਜਰਮਨ ਸਿੰਘ ਬਾਠ, ਗੁਰਦਿਆਲ ਸਿੰਘ, ਮੈਂਬਰ ਸੇਵਾ ਸਿੰਘ, ਨਿਸ਼ਾਨ ਸਿੰਘ, ਸ਼ਿੰਦਾ ਸਿੰਘ, ਪੰਮਾ ਸਿੰਘ, ਸ਼ਰਨਜੀਤ ਸਿੰਘ, ਭੋਲਾ ਸਿੰਘ ਕਨੇਡਾ, ਮੰਗਾ ਸਿੰਘ ਫੌਜੀ, ਨੰਬਰਦਾਰ ਵਜ਼ੀਰ ਸਿੰਘ, ਮਾਸਟਰ ਬਲਜਿੰਦਰ ਸਿੰਘ, ਸਤਨਾਮ ਸਿੰਘ ਖੁਜਾਲਾ, ਰਾਜੂ ਸਿੰਘ ਟੈਂਕੀ ਵਾਲਾ ਆਦਿ ਸੇਵਾਦਾਰ ਹਾਜ਼ਰ ਸਨ।

# ਸਵੈਮਿੱਤਰਾ ਯੋਜਨਾ ਤਹਿਤ 5 ਪਿੰਡਾਂ ਦੇ 218 ਪਰਵਾਰਾਂ ਨੂੰ ਮਿਲੀਆਂ ਮਾਲਕੀ ਰਜਿਸਟਰੀਆਂ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਵੈਮਿੱਤਰਾ ਯੋਜਨਾ ਅਤੇ ਮੇਰਾ ਘਰ ਮੇਰੇ ਨਾਮ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਖੋਜਕੀ ਚੱਕ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ 5 ਪਿੰਡਾਂ ਦੇ 218 ਲਾਭਪਾਤਰੀ ਪਰਵਾਰਾਂ ਨੂੰ ਲਾਲ ਲਕੀਰ ਦੇ ਅੰਦਰ ਆਉਂਦੇ ਉਨ੍ਹਾਂ ਦੇ ਘਰਾਂ ਦੀਆਂ ਮਾਲਕੀ ਰਜਿਸਟਰੀਆਂ ਸੌਂਪੀਆਂ ਗਈਆਂ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਹ ਸਿਰਫ਼ ਕਾਗਜ਼ਾਂ ਦੀ ਵੰਡ ਨਹੀਂ, ਸਗੋਂ ਪਿੰਡਾਂ ਦੇ ਲੋਕਾਂ ਦੇ ਸੁਪਨਿਆਂ ਨੂੰ ਕਾਨੂੰਨੀ ਮਾਨਤਾ ਅਤੇ ਉਨ੍ਹਾਂ ਦੀ ਜਾਇਦਾਦ ਨੂੰ ਸੁਰੱਖਿਆ ਦੇਣ ਵਾਲਾ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ ਕਿ ਕਈ ਪੀੜ੍ਹੀਆਂ ਤੋਂ ਲੋਕ ਆਪਣੇ ਘਰਾਂ ਵਿੱਚ ਰਹਿ ਰਹੇ ਸਨ, ਪਰ ਘਰਾਂ ਦੀ ਮਾਲਕੀ ਉਨ੍ਹਾਂ ਦੇ ਨਾਮ ਨਹੀਂ ਸੀ। ਹੁਣ ਪੰਜਾਬ ਸਰਕਾਰ ਨੇ ਇਸ ਵੱਡੀ ਸਮੱਸਿਆ ਦਾ ਹੱਲ ਕਰਦਿਆਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੀ ਕਾਨੂੰਨੀ ਮਾਲਕੀ ਦਿੱਤੀ ਹੈ।ਕੈਬਨਿਟ ਮੰਤਰੀ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਲੋਕ-ਪੱਖੀ ਅਤੇ ਇਤਿਹਾਸਕ ਫ਼ੈਸਲਾ ਹੈ, ਜਿਸ ਨਾਲ ਖ਼ਾਸ ਕਰਕੇ ਬੇਜ਼ਮੀਨ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਵੱਡਾ ਲਾਭ ਮਿਲੇਗਾ।ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਵਿੱਚ ਪਿੰਡ ਬਲੋਤਰ, ਭੋਪਾਲਪੁਰ, ਦੋਸਤਪੁਰ, ਸਰੋਟਾ ਅਤੇ ਦਨਵਾਲ ਸਮੇਤ ਪੰਜ ਪਿੰਡਾਂ ਦੇ 218 ਲਾਭਪਾਤਰੀਆਂ ਨੂੰ ਰਜਿਸਟਰੀਆਂ ਵੰਡੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਠਾਨਕੋਟ ਵਿੱਚ ਇਹ ਮੁਹਿੰਮ ਤੇਜ਼ੀ ਨਾਲ ਅੱਗੇ ਵਧਾਈ ਜਾ ਰਹੀ ਹੈ ਅਤੇ ਬਾਕੀ ਪਿੰਡਾਂ ਵਿੱਚ ਵੀ ਸਰਵੇ ਅਤੇ ਮੈਪਿੰਗ ਦਾ ਕੰਮ ਜਾਰੀ ਹੈ। ਕਟਾਰੂਚੱਕ ਨੇ ਲੋਕਾਂ ਅਤੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਰੈਵੇਨਿਊ ਵਿਭਾਗ ਦੀਆਂ ਟੀਮਾਂ ਸਰਵੇ ਲਈ ਪਿੰਡਾਂ ਵਿੱਚ ਆਉਣ ਤਾਂ ਉਨ੍ਹਾਂ ਦਾ ਪੂਰਾ ਸਹਿਯੋਗ ਕੀਤਾ ਜਾਵੇ, ਤਾਂ ਜੋ ਹਰ ਯੋਗ ਪਰਵਾਰ ਨੂੰ ਮੇਰਾ ਘਰ ਮੇਰੇ ਨਾਮ ਯੋਜਨਾ ਦਾ ਲਾਭ ਮਿਲ ਸਕੇ।ਇਸ ਮੌਕੇ ਬਲਾਕ ਸੰਮਤੀ ਬੁਮਿਆਲ ਦੇ ਚੇਅਰਮੈਨ ਠਾਕੁਰ ਧਰਮਪਾਲ, ਤਹਿਸੀਲਦਾਰ ਰਣਦੀਪ ਸਿੰਘ, ਮਾਸਟਰ ਹਜ਼ਾਰੀ ਲਾਲ, ਬਲਾਕ ਪ੍ਰਧਾਨ ਰਣਜੀਤ ਸਿੰਘ, ਰਜੇਸ਼ ਬਲਾਕ ਪ੍ਰਧਾਨ, ਜੋਗਿੰਦਰ ਸਰਪੰਚ ਦਨਵਾਲ, ਜੋਗਿੰਦਰ ਖੋਜਕੀ ਚੱਕ, ਪੂਰਨ ਸਿੰਘ ਦਨਵਾਲ, ਲੱਖਾ ਸਿੰਘ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਅਤੇ ਲਾਭਪਾਤਰੀ ਪਰਵਾਰ ਹਾਜ਼ਰ ਸਨ। ਇਸ ਮੌਕੇ ਉਨ੍ਹਾਂ 218 ਲਾਭਪਾਤਰੀ ਪਰਵਾਰਾਂ ਨੂੰ ਵਧਾਈ ਦਿੱਤੀ।

# ਬੀਬੀ ਨਰਿੰਦਰ ਕੌਰ ਤੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ ਨੇ ਸੰਭਾਲਿਆ ਅਹੁਦਾ



ਤਰਸਿੱਕਾ/ਚਵਿੰਡਾ ਦੇਵੀ (ਤਰਸੇਮ ਸਿੰਘ ਸਾਧਪੁਰ/ਖੁਸ਼ਹਾਲ ਸੁੰਦਰ)-ਹਲਕਾ ਮਜੀਠਾ ਵਿੱਚ ਨਵੇਂ ਬੀ.ਡੀ.ਪੀ.ਓ.ਦਫ਼ਤਰ ਬਾਲਕ ਮਜੀਠਾ-2 ਮੱਤੇਵਾਲ ਵਿਖੇ ਬੀਬੀ ਨਰਿੰਦਰ ਕੌਰ ਦੀ ਚੇਅਰਮੈਨ ਅਤੇ ਸਿਕੰਦਰ ਸਿੰਘ ਖਿੱਦੋਵਾਲੀ ਦੀ ਵਾਈਸ ਚੇਅਰਮੈਨ ਵਜੋਂ ਹੋਏ ਤਾਜਪੋਸ਼ੀ ਸਮਾਰੋਹ 'ਚ ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਵੀ ਹਾਜ਼ਰੀ ਭਰ ਕੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਨੂੰ ਵਧਾਈ ਦਿੰਦਿਆਂ ਉਹਨਾਂ ਨੂੰ ਕੁਰਸੀ 'ਤੇ ਬਿਠਾਇਆ ਅਤੇ ਉਨ੍ਹਾਂ ਨੂੰ ਸਨਮਾਨਤ ਕਰਦਿਆਂ ਮੂੰਹ ਮਿੱਠਾ ਕਰਵਾਇਆ । ਇਸ ਮੌਕੇ ਸੰਬੋਧਨ ਕਰਦਿਆਂ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਨਵੇਂ ਬਣੇ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਮੇਰੇ ਵੱਲੋਂ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਹਨ ਕਿ ਉਹ ਇਸ ਜ਼ਿੰਮੇਵਾਰੀ ਵਾਲ਼ੇ ਅਹੁਦੇ 'ਤੇ ਬੈਠ ਕੇ ਪਿੰਡਾਂ ਨਾਲ ਸਬੰਧਤ ਕੰਮਾਂ ਨੂੰ ਨੇਪਰੇ ਚੜ੍ਹਾਉਣ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਹੋਰ ਵੀ ਤਨਦੇਹੀ ਨਾਲ ਕੰਮ ਕਰਨ। ਇਸ ਮੌਕੇ ਨਵੇਂ ਬਣਾਏ ਗਏ ਚੇਅਰਮੈਨ ਬੀਬੀ ਨਰਿੰਦਰ ਕੌਰ ਅਤੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ ਨੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਵੀ ਜ਼ਿੰਮੇਵਾਰੀ ਉਹਨਾਂ ਨੂੰ ਪਾਰਟੀ ਨੇ ਸੌਂਪੀ ਹੈ ਉਹ ਬਹੁਤ ਹੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਬੀ ਡੀ ਪੀ ਓ ਮਜੀਠਾ 2, ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ, ਸ਼ਿਵਰਾਜ ਸਿੰਘ ਢਿਲੋਂਵਾਲ , ਮਲਕੀਤ ਸਿੰਘ ਬਾਠ ਭੋਏ, ਸਿਕੰਦਰ ਸਿੰਘ ਚੰਨਣਕੇ, ਤਰਵਿੰਦਰ ਸਿੰਘ ਸਾਧਪੁਰ, ਪਰਮਜੀਤ ਸਿੰਘ ਮੱਤੇਵਾਲ ਪੀ ਬੀ ਐਸ ਵਾਲੇ, ਹੁਸਨਦੀਪ ਸਿੰਘ ਸਿਆਲਕਾ ਮੈਂਬਰ ਜ਼ਿਲ੍ਹਾ ਪਰਿਸ਼ਦ, ਸਰਪੰਚ ਮਨਦੀਪ ਸਿੰਘ ਤਨੇਲ, ਜਥੇਦਾਰ ਸਤਨਾਮ ਸਿੰਘ ਹਾਂਸ, ਗੁਰਪ੍ਰੀਤ ਸਿੰਘ ਸਰਪੰਚ ਹਾਂਸ, ਗੁਰਬੀਰ ਸਿੰਘ ਮੱਤੇਵਾਲ ਮੈਂਬਰ ਬਲਾਕ ਸੰਮਤੀ, ਸਰਵਣ ਸਿੰਘ ਚੁਗਾਵਾਂ ਮੈਂਬਰ ਬਲਾਕ ਸੰਮਤੀ, ਸਰਪੰਚ ਪ੍ਰੇਮ ਸਿੰਘ ਤਰਫਾਨ ਸਮੇਤ ਇਲਾਕੇ ਦੇ ਹੋਰ ਪੰਥ ਸਰਪੰਚ ਤੇ ਮੋਹਤਬਰ ਆਗੂ ਹਾਜ਼ਰ ਸਨ ।

## ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਗਿਆਨੀ ਕੇਵਲ ਸਿੰਘ ਸ਼ਾਮਲ ਹੋਏ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਇਲਾਕੇ ਵਿੱਚ ਧਾਰਮਿਕ ਸਿੱਖਿਆ ਦੇ ਪ੍ਰਚਾਰ ਤੇ ਪ੍ਰਸਾਰ ਲਈ ਚੱਲ ਰਹੇ ਬਾਬਾ ਬੁੱਢਾ ਸਾਹਿਬ ਗੁਰਮਤਿ ਵਿਦਿਆਲਿਆ ਵੱਲੋਂ ਗਰਮੀਆਂ ਦੀਆਂ ਛੁੱਟੀਆਂ ਵਿੱਚ ਇੱਕ ਮਹੀਨੇ ਲਈ ਗੁਰਮਤਿ ਕੈਂਪ ਪਿੰਡ ਚੇਤਨਪੁਰਾ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਲਗਾਇਆ ਗਿਆ ਜਿਸ ਵਿੱਚ ਦੂਰ-ਦੁਰਾਡੇ ਆਏ ਵਿਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ , ਕੀਰਤਨ, ਕਥਾ, ਕਵੀਸ਼ਰ ਅਤੇ ਗਤਕੇ ਦੀਆਂ ਕਲਾਸਾਂ ਲਗਾਤਾਰ ਇਹ ਮਹੀਨਾ ਤੋਂ ਲਗਾਈਆਂ ਗਈਆਂ। ਇਸ ਕੈਂਪ ਵਿੱਚ ਛੋਟੇ ਬੱਚਿਆਂ ਤੋਂ ਲੈ ਕੇ ਵੱਡੇ ਬੱਚਿਆਂ ਤੱਕ ਬੜੇ ਹੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਅੱਜ ਇਸ ਦੀ ਸਮਾਪਤੀ ਮੌਕੇ ਸਿੰਘ ਸਾਹਿਬ ਗਿਆਨੀ ਗਿਆਨੀ ਕੇਵਲ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਉਚੇਚੇ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਉਹਨਾਂ ਬੱਚਿਆਂ ਦੇ ਕੈਂਪ ਵਿੱਚ ਹਿੱਸਾ ਲਿਆ ਅਤੇ ਬੱਚਿਆਂ ਨੂੰ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਵੱਲੋਂ ਇਸ ਸਮੇਂ ਬੋਲਦਿਆਂ ਕਿਹਾ ਗਿਆ ਕਿ ਜੋ ਨਵੀਂ ਪੀੜੀ ਹੈ ਉਸ ਨੂੰ ਗੁਰਸਿੱਖੀ ਅਤੇ ਆਪਣੀ ਧਾਰਮਿਕ ਵਿਰਾਸਤ ਨਾਲ ਜੋੜਿਆ ਜਾਣਾ ਬੇਹੱਦ ਜ਼ਰੂਰੀ ਹੈ ਅਤੇ ਇਹ ਬੱਚੇ ਸਾਡੀ ਮਹਾਨ ਸਿੱਖੀ ਦੇ ਵਾਰਿਸ ਹਨ। ਇਸ ਮੌਕੇ ਉਚੇਚੇ ਤੌਰ ਤੇ ਪਹੁੰਚੇ ਬਾਬਾ ਕੁਲਵਿੰਦਰ ਸਿੰਘ ਗੁਰਦੁਆਰਾ ਨਾਨਕ ਨਾਮ ਜਹਾਜ ਦਬੁਰਜੀ ਵਾਲਿਆਂ ਨੇ ਵੀ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਬਲਜੀਤ ਸਿੰਘ ਜਿਨਾਂ ਵੱਲੋਂ ਇਹ ਗੁਰਮਿਤ ਕੈਂਪ ਅਤੇ ਗੁਰਮਤਿ ਵਿਦਿਆਲਿਆ ਚਲਾਇਆ ਜਾ ਰਿਹਾ ਵਰਗੇ ਮਹਾਂਪੁਰਸ਼ ਬਹੁਤ ਘੱਟ ਪੈਦਾ ਹੁੰਦੇ ਹਨ ਜੋ ਸਿਰਫ ਸਿੱਖੀ ਦੇ ਪ੍ਰਚਾਰ ਲਈ ਆਪਣਾ ਤਨ ਮਨ ਧਨ ਅਰਪਣ ਕਰਦੇ ਹਨ। ਇਸ ਮੌਕੇ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਸਿੰਘ ਸਾਹਿਬ ਵਲੋਂ ਮਾਤਾ ਰਾਜ ਕੌਰ ਚੇਤਨਪੁਰਾ, ਬਾਬਾ ਕੁਲਵਿੰਦਰ ਸਿੰਘ ਗੁਰਦੁਆਰਾ ਨਾਨਕ ਨਾਮ ਜਹਾਜ ਦਬੁਰਜੀ ਵਾਲਿਆਂ ਨੂੰ ਸਿਰੋਪਾਓ ਦੀ ਬਖਸ਼ੀਸ਼ ਦਿੱਤੀ ਗਈ। ਗੁਰਮਤਿ ਸਮਾਗਮ ਵਿੱਚ ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਹਰਮਨਦੀਪ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਗੁਰਜੰਟ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਗੁਰਪ੍ਰੀਤ ਸਿੰਘ ਮਹਿਲ ਜੰਡਿਆਲਾ, ਭਾਈ ਮਨਿੰਦਰ ਸਿੰਘ ਸਟੇਜ ਸਕੱਤਰੀ ਅਤੇ ਇਸ ਤੋਂ ਇਲਾਵਾ ਇਲਾਕੇ ਦੇ ਮੋਹਤਬਰ ਸ਼ਖ਼ਸੀਅਤਾਂ ਜਿਨ੍ਹਾਂ ਵਿੱਚ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਪਾਲ ਸਿੰਘ, ਗੁਲਾਬ ਸਿੰਘ ਜਫਰਵਾਲ, ਗੁਰਜੀਤ ਸਿੰਘ, ਡਾ: ਇਕਬਾਲ ,ਬਲਵਿੰਦਰ ਸਿੰਘ ਸੰਤੂ ਨੰਗਲ, ਭਾਈ ਗੁਲਾਬ ਸਿੰਘ, ਭਾਈ ਬਲਰਾਜ ਸਿੰਘ ਗ੍ਰੰਥੀ ਗੁਰਦੁਆਰਾ ਪਿੱਪਲੀ ਸਾਹਿਬ ਜੀ ਭਾਈ ਅੰਮ੍ਰਿਤਪਾਲ ਸਿੰਘ ਜੀ ਗ੍ਰੰਥੀ ਗੁਰਦੁਆਰਾ ਗੁਰੂ ਕਾ ਬਾਗ ਭਾਈ ਨਿਸ਼ਾਨ ਸਿੰਘ ਜੀ,ਗੁਰਨਾਮ ਸਿੰਘ, ਕੁਲਵੰਤ ਸਿੰਘ ਦੋਧੀ, ਬਲਰਾਜ ਸਿੰਘ, ਚੇਤਨਪੁਰਾ,ਗੁਰਲਾਲ ਸਿੰਘ ਦਬੁਰਜੀ, ਗੁਰਪ੍ਰੀਤ ਸਿੰਘ ਸੋਹੀ, ਜੁਗਰਾਜ ਸਿੰਘ, ਡਾ: ਹਰਮਨ ਸਿੰਘ ਗਿੱਲ ਆਦਿ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਮਨਾਇਆ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ




ਪਠਾਨਕੋਟ (ਦਵਿੰਦਰ ਸਿੰਘ)- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ ਚੇਅਰਮੈਨ ਕਮ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਨੀਸ਼ ਗਰਗ ਤੇ ਸੀ ਜੇ ਐਮ ਪ੍ਰਭਜੋਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਨਸ਼ਾ ਛੁਡਾਊ ਕੇਂਦਰ ਪਠਾਨਕੋਟ ਵਿਖੇ ਡਾ. ਰਮਨਦੀਪ ਕੌਰ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮਨਾਇਆ ਗਿਆ, ਜਿਸ ਵਿੱਚ ਪੈਨਲ ਐਡਵੋਕੇਟ ਰੋਮਿਕਾ ਅਤੇ ਪੀ ਐਲ ਵੀ ਵਿਨੋਦ ਕੁਮਾਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਬੁਲਾਰਿਆਂ ਵੱਲੋਂ ਨਸ਼ਾ ਛੁਡਾਊ ਕੇਂਦਰ ਵਿੱਚ ਮਰੀਜ਼ਾਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਉਨਾਂ ਨੂੰ ਮੂਵੀ ਦਿਖਾ ਕੇ ਨਸ਼ੇ ਦੇ ਮਾੜੇ ਅਸਰ ਬਾਰੇ ਵੀ ਜਾਣੂ ਕਰਵਾਇਆ ਗਿਆ। ਬੁਲਾਰਿਆਂ ਵੱਲੋਂ ਨਸ਼ਾ ਛੁਡਾਊ ਕੇਂਦਰ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਰੀਜ਼ਾਂ ਨੂੰ ਮੁਫਤ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਹਨਾਂ ਦੱਸਿਆ ਕਿ ਐਨ ਡੀ ਪੀ ਸੀ ਐਕਟ 27/61/85 ਤਹਿਤ ਜਿਹੜੇ ਵੀ ਮਰੀਜ਼ ਹੁੰਦੇ ਹਨ, ਉਹਨਾਂ ਨੂੰ ਅਥਾਰਟੀ ਵੱਲੋਂ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ। ਇਸ ਮੌਕੇ ਕੌਂਸਲਰ ਮਨਭਾਵਨ ਸਿੰਘ, ਕੁਸਮ ਮਲਪੋਤਰਾ, ਰੋਹਿਤ ਕੁਮਾਰ, ਜਸਬੀਰ ਸਿੰਘ, ਰਾਹੁਲ, ਅਜੇ ਕੁਮਾਰ, ਹਰਵਿੰਦਰ ਕੌਰ ਆਦਿ ਸ਼ਾਮਲ ਸਨ।

## ਲੋਕ ਭਲਾਈ ਨੀਤੀਆਂ ਕਾਰਨ ਪੰਜਾਬ 'ਚ ਮੁੜ ਬਣੇਗੀ ਆਪ ਸਰਕਾਰ: ਛੋਟੇਪੁਰ



ਧਾਰੀਵਾਲ (ਮਨਦੀਪ ਵਿੱਕੀ)-ਆਮ ਆਦਮੀ ਪਾਰਟੀ ਦੇ ਬਲਾਕ ਕੋਆਰਡੀਨੇਟਰ ਮੀਡੀਆ ਨਵਜੋਤ ਸਿੰਘ ਛੋਟੇਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਭਲਾਈ ਯੋਜਨਾਵਾਂ ਕਾਰਨ ਆਮ ਆਦਮੀ ਪਾਰਟੀ ਦੀ ਲੋਕਪ੍ਰਿਯਤਾ ਲਗਾਤਾਰ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਹਰ ਵਰਗ ਦੇ ਲੋਕਾਂ, ਖਾਸ ਕਰਕੇ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਈਆਂ ਗਈਆਂ ਹਨ।ਨਵਜੋਤ ਸਿੰਘ ਛੋਟੇਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਕੀਤੇ ਗਏ ਕੰਮਾਂ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਆਮ ਲੋਕਾਂ ਦੇ ਹੱਕਾਂ ਅਤੇ ਵਿਕਾਸ ਨੂੰ ਪਹਿਲ ਦਿੱਤੀ ਹੈ, ਜਿਸ ਕਰਕੇ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਪਾਰਟੀ 'ਤੇ ਹੋਰ ਮਜ਼ਬੂਤ ਹੋਇਆ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ ਦੇ ਆਧਾਰ 'ਤੇ ਆਉਣ ਵਾਲੀਆਂ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਨੂੰ ਵੱਡਾ ਸਮਰਥਨ ਮਿਲੇਗਾ ਅਤੇ ਪੰਜਾਬ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।

# ਹਰੇਕ ਕਿਸਾਨ ਲਈ ਫਾਰਮਰ ਰਜਿਸਟਰੀ ਲਾਜ਼ਮੀ : ਚੀਮਾ



ਧਾਰੀਵਾਲ (ਮਨਦੀਪ ਵਿੱਕੀ)- ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦਾ ਪ੍ਰਮਾਣਿਤ ਡਾਟਾਬੇਸ ਤਿਆਰ ਕਰਨ ਲਈ ਚਲਾਈ ਜਾ ਰਹੀ ਫਾਰਮਰ ਰਜਿਸਟਰੀ ਮੁਹਿੰਮ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਸ਼ਾਹਬਾਜ ਸਿੰਘ ਚੀਮਾ ਨੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਬਿਨਾਂ ਕਿਸੇ ਦੇਰੀ ਦੇ ਆਪਣੀ ਫਾਰਮਰ ਰਜਿਸਟਰੀ ਜ਼ਰੂਰ ਕਰਵਾਉਣ, ਤਾਂ ਜੋ ਭਵਿੱਖ ਵਿੱਚ ਖੇਤੀਬਾੜੀ ਨਾਲ ਸਬੰਧਤ ਸਰਕਾਰੀ ਯੋਜਨਾਵਾਂ ਅਤੇ ਸਹੂਲਤਾਂ ਦਾ ਲਾਭ ਲੈਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ।

ਡਾ. ਚੀਮਾ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹੇ ਭਰ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਗਾਏ ਜਾ ਰਹੇ ਹਨ ਅਤੇ ਕਿਸਾਨਾਂ ਨੂੰ ਨੇੜਲੇ ਕਾਮਨ ਸਰਵਿਸ ਸੈਂਟਰ (ਸੀ.ਐਸ.ਸੀ.) ਰਾਹੀਂ ਮੁਫ਼ਤ ਫਾਰਮਰ ਰਜਿਸਟਰੀ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਦੇ ਬਾਵਜੂਦ ਅਜੇ ਵੀ ਕਈ ਕਿਸਾਨਾਂ ਨੇ ਆਪਣੀ ਰਜਿਸਟਰੀ ਨਹੀਂ ਕਰਵਾਈ, ਜਿਸ ਕਾਰਨ ਉਹ ਭਵਿੱਖ ਵਿੱਚ ਸਰਕਾਰੀ ਸਕੀਮਾਂ, ਵਿੱਤੀ ਸਹਾਇਤਾ, ਫਸਲੀ ਯੋਜਨਾਵਾਂ ਅਤੇ ਹੋਰ ਖੇਤੀਬਾੜੀ ਸੇਵਾਵਾਂ ਦੇ ਲਾਭ ਤੋਂ ਵਾਂਝੇ ਰਹਿ ਸਕਦੇ ਹਨ ।ਉਨ੍ਹਾਂ ਕਿਹਾ ਕਿ ਫਾਰਮਰ ਰਜਿਸਟਰੀ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਮੁਫ਼ਤ ਹੈ। ਕਿਸਾਨ ਨੂੰ ਸਿਰਫ਼ ਆਪਣਾ ਆਧਾਰ ਕਾਰਡ ਅਤੇ ਉਸ ਨਾਲ ਲਿੰਕ ਮੋਬਾਈਲ ਫ਼ੋਨ ਲੈ ਕੇ ਸੀ.ਐਸ.ਸੀ. ਕੇਂਦਰ ਜਾਣਾ ਹੋਵੇਗਾ, ਜਿੱਥੇ ਓਟੀਪੀ ਰਾਹੀਂ ਰਜਿਸਟਰੇਸ਼ਨ ਦੀ ਕਾਰਵਾਈ ਪੂਰੀ ਕੀਤੀ ਜਾਂਦੀ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਖੇਤੀਬਾੜੀ ਅਧਿਕਾਰੀਆਂ ਅਤੇ ਫੀਲਡ ਸਟਾਫ ਨੂੰ ਵੱਖ-ਵੱਖ ਪਿੰਡਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਪਿੰਡ ਪੱਧਰ 'ਤੇ ਕੈਂਪ ਲਗਾ ਕੇ ਵੱਧ ਤੋਂ ਵੱਧ ਕਿਸਾਨਾਂ ਦੀ ਫਾਰਮਰ ਰਜਿਸਟਰੀ ਯਕੀਨੀ ਬਣਾਈ ਜਾਵੇ, ਤਾਂ ਜੋ ਕੋਈ ਵੀ ਯੋਗ ਕਿਸਾਨ ਇਸ ਪ੍ਰਕਿਰਿਆ ਤੋਂ ਵਾਂਝਾ ਨਾ ਰਹੇ।ਡਾ. ਚੀਮਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਖ਼ਰੀ ਸਮੇਂ ਦੀ ਉਡੀਕ ਕਰਨ ਦੀ ਬਜਾਏ ਤੁਰੰਤ ਆਪਣੀ ਫਾਰਮਰ ਰਜਿਸਟਰੀ ਕਰਵਾਉਣ ਅਤੇ ਆਪਣੇ ਆਲੇ-ਦੁਆਲੇ ਦੇ ਹੋਰ ਕਿਸਾਨਾਂ ਨੂੰ ਵੀ ਇਸ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਇਹ ਰਜਿਸਟਰੀ ਭਵਿੱਖ ਵਿੱਚ ਡਿਜੀਟਲ ਖੇਤੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਕਿਸਾਨਾਂ ਤੱਕ ਸਰਕਾਰੀ ਲਾਭ ਪਾਰਦਰਸ਼ੀ ਅਤੇ ਤੇਜ਼ੀ ਨਾਲ ਪਹੁੰਚਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ।

